@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 18 August 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 18 ਅਗਸਤ 2026, 3 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 284, qpatrika@gmail.com ਫੋਨ : 9971359517 www.qaumipatrika.org

## ਮਾਨ ਨੇ ਪੰਜਾਬ ਦੇ ਬਜ਼ੁਰਗਾਂ ਨੂੰ ਤੀਰਥ ਯਾਤਰਾ ਕਰਵਾ ਕੇ ਸਾਬਤ ਕੀਤਾ ਖੁਦ ਨੂੰ ਆਧੁਨਿਕ ਯੁੱਗ ਦਾ ਸ਼੍ਰਵਣ ਕੁਮਾਰ : ਕੇਜਰੀਵਾਲ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਫਗਵਾੜਾ 17 ਅਗਸਤ। ਫਗਵਾੜਾ ਵਿੱਚ ਕਰਵਾਈ ਗਈ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਭਜਨ ਸੰਧਿਆ ਦੌਰਾਨ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਰਧਾਲੂਆਂ ਨਾਲ ਸ਼ਮੂਲੀਅਤ ਕੀਤੀ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਪੁੱਜੇ ਅਤੇ ਭਗਵਾਨ ਸ਼ਿਵ ਦੀ ਭਗਤੀ ਕੀਤੀ। ਇਸ ਦੌਰਾਨ 'ਹਰ ਹਰ ਮਹਾਦੇਵ' ਅਤੇ 'ਬਮ ਬਮ ਭੋਲੇ' ਦੇ ਜੈਕਾਰੇ ਗੂੰਜਦੇ ਰਹੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪੰਜਾਬ ਦੇ ਬਜ਼ੁਰਗਾਂ ਨੂੰ ਤੀਰਥ ਯਾਤਰਾ ਕਰਵਾ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਆਪ ਨੂੰ ਆਧੁਨਿਕ ਯੁੱਗ ਦਾ ਸ਼੍ਰਵਣ ਕੁਮਾਰ ਸਾਬਤ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਨ ਸੂਬੇ ਦੇ ਬਜ਼ੁਰਗਾਂ ਦੀ ਆਪਣੇ ਮਾਪਿਆਂ ਵਾਂਗ ਸੇਵਾ ਕਰ ਰਹੇ ਹਨ। ਉਨ੍ਹਾਂ ਪੰਜਾਬ ਦੇ ਬਜ਼ੁਰਗਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੁੱਤਰ



ਭਗਵੰਤ ਮਾਨ ਨੂੰ ਇਸੇ ਤਰ੍ਹਾਂ ਅਸੀਸਾਂ ਦਿੰਦੇ ਰਹਿਣ। ਕੇਜਰੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਵਿਸਥਾਰ ਕਰਦਿਆਂ ਸਲਾਸਰ-ਖਾਟੂ ਸ਼ਿਆਮ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੀਆਂ ਤੀਰਥ ਯਾਤਰਾਵਾਂ ਵੀ ਸ਼ੁਰੂ ਕੀਤੀਆਂ ਗਈਆਂ ਹਨ। ਇਨ੍ਹਾਂ ਯਾਤਰਾਵਾਂ ਦੀ ਭਾਰੀ ਮੰਗ ਹੈ ਅਤੇ ਲੰਬੀਆਂ ਉਡੀਕ ਸੂਚੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਧਾਰਮਿਕ ਸਥਾਨਾਂ ਲਈ 1.5 ਲੱਖ ਸ਼ਰਧਾਲੂਆਂ ਨੂੰ ਤੀਰਥ ਯਾਤਰਾ ਕਰਵਾਈ ਜਾਵੇਗੀ। ਕੇਜਰੀਵਾਲ ਨੇ ਕਿਹਾ ਕਿ ਪਟਿਆਲਾ ਦੇ ਕਾਲੀ ਮਾਤਾ ਮੰਦਰ ਦਾ 80 ਕਰੋੜ ਰੁਪਏ ਦੀ ਲਾਗਤ ਨਾਲ ਮੁੜ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਅਨੁਸਾਰ ਇਸ ਦਾ ਕੰਮ ਕਰੀਬ 10 ਅਕਤੂਬਰ ਤੋਂ ਸ਼ੁਰੂ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਨਾਤਨ ਧਰਮ ਨਾਲ ਸਬੰਧਤ ਧਾਰਮਿਕ ਸਥਾਨਾਂ ਦੇ ਵਿਕਾਸ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ 23 ਸ਼ਹਿਰਾਂ ਵਿੱਚ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਭਜਨ ਸੰਧਿਆਵਾਂ ਕਰਵਾਈਆਂ ਜਾ ਰਹੀਆਂ ਹਨ। ਕੇਜਰੀਵਾਲ ਨੇ ਦਾਅਵਾ ਕੀਤਾ ਕਿ ਕਿਸੇ ਵੀ ਸਰਕਾਰ ਨੇ ਸਨਾਤਨ ਧਰਮ ਲਈ ਓਨਾ ਕੰਮ ਨਹੀਂ ਕੀਤਾ, ਜਿੰਨਾ ਆਮ ਆਦਮੀ ਪਾਰਟੀ ਦੀ ਸਰਕਾਰ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵੱਡੀ ਗਿਣਤੀ ਵਿੱਚ ਲੋਕਾਂ ਦਾ ਸਮਾਗਮ ਵਿੱਚ ਪੁੱਜਣਾ ਸਰਕਾਰ ਨੂੰ ਹੋਰ ਉਤਸ਼ਾਹ ਅਤੇ ਸਮਰਪਣ ਨਾਲ ਲੋਕਾਂ ਦੀ ਸੇਵਾ ਕਰਨ ਲਈ ਹੌਸਲਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਜਿਹੀ ਉਪਜਾਊ ਧਰਤੀ ਹੈ ਜਿੱਥੇ ਹਰ ਬੀਜ ਉੱਗ ਸਕਦਾ ਹੈ ਪਰ ਨਫ਼ਰਤ ਦਾ ਬੀਜ ਨਹੀਂ ਉੱਗ ਸਕਦਾ। ਪੰਜਾਬ ਵਿੱਚ ਲੋਕ ਸਾਰੇ ਤਿਉਹਾਰ ਮਿਲਜੁਲ ਕੇ ਮਨਾਉਂਦੇ ਹਨ। ਭਾਵੇਂ ਸਮਾਗਮ ਭਗਵਾਨ ਸ਼ਿਵ ਨੂੰ ਸਮਰਪਿਤ ਸੀ ਪਰ ਇਸ ਵਿੱਚ ਹਰ ਧਰਮ ਦੇ ਲੋਕਾਂ ਦੀ ਸ਼ਮੂਲੀਅਤ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਦਰਸਾਉਂਦੀ ਹੈ। ਮੁੱਖ ਮੰਤਰੀ ਨੇ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਪਾਰਦਰਸ਼ੀ ਢੰਗ ਨਾਲ 69 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ 90 ਫ਼ੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਦਿਨ ਸਮੇਂ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਅਨੁਸਾਰ ਕਰੀਬ 44 ਹਜ਼ਾਰ ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਮਾਨ ਨੇ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਤਰਜੀਹ ਦਿੰਦਿਆਂ ਸਰਕਾਰ ਨੇ 19 ਟੋਲ ਪਲਾਜ਼ੇ ਬੰਦ ਕੀਤੇ ਹਨ

## ਹਰਸਿਮਰਤ ਨੇ ਦੱਸੀ ਸੁਖਬੀਰ ਬਾਦਲ 'ਤੇ ਹਮਲੇ ਦੀ ਸੱਚਾਈ, ਚਾਕੂ ਆਰ-ਪਾਰ ਹੋਇਆ, ਲੱਗੇ 150 ਟਾਂਕੇ

ਕੌਮੀ ਪਤ੍ਰਿਕਾ

ਖੰਨਾ 17 ਅਗਸਤ। ਅਕਾਲੀ ਦਲ ਵੱਲੋਂ ਅੱਜ ਖੰਨਾ ਦੇ ਪਿੰਡ ਈਸੜੂ ਵਿਖੇ ਸਿਆਸੀ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਦੌਰਾਨ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ, ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦਾ ਜ਼ਿਕਰ ਕਰਦੇ ਹੋਏ ਭਾਵੁਕ ਹੋ ਗਏ। ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਜੋ ਕੁਝ ਹੋਇਆ ਹੈ ਉਸ ਕਾਰਨ ਮੈਂ ਸਦਮੇ ਵਿੱਚ ਹਾਂ ਅਤੇ ਤੁਹਾਡੇ ਸਾਹਮਣੇ ਆ ਕੇ ਥੋੜੀ ਭਾਵੁਕ ਵੀ ਹਾਂ। ਅੱਜ ਮੇਰੀ ਜਗ?ਹਾ 'ਤੇ ਸੁਖਬੀਰ ਬਾਦਲ ਨੇ ਆਉਣਾ ਸੀ। ਉਨ੍ਹਾਂ ਨੇ ਬਹੁਤ ਰੀਝ ਨਾਲ ਇਹ ਪ੍ਰੋਗਰਾਮ ਰਖਾਇਆ ਸੀ ਤਾਂ ਜੋ ਤੁਹਾਡੇ ਨਾਲ ਦਿਲ ਦੀਆਂ ਗੱਲਾਂ ਕਰ ਸਕਣ। ਉਨ੍ਹਾਂ ਦੱਸਿਆ ਕਿ ਹਮਲੇ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਕਰੀਬ 150 ਟਾਂਕੇ ਲੱਗੇ ਹਨ ਅਤੇ ਉਨ੍ਹਾਂ 'ਤੇ 2 ਫੁੱਟ ਲੰਬੇ ਕਿਰਚ ਨਾਲ ਹਮਲਾ ਕੀਤਾ ਗਿਆ ਸੀ। ਉਨ੍ਹਾਂ ਕਿਹਾ ਹਮਲਾਵਰ ਨੇ ਬਾਣਾ ਪਹਿਨ ਕੇ ਗੁਰੂ ਘਰ ਦੇ ਅੰਦਰ ਦਾਖਲ ਹੋਏ ਸ਼ਰਧਾਲੂ 'ਤੇ ਹਮਲਾ ਕੀਤਾ ਅਤੇ ਸੁਖਬਰੀ ਬਾਦਲ ਦੀ ਬੱਚਿਆਂ ਦੀਆਂ ਅੱਖਾਂ ਸਾਹਮਣੇ ਪਿਤਾ 'ਤੇ ਜਾਨਲੇਵਾ ਹਮਲਾ ਕੀਤਾ ਗਿਆ। ਪਤਨੀ ਦੇ ਸਾਹਮਣੇ ਉਸ ਦੇ ਸਿਰ ਦੇ ਸਾਈਂ 'ਤੇ ਵਾਰ



ਛਾਤੀ 'ਤੇ ਵਾਰ ਕਰਨ ਦੀ ਕੋਸ਼ਿਸ਼ ਸੀ। ਉਨ੍ਹਾਂ ਕਿਹਾ ਇਹ ਹਮਲਾ ਗੁਰੂ ਘਰ ਵਿੱਚ ਪਰਿਵਾਰ ਸਮੇਤ ਦਰਸ਼ਨ ਕਰਕੇ ਬਾਹਰ ਨਿਕਲਦੇ ਸਮੇਂ ਹੀ ਹਮਲਾ ਕੀਤਾ ਗਿਆ। ਹਰਸਿਮਰਤ ਨੇ ਕਿਹਾ ਇਹ ਹਮਲਾ ਕੋਈ ਗੁਰੂ ਦੋਖੀ ਹੀ ਕਰ ਸਕਦਾ ਹੈ, ਮੈਂ ਇਨ੍ਹਾਂ ਨੂੰ ਸਿੱਖ ਨਹੀਂ ਮੰਨਦੀ। ਹਰਸਿਮਰਤ ਕੌਰ ਬਾਦਲ ਨੇ ਅੱਗੇ ਬੋਲਦਿਆਂ ਕਿ ਪਿਛਲੇ 2 ਸਾਲਾਂ ਵਿੱਚ ਇਹ ਦੂਜਾ ਜਾਨਲੇਵਾ ਹਮਲਾ ਹੈ ਜੋ ਕਿ ਇਹ ਵੱਡੀ ਸਾਜ਼ਿਸ਼ ਦਾ ਹਿੱਸਾ ਜਾਪਦਾ ਹੈ। ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸੁਖਬੀਰ ਸਿੰਘ ਬਾਦਲ ਨੇ ਕਿਹਾ ਹੈ ਕਿ ਨਾ ਕਦੇ ਡਰੇ ਹਾਂ ਅਤੇ ਨਾ ਹੀ ਕਦੇ ਡਰਾਂਗਾ। ਮੇਰੀ ਜਗ?ਹਾ 'ਤੇ ਤੂੰ ਜਾ ਕੇ ਹਾਜ਼ਰੀ ਭਰ ਕੇ ਆ। ਕੋਈ ਵੀ ਰੈਲੀ ਕੈਂਸਲ ਨਹੀਂ ਹੋਵੇਗੀ। ਪਹਿਲਾਂ ਸਾਡਾ ਪੰਜਾਬ, ਫਿਰ ਸਾਡੀ ਪਾਰਟੀ ਅਤੇ ਫਿਰ ਪਰਿਵਾਰ ਹੈ। ਇਸ ਦੌਰਾਨ ਉਨ੍ਹਾਂ ਕਿਹਾ ਜਿੱਥੇ ਅੱਜ ਦੇ ਦਿਨ ਦੇਸ਼ ਨੂੰ ਆਜ਼ਾਦ ਹੋਇਆ ਸੀ, ਉੱਥੇ ਹੀ ਹੁਣ ਪੰਜਾਬ ਨੂੰ ਵੀ ਆਜ਼ਾਦ ਕਰਨ ਦੀ ਜ਼ਰੂਰਤ ਹੈ।

## ਈਡੀ ਨੇ ਕਾਂਗਰਸੀ ਆਗੂ ਨੂੰ ਕੀਤਾ ਗ੍ਰਿਫ਼ਤਾਰ ! ਸ਼ਰਾਬ ਘਪਲਾ ਮਾਮਲੇ 'ਚ ਹੋਈ ਕਾਰਵਾਈ

ਰਾਏਪੁਰ 17 ਅਗਸਤ। ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਛੱਤੀਸਗੜ੍ਹ 'ਚ ਸ਼ਰਾਬ ਘਪਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਦੇ ਸਿਲਸਿਲੇ 'ਚ ਕਾਂਗਰਸ ਆਗੂ ਰਾਮਗੋਪਾਲ ਅਗਰਵਾਲ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਕੇਂਦਰੀ ਏਜੰਸੀ ਉਨ੍ਹਾਂ ਨੂੰ ਅਦਾਲਤ 'ਚ ਪੇਸ਼ ਕਰ ਕੇ ਹਿਰਾਸਤ ਦੀ ਅਪੀਲ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਾਬਕਾ ਖਜ਼ਾਨਚੀ ਅਗਰਵਾਲ ਨੂੰ ਮਨੀ ਲਾਂਡਰਿੰਗ ਰੋਕਥਾਮ ਐਕਟ (ਪੀਐੱਮਐੱਲਏ) ਦੇ ਤਹਿਤ ਹਿਰਾਸਤ 'ਚ ਲਿਆ ਗਿਆ ਹੈ। ਛੱਤੀਸਗੜ੍ਹ ਪੁਲਸ ਦੀ ਆਰਥਿਕ ਅਪਰਾਧ ਸ਼ਾਖਾ (ਈਓਡਬਲਿਯੂ) ਨੇ ਜੁਲਾਈ 'ਚ ਕੁਝ 'ਘਪਲੇ' ਨਾਲ ਸਬੰਧਤ ਮਾਮਲਿਆਂ ਦੀ ਜਾਂਚ ਦੇ ਸਬੰਧ 'ਚ ਅਗਰਵਾਲ ਨੂੰ ਗ੍ਰਿਫ਼ਤਾਰ ਕੀਤਾ ਸੀ। ਇਨਫੋਰਸਮੈਂਟ ਡਾਇਰੈਕਟੋਰੇਟ ਦੇ ਅਨੁਸਾਰ, ਇਹ ਕਥਿਤ ਸ਼ਰਾਬ ਘਪਲਾ 2019 ਅਤੇ 2022 ਦੇ ਵਿਚਕਾਰ, ਸਾਬਕਾ ਮੁੱਖ ਮੰਤਰੀ ਭੂਪੇਸ਼ ਬਘੇਲ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਦੌਰਾਨ ਹੋਇਆ ਸੀ। ਏਜੰਸੀ ਨੇ ਦੋਸ਼ ਲਗਾਇਆ ਕਿ ਸੀਨੀਅਰ ਨੌਕਰਸ਼ਾਹਾਂ ਅਤੇ ਰਾਜਨੀਤਿਕ ਹਸਤੀਆਂ ਦੇ ਇਕ ਅਪਰਾਧਿਕ ਸਿੰਡੀਕੇਟ ਨੇ ਛੱਤੀਸਗੜ੍ਹ ਆਬਕਾਰੀ ਵਿਭਾਗ ਨੂੰ 'ਪੂਰੀ ਤਰ੍ਹਾਂ ਕੰਟਰੋਲ' ਕਰ ਲਿਆ ਸੀ, ਜਿਸ ਨਾਲ ਰਾਜ ਨੂੰ 2,883 ਕਰੋੜ ਰੁਪਏ ਦਾ 'ਵੱਡਾ ਨੁਕਸਾਨ' ਹੋਇਆ ਸੀ। ਏਜੰਸੀ ਨੇ ਦਾਅਵਾ ਕੀਤਾ ਕਿ ਨਾਜਾਇਜ਼ ਸ਼ਰਾਬ ਦੀ ਵਿਕਰੀ ਤੋਂ ਪ੍ਰਾਪਤ ਕਥਿਤ ਕਮਿਸ਼ਨ 'ਰਾਜ ਦੇ ਸੀਨੀਅਰ ਨੇਤਾਵਾਂ ਦੇ ਨਿਰਦੇਸ਼ਾਂ ਅਨੁਸਾਰ' ਵੰਡਿਆ ਗਿਆ ਸੀ। ਏਜੰਸੀ ਨੇ ਹੁਣ ਤੱਕ 6 ਦੋਸ਼ ਪੱਤਰ ਦਾਇਰ ਕੀਤੇ ਹਨ ਅਤੇ 81 ਲੋਕਾਂ ਨੂੰ ਦੋਸ਼ੀ ਵਜੋਂ ਨਾਮਜ਼ਦ ਕੀਤਾ ਹੈ, ਜਿਨ੍ਹਾਂ 'ਚ ਭੂਪੇਸ਼ ਬਘੇਲ ਦੇ ਪੁੱਤਰ ਚੈਤਨਿਆ ਬਘੇਲ, ਛੱਤੀਸਗੜ੍ਹ ਦੇ ਸਾਬਕਾ ਆਬਕਾਰੀ ਕਮਿਸ਼ਨਰ ਨਿਰੰਜਨ ਦਾਸ, ਸਾਬਕਾ ਸੰਯੁਕਤ ਸਕੱਤਰ ਅਨਿਲ ਟੁਟੇਜਾ, ਸਾਬਕਾ ਆਬਕਾਰੀ ਮੰਤਰੀ ਕਵਾਸੀ ਲਖਮਾ ਅਤੇ ਮੁੱਖ ਮੰਤਰੀ ਦਫ਼ਤਰ ਦੇ ਸਾਬਕਾ ਡਿਪਟੀ ਸਕੱਤਰ ਸੌਮਿਆ ਚੌਰਸੀਆ ਸ਼ਾਮਲ ਹਨ।

## "ਅਰੁਣਾਚਲ ਪ੍ਰਦੇਸ਼ ਸਾਡਾ ਹੈ ਤੇ ਸਾਡਾ ਹੀ ਰਹੇਗਾ...", ਭਾਰਤ ਨੇ ਚੀਨ ਨੂੰ ਦਿੱਤਾ ਠੋਕਵਾਂ ਜਵਾਬ

ਨਵੀਂ ਦਿੱਲੀ 17 ਅਗਸਤ। ਉੱਤਰ-ਪੂਰਬੀ ਸੂਬੇ ਅਰੁਣਾਚਲ ਪ੍ਰਦੇਸ਼ ਵਿਚ 27 ਥਾਵਾਂ ਨੂੰ ਭਾਰਤ ਦੇ ਅਧਿਕਾਰਤ ਨਕਸ਼ੇ 'ਤੇ ਉਨ੍ਹਾਂ ਦੇ ਮਿਆਰੀ ਨਾਵਾਂ ਨਾਲ ਪਛਾਣਨ ਦੇ ਭਾਰਤ ਦੇ ਕਦਮ 'ਤੇ ਚੀਨ ਬੌਖਲਾਇਆ ਹੋਇਆ ਹੈ। ਚੀਨ ਨੇ ਇਸ 'ਤੇ ਇਤਰਾਜ਼ ਪ੍ਰਗਟਾਇਆ ਸੀ, ਜਿਸ ਨੂੰ ਨਵੀਂ ਦਿੱਲੀ ਨੇ ਸਿਰੇ ਤੋਂ ਖ਼ਾਰਜ ਕਰ ਦਿੱਤਾ ਹੈ ਅਤੇ ਸਾਫ਼ ਸ਼ਬਦਾਂ ਵਿਚ ਸਪੱਸ਼ਟ ਕਿਹਾ ਹੈ ਕਿ ਅਰੁਣਾਚਲ ਪ੍ਰਦੇਸ਼ ਸਾਡਾ ਹਿੱਸਾ ਹੈ ਅਤੇ ਹਮੇਸ਼ਾ ਰਹੇਗਾ। ਵਿਦੇਸ਼ ਮੰਤਰਾਲਾ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਮੰਗਲਵਾਰ ਨੂੰ ਫਿਰ ਕਿਹਾ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਅਨਿੱਖੜਵਾਂ ਅੰਗ ਹੈ ਅਤੇ ਇਸ ਸੱਚਾਈ ਨੂੰ ਕੋਈ ਨਹੀਂ ਬਦਲ ਸਕਦਾ। ਦਰਅਸਲ, ਚੀਨ ਵੱਲੋਂ ਅਰੁਣਾਚਲ ਪ੍ਰਦੇਸ਼ ਵਿਚ ਕੁੱਝ ਥਾਵਾਂ ਦੇ ਨਾਂ ਵਾਰ-ਵਾਰ ਬਦਲਣ ਤੋਂ ਬਾਅਦ ਭਾਰਤ ਨੇ ਪਿਛਲੇ ਹਫ਼ਤੇ ਸੂਬੇ ਵਿਚ 27 ਥਾਵਾਂ ਅਤੇ ਖ਼ਾਸ ਸਥਾਨਾਂ ਨੂੰ ਭਾਰਤ ਦੇ ਅਧਿਕਾਰਤ ਨਕਸ਼ੇ 'ਤੇ ਉਨ੍ਹਾਂ ਦੇ ਮਿਆਰੀ ਨਾਵਾਂ ਨਾਲ ਰਸਮੀ ਤੌਰ 'ਤੇ ਨਾਮਜ਼ਦ ਕੀਤਾ ਸੀ। ਉਦੋਂ ਇਕ ਅਧਿਕਾਰਤ ਬਿਆਨ ਵਿਚ ਕਿਹਾ ਗਿਆ ਸੀ ਕਿ ਅਰੁਣਾਚਲ ਪ੍ਰਦੇਸ਼ ਦੇ 'ਸਰਵੇ ਆਫ਼ ਇੰਡੀਆ' ਦੇ ਨਕਸ਼ੇ 'ਤੇ ਇਨ੍ਹਾਂ ਨੂੰ ਰਸਮੀ ਤੌਰ 'ਤੇ ਪਛਾਣਨ ਦਾ ਮਕਸਦ ਇਨ੍ਹਾਂ ਦੀ ਸਹੀ ਪਛਾਣ ਅਤੇ ਆਮ ਜਨਤਾ ਵਿਚ ਬਿਹਤਰ ਜਾਣਕਾਰੀ ਨੂੰ ਸੁਖਾਲਾ ਬਣਾਉਣਾ ਹੈ। ਭਾਰਤ ਦੇ ਅਧਿਕਾਰਤ ਨਕਸ਼ੇ 'ਤੇ ਰਸਮੀ ਤੌਰ 'ਤੇ ਚਿੰਨ੍ਹ?ਤ 27 ਥਾਵਾਂ ਵਿਚ 'ਲਾਈਨ ਆਫ਼ ਐਕਚੁਅਲ ਕੰਟਰੋਲ' (ਐੱਲ. ਏ. ਸੀ.) ਦੇ ਨੇੜੇ ਸਥਿਤ 'ਲਾਂਗ ਜੂ' ਵੀ ਸ਼ਾਮਲ ਹੈ। ਇਹ 1959 ਵਿਚ ਭਾਰਤ ਅਤੇ ਚੀਨ ਵਿਚਾਲੇ ਸ਼ੁਰੂਆਤੀ ਟਕਰਾਅ ਦੇ ਕੇਂਦਰਾਂ ਵਿਚੋਂ ਇਕ ਸੀ, ਜਦੋਂ ਚੀਨੀ ਫੌਜ ਇਸ ਇਲਾਕੇ ਵਿਚ ਦਾਖ਼ਲ ਹੋਈ ਸੀ। ਨਵੀਂ ਦਿੱਲੀ ਨੇ ਅਰੁਣਾਚਲ ਪ੍ਰਦੇਸ਼ ਵਿਚ ਥਾਵਾਂ ਦੇ ਨਾਂ ਬਦਲਣ ਦੀ ਚੀਨ ਦੀ ਹਰਕਤ ਨੂੰ ਹਮੇਸ਼ਾ ਸਾਫ਼ ਤੌਰ 'ਤੇ ਖ਼ਾਰਜ ਕੀਤਾ ਹੈ। ਉਸ ਨੇ ਅਜਿਹੇ ਕਦਮਾਂ ਨੂੰ ਲਗਾਤਾਰ 'ਬੇਕਾਰ ਅਤੇ ਬੇਤੁਕਾ' ਦੱਸਿਆ ਹੈ ਅਤੇ ਜ਼ੋਰ ਦਿੱਤਾ ਹੈ ਕਿ ਇਨ੍ਹਾਂ ਨਾਲ ਉਸ 'ਅਟੱਲ' ਸੱਚਾਈ ਵਿਚ ਕੋਈ ਬਦਲਾਅ ਨਹੀਂ ਆਵੇਗਾ ਕਿ ਇਹ ਸੂਬਾ ਭਾਰਤ ਦਾ ਅਨਿੱਖੜਵਾਂ ਅੰਗ ਸੀ, ਹੈ ਅਤੇ ਹਮੇਸ਼ਾ ਰਹੇਗਾ।

## ਟੀਐੱਮਸੀ ਨੂੰ ਸੁਪਰੀਮ ਕੋਰਟ ਤੋਂ ਨਹੀਂ ਮਿਲੀ ਰਾਹਤ, ਬੈਂਕ ਖਾਤਿਆਂ ਨੂੰ ਫਰੀਜ਼ ਕਰਨ 'ਤੇ 83 ਦੇ ਹੁਕਮਾਂ 'ਚ ਦਖਲ ਦੇਣ ਤੋਂ ਇਨਕਾਰ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 17 ਅਗਸਤ। ਤ੍ਰਿਣਮੂਲ ਕਾਂਗਰਸ (ਟੀਐੱਮਸੀ) ਨੂੰ ਆਪਣੇ ਬੈਂਕ ਖਾਤਿਆਂ ਨੂੰ ਫਰੀਜ਼ ਕਰਨ ਬਾਰੇ ਸੁਪਰੀਮ ਕੋਰਟ ਤੋਂ ਕੋਈ ਰਾਹਤ ਨਹੀਂ ਮਿਲੀ ਹੈ। ਸੁਪਰੀਮ ਕੋਰਟ ਨੇ ਕਲਕੱਤਾ ਹਾਈ ਕੋਰਟ ਦੇ ਟੀਐੱਮਸੀ ਨੂੰ ਅੰਤਰਿਮ ਰਾਹਤ ਦੇਣ ਤੋਂ ਇਨਕਾਰ ਕਰਨ ਦੇ ਹੁਕਮਾਂ ਵਿੱਚ ਦਖਲ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਇਹ ਮਾਮਲਾ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਟੀਐੱਮਸੀ ਦੇ ਬੈਂਕ ਖਾਤਿਆਂ ਨੂੰ ਫ?ਰੀਜ਼ ਕਰਨ ਨਾਲ ਸਬੰਧਤ ਹੈ। ਜਸਟਿਸ ਐੱਮਐੱਮ ਸੁੰਦਰੇਸ਼ ਅਤੇ ਪੀਬੀ ਵਰਾਲੇ ਦੇ ਬੈਂਚ ਨੇ ਕਿਹਾ ਕਿ ਹਾਈ ਕੋਰਟ ਨੇ ਮਾਮਲੇ ਦੇ ਮੌਜੂਦਾ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਸੰਤੁਲਿਤ ਆਦੇਸ਼ ਪਾਸ ਕੀਤਾ ਹੈ। ਅਦਾਲਤ ਨੇ ਇਹ ਵੀ ਨੋਟ ਕੀਤਾ ਕਿ ਪਾਰਟੀ ਕੋਲ ਆਪਣੇ ਰੋਜ਼ਾਨਾ ਦੇ ਖਰਚਿਆਂ ਲਈ ਕੁਝ ਫੰਡ ਉਪਲਬਧ ਹਨ। ਸੁਪਰੀਮ ਕੋਰਟ ਨੇ ਨੋਟ ਕੀਤਾ ਕਿ ਬੈਂਕ ਖਾਤੇ ਫ?ਰੀਜ਼ ਕਰਨ ਨਾਲ ਸਬੰਧਤ ਮੁੱਖ ਮਾਮਲਾ ਪਹਿਲਾਂ ਹੀ ਕਲਕੱਤਾ ਹਾਈ ਕੋਰਟ ਵਿੱਚ ਵਿਚਾਰ ਅਧੀਨ ਹੈ। ਪੱਛਮੀ



ਬੰਗਾਲ ਪੁਲਿਸ ਵੱਲੋਂ ਖਾਤੇ ਫ?ਰੀਜ਼ ਕਰਨ ਬਾਰੇ ਦਾਇਰ ਇੱਕ ਹੋਰ ਪਟੀਸ਼ਨ ਵੀ ਹਾਈ ਕੋਰਟ ਦੇ ਸਾਹਮਣੇ ਵਿਚਾਰ ਅਧੀਨ ਹੈ। ਅਜਿਹੀ ਸਥਿਤੀ ਵਿੱਚ, ਸੁਪਰੀਮ ਕੋਰਟ ਨੇ ਕਿਹਾ ਕਿ ਇਸ ਪੜਾਅ 'ਤੇ ਮਾਮਲੇ ਦੇ ਮੁੱਖ ਵਿਵਾਦ 'ਤੇ ਕੋਈ ਰਾਏ ਪ੍ਰਗਟ ਕਰਨਾ ਉਚਿਤ ਨਹੀਂ ਹੋਵੇਗਾ। ਬੈਂਚ ਨੇ ਦੋਵਾਂ ਮਾਮਲਿਆਂ ਵਿੱਚ ਦਖਲ ਦੇਣ ਤੋਂ ਇਨਕਾਰ ਕਰ ਦਿੱਤਾ ਅਤੇ ਪਟੀਸ਼ਨ ਨੂੰ ਖਾਰਜ ਕਰ ਦਿੱਤਾ। ਸੁਣਵਾਈ ਦੌਰਾਨ, ਟੀਐੱਮਸੀ ਦੀ ਨੁਮਾਇੰਦਗੀ ਕਰ ਰਹੇ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਦਲੀਲ ਦਿੱਤੀ ਕਿ ਬੈਂਕ ਖਾਤਿਆਂ ਨੂੰ ਫ?ਰੀਜ਼ ਕਰਨ ਨਾਲ ਪਾਰਟੀ ਦੇ ਰੋਜ਼ਾਨਾ ਦੇ ਕੰਮਕਾਜ 'ਤੇ ਅਸਰ ਪਵੇਗਾ। ਉਨ੍ਹਾਂ ਅਦਾਲਤ ਨੂੰ ਦੱਸਿਆ ਕਿ ਅਪਰਾਧ ਨਾਲ ਸਬੰਧਤ ਕਥਿਤ ਰਕਮ ਲਗਭਗ ?160 ਕਰੋੜ ਹੈ, ਜਦੋਂ ਕਿ ਸਬੰਧਤ ਬੈਂਕ ਖਾਤਿਆਂ ਵਿੱਚ ਕੁੱਲ ਰਕਮ ਕਾਫ਼ੀ ਜ਼ਿਆਦਾ ਹੈ। ਸਿੱਬਲ ਨੇ ਦਲੀਲ ਦਿੱਤੀ ਕਿ ਪੂਰੀ ਰਕਮ ਫ?ਰੀਜ਼ ਹੋਣ ਕਾਰਨ, ਪਾਰਟੀ ਆਪਣੇ ਕਰਮਚਾਰੀਆਂ ਦੀਆਂ ਤਨਖਾਹਾਂ ਅਤੇ ਹੋਰ ਜ਼ਰੂਰੀ ਖਰਚਿਆਂ ਦਾ ਭੁਗਤਾਨ ਕਰਨ ਵਿੱਚ ਅਸਮਰੱਥ ਹੈ। ਟੀਐੱਮਸੀ ਦੀ ਨੁਮਾਇੰਦਗੀ ਕਰ ਰਹੀ ਸੀਨੀਅਰ ਵਕੀਲ ਮੇਨਕਾ ਗੁਰੂਸਵਾਮੀ ਨੇ ਇਹ ਵੀ ਕਿਹਾ ਕਿ ਪਾਰਟੀ ਦੇ ਵੱਖ-ਵੱਖ ਬੈਂਕ ਖਾਤਿਆਂ ਦੀ ਵਰਤੋਂ ਵੱਖ-ਵੱਖ ਉਦੇਸ਼ਾਂ ਲਈ ਕੀਤੀ ਜਾਂਦੀ ਹੈ। ਜਾਂਚ ਏਜੰਸੀ ਈਡੀ ਦੀ ਨੁਮਾਇੰਦਗੀ ਕਰ ਰਹੇ ਵਧੀਕ ਸਾਲਿਸਟਰ ਜਨਰਲ ਐੱਸਵੀ ਰਾਜੂ ਨੇ ਕਿਹਾ ਕਿ ਪਾਰਟੀ ਕੋਲ ਪਹਿਲਾਂ ਹੀ ਆਪਣੇ ਰੋਜ਼ਾਨਾ ਦੇ ਖਰਚਿਆਂ ਲਈ ਕੁਝ ਸੁਰੱਖਿਆ ਹੈ। ਉਨ੍ਹਾਂ ਅਦਾਲਤ ਨੂੰ ਦੱਸਿਆ ਕਿ ਲਗਭਗ ?120 ਕਰੋੜ ਉਪਲਬਧ ਹਨ। ਈਡੀ ਨੇ ਇਹ ਵੀ ਕਿਹਾ ਕਿ ਮਾਮਲੇ ਦੇ ਸਬੰਧ ਵਿੱਚ ਪਾਰਟੀ ਦੇ ਅੰਦਰ ਚੱਲ ਰਹੇ ਵਿਵਾਦ 'ਤੇ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

## ਦਿੱਲੀ ਏਅਰਪੋਰਟ 'ਤੇ ਯਾਤਰੀ ਦੇ ਸਾਮਾਨ 'ਚੋਂ ਨਿਕਲੀ ਅਜਿਹੀ ਚੀਜ਼, ਦੇਖ ਅਧਿਕਾਰੀਆਂ ਦੇ ਵੀ ਉੱਡੇ ਹੋਸ਼

ਨਵੀਂ ਦਿੱਲੀ 17 ਅਗਸਤ। ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਸੁਰੱਖਿਆ ਜਾਂਚ ਦੌਰਾਨ ਇਕ ਹੈਰਾਨ ਕਰਨ ਵਾਲੀ ਘਟਨਾ ਵਾਪਰੀ। ਹੈਦਰਾਬਾਦ ਜਾਣ ਦੀ ਤਿਆਰੀ ਕਰ ਰਹੇ ਇਕ ਯਾਤਰੀ ਦੇ ਹੈਂਡ ਬੈਗ 'ਚੋਂ ਖੋਪੜੀ ਵਰਗੀ ਸ਼ੱਕੀ ਵਸਤੂ ਮਿਲੀ, ਜਿਸ ਤੋਂ ਬਾਅਦ ਕੇਂਦਰੀ ਉਦਯੋਗਿਕ ਸੁਰੱਖਿਆ ਫ਼ੋਰਸ ਅਤੇ ਹੋਰ ਸੁਰੱਖਿਆ ਏਜੰਸੀਆਂ ਚੌਕਸ ਹੋ ਗਈਆਂ। ਮੁੱਢਲੀ ਪੁੱਛਗਿੱਛ ਦੌਰਾਨ ਯਾਤਰੀ ਨੇ ਦਾਅਵਾ ਕੀਤਾ ਕਿ ਇਹ ਵਸਤੂ ਇਕ ਬਾਂਦਰ ਦੀ ਖੋਪੜੀ ਹੈ। ਮਾਮਲੇ ਦੀ ਸੰਵੇਦਨਸ਼ੀਲਤਾ ਅਤੇ ਜੰਗਲੀ ਜੀਵ ਸੁਰੱਖਿਆ ਦੀ ਸੰਭਾਵੀ ਉਲੰਘਣਾ ਨੂੰ ਦੇਖਦੇ ਹੋਏ, ਸੀਆਈਐੱਸਐੱਫ ਨੇ ਯਾਤਰੀ ਨੂੰ ਸਥਾਨਕ ਪੁਲਸ ਦੇ ਹਵਾਲੇ ਕਰ ਦਿੱਤਾ। ਜਾਂਚ ਏਜੰਸੀਆਂ ਹੁਣ ਇਹ ਪਤਾ ਲਗਾਉਣ ਲਈ ਕੰਮ ਕਰ ਰਹੀਆਂ ਹਨ ਕਿ ਖੋਪੜੀ ਅਸਲ 'ਚ ਕਿਸ ਜਾਨਵਰ ਦੀ ਸੀ ਅਤੇ ਇਸ ਨੂੰ ਲਿਜਾਣ ਦਾ ਉਦੇਸ਼ ਕੀ ਸੀ। ਜਾਣਕਾਰੀ ਅਨੁਸਾਰ, ਇਹ ਘਟਨਾ ਬੁੱਧਵਾਰ ਨੂੰ ਦਿੱਲੀ ਦੇ ਆਈਜੀਆਈ ਹਵਾਈ ਅੱਡੇ 'ਤੇ ਵਾਪਰੀ। ਯਾਤਰੀ ਦਿੱਲੀ ਤੋਂ ਹੈਦਰਾਬਾਦ ਲਈ ਉਡਾਣ ਭਰਨ ਵਾਲਾ ਸੀ। ਉਡਾਣ ਤੋਂ ਪਹਿਲਾਂ ਸੁਰੱਖਿਆ ਜਾਂਚ ਦੌਰਾਨ, ਸੀਆਈਐੱਸਐੱਫ ਦੇ ਕਰਮਚਾਰੀਆਂ ਨੇ ਉਸ ਦੇ ਹੈਂਡ ਬੈਗ 'ਚ ਇਕ ਸ਼ੱਕੀ ਵਸਤੂ ਦੇਖੀ। ਬੈਗ ਦੀ ਜਾਂਚ ਕਰਨ 'ਤੇ ਇਕ ਖੋਪੜੀ ਵਰਗੀ ਵਸਤੂ ਮਿਲੀ, ਜਿਸ ਕਾਰਨ ਸੁਰੱਖਿਆ ਕਰਮਚਾਰੀਆਂ ਨੇ ਤੁਰੰਤ ਯਾਤਰੀ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ। ਪੁੱਛਗਿੱਛ ਦੌਰਾਨ ਯਾਤਰੀ ਨੇ ਦਾਅਵਾ ਕੀਤਾ ਕਿ ਉਸ ਦੇ ਸਮਾਨ 'ਚੋਂ ਮਿਲੀ ਵਸਤੂ ਇਕ ਬਾਂਦਰ ਦੀ ਖੋਪੜੀ ਹੈ, ਕਿਉਂਕਿ ਇਹ ਮਾਮਲਾ ਜੰਗਲੀ ਜੀਵਾਂ ਦੇ ਅਵਸ਼ੇਸ਼ਾਂ ਨਾਲ ਸਬੰਧਤ ਹੋ ਸਕਦਾ ਹੈ, ਇਸ ਲਈ ਸੁਰੱਖਿਆ ਏਜੰਸੀਆਂ ਨੇ ਇਸ ਨੂੰ ਗੰਭੀਰਤਾ ਨਾਲ ਲਿਆ। ਬਾਅਦ 'ਚ ਯਾਤਰੀ ਨੂੰ ਅਗਲੀ ਕਾਨੂੰਨੀ ਕਾਰਵਾਈ ਲਈ ਸਥਾਨਕ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ। ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਜੰਗਲੀ ਜੀਵਾਂ (ਸੁਰੱਖਿਆ) ਐਕਟ, 1972 ਦੇ ਉਪਬੰਧਾਂ ਤਹਿਤ ਕੀਤੀ ਜਾ ਰਹੀ ਹੈ, ਇਸ ਸੰਭਾਵਨਾ ਨੂੰ ਦੇਖਦੇ ਹੋਏ ਕਿ ਬਰਾਮਦ ਕੀਤੀ ਗਈ ਵਸਤੂ ਜੰਗਲੀ ਜੀਵਾਂ ਨਾਲ ਸਬੰਧਤ ਹੋ ਸਕਦੀ ਹੈ। ਜਾਂਚ ਏਜੰਸੀਆਂ ਹੁਣ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰਨਗੀਆਂ ਕਿ ਬਰਾਮਦ ਕੀਤੀ ਗਈ ਖੋਪੜੀ ਕਿਸ ਜਾਨਵਰ ਦੀ ਸੀ ਅਤੇ ਇਸ ਨੂੰ ਹਵਾਈ ਅੱਡੇ 'ਤੇ ਕਿਵੇਂ ਲਿਆਂਦਾ ਗਿਆ ਸੀ।

## ਮੁੱਖ ਮੰਤਰੀ ਵਿਜੇ ਵਲੋਂ ਲੋਕ ਸਭਾ ਸੀਟਾਂ 543 ਤੱਕ ਸੀਮਤ ਕਰਨ ਦੀ ਮੰਗ ਵਾਲਾ ਪ੍ਰਸਤਾਵ ਪੇਸ਼

ਚੇਨਈ 17 ਅਗਸਤ। ਤਾਮਿਲਨਾਡੂ ਦੇ ਮੁੱਖ ਮੰਤਰੀ ਸੀ. ਜੋਸਫ਼ ਵਿਜੇ ਨੇ ਵਿਧਾਨ ਸਭਾ ਵਿੱਚ ਇੱਕ ਮਤਾ ਪੇਸ਼ ਕੀਤਾ, ਜਿਸ ਵਿੱਚ ਕੇਂਦਰ ਸਰਕਾਰ ਨੂੰ ਲੋਕ ਸਭਾ ਸੀਟਾਂ ਦੀ ਗਿਣਤੀ ਨੂੰ ਸਥਾਈ ਤੌਰ 'ਤੇ 543 ਤੱਕ ਸੀਮਤ ਕਰਨ ਦੀ ਅਪੀਲ ਕੀਤੀ ਗਈ। ਮੁੱਖ ਮੰਤਰੀ ਵਿਜੇ ਨੇ 2029 ਵਿਚ ਹੋਣ ਵਾਲੀਆਂ ਆਮ ਚੋਣਾਂ ਵਿੱਚ ਔਰਤਾਂ ਲਈ 33 ਪ੍ਰਤੀਸ਼ਤ ਰਾਖਵਾਂਕਰਨ ਲਾਗੂ ਕਰਨ ਦਾ ਸਮਰਥਨ ਕਰਦੇ ਹੋਏ ਮਤੇ ਵਿੱਚ ਕਿਹਾ ਕਿ ਇਸਨੂੰ ਲੋਕ ਸਭਾ ਵਿੱਚ ਮੌਜੂਦਾ 543 ਸੀਟਾਂ ਦੇ ਆਧਾਰ 'ਤੇ ਲਾਗੂ ਕੀਤਾ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਵਿਜੇ ਨੇ ਕਿਹਾ ਕਿ ਔਰਤਾਂ ਨੂੰ 33 ਪ੍ਰਤੀਸ਼ਤ ਰਾਖਵਾਂਕਰਨ ਦੇਣ ਵਿੱਚ ਹੋਰ ਦੇਰੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ, ਔਰਤਾਂ ਲਈ ਰਾਖਵਾਂਕਰਨ ਕੋਈ ਦਾਨ ਨਹੀਂ ਹੈ, ਸਗੋਂ ਉਨ੍ਹਾਂ ਦਾ ਲੋਕਤੰਤਰੀ ਅਧਿਕਾਰ ਹੈ। ਮੁੱਖ ਮੰਤਰੀ ਨੇ ਆਪਣੇ ਪ੍ਰਸਤਾਵ ਵਿੱਚ ਕਿਹਾ ਕਿ ਇਹ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਆਬਾਦੀ ਨਿਯੰਤਰਣ ਪ੍ਰੋਗਰਾਮ ਲਾਗੂ ਕਰਨ ਵਾਲੇ ਰਾਜਾਂ 'ਤੇ ਹੱਦਬੰਦੀ ਦਾ ਮਾੜਾ ਪ੍ਰਭਾਵ ਨਾ ਪਵੇ। ਮੁੱਖ ਮੰਤਰੀ ਵੱਲੋਂ ਮਤਾ ਪੇਸ਼ ਕਰਨ ਤੋਂ ਬਾਅਦ ਵਿਧਾਨ ਸਭਾ ਸਪੀਕਰ ਜੇ.ਸੀ.ਡੀ. ਪ੍ਰਭਾਕਰ ਨੇ ਮੈਂਬਰਾਂ ਨੂੰ ਇਸ 'ਤੇ ਚਰਚਾ ਕਰਨ ਲਈ ਸੱਦਾ ਦਿੱਤਾ।

## ਵਿਰੋਧੀ ਪਾਰਟੀਆਂ ਦੇ ਰਵੱਈਏ ਤੋਂ ਨਿਰਾਸ਼ ਹਾਂ, ਚਰਚਾ ਤੋਂ ਦੌੜਣ ਵਾਲਾ ਵਿਰੋਧੀ ਧਿਰ ਪਹਿਲੀ ਵਾਰ ਵੇਖਿਆ : ਰਿਜਿਜੂ

ਕੌਮੀ ਪਤ੍ਰਿਕਾ

ਨਵੀਂ ਦਿੱਲੀ 17 ਅਗਸਤ। ਸੰਸਦੀ ਕਾਰਜ ਮੰਤਰੀ ਕਿਰੇਨ ਰਿਜਿਜੂ ਨੇ ਵਿਰੋਧੀ ਧਿਰ 'ਤੇ ਸੰਸਦ 'ਚ ਚਰਚਾ ਤੋਂ 'ਭੱਜਣ' ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸਰਕਾਰ ਚਰਚਾ ਕਰਨ ਅਤੇ ਸਾਰੇ ਸਵਾਲਾਂ ਦੇ ਜਵਾਬ ਦੇਣ ਲਈ ਤਿਆਰ ਹੈ, ਪਰ ਵਿਰੋਧੀ ਧਿਰ ਇਸ ਲਈ ਤਿਆਰ ਨਹੀਂ ਹੈ। ਉਨ੍ਹਾਂ ਕਿਹਾ ਕਿ ਇਕ ਮੰਤਰੀ ਅਤੇ ਸੰਸਦ ਮੈਂਬਰ ਹੋਣ ਦੇ ਨਾਤੇ, ਉਹ ਵਿਰੋਧੀ ਧਿਰ ਦੇ ਇਸ ਰਵੱਈਏ ਤੋਂ ਬਹੁਤ ਨਿਰਾਸ਼ ਅਤੇ ਦੁਖੀ ਹਨ। ਰਿਜਿਜੂ ਨੇ ਕਿਹਾ ਕਿ ਹੁਣ ਜਨਤਾ ਵੀ ਜਾਣਨਾ ਚਾਹੁੰਦੀ ਹੈ ਕਿ ਕਾਂਗਰਸ ਚਰਚਾ ਤੋਂ ਕਿਉਂ ਭੱਜ ਰਹੀ ਹੈ। ਸੰਸਦ ਦੇ ਮਾਨਸੂਨ ਸੈਸ਼ਨ 'ਚ ਇਕ ਦਿਨ ਬਾਕੀ ਹੋਣ ਦੇ ਨਾਲ, ਉਨ੍ਹਾਂ ਉਮੀਦ ਪ੍ਰਗਟਾਈ ਕਿ ਵਿਰੋਧੀ ਧਿਰ ਵਿਦਿਆਰਥੀਆਂ ਦੇ ਮੁੱਦੇ 'ਤੇ ਚਰਚਾ ਕਰੇਗੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਗੱਲ ਸੁਣੇਗੀ। ਵਿਰੋਧੀ ਧਿਰ ਦੇ ਹੰਗਾਮੇ ਕਾਰਨ ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰਨ ਤੋਂ ਬਾਅਦ ਰਿਜਿਜੂ ਨੇ ਸੰਸਦ ਕੰਪਲੈਕਸ 'ਚ ਆਪਣੇ ਚੈਂਬਰ 'ਚ ਪੱਤਰਕਾਰਾਂ ਨੂੰ ਕਿਹਾ,ਮੈਂ ਬਹੁਤ ਨਿਰਾਸ਼ ਅਤੇ



ਦੁਖੀ ਹਾਂ। ਆਪਣੀ ਜ਼ਿੰਦਗੀ 'ਚ ਪਹਿਲੀ ਵਾਰ, ਮੈਂ ਅਜਿਹੀ ਸਥਿਤੀ ਦੇਖ ਰਿਹਾ ਹਾਂ ਜਿੱਥੇ ਸਰਕਾਰ ਸੰਸਦ 'ਚ ਚਰਚਾ ਚਾਹੁੰਦੀ ਹੈ, ਪਰ ਵਿਰੋਧੀ ਧਿਰ ਇਸ ਤੋਂ ਭੱਜ ਰਹੀ ਹੈ।" ਉਨ੍ਹਾਂ ਕਿਹਾ ਕਿ ਸੰਸਦੀ ਲੋਕਤੰਤਰ 'ਚ ਵਿਰੋਧੀ ਧਿਰ ਆਮ ਤੌਰ 'ਤੇ ਚਰਚਾ ਦੀ ਮੰਗ ਕਰਦੀ ਹੈ ਅਤੇ ਸਰਕਾਰ ਆਪਣੇ ਸਵਾਲਾਂ ਦੇ ਜਵਾਬ ਦਿੰਦੀ ਹੈ। ਪਰ ਮੌਜੂਦਾ ਸਥਿਤੀ 'ਚ, ਸਰਕਾਰ ਖੁਦ ਕਹਿ ਰਹੀ ਹੈ ਕਿ ਉਹ ਚਰਚਾ ਕਰੇਗੀ ਅਤੇ ਜਵਾਬ ਦੇਵੇਗੀ, ਜਦੋਂ ਕਿ ਵਿਰੋਧੀ ਧਿਰ ਚਰਚਾ ਲਈ ਤਿਆਰ ਨਹੀਂ ਹੈ। ਰਿਜਿਜੂ ਨੇ ਕਿਹਾ, ਕੀ ਤੁਸੀਂ ਅਜਿਹੀ ਸਥਿਤੀ ਦੀ ਕਲਪਨਾ ਕਰ ਸਕਦੇ ਹੋ? ਇਹ ਲੋਕਤੰਤਰ ਲਈ ਚੰਗਾ ਨਹੀਂ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਵਾਰ-ਵਾਰ ਇਸ ਮੁੱਦੇ 'ਤੇ ਚਰਚਾ ਕਰਨ ਦੀ ਇੱਛਾ ਪ੍ਰਗਟਾਈ ਹੈ, ਪਰ ਵਿਰੋਧੀ ਧਿਰ ਸਹਿਮਤ ਨਹੀਂ ਹੋ ਰਹੀ ਹੈ। ਸੰਸਦੀ ਕਾਰਜ ਮੰਤਰੀ ਨੇ ਕਿਹਾ ਕਿ ਇਸੇ ਲਈ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਇਕ ਹੋਰ ਪੱਤਰ ਲਿਖਣਾ ਪਿਆ, ਜਿਸ 'ਚ ਉਨ੍ਹਾਂ (ਸ਼ਾਹ) ਨੇ ਕਿਹਾ ਕਿ ਸਰਕਾਰ ਇਕ ਖੁੱਲ੍ਹੀ, ਵਿਆਪਕ ਅਤੇ ਵਿਸਤ੍ਰਿਤ ਚਰਚਾ ਲਈ ਤਿਆਰ ਹੈ ਅਤੇ ਸਪੀਕਰ ਨੂੰ ਵਿਰੋਧੀ ਧਿਰ ਦੇ ਆਗੂਆਂ ਨੂੰ ਚਰਚਾ ਲਈ ਸਹਿਮਤ ਹੋਣ ਲਈ ਮਨਾਉਣ ਦੀ ਬੇਨਤੀ ਕੀਤੀ। ਰਿਜਿਜੂ ਨੇ ਕਿਹਾ,ਕੀ ਤੁਸੀਂ ਕਦੇ ਸੁਣਿਆ ਹੈ ਕਿ ਵਿਰੋਧੀ ਧਿਰ ਚਰਚਾ ਤੋਂ ਭੱਜ ਰਹੀ ਹੈ?

## ਗੌਤਮ ਅਡਾਨੀ ਨੂੰ ਅਮਰੀਕੀ ਕੋਰਟ ਤੋਂ 'ਕਲੀਨ ਚਿੱਟ', ਧੋਖਾਧੜੀ ਤੇ ਰਿਸ਼ਵਤਖੋਰੀ ਦੇ ਸਾਰੇ ਕੇਸ ਕੀਤੇ ਖਾਰਿਜ

ਕੌਮੀ ਪਤ੍ਰਿਕਾ

ਵਾਸ਼ਿੰਗਟਨ 17 ਅਗਸਤ। ਭਾਰਤੀ ਉਦਯੋਗਪਤੀ ਗੌਤਮ ਅਡਾਨੀ ਨੂੰ ਅਮਰੀਕੀ ਅਦਾਲਤ ਤੋਂ ਇੱਕ ਵੱਡੀ ਰਾਹਤ ਮਿਲੀ ਹੈ। ਬਰੁਕਲਿਨ ਦੀ ਇੱਕ ਅਦਾਲਤ ਨੇ ਅਡਾਨੀ ਖ਼?ਲਾਫ਼ ਦਰਜ ਧੋਖਾਧੜੀ ਅਤੇ ਰਿਸ਼ਵਤਖੋਰੀ ਦੇ ਸਾਰੇ ਅਪਰਾਧਿਕ ਮਾਮਲੇ ਖਾਰਜ ਕਰ ਦਿੱਤੇ ਹਨ। ਇਹ ਫੈਸਲਾ ਅਮਰੀਕੀ ਨਿਆਂ ਵਿਭਾਗ ਵੱਲੋਂ ਇਨ੍ਹਾਂ ਦੋਸ਼ਾਂ ਨੂੰ ਵਾਪਸ ਲੈਣ ਅਤੇ ਕੇਸ ਨੂੰ ਅੱਗੇ ਨਾ ਵਧਾਉਣ ਦੇ ਫੈਸਲੇ ਤੋਂ ਬਾਅਦ ਆਇਆ ਹੈ। ਅਦਾਲਤ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਗੌਤਮ ਅਡਾਨੀ ਨੇ ਨਿਆਂ ਪ੍ਰਣਾਲੀ ਅਤੇ ਸੱਚਾਈ ਵਿੱਚ ਆਪਣਾ ਡੂੰਘਾ ਵਿਸ਼ਵਾਸ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਕਿ ਇਸ ਚੁਣੌਤੀਪੂਰਨ ਸਮੇਂ ਦੌਰਾਨ ਨਿਰਪੱਖਤਾ ਅਤੇ ਕਾਨੂੰਨ ਦੇ ਸ਼ਾਸਨ ਵਿੱਚ ਉਨ੍ਹਾਂ ਦਾ ਭਰੋਸਾ ਅਟੱਲ ਰਿਹਾ। ਅਡਾਨੀ ਨੇ ਉਨ੍ਹਾਂ ਸਾਰੇ ਲੋਕਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਔਖੀ ਘੜੀ ਵਿੱਚ ਉਨ੍ਹਾਂ 'ਤੇ ਭਰੋਸਾ ਬਣਾਈ ਰੱਖਿਆ।



ਜ਼ਿਕਰਯੋਗ ਹੈ ਕਿ ਸਾਲ 2024 ਵਿੱਚ ਗੌਤਮ ਅਡਾਨੀ 'ਤੇ ਭਾਰਤ ਵਿੱਚ ਸੋਲਰ ਐਨਰਜੀ ਪਲਾਂਟ ਦੀ ਮਨਜ਼ੂਰੀ ਲੈਣ ਲਈ ਭਾਰਤੀ ਸਰਕਾਰੀ ਅਧਿਕਾਰੀਆਂ ਨੂੰ ਰਿਸ਼ਵਤ ਦੇਣ ਅਤੇ ਅਮਰੀਕੀ ਨਿਵੇਸ਼ਕਾਂ ਨੂੰ ਗੁਮਰਾਹ ਕਰਨ ਦੇ ਗੰਭੀਰ ਦੋਸ਼ ਲਗਾਏ ਗਏ ਸਨ। ਅਡਾਨੀ ਸਮੂਹ ਨੇ ਸ਼ੁਰੂ ਤੋਂ ਹੀ ਇਨ੍ਹਾਂ ਦੋਸ਼ਾਂ ਨੂੰ ਬੇਬੁਨਿਆਦ ਦੱਸਦਿਆਂ ਕਿਸੇ ਵੀ ਤਰ੍ਹਾਂ ਦੀ ਗੜਬੜੀ ਤੋਂ ਇਨਕਾਰ ਕੀਤਾ ਸੀ। ਬਰੁਕਲਿਨ ਸਥਿਤ ਅਮਰੀਕੀ ਡਿਸਟ੍ਰਿਕਟ ਜੱਜ ਨਿਕੋਲਸ ਗੈਰਾਫਿਸ ਨੇ ਫੈਸਲਾ ਸੁਣਾਉਣ ਤੋਂ ਪਹਿਲਾਂ ਨਿਆਂ ਵਿਭਾਗ ਤੋਂ ਮਾਮਲਾ ਬੰਦ ਕਰਨ ਦੇ ਕਾਰਨ ਪੁੱਛੇ ਸਨ। ਵਿਭਾਗ ਨੇ ਸਪੱਸ਼ਟ ਕੀਤਾ ਕਿ ਇਹ ਮਾਮਲਾ ਮੁੱਖ ਤੌਰ 'ਤੇ ਵਿਦੇਸ਼ੀ ਸੀ ਅਤੇ ਇਸ ਨੂੰ ਸਾਬਤ ਕਰਨਾ ਕਾਫ਼ੀ ਮੁਸ਼ਕਲ ਸੀ। ਮਾਹਿਰ ਇਸ ਨੂੰ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦੂਜੇ ਕਾਰਜਕਾਲ ਦੌਰਾਨ ਹਾਈ-ਪ੍ਰੋਫਾਈਲ ਮਾਮਲਿਆਂ ਨੂੰ ਸੁਲਝਾਉਣ ਦੀ ਨੀਤੀ ਵਜੋਂ ਵੀ ਦੇਖ ਰਹੇ ਹਨ।

## ਭਾਰਤ ਦਾ ਪੁਲਾੜ ਖੇਤਰ ਅੰਤਰਰਾਸ਼ਟਰੀ ਸਾਂਝੇਦਾਰੀਆਂ ਲਈ ਪੂਰੀ ਤਰ੍ਹਾਂ ਤਿਆਰ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਬਿਜ਼ਨੈੱਸ ਡੈਸਕ 17 ਅਗਸਤ। ਸਾਬਕਾ ਰਾਜਦੂਤ ਅਤੇ ਲੇਖਕ ਗੁਰਜੀਤ ਸਿੰਘ ਦੀ ਇੱਕ ਰਿਪੋਰਟ ਅਨੁਸਾਰ, ਭਾਰਤ ਅੱਜ ਵਿਗਿਆਨਕ ਪ੍ਰਗਤੀ, ਆਰਥਿਕ ਵਿਕਾਸ ਅਤੇ ਟਿਕਾਊ ਵਿਕਾਸ ਲਈ ਲੰਬੇ ਸਮੇਂ ਦੀਆਂ ਅੰਤਰਰਾਸ਼ਟਰੀ ਸਾਂਝੇਦਾਰੀਆਂ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਦੁਨੀਆ ਦੇ ਹੋਰ ਦੇਸ਼ਾਂ ਦੇ ਮੁਕਾਬਲੇ ਭਾਰਤ ਦਾ ਪੁਲਾੜ ਸਫ਼ਰ ਬਿਲਕੁਲ ਵੱਖਰਾ ਰਿਹਾ ਹੈ। ਆਪਸੀ ਦੁਸ਼ਮਣੀ ਦੀ ਬਜਾਏ, ਭਾਰਤ ਦੇ ਪੁਲਾੜ ਪ੍ਰੋਗਰਾਮ ਦੀ ਨੀਂਹ ਦੇਸ਼ ਦੇ ਵਿਕਾਸ ਲਈ ਰੱਖੀ ਗਈ ਸੀ। ਡਾ. ਵਿਕਰਮ ਸਾਰਾਭਾਈ ਦੇ ਦੂਰਅੰਦੇਸ਼ੀ ਵਿਜ਼ਨ ਸਦਕਾ, ਭਾਰਤ ਨੇ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਸੁਧਾਰਨ ਲਈ ਸੈਟੇਲਾਈਟ ਵਿਕਸਿਤ ਕੀਤੇ। ਇਹਨਾਂ ਦੀ ਵਰਤੋਂ ਸੰਚਾਰ, ਮੌਸਮ ਦੀ ਭਵਿੱਖਬਾਣੀ, ਆਫ਼ਤ ਪ੍ਰਬੰਧਨ, ਸਿਹਤ ਸੰਭਾਲ, ਖੇਤੀਬਾੜੀ ਅਤੇ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਕੀਤੀ ਗਈ। ਇਹ ਵਿਕਾਸ ਮੁਖੀ ਸੋਚ ਅੱਜ ਵੀ ਗਲੋਬਲ ਸਾਊਥ ਦੇ ਦੇਸ਼ਾਂ ਦੀਆਂ ਲੋੜਾਂ ਨਾਲ ਮੇਲ ਖਾਂਦੀ ਹੈ। ਅੱਜ ਭਾਰਤ ਨੇ ਸਿਰਫ਼ ਲੋਕ ਭਲਾਈ ਦੇ ਖੇਤਰ 'ਚ ਹੀ ਨਹੀਂ ਸਗੋਂ ਕਈ ਇਤਿਹਾਸਕ ਅਤੇ ਗੁੰਝਲਦਾਰ ਪੁਲਾੜ ਮਿਸ਼ਨਾਂ ਵਿੱਚ ਵੀ ਸਫਲਤਾ ਹਾਸਲ ਕੀਤੀ ਹੈ। ਇਹਨਾਂ ਵਿੱਚ ਚੰਦਰਯਾਨ ਮਿਸ਼ਨ, ਮੰਗਲ ਆਰਬਿਟਰ ਮਿਸ਼ਨ, ਆਦਿਤਿਆ-ਸੂਰਜੀ ਆਬਜ਼ਰਵੇਟਰੀ ਅਤੇ ਆਉਣ ਵਾਲਾ ਗਗਨਯਾਨ ਮਨੁੱਖੀ ਪੁਲਾੜ ਯਾਤਰਾ ਪ੍ਰੋਗਰਾਮ ਪ੍ਰਮੁੱਖ ਹਨ। ਚੰਦਰਯਾਨ-3 ਦੀ ਚੰਦਰਮਾ ਦੇ ਦੱਖਣੀ ਧਰੁਵ ਦੇ ਨੇੜੇ ਸਫਲ 'ਸਾਫਟ ਲੈਂਡਿੰਗ' ਨੇ ਭਾਰਤ ਨੂੰ ਵਿਸ਼ਵ ਦੀਆਂ ਚੋਣਵੀਆਂ ਪੁਲਾੜ ਸ਼ਕਤੀਆਂ ਵਿੱਚ ਸ਼ਾਮਲ ਕਰ ਦਿੱਤਾ ਹੈ ਅਤੇ ਇਹ ਸਾਬਤ ਕੀਤਾ ਹੈ ਕਿ ਵਿਸ਼ਵ ਪੱਧਰੀ ਖੋਜ ਬਹੁਤ ਹੀ ਘੱਟ ਲਾਗਤ ਵਿੱਚ ਕੀਤੀ ਜਾ ਸਕਦੀ ਹੈ। ਗਲੋਬਲ ਸਪੇਸ ਆਰਥਿਕਤਾ ਦਾ ਮੁੱਲ ਅੱਜ 600 ਬਿਲੀਅਨ



ਅਮਰੀਕੀ ਡਾਲਰ ਤੋਂ ਵੱਧ ਹੈ ਅਤੇ 2035 ਤੱਕ ਇਸ ਦੇ 1.8 ਟ੍ਰਿਲੀਅਨ ਅਮਰੀਕੀ ਡਾਲਰ ਤੱਕ ਪਹੁੰਚਣ ਦੀ ਉਮੀਦ ਹੈ। ਬਹੁਤ ਸਾਰੇ ਦੇਸ਼ ਇਸ ਖੇਤਰ ਵਿੱਚ ਹਿੱਸਾ ਲੈਣਾ ਚਾਹੁੰਦੇ ਹਨ ਪਰ ਉਹਨਾਂ ਕੋਲ ਆਪਣੀ ਤਕਨੀਕ ਨਹੀਂ ਹੈ, ਇਸ ਲਈ ਉਹ ਭਾਰਤ ਵਰਗੇ ਭਰੋਸੇਮੰਦ ਭਾਈਵਾਲਾਂ ਦੀ ਤਲਾਸ਼ ਕਰ ਰਹੇ ਹਨ। ਸਾਲ 2020 ਵਿੱਚ ਪੁਲਾੜ ਖੇਤਰ ਦੇ ਉਦਾਰੀਕਰਨ ਨੇ ਭਾਰਤ ਦੇ ਇਸ ਖੇਤਰ ਵਿੱਚ ਵੱਡੀ ਤਬਦੀਲੀ ਲਿਆਂਦੀ ਅਤੇ ਇਸਨੂੰ ਨਿੱਜੀ ਖੇਤਰ ਦੀ ਭਾਗੀਦਾਰੀ ਲਈ ਖੋਲ੍ਹ ਦਿੱਤਾ। (ਇੰਡੀਅਨ ਨੈਸ਼ਨਲ ਸਪੇਸ ਪ੍ਰੋਮੋਸ਼ਨ ਐਂਡ ਆਥੋਰਾਈਜ਼ੇਸ਼ਨ ਸੈਂਟਰ) ਦੀ ਸਥਾਪਨਾ ਅਤੇ ਨਿਊਸਪੇਸ ਇੰਡੀਆ ਲਿਮਟਿਡ ਦੀ ਭੂਮਿਕਾ ਨੇ ਨਿੱਜੀ ਸਟਾਰਟਅੱਪਸ ਲਈ ਰਾਹ ਸੁਖਾਲਾ ਕੀਤਾ ਹੈ। ਅੱਜ ਸਕਾਈਰੂਟ ਐਰੋਸਪੇਸ ਪਿਕਸਲ ਅਤੇ ਅਗਨੀਕੁਲ ਕੌਸਮੌਸ ਵਰਗੀਆਂ ਭਾਰਤੀ ਨਿੱਜੀ ਕੰਪਨੀਆਂ ਪੁਲਾੜ ਤਕਨਾਲੋਜੀ ਦੇ ਖੇਤਰ ਵਿੱਚ ਵਿਸ਼ਵ ਪੱਧਰ 'ਤੇ ਮੁਕਾਬਲਾ ਕਰ ਰਹੀਆਂ ਹਨ। ਭਾਰਤ ਕੇਵਲ ਇੱਕ ਸਸਤੀ ਲਾਂਚ ਮੰਜ਼ਿਲ ਬਣਨ ਦੀ ਬਜਾਏ ਸੈਟੇਲਾਈਟ ਡਿਜ਼ਾਈਨ, ਗਰਾਊਂਡ ਸਟੇਸ਼ਨ, ਪੁਲਾੜ ਯਾਤਰੀਆਂ ਦੀ ਸਿਖਲਾਈ ਅਤੇ ਖੇਤੀਬਾੜੀ ਜਾਂ ਸਮੁੰਦਰੀ ਸੁਰੱਖਿਆ ਵਰਗੇ ਖੇਤਰਾਂ ਵਿੱਚ ਪੂਰਨ ਸਾਂਝੇਦਾਰੀ ਦੀ ਪੇਸ਼ਕਸ਼ ਕਰ ਰਿਹਾ ਹੈ। ਭਾਰਤ ਨੇ ਸਾਊਥ ਏਸ਼ੀਆ ਸੈਟੇਲਾਈਟ ਰਾਹੀਂ ਗੁਆਂਢੀ ਦੇਸ਼ਾਂ ਨੂੰ ਸੰਚਾਰ ਸੇਵਾਵਾਂ ਪ੍ਰਦਾਨ ਕੀਤੀਆਂ ਹਨ।

# ਗੁਰਦਾਸਪੁਰ ਪੁਲਸ ਦੀ ਵੱਡੀ ਕਾਰਵਾਈ: 100 ਤੋਂ ਵੱਧ ਮੁਲਜ਼ਮ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਗੁਰਦਾਸਪੁਰ 17 ਅਗਸਤ। ਬਾਰਡਰ ਰੇਂਜ ਦੇ ਡੀਆਈਜੀ ਹਰਮਨਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਗੁਰਦਾਸਪੁਰ ਜ਼ਿਲ੍ਹੇ ਵਿੱਚ ਵੀਰਵਾਰ ਸਵੇਰੇ ਚਾਰ ਵਜੇ ਤੋਂ ਸ਼ੁਰੂ ਕੀਤੀ ਗਈ ਤਲਾਸ਼ੀ ਮੁਹਿੰਮ ਤਹਿਤ ਪੁਲਸ ਨੇ ਵੱਡੇ ਪੱਧਰ ’ਤੇ ਛਾਪੇਮਾਰੀ ਕਰਦਿਆਂ 100 ਤੋਂ ਵੱਧ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਮੁਹਿੰਮ ਵਿੱਚ ਕਰੀਬ 20 ਗਜ਼ਟਿਡ ਅਧਿਕਾਰੀਆਂ ਦੀ ਅਗਵਾਈ ਹੇਠ 1,000 ਤੋਂ ਵੱਧ ਪੁਲਸ ਮੁਲਾਜ਼ਮਾਂ ਨੇ ਹਿੱਸਾ ਲਿਆ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਡੀਆਈਜੀ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਇਹ ਮੁਹਿੰਮ ਅੰਮ੍ਰਿਤਸਰ ਦਿਹਾਤੀ ਅਤੇ ਬਟਾਲਾ ਜ਼ਿਲ੍ਹੇ ਵਿੱਚ ਚਲਾਈ ਜਾ ਚੁੱਕੀ ਹੈ। ਗੁਰਦਾਸਪੁਰ ਵਿੱਚ ਚੱਲ ਰਹੀ ਇਸ ਕਾਰਵਾਈ ਦੀ ਅਗਵਾਈ ਐੱਸਐੱਸਪੀ ਆਦਿਤਿਆ ਕਰ ਰਹੇ ਹਨ, ਜਦਕਿ ਲਾਅ ਐਂਡ ਆਰਡਰ ਵਿੰਗ ਵੱਲੋਂ ਵਾਧੂ ਪੁਲਸ ਫੋਰਸ ਅਤੇ ਅਧਿਕਾਰੀ ਵੀ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ



ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿੱਚ ਨਸ਼ਾ ਤਸਕਰ, ਗੰਭੀਰ ਅਪਰਾਧਾਂ ਵਿੱਚ ਲੋੜੀਂਦੇ ਦੋਸ਼ੀ, ਲੰਬੇ ਸਮੇਂ ਤੋਂ ਫ਼ਰਾਰ ਚੱਲ ਰਹੇ ਮੁਲਜ਼ਮ ਅਤੇ ਪੰਜ ਘੋਸ਼ਿਤ ਅਪਰਾਧੀ (ਪੀ.ਓ.) ਵੀ ਸ਼ਾਮਲ ਹਨ। ਇਸ ਦੌਰਾਨ ਕੁਝ ਹਥਿਆਰ ਵੀ ਬਰਾਮਦ ਕੀਤੇ ਗਏ ਹਨ। ਪੁਲਸ ਨੇ ਇਹ ਕਾਰਵਾਈ ਪਹਿਲਾਂ ਤੋਂ ਇਕੱਠੀ ਕੀਤੀ ਗਈ ਮਨੁੱਖੀ ਖ਼ੁਫ਼ੀਆ ਜਾਣਕਾਰੀ ਅਤੇ ਸਰਵੇਲੈਂਸ ਦੇ ਆਧਾਰ ’ਤੇ ਕੀਤੀ। ਡੀਆਈਜੀ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਨਸ਼ਾ ਤਸਕਰੀ ਦੇ ਹੌਟਸਪਾਟ, ਗੈਂਗਸਟਰਾਂ ਦੇ ਪ੍ਰਭਾਵ ਵਾਲੇ ਇਲਾਕਿਆਂ ਅਤੇ ਡਰੋਨ ਰਾਹੀਂ ਤਸਕਰੀ ਪ੍ਰਭਾਵਿਤ ਖੇਤਰਾਂ ਵਿੱਚ ਸਖ਼ਤ ਕਾਰਵਾਈ ਕਰਨਾ ਹੈ। ਇਸ ਦੇ ਨਾਲ ਹੀ ਗੈਂਗਸਟਰਾਂ ਅਤੇ ਸਮੱਗਲਰਾਂ ਦੇ ਸਾਥੀਆਂ, ਉਨ੍ਹਾਂ ਦੇ ਨਜ਼ਦੀਕੀ ਸੰਪਰਕਾਂ ਅਤੇ ਪੁਰਾਣੇ ਮਾਮਲਿਆਂ ਵਿੱਚ ਲੋੜੀਂਦੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਕਾਨੂੰਨ ਦੇ ਘੇਰੇ ਵਿੱਚ ਲਿਆਉਣਾ ਵੀ ਮੁਹਿੰਮ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰ ਵਿੱਚ ਡਰੋਨ ਗਤੀਵਿਧੀਆਂ ਵਿੱਚ ਪਹਿਲਾਂ ਦੇ ਮੁਕਾਬਲੇ ਕਮੀ ਆਈ ਹੈ। ਪੁਲਸ ਦਾ ਐਂਟੀ ਡਰੋਨ ਸਿਸਟਮ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਰਿਹਾ ਹੈ ਅਤੇ ਜਿੱਥੇ ਵੀ ਡਰੋਨ ਸਰਗਰਮੀਆਂ ਦੀ ਸੂਚਨਾ ਮਿਲਦੀ ਹੈ, ਉੱਥੇ ਤੁਰੰਤ ਟੀਮਾਂ ਭੇਜੀਆਂ ਜਾਂਦੀਆਂ ਹਨ। ਇਸ ਕਾਰਨ ਕਈ ਮੌਕਿਆਂ ’ਤੇ ਲਾਵਾਰਿਸ ਡਰੋਨ ਅਤੇ ਉਨ੍ਹਾਂ ਰਾਹੀਂ ਸੁੱਟੀ ਗਈ ਖੇਪ ਵੀ ਬਰਾਮਦ ਕੀਤੀ ਗਈ ਹੈ, ਜਦਕਿ ਕੁਝ ਮਾਮਲਿਆਂ ਵਿੱਚ ਤਸਕਰਾਂ ਦੀ ਗ੍ਰਿਫ਼ਤਾਰੀ ਵੀ ਸੰਭਵ ਹੋਈ ਹੈ।

## ਸਕੂਲ ਦੇ ਡਰਾਈਵਰਾਂ ਨੇ ਵਾਪਸ ਕੀਤਾ ਗੁੰਮ ਹੋਇਆ ਆਈਫੋਨ

ਧਰਮਕੋਟ 17 ਅਗਸਤ। ਏਂਜਲ ਹਾਰਟ ਕਾਨਵੈਂਟ ਸਕੂਲ, ਧਰਮਕੋਟ ਦੇ ਡਰਾਈਵਰਾਂ ਗੁਰਦੇਵ ਸਿੰਘ (ਬੰਟੀ) ਅਤੇ ਕੁਲਵਿੰਦਰ ਸਿੰਘ (ਸ਼ਿੰਦਾ) ਨੇ ਆਪਣੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਦੀ ਇਕ ਸ਼ਾਨਦਾਰ ਮਿਸਾਲ ਪੇਸ਼ ਕੀਤੀ। ਦੋਵੇਂ ਡਰਾਈਵਰਾਂ, ਜੋ ਬੱਡੂਵਾਲ ਦੇ ਰਹਿਣ ਵਾਲੇ ਹਨ, ਨੂੰ ਬਹਾਦਰ ਕੇ ਪਿੰਡ ਨੇੜੇ ਇਕ ਗੁੰਮ ਹੋਇਆ ਆਈਫੋਨ ਮਿਲਿਆ। ਫੋਨ ਅਨਲੌਕ ਸੀ ਅਤੇ ਉਸ ਵਿਚ ਮਾਲਕ ਨਾਲ ਸਬੰਧਤ ਕਈ ਮਹੱਤਵਪੂਰਨ ਜਾਣਕਾਰੀਆਂ ਮੌਜੂਦ ਸਨ। ਉਨ੍ਹਾਂ ਨੇ ਕਿਸੇ ਵੀ ਤਰ੍ਹਾਂ ਦੀ ਗਲਤ ਵਰਤੋਂ ਕਰਨ ਦੀ ਬਜਾਏ ਆਪਣੀ ਇਮਾਨਦਾਰੀ ਦਿਖਾਉਂਦਿਆਂ ਫੋਨ ਨੂੰ ਉਸਦੇ ਅਸਲ ਮਾਲਕ ਤੱਕ ਪਹੁੰਚਾਇਆ। ਇਹ ਆਈਫੋਨ ਕਣੀਆਂ ਦੇ ਰਹਿਣ ਵਾਲੇ ਹਰਜਿੰਦਰ ਸਿੰਘ ਦਾ ਸੀ, ਜਿਨ੍ਹਾਂ ਨੂੰ ਫੋਨ ਸੁਰੱਖਿਅਤ ਤਰੀਕੇ ਨਾਲ ਵਾਪਸ ਕਰ ਦਿੱਤਾ ਗਿਆ। ਆਪਣਾ ਕੀਮਤੀ ਫੋਨ ਵਾਪਸ ਮਿਲਣ ’ਤੇ ਹਰਜਿੰਦਰ ਸਿੰਘ ਨੇ ਦੋਵੇਂ ਡਰਾਈਵਰਾਂ ਦੀ ਇਮਾਨਦਾਰੀ ਦੀ ਕਦਰ ਕਰਦਿਆਂ ਉਨ੍ਹਾਂ ਨੂੰ 2,000 ਦੀ ਇਨਾਮੀ ਰਕਮ ਦੇ ਕੇ ਸਨਮਾਨਿਤ ਕੀਤਾ।

# ਜਲੰਧਰ ਦੇ ਮਸ਼ਹੂਰ ਸਪਾ ਸੈਂਟਰ ’ਚ ਪੈ ਗਈ ਰੇਡ ! ਅੰਦਰਲਾ ਨਜ਼ਾਰਾ ਵੇਖ ਪੁਲਸ ਦੇ ਉੱਡੇ ਹੋਸ਼

**ਕੌਮੀ ਪਤ੍ਰਿਕਾ**

ਜਲੰਧਰ 17 ਅਗਸਤ। ਜਲੰਧਰ ਦੇ ਮਸ਼ਹੂਰ ਸਪਾ ਸੈਂਟਰ ਵਿਚ ਪੁਲਸ ਦੀ ਰੇਡ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਜਲੰਧਰ ਕਮਿਸ਼ਨਰੇਟ ਪੁਲਸ ਨੇ ਸ਼ਹਿਰ ’ਚ ਚੱਲ ਰਹੇ ਕਥਿਤ ਦੇਹ-ਵਪਾਰ ਦੇ ਇਕ ਰੈਕਟ ਦਾ ਪਰਦਾਫਾਸ਼ ਕਰਦੇ ਹੋਏ ਵੱਡੀ ਕਾਰਵਾਈ ਕੀਤੀ ਹੈ। ਥਾਣਾ ਡਿਵੀਜ਼ਨ ਨੰਬਰ-7 ਦੀ ਪੁਲਸ ਨੇ ਰਾਇਲ ਸਪਾ ਮਸਾਜ ਸੈਂਟਰ ’ਤੇ ਛਾਪੇਮਾਰੀ ਕਰਕੇ ਇਕ ਨੌਜਵਾਨ ਅਤੇ ਤਿੰਨ ਲੜਕੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਵੱਲੋਂ ਜਾਰੀ ਪ੍ਰੈੱਸ ਨੋਟ ਮੁਤਾਬਕ ਪੁਲਸ ਨੂੰ ਮੁਖ਼ਬਰ ਤੋਂ ਸੂਚਨਾ ਮਿਲੀ ਸੀ ਕਿ ਛੋਟੀ ਬਾਰਾਦਰੀ ਪਾਰਟ-2 ਦੇ ਸਾਹਮਣੇ ਸਥਿਤ ਰਾਇਲ ਸਪਾ ਮਸਾਜ ਸੈਂਟਰ ਦੀ ਆੜ ’ਚ ਕਥਿਤ ਤੌਰ ’ਤੇ ਦੇਹ-ਵਪਾਰ ਦਾ ਧੰਦਾ ਚਲਾਇਆ ਜਾ ਰਿਹਾ ਹੈ। ਸੂਚਨਾ ਦੇ ਆਧਾਰ ’ਤੇ ਪੁਲਸ ਨੇ ਤੁਰੰਤ ਰੇਡ ਕਰਕੇ ਮੌਕੇ ਤੋਂ ਇਕ ਨੌਜਵਾਨ ਅਤੇ ਤਿੰਨ ਲੜਕੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਛਾਪੇਮਾਰੀ ਦੌਰਾਨ ਪੁਲਸ ਨੇ ਇਤਰਾਜ਼ਯੋਗ ਸਾਮਾਨ ਵੀ ਬਰਾਮਦ ਕੀਤਾ। ਇਸ ਮਾਮਲੇ ’ਚ ਥਾਣਾ ਡਿਵੀਜ਼ਨ ਨੰਬਰ-7 ਦੀਆਂ ਧਾਰਾਵਾਂ 3, 4 ਅਤੇ 5 ਤਹਿਤ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਹ ਕਾਰਵਾਈ ਜਲੰਧਰ ਪੁਲਸ ਰਵਿੰਦਰ ਕੁਮਾਰ ਸ਼ੁੱਕਰਵਾਰ ਨੂੰ ਫੇਜ਼-1 ਲਾਈਟਾਂ ਨੇੜੇ ਆਪਣੀ ਟੀਮ ਨਾਲ ਗਸ਼ਤ ’ਤੇ ਸਨ। ਪੁਲਸ ਜਾਂਚ ਤੋਂ ਪਤਾ ਲੱਗਾ ਹੈ ਕਿ ਸਪਾ




ਕਮਿਸ਼ਨਰ ਸਤਿੰਦਰ ਸਿੰਘ (ਆਈ. ਪੀ. ਐੱਸ) ਦੇ ਨਿਰਦੇਸ਼ਾਂ ਹੇਠ ਕੀਤੀ ਗਈ। ਇਹ ਕਾਰਵਾਈ ਏ. ਡੀ. ਸੀ. ਪੀ. ਸਿਟੀ-2 ਰਾਕੇਸ਼ ਯਾਦਵ (ਪੀ. ਪੀ. ਐੱਸ) ਅਤੇ ਏ. ਸੀ. ਪੀ. ਮਾਡਲ ਟਾਊਨ ਮਨਮੋਹਨ ਸਿੰਘ (ਪੀ. ਪੀ. ਐੱਸ) ਦੀ ਅਗਵਾਈ ਹੇਠ ਥਾਣਾ ਡਿਵੀਜ਼ਨ ਨੰਬਰ 7 ਦੀ ਪੁਲਸ ਟੀਮ ਵੱਲੋਂ ਕੀਤੀ ਗਈ। ਥਾਣਾ ਡਿਵੀਜ਼ਨ ਨੰਬਰ 7 ਦੇ ਇੰਚਾਰਜ ਇੰਸਪੈਕਟਰ ਸੈਂਟਰ ਦੇ ਸੰਚਾਲਕ ਕਥਿਤ ਤੌਰ ’ਤੇ ਗਾਹਕ ਸੇਵਾ ਪ੍ਰਦਾਨ ਕਰਨ ਦੀ ਆੜ ’ਚ ਬਾਹਰੀ ਸੂਬਿਆਂ ਤੋਂ ਨੌਜਵਾਨ ਔਰਤਾਂ ਨੂੰ ਬੁਲਾ ਕੇ ਇਸ ਗੈਰ-ਕਾਨੂੰਨੀ ਕਾਰੋਬਾਰ ਨੂੰ ਚਲਾ ਰਹੇ ਸਨ। ਪੁਲਸ ਇਸ ਰੈਕਟ ਦੇ ਮਾਸਟਰਮਾਈਂਡ ਦੀ ਪਛਾਣ ਕਰਨ ਅਤੇ ਇਸ ਦੇ ਸੰਚਾਲਨ ਨਾਲ ਸਬੰਧਤ ਹੋਰ ਜਾਣਕਾਰੀ ਲਈ ਮੁਲਜ਼ਮਾਂ ਤੋਂ ਵਿਆਪਕ ਪੁੱਛਗਿੱਛ ਕਰ ਰਹੀ ਹੈ।

# ਪੰਜਾਬ ਪੁਲਸ ਵੱਲੋਂ ਯੂਥ ਕਾਂਗਰਸ ਪ੍ਰਧਾਨ ਖ਼ਿਲਾਫ਼ ਪਰਚਾ ਦਰਜ ! ’ਲੁੱਕ ਆਊਟ ਸਰਕੂਲਰ’ ਨੋਟਿਸ ਜਾਰੀ

ਖੰਨਾ/ਮਲੌਦ 17 ਅਗਸਤ। ਹਲਕਾ ਪਾਇਲ ਯੂਥ ਕਾਂਗਰਸ ਦੇ ਬਲਾਕ ਪ੍ਰਧਾਨ ਗੁਰਨਾਜ ਸਿੰਘ ਜੀਰਖ ਖ਼?ਲਾਫ਼ ਥਾਣਾ ਮਲੌਦ ਵਿਖੇ ਧਾਰਾ 115 (2) 126 (2) 361 (2) 3( 5) ਅਧੀਨ ਪਰਚਾ



ਦਰਜ ਕੀਤਾ ਗਿਆ ਹੈ। ਤਫਤੀਸ਼ੀ ਅਫ਼ਸਰ ਚੌਕੀ ਇੰਚਾਰਜ ਸਿਆੜ ਹਰਜਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਰਨਜੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਪਿੰਡ ਜੀਰਖ ਨੇ ਆਪਣੇ ਬਿਆਨ ਦਰਜ ਕਰਵਾਉਂਦਿਆਂ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਸਵੇਰੇ ਸੈਰ ਕਰਨ ਜਾ ਰਿਹਾ ਸੀ, ਉਸੇ ਸਮੇਂ ਗੁਰਨਾਜ ਸਿੰਘ ਅਤੇ ਦੋ ਹੋਰ ਅਣਪਛਾਤੇ ਵਿਆਕਤੀ ਜੋ ਮੋਟਰਸਾਇਕਲ ’ਤੇ ਸਵਾਰ ਸਨ। ਗੁਰਨਾਜ਼ ਸਿੰਘ ਕੋਲ ਲੋਹੇ ਦਾ ਦਾਹ ਅਤੇ ਦੂਜਿਆਂ ਕੋਲ ਲੋਹੇ ਦੀਆਂ ਰਾਡਾਂ ਸਨ, ਜਿੰਨ੍ਹਾਂ ਨੇ ਆਉਂਦਿਆਂ ਹੀਂ ਕਿਰਨਜੀਤ ’ਤੇ ਹਮਲਾ ਕਰ ਦਿੱਤਾ ਅਤੇ ਉਸ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ। ਜ਼ਿਕਰਯੋਗ ਹੈ ਕਿ ਕਿਰਨਜੀਤ ਸਿੰਘ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਬਲਾਕ ਮਲੌਦ ਦਾ ਅਹੁਦੇਦਾਰ ਵੀ ਹੈ। ਉਸੇ ਸਮੇਂ ਕਿਰਨਜੀਤ ਸਿੰਘ ਨੂੰ ਪਹਿਲਾਂ ਸਿਵਲ ਹਸਪਤਾਲ ਮਲੌਦ ਅਤੇ ਫਿਰ ਸਿਵਲ ਹਸਪਤਾਲ ਲੁਧਿਆਣਾ ਰੈਫਰ ਕਰ ਦਿਤਾ। ਭਾਵੇਂ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵਲੋਂ ਜਦੋਂ ਕਾਰਵਾਈ ਕਰਨ ਲਈ ਮਲੌਦ ਥਾਣੇ ਅੱਗੇ ਧਰਨਾ ਲਾਉਣ ਦੀ ਕਾਲ ਦਿੱਤੀ ਗਈ ,ਰ ਉਸ ਤੋਂ ਪਹਿਲਾਂ ਹੀ ਮਲੌਦ ਪੁਲਸ ਵੱਲੋਂ ਯੂਥ ਕਾਂਗਰਸੀ ਆਗੂ ਉੱਪਰ ਪਰਚਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਗਈ। ਥਾਣਾ ਮੁਖੀ ਸਤਨਾਮ ਸਿੰਘ ਦਾ ਕਹਿਣਾ ਹੈ ਕਿ ਦੋਸ਼ੀ ਭਾਵੇਂ ਕੋਈ ਵੀ ਰੁਤਬਾ ਰੱਖਦਾ ਹੋਵੇ,ਕਾਨੂੰਨ ਅਨੁਸਾਰ ਬਿਨਾਂ ਕਿਸੇ ਦੇਰੀ ਤੋਂ ਕਾਰਵਾਈ ਕੀਤੀ ਜਾਵੇਗੀ। ਡਾਕਟਰਾਂ ਵੱਲੋਂ ਐਕਸ-ਰੇ ਦੀ ਰਿਪੋਰਟ ਆਉਣ ’ਤੇ ਧਾਰਾ ਵਿਚ ਵਾਧਾ ਵੀ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਕਥਿਤ ਦੋਸ਼ੀ ਖ਼?ਲਾਫ਼ ’ਲੁੱਕ ਆਊਟ ਸਰਕੂਲਰ’ ਨੋਟਿਸ ਵੀ ਜਾਰੀ ਕਰਵਾਇਆ ਜਾ ਰਿਹਾ ਹੈ ਤਾਂ ਕਿ ਉਹ ਵਿਦੇਸ਼ ਭੱਜਣ ਵਿਚ ਕਾਮਯਾਬ ਨਾ ਹੋ ਸਕੇ।

# ਨਾਜਾਇਜ਼ ਸੰਬੰਧਾਂ ਦੇ ਸ਼ੱਕ ’ਚ ਨੌਜਵਾਨ ਦੀ ਬੇਰਹਿਮੀ ਨਾਲ ਕੁੱਟਮਾਰ, ਫਿਰ ਦੂਜੀ ਮੰਜ਼ਿਲ ਤੋਂ ਹੇਠਾਂ ਸੁੱਟਿਆ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 17 ਅਗਸਤ। ਅੰਮ੍ਰਿਤਸਰ ਦੇ ਹਲਕਾ ਮਜੀਠਾ ਅਧੀਨ ਪੈਂਦੇ ਪਿੰਡ ਤਨੇਲ ਵਿੱਚ ਇੱਕ ਨੌਜਵਾਨ ਨਾਲ ਕਥਿਤ ਤੌਰ ’ਤੇ ਕੀਤੀ ਗਈ ਬੇਰਹਿਮ ਕੁੱਟਮਾਰ ਦਾ ਮਾਮਲਾ ਸਾਹਮਣੇ ਆਇਆ ਹੈ। ਦੋਸ਼ ਹੈ ਕਿ ਇੱਕ ਔਰਤ ਨਾਲ ਕਥਿਤ ਨਾਜਾਇਜ਼ ਸਬੰਧਾਂ ਦੇ ਸ਼ੱਕ ਕਾਰਨ ਔਰਤ ਦੇ ਪਰਿਵਾਰਕ ਮੈਂਬਰਾਂ ਨੇ ਨੌਜਵਾਨ ਨੂੰ ਰਸਤੇ ਵਿੱਚੋਂ ਅਗਵਾ ਕਰਕੇ ਆਪਣੇ ਘਰ ਲਿਜਾਇਆ, ਜਿੱਥੇ ਉਸ ਨਾਲ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ। ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਤਣਾਅ ਦਾ ਮਾਹੌਲ ਬਣਿਆ ਹੋਇਆ ਹੈ। ਪੀੜਤ ਪਰਿਵਾਰ ਦਾ ਦੋਸ਼ ਹੈ ਕਿ ਨੌਜਵਾਨ ਕੰਮ ’ਤੇ ਜਾ ਰਿਹਾ ਸੀ, ਜਦੋਂ ਕੁਝ ਵਿਅਕਤੀਆਂ ਨੇ ਉਸ ਨੂੰ ਮੋਟਰਸਾਈਕਲਾਂ ’ਤੇ ਘੇਰ ਕੇ ਕਾਬੂ ਕਰ ਲਿਆ। ਪਰਿਵਾਰ ਦਾ ਕਹਿਣਾ ਹੈ ਕਿ ਪਹਿਲਾਂ ਉਸ ਦੀ ਸੜਕ ’ਤੇ ਕੁੱਟਮਾਰ ਕੀਤੀ ਗਈ ਅਤੇ ਬਾਅਦ ਵਿੱਚ ਬੋਰੇ ਵਿੱਚ ਪਾ ਕੇ ਇੱਕ ਘਰ ਵਿੱਚ ਲਿਜਾਇਆ ਗਿਆ, ਜਿੱਥੇ ਲਗਾਤਾਰ ਉਸ ਦੀ ਕੁੱਟਮਾਰ ਕੀਤੀ ਗਈ। ਪਰਿਵਾਰ ਦਾ ਇਹ ਵੀ ਦੋਸ਼ ਹੈ ਕਿ ਨੌਜਵਾਨ ਨੂੰ ਦੂਜੀ ਮੰਜ਼ਿਲ



ਤੋਂ ਹੇਠਾਂ ਸੁੱਟ ਦਿੱਤਾ ਗਿਆ, ਜਿਸ ਕਾਰਨ ਉਸ ਦੇ ਸਿਰ ਅਤੇ ਸਰੀਰ ’ਤੇ ਗੰਭੀਰ ਸੱਟਾਂ ਲੱਗੀਆਂ ਅਤੇ ਉਹ ਗੰਭੀਰ ਹਾਲਤ ਵਿੱਚ ਹਸਪਤਾਲ ਵਿੱਚ ਇਲਾਜ ਅਧੀਨ ਹੈ। ਪੀੜਤ ਦੀ ਮਾਤਾ ਅਤੇ ਹੋਰ ਪਰਿਵਾਰਕ ਮੈਂਬਰਾਂ ਨੇ ਦੋਸ਼ ਲਗਾਇਆ ਕਿ ਜਦੋਂ ਉਹ ਆਪਣੇ ਪੁੱਤਰ ਨੂੰ ਬਚਾਉਣ ਲਈ ਪਹੁੰਚੇ ਤਾਂ ਉਨ੍ਹਾਂ ਨੂੰ ਵੀ ਧੱਕੇ ਮਾਰ ਕੇ ਬਾਹਰ ਕੱਢ ਦਿੱਤਾ ਗਿਆ। ਉਨ੍ਹਾਂ ਦਾ ਕਹਿਣਾ ਹੈ ਕਿ ਪੁਲਸ ਵੱਲੋਂ ਦਰਜ ਕੀਤੇ ਬਿਆਨਾਂ ਵਿੱਚ ਵੀ ਉਨ੍ਹਾਂ ਦੀ ਗੱਲ ਨੂੰ ਪੂਰੀ ਤਰ੍ਹਾਂ ਸ਼ਾਮਲ ਨਹੀਂ ਕੀਤਾ ਗਿਆ। ਪਰਿਵਾਰ ਨੇ ਇਨਸਾਫ਼ ਦੀ ਮੰਗ ਕਰਦਿਆਂ ਚੇਤਾਵਨੀ ਦਿੱਤੀ ਕਿ ਜੇਕਰ ਦੋਸ਼ੀਆਂ ਖ਼?ਲਾਫ਼ ਸਖ਼ਤ ਕਾਰਵਾਈ ਨਾ ਹੋਈ ਤਾਂ ਉਹ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜਬੂਰ ਹੋਣਗੇ। ਇਸ ਮੌਕੇ ਪਿੰਡ ਦੇ ਮੌਜੂਦਾ ਸਰਪੰਚ ਮਨਦੀਪ ਸਿੰਘ ਨੇ ਵੀ ਪੀੜਤ ਪਰਿਵਾਰ ਦੇ ਹੱਕ ਵਿੱਚ ਖੜ੍ਹਦੇ ਹੋਏ ਕਿਹਾ ਕਿ ਕਾਨੂੰਨ ਕਿਸੇ ਨੂੰ ਵੀ ਆਪਣੇ ਹੱਥ ਵਿੱਚ ਲੈਣ ਦਾ ਅਧਿਕਾਰ ਨਹੀਂ ਦਿੰਦਾ। ਉਨ੍ਹਾਂ ਕਿਹਾ ਕਿ ਜੇ ਕਿਸੇ ਕਿਸਮ ਦਾ ਵਿਵਾਦ ਸੀ ਤਾਂ ਉਸ ਦਾ ਹੱਲ ਕਾਨੂੰਨੀ ਤਰੀਕੇ ਨਾਲ ਜਾਂ ਆਪਸੀ ਗੱਲਬਾਤ ਰਾਹੀਂ ਕੀਤਾ ਜਾ ਸਕਦਾ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਨੌਜਵਾਨ ਨਾਲ ਅਣਮਨੁੱਖੀ ਵਿਵਹਾਰ ਕੀਤਾ ਗਿਆ ਅਤੇ ਕੁਝ ਲੋਕਾਂ ਦੀ ਸਿਆਸੀ ਸਰਪ੍ਰਸਤੀ ਕਾਰਨ ਪਿੰਡ ਵਿੱਚ ਗੁੰਡਾਗਰਦੀ ਦਾ ਮਾਹੌਲ ਬਣਿਆ ਹੋਇਆ ਹੈ। ਸਰਪੰਚ ਨੇ ਦੋਸ਼ੀਆਂ ਖ਼?ਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ। ਦੂਜੇ ਪਾਸੇ, ਪੁਲਸ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦੇ ਹੋਏ ਅਗਵਾ, ਕਤਲ ਦੀ ਕੋਸ਼ਿਸ਼, ਗੰਭੀਰ ਸੱਟਾਂ ਪਹੁੰਚਾਉਣ ਅਤੇ ਹੋਰ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਹੁਣ ਤੱਕ ਕੁੱਲ ਸੱਤ ਵਿਅਕਤੀਆਂ ਨੂੰ ਇਸ ਮਾਮਲੇ ਵਿੱਚ ਦੋਸ਼ੀ ਬਣਾਇਆ ਗਿਆ ਹੈ, ਜਿਨ੍ਹਾਂ ਵਿੱਚੋਂ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਬਾਕੀਆਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ। ਪੁਲਸ ਨੇ ਇਹ ਵੀ ਸਪੱਸ਼ਟ ਕੀਤਾ ਕਿ ਜਾਂਚ ਪੂਰੀ ਤਰ੍ਹਾਂ ਨਿਰਪੱਖ ਢੰਗ ਨਾਲ ਕੀਤੀ ਜਾ ਰਹੀ ਹੈ ਅਤੇ ਸੀਸੀਟੀਵੀ ਫੁਟੇਜ, ਵੀਡੀਓ ਅਤੇ ਹੋਰ ਸਬੂਤਾਂ ਨੂੰ ਜਾਂਚ ਦਾ ਹਿੱਸਾ ਬਣਾਇਆ ਗਿਆ ਹੈ। ਅਧਿਕਾਰੀਆਂ ਮੁਤਾਬਕ ਕੇਸ ਵਿੱਚ ਕਿਸੇ ਵੀ ਕਿਸਮ ਦਾ ਸਿਆਸੀ ਦਬਾਅ ਨਹੀਂ ਹੈ ਅਤੇ ਕਾਰਵਾਈ ਸਿਰਫ਼ ਤੱਥਾਂ ਅਤੇ ਸਬੂਤਾਂ ਦੇ ਆਧਾਰ ’ਤੇ ਕੀਤੀ ਜਾ ਰਹੀ ਹੈ। ਫਿਲਹਾਲ ਇਹ ਮਾਮਲਾ ਜਾਂਚ ਅਧੀਨ ਹੈ। ਪੀੜਤ ਪਰਿਵਾਰ, ਸਰਪੰਚ ਅਤੇ ਹੋਰ ਸਥਾਨਕ ਲੋਕਾਂ ਵੱਲੋਂ ਵੱਖ-ਵੱਖ ਦੋਸ਼ ਲਗਾਏ ਗਏ ਹਨ, ਜਦਕਿ ਪੁਲਸ ਦਾ ਕਹਿਣਾ ਹੈ ਕਿ ਜਾਂਚ ਮੁਕੰਮਲ ਹੋਣ ਤੋਂ ਬਾਅਦ ਹੀ ਸਾਰੇ ਤੱਥ ਸਪੱਸ਼ਟ ਹੋਣਗੇ। ਇਸ ਘਟਨਾ ਨੇ ਪਿੰਡ ਵਿੱਚ ਕਾਨੂੰਨ-ਵਿਵਸਥਾ ਅਤੇ ਸਮਾਜਿਕ ਤਣਾਅ ਨੂੰ ਲੈ ਕੇ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ।

## ਪੰਜਾਬ ਪੁਲਸ ਭਰਤੀ ’ਚ ਫਰਜ਼ੀਵਾੜਾ ! ਹਿਮਾਚਲ ਤਕ ਜੁੜੇ ਤਾਰ

ਚੰਡੀਗੜ੍ਹ 17 ਅਗਸਤ। ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਾਂ ’ਤੇ ਫਰਜ਼ੀ ਸਰਟੀਫ਼?ਕੇਟ ਤਿਆਰ ਕਰਕੇ ਨੌਕਰੀ ਹਾਸਲ ਕਰਨ ਦਾ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਦੇ ਫਰਜ਼ੀ ਸਰਟੀਫ਼?ਕੇਟ ਦੇ ਜ਼ਰੀਏ ਪੰਜਾਬ ਪੁਲਸ ਤੇ ਹਿਮਾਚਲ ਪ੍ਰਦੇਸ਼ ਦੇ ਪਸ਼ੂਪਾਲਨ ਵਿਭਾਗ ਵਿਚ ਨੌਕਰੀ ਹਾਸਲ ਕੀਤੀ ਗਈ। ਪੂਰਾ ਮਾਮਲਾ ਵੈਰੀਫ਼?ਕੇਸ਼ਨ ਦੌਰਾਨ ਸਾਹਮਣੇ ਆਇਆ, ਜਦੋਂ ਦੋਵੇਂ ਪ੍ਰਮਾਣ ਪੱਤਰ ਫਰਜ਼ੀ ਪਾਏ ਗਏ। ਇਸ ਮਗਰੋਂ ਬੋਰਡ ਨੇ ਸਬੰਧਤ ਵਿਭਾਗਾਂ ਨੂੰ ਪੱਤਰ ਭੇਜ ਕੇ ਅੱਗੇ ਦੀ ਕਾਰਵਾਈ ਲਈ ਕਿਹਾ ਹੈ। ਮਿਲੀ ਜਾਣਕਾਰੀ ਮੁਤਾਬਕ, ਬੋਰਡ ਨੇ ਦੋਹਾਂ ਉਮੀਦਵਾਰਾਂ ਨੂੰ ਆਪਣੇ ਰਿਕਾਰਡ ਵਿਚ ਬਲੈਕਲਿਸਟ ਕਰ ਦਿੱਤਾ ਹੈ ਤੇ ਅੱਗੇ ਦੀ ਕਾਰਵਾਈ ਲਈ ਸਬੰਧਤ ਵਿਭਾਗਾਂ ਨੂੰ ਪੱਤਰ ਭੇਜਿਆ ਹੈ। ਇਸ ਸਬੰਧੀ ਵਿਚ ਹਿਮਾਚਲ ਦੇ ਨਾਹਨ ਸਥਿਤ ਡਿਪਟੀ ਡਾਇਰੈਕਟਰ, ਐਨੀਮਲ ਹਸਬੈਂਡਰੀ ਨੇ 2009 ਦਾ 12ਵੀਂ ਦਾ ਸਰਟੀਫ਼?ਕੇਟ ਵੈਰੀਫ਼?ਕੇਸ਼ਨ ਲਈ ਭੇਜਿਆ ਸੀ, ਜੋ ਕਰੁਣ ਕੁਮਾਰ ਦੇ ਨਾਂ ’ਤੇ ਸੀ। ਇਸ ਸਰਟੀਫ਼?ਕੇਟ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰੋਪੜ ਦਾ ਜ਼ਿਕਰ ਸੀ। ਜਦੋਂ ਇਸ ਮਾਮਲੇ ਦੀ ਜਾਂਚ ਕੀਤੀ ਗਈ ਤਾਂ ਸਾਹਮਣੇ ਆਇਆ ਕਿ ਸਰਟੀਫ਼?ਕੇਟ ’ਤੇ ਦਰਜ ਰੋਲ ਨੰਬਰ ਪਟਿਆਲਾ ਜ਼ਿਲ੍ਹੇ ਦੇ ਜਗਜੀਤ ਸਿੰਘ ਨੂੰ ਜਾਰੀ ਹੋਇਆ ਸੀ, ਜੋ ਪ੍ਰੀਖਿਆ ਵਿਚ ਪਾਸ ਵੀ ਹੋਇਆ ਸੀ। ਉੱਥੇ ਹੀ ਮੁਲਜ਼ਮ ਕਰੁਣ ਕੁਮਾਰ ਦੇ ਨਾਂ ’ਤੇ ਅਜਿਹਾ ਕੋਈ ਰੋਲ ਨੰਬਰ ਜਾਰੀ ਨਹੀਂ ਕੀਤਾ ਗਿਆ ਸੀ। ਜਾਂਚ ਮਗਰੋਂ ਪ੍ਰਮਾਣ ਪੱਤਰ ਫ਼ਰਜ਼ੀ ਪਾਇਆ ਗਿਆ। ਉੱਥੇ ਹੀ ਦੂਜੇ ਮਾਮਲੇ ਵਿਚ ਪੰਜਾਬ ਪੁਲਸ ਵੱਲੋਂ ਸਾਲ 2011 ਵਿਚ 12ਵੀਂ ਜਮਾਤ ਦਾ ਰਾਜਬੀਰ ਸਿੰਘ ਨਾਂ ’ਤੇ ਜਾਰੀ ਇਕ ਸਰਟੀਫ਼?ਕੇਟ ਜਾਂਚ ਲਈ ਭੇਜਿਆ ਗਿਆ ਸੀ। ਇਸ ਵਿਚ ਵੀ ਦਰਜ ਰੋਲ ਨੰਬਰ ਬੋਰਡ ਦੇ ਰਿਕਾਰਡ ਵਿਚ ਜਾਰੀ ਨਹੀਂ ਕੀਤਾ ਗਿਆ ਸੀ। ਇਸ ਤੋਂ ਇਲਾਵਾ ਹੋਰ ਵੇਰਵੇ ਵੀ ਰਿਕਾਰਡ ਵਿਚ ਅਸਲੀ ਨਹੀਂ ਪਾਏ ਗਏ ਸਨ। ਦੱਸਿਆ ਜਾ ਰਿਹਾ ਹੈ ਕਿ ਬੋਰਡ ਨੇ ਇਨ੍ਹਾਂ ਨੂੰ ਫਰਜ਼ੀ ਐਲਾਨ ਕੇ ਸਰਟੀਫ਼?ਕੇਟ ਜ਼ਬਤ ਕਰ ਲਏ ਹਨ। ਬੋਰਡ ਦਾ ਕਹਿਣਾ ਹੈ ਕਿ ਇਹ ਅਜਿਹਾ ਪਹਿਲਾ ਮਾਮਲਾ ਨਹੀਂ ਹੈ। ਹਰ ਮਹੀਨੇ ਵਿਚ ਤਕਰੀਬਨ 2 ਹਜ਼ਾਰ ਤੋਂ ਵੱਧ ਸਰਟੀਫ਼?ਕੇਟ ਵੈਰੀਫ਼?ਕੇਸ਼ਨ ਲਈ ਆਉਂਦੇ ਹਨ, ਜਿਨ੍ਹਾਂ ਵਿਚ ਜ਼ਿਆਦਾਤਰ ਫਰਜ਼ੀ ਪਾਏ ਜਾਂਦੇ ਹਨ। ਅਜਿਹੇ ਵਿਚ ਸਬੰਧਤ ਉਮੀਦਵਾਰਾਂ ਨੂੰ ਰਿਕਾਰਡ ਵਿਚ ਬਲੈਕਲਿਸਟ ਕਰ ਦਿੱਤਾ ਜਾਂਦਾ ਹੈ।

## ਹੱਡੀਆਂ ਦੇ ਮਸ਼ਹੂਰ ਡਾਕਟਰ ਨਾਲ 4.50 ਕਰੋੜ ਦੀ ਵੱਡੀ ਠੱਗੀ, ਮੁਲਾਜ਼ਮ ਕੈਸ਼ ਤੇ 60 ਤੋਲੇ ਸੋਨਾ ਲੈ ਕੇ ਗਾਇਬ

ਪਠਾਨਕੋਟ 17 ਅਗਸਤ। ਪਠਾਨਕੋਟ ਵਿੱਚ ਇੱਕ ਮਸ਼ਹੂਰ ਹੱਡੀਆਂ ਦੇ ਡਾਕਟਰ ਨਾਲ ਕਰੋੜਾਂ ਰੁਪਏ ਦੀ ਵੱਡੀ ਠੱਗੀ ਦਾ ਮਾਮਲਾ ਸਾਮਣੇ ਆਇਆ ਹੈ। ਡਾਕਟਰ ਦੇ ਘਰ ਵਿੱਚ ਕੰਮ ਕਰਨ ਵਾਲੇ ਮੁਲਾਜ਼ਮਾਂ ’ਤੇ ਆਰੋਪ ਹੈ ਕਿ ਉਨ੍ਹਾਂ ਨੇ ਭਰੋਸੇ ਦਾ ਫਾਇਦਾ ਚੁੱਕਦਿਆਂ ਡਾਕਟਰ ਦੀ ਪਤਨੀ ਨੂੰ ਆਪਣੇ ਝਾਂਸੇ ਵਿੱਚ ਲੈ ਕੇ ਬੈਂਕ ਖਾਤੇ ਵਿਚੋਂ ਕਰੋੜਾਂ ਰੁਪਏ ਕਢਵਾ ਲਏ। ਇੰਨਾ ਹੀ ਨਹੀਂ, ਘਰ ਵਿੱਚ ਰੱਖੀ ਨਕਦੀ ਅਤੇ ਕਰੀਬ 60



ਤੋਲੇ ਸੋਨੇ ਦੇ ਗਹਿਣੇ ਵੀ ਗਾਇਬ ਕਰ ਦਿੱਤੇ। ਇਸ ਪੂਰੀ ਘਟਨਾ ਵਿੱਚ ਲਗਭਗ 4 ਕਰੋੜ 50 ਲੱਖ ਰੁਪਏ ਦੇ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ। ਫਿਲਹਾਲ ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਮੁਤਾਬਕ ਪਠਾਨਕੋਟ ਦੇ ਪ੍ਰਸਿੱਧ ਹੱਡੀਆਂ ਦੇ ਡਾਕਟਰ ਦੇ ਘਰ ਵਿੱਚ ਕਾਫੀ ਸਮੇਂ ਤੋਂ ਮੁਲਾਜ਼ਮ ਕੰਮ ਕਰ ਰਹੇ ਸਨ। ਘਰ ਦੇ ਮੈਂਬਰਾਂ ਦਾ ਉਨ੍ਹਾਂ ’ਤੇ ਪੂਰਾ ਭਰੋਸਾ ਸੀ। ਆਰੋਪ ਹੈ ਕਿ ਮੁਲਾਜ਼ਮਾਂ ਨੇ ਇਸ ਭਰੋਸੇ ਦਾ ਗਲਤ ਫਾਇਦਾ ਚੁੱਕਿਆ ਅਤੇ ਡਾਕਟਰ ਦੀ ਪਤਨੀ ਨੂੰ ਗੁੰਮਰਾਹ ਕਰਕੇ ਬੈਂਕ ਖਾਤੇ ਵਿਚੋਂ ਅਤੇ ਏ.ਟੀ.ਐਮ ਰਾਹੀਂ ਵੱਡੀ ਰਕਮ ਕਢਵਾ ਲਈ। ਇਸ ਦੇ ਨਾਲ ਹੀ ਘਰ ਵਿੱਚ ਰੱਖੀ ਨਕਦੀ ਅਤੇ ਕਰੀਬ 60 ਤੋਲੇ ਸੋਨੇ ਦੇ ਗਹਿਣੇ ਵੀ ਲੈ ਕੇ ਫਰਾਰ ਹੋ ਗਏ। ਜਦੋਂ ਪਰਿਵਾਰ ਨੂੰ ਇਸ ਧੋਖਾਧੜੀ ਦਾ ਪਤਾ ਲੱਗਿਆ ਤਾਂ ਉਨ੍ਹਾਂ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਪੀੜਤ ਪਰਿਵਾਰ ਨੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ। ਸ਼ੁਰੂਆਤੀ ਜਾਂਚ ਵਿੱਚ ਸਾਮਣੇ ਆਇਆ ਹੈ ਕਿ ਕੁੱਲ ਨੁਕਸਾਨ ਕਰੀਬ 4 ਕਰੋੜ 50 ਲੱਖ ਰੁਪਏ ਦਾ ਹੋਇਆ ਹੈ। ਪੁਲਸ ਵੱਲੋਂ ਬੈਂਕ ਦੇ ਲੈਣ-ਦੇਣ, ਸੀਸੀਟੀਵੀ ਫੁਟੇਜ ਅਤੇ ਹੋਰ ਤਕਨੀਕੀ ਸਬੂਤ ਇਕੱਠੇ ਕਰਕੇ ਜਾਂਚ ਕੀਤੀ ਜਾ ਰਹੀ ਹੈ।

## ਜਲੰਧਰ ਦੇ ਬਬਰੀਕ ਚੌਂਕ ਕੋਲੋਂ ਵਿਅਕਤੀ ਦੀ ਲਾਸ਼ ਮਿਲਣ ਨਾਲ ਫ਼ੈਲੀ ਸਨਸਨੀ

ਜਲੰਧਰ 17 ਅਗਸਤ। ਜਲੰਧਰ ਕਮਿਸ਼ਨਰੇਟ ਪੁਲਸ ਅਧੀਨ ਆਉਂਦੇ ਡਿਵੀਜ਼ਨ ਨੰਬਰ-5 ਖੇਤਰ ਦੇ ਬਬਰੀਕ ਚੌਂਕ ਕੋਲ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਨਾਲ ਸਨਸਨੀ ਫੈਲ ਗਈ। ਸੂਚਨਾ ਮਿਲਦੇ ਹੀ ਪੁਲਸ ਦੀ ਟੀਮ ਮੌਕੇ ਉਤੇ ਪਹੁੰਚੀ ਅਤੇ ਅਗਲੇਰੀ ਜਾਂਚ ਸ਼ੁਰੂ ਕੀਤੀ। ਹਾਲਾਂਕਿ ਘਟਨਾ ਸਥਾਨ ਤੋਂ ਕੋਈ ਵੀ ਸ਼ੱਕੀ ਚੀਜ਼ ਬਰਾਮਦ ਨਹੀਂ ਹੋਈ ਹੈ। ਮਾਮਲੇ ਦੀ ਜਾਣਕਾਰੀ ਦਿੰਦੇ ਹੋਏ ਏ. ਸੀ. ਪੀ. ਆਤਿਸ਼ ਭਾਟੀਆ ਨੇ ਦੱਸਿਆ ਕਿ ਪੁਲਸ ਨੂੰ ਬਬਰੀਕ ਚੌਂਕ ਦੇ ਕੋਲ ਵਿਅਕਤੀ ਦੀ ਲਾਸ਼ ਹੋਣ ਦੀ ਸੂਚਨਾ ਮਿਲੀ ਸੀ, ਜਿਸ ’ਤੇ ਤੁਰੰਤ ਕਾਰਵਾਈ ਕਰਦੇ ਹੋਏ ਟੀਮ ਮੌਕੇ ਉਤੇ ਪਹੁੰਚੀ। ਸ਼ੁਰੂਆਤੀ ਜਾਂਚ ਅਤੇ ਨੇੜੇ ਦੇ ਲੋਕਾਂ ਕੋਲੋਂ ਪੁੱਛਗਿੱਛ ਵਿਚ ਸਾਹਮਣੇ ਆਇਆ ਹੈ ਕਿ ਮ੍ਰਿਤਕ ਵਿਅਕਤੀ ਪਿਛਲੇ ਕਾਫ਼ੀ ਸਮੇਂ ਤੋਂ ਇਕ ਪਾਰਕ ਵਿਚ ਹੀ ਰਹਿ ਰਿਹਾ ਸੀ।

# ਪੰਜਾਬ ਲਈ ਨਵੇਂ ਖ਼ਤਰੇ ਦੀ ਘੰਟੀ ! ਭਾਖੜਾ ਸਣੇ 3 ਵੱਡੇ ਡੈਮਾਂ ਦੀ ਤਾਜ਼ਾ ਰਿਪੋਰਟ ਨੇ ਪਾਈ ਟੈਨਸ਼ਨ

**ਕੌਮੀ ਪਤ੍ਰਿਕਾ**

ਚੰਡੀਗੜ੍ਹ 17 ਅਗਸਤ। ਪੰਜਾਬ ਵਾਸੀਆਂ ਲਈ ਨਵੇਂ ਖ਼ਤਰੇ ਦੀ ਘੰਟੀ ਵੱਜ ਗਈ ਹੈ। ਦਰਅਸਲ ਪੰਜਾਬ ਦੇ 3 ਮੁੱਖ ਡੈਮਾਂ ਭਾਖੜਾ ਡੈਮ, ਰਣਜੀਤ ਸਾਗਰ ਡੈਮ ਅਤੇ ਪੌਂਗ ਡੈਮ ’ਚ ਪਾਣੀ ਦਾ ਪੱਧਰ ਇਸ ਵਾਰ ਘੱਟ ਗਿਆ ਹੈ ਕਿਉਂਕਿ ਪਿਛਲੇ 20 ਸਾਲਾਂ ਦੀ ਔਸਤ ਨਾਲੋਂ ਇਸ ਵਾਰ ਘੱਟ ਮੀਂਹ ਪਏ ਹਨ। ਜੇਕਰ ਹਾਲਾਤ ਇੰਝ ਹੀ ਰਹੇ ਤਾਂ ਅਗਲੇ ਸਾਲ ਪਾਣੀ ਦੀ ਕਮੀ ਦਾ ਵੱਡਾ ਸੰਕਟ ਪੈਦਾ ਹੋ ਸਕਦਾ ਹੈ। ਪਿਛਲੇ ਸਾਲ ਪੰਜਾਬ ਨੂੰ ਹੜ੍ਹਾਂ ਦਾ ਸਾਹਮਣਾ ਕਰਨਾ ਪਿਆ ਸੀ ਪਰ ਹੜ੍ਹਾਂ ਦੇ ਬਾਵਜੂਦ ਇਸ ਵਾਰ ਡੈਮਾਂ ’ਚ ਪਾਣੀ ਦੀ ਵੱਡੀ ਕਮੀ ਹੈ। ਭਾਖੜਾ ਡੈਮ ’ਚ ਅਜੇ ਤੱਕ ਪਾਣੀ ਦਾ ਪੱਧਰ 1597.2 ਫ਼ੁੱਟ ਹੈ, ਜੋ ਕਿ ਪਿਛਲੇ ਸਾਲ ਇਸ ਸਮੇਂ 1617.5 ਫ਼ੁੱਟ ਸੀ। ਇਸ ਡੈਮ ਦੀ 20 ਸਾਲ ਦੀ ਔਸਤ 1613.12 ਫ਼ੁੱਟ ਰਹੀ



ਹੈ। ਇਸੇ ਤਰ੍ਹਾਂ ਪੌਂਗ ਡੈਮ ’ਚ ਪਾਣੀ ਦਾ ਪੱਧਰ 1333.87 ਫ਼ੁੱਟ ਹੈ, ਜਦੋਂ ਕਿ ਪਿਛਲੇ ਸਾਲ 1344.95 ਫ਼ੁੱਟ ਸੀ। ਰਣਜੀਤ ਸਾਗਰ ਡੈਮ ਦੀ 20 ਸਾਲ ਦੀ ਔਸਤ 1674.77 ਫ਼ੁੱਟ ਦੇ ਮੁਕਾਬਲੇ ਇਸ ਡੈਮ ’ਚ ਪਾਣੀ ਦਾ ਪੱਧਰ 1669.03 ਫ਼ੁੱਟ ਹੈ। ਅਜਿਹੇ ਹਾਲਾਤ ’ਚ ਹੁਣ ਹਿਮਾਚਲ ਪ੍ਰਦੇਸ਼ ਦੇ ਪਹਾੜੀ ਇਲਾਕਿਆਂ ’ਚ ਅਗਸਤ ਦੌਰਾਨ ਪੈਣ ਵਾਲੇ ਮੀਂਹ ’ਤੇ ਨਜ਼ਰ ਰਹੇਗੀ। ਇਸ ਵਾਰ ਸਰਦੀਆਂ ਦੇ ਮੌਸਮ ’ਚ ਪਹਾੜਾਂ ਦੇ ਬਰਫਬਾਰੀ ਵੀ ਘਟੀ ਸੀ। ਮੌਸਮ ਵਿਭਾਗ ਨੇ 20-22 ਜੁਲਾਈ ਅਤੇ ਮਗਰੋਂ 28-29 ਜੁਲਾਈ ਨੂੰ ਭਾਰੀ ਮੀਂਹ ਦੀ ਭਵਿੱਖਬਾਣੀ ਕੀਤੀ ਸੀ ਪਰ ਮੀਂਹ ਬਹੁਤ ਹੀ ਘੱਟ ਪਿਆ ਅਤੇ ਕੁੱਝ ਜ਼ਿਲ੍ਹਿਆਂ ਤੱਕ ਸੀਮਤ ਰਿਹਾ। ਮੀਂਹ ਘੱਟਣ ਕਰਕੇ ਜ਼ਮੀਨੀ ਪਾਣੀ ’ਤੇ ਨਿਰਭਰਤਾ ਵੱਧ ਰਹੀ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਬਾਰਸ਼ ਨਾ ਹੋਣ ਕਰਕੇ ਕਿਸਾਨਾਂ ਦੇ ਲਾਗਤ ਖ਼ਰਚੇ ਵਧੇ ਹਨ ਅਤੇ ਫ਼ਸਲ ’ਚ ਖ਼ਾਦ ਦੀ ਵਰਤੋਂ ਵੱਧਣ ਲੱਗੀ ਹੈ। ਜੇਕਰ ਇਹੋ ਜਿਹੇ ਹੀ ਹਾਲਾਤ ਰਹੇ ਤਾਂ ਆਉਣ ਵਾਲੇ ਸਮੇਂ ’ਚ ਪੰਜਾਬੀਆਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

## ਆਵਾਰਾ ਕੁੱਤਿਆਂ ਦੇ ਝੁੰਡ ਨੇ ਬਜ਼ੁਰਗ ਨੂੰ ਨੋਚਿਆ ! ਤੜਫ਼-ਤੜਫ਼ ਕੇ ਨਿਕਲੀ ਜਾਨ

ਖਮਾਣੋਂ 17 ਅਗਸਤ। ਖਮਾਣੋਂ ਨੇੜਲੇ ਪਿੰਡ ਰਾਮਗੜ੍ਹ ’ਚ ਆਵਾਰਾ ਕੁੱਤਿਆਂ ਵੱਲੋਂ ਕੀਤੇ ਗਏ ਹਮਲੇ ’ਚ ਬਾਰਾ ਸਿੰਘ (70) ਪੁੱਤਰ ਈਸ਼ਰ ਸਿੰਘ ਦੀ ਮੌਤ ਹੋ ਗਈ। ਘਟਨਾ ਤੋਂ ਬਾਅਦ ਪਿੰਡ ਵਾਸੀਆਂ ’ਚ ਡਰ ਦਾ ਮਾਹੌਲ ਹੈ ਅਤੇ ਲੋਕਾਂ ਨੇ ਪ੍ਰਸ਼ਾਸਨ ਤੋਂ ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਪੱਕਾ ਹੱਲ ਕਰਨ ਦੀ ਮੰਗ ਕੀਤੀ ਹੈ। ਪਿੰਡ ਦੇ ਸਰਪੰਚ ਨਵਜੀਤ ਸਿੰਘ ਅਨੁਸਾਰ ਬਾਰਾ ਸਿੰਘ ਬੀਤੀ ਰਾਤ ਕਰੀਬ 9 ਵਜੇ ਪਿੰਡ ਦੀ ਦੁਕਾਨ ਤੋਂ ਸਾਮਾਨ ਲੈਣ ਗਿਆ ਸੀ। ਇਸ ਦੌਰਾਨ ਸੁੰਨਸਾਨ ਗਲੀ ’ਚ 5-7 ਕੁੱਤਿਆਂ ਨੇ ਉਸ ’ਤੇ ਹਮਲਾ ਕਰ ਦਿੱਤਾ। ਹਮਲੇ ਕਾਰਨ ਉਹ ਜ਼ਮੀਨ ’ਤੇ ਡਿੱਗ ਪਿਆ ਅਤੇ ਕੁੱਤਿਆਂ ਨੇ ਉਸ ਨੂੰ ਬੁਰੀ ਤਰ੍ਹਾਂ ਨੋਚ ਦਿੱਤਾ। ਉਸ ਦੀ ਉਮਰ ਜ਼ਿਆਦਾ ਹੋਣ ਕਾਰਨ ਮਦਦ ਲਈ ਉਸ ਦੀ ਆਵਾਜ਼ ਵੀ ਕਿਸੇ ਨੂੰ ਸੁਣਾਈ ਨਾ ਦਿੱਤੀ। ਕਰੀਬ ਇਕ ਘੰਟੇ ਬਾਅਦ ਉਸ ਦਾ ਭਤੀਜਾ ਸੁਖਵਿੰਦਰ ਸਿੰਘ ਕਾਕਾ ਉੱਥੋਂ ਲੰਘਿਆ ਤਾਂ ਉਸ ਨੇ ਘਟਨਾ ਵੇਖ ਕੇ ਰੌਲਾ ਪਾਇਆ। ਲੋਕਾਂ ਦੇ ਪਹੁੰਚਣ ਤੱਕ ਬਾਰਾ ਸਿੰਘ ਦੀ ਮੌਤ ਹੋ ਚੁੱਕੀ ਸੀ। ਘਟਨਾ ਦੀ ਖ਼ਬਰ ਫੈਲਣ ਤੋਂ ਬਾਅਦ ਪਿੰਡ ’ਚ ਸਹਿਮ ਦਾ ਮਾਹੌਲ ਬਣ ਗਿਆ। ਪਰਿਵਾਰਾਂ ਨੇ ਬੱਚਿਆਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਪ੍ਰਗਟਾਈ ਹੈ, ਜਦਕਿ ਬਜ਼ੁਰਗ ਵੀ ਇਕੱਲੇ ਘਰੋਂ ਬਾਹਰ ਨਿਕਲਣ ਤੋਂ ਕਤਰਾਉਣ ਲੱਗੇ ਹਨ। ਸਰਪੰਚ ਨਵਜੀਤ ਸਿੰਘ ਨੇ ਕਿਹਾ ਕਿ ਇਲਾਕੇ ’ਚ ਕੁੱਤਿਆਂ ਦੇ ਝੁੰਡ ਆਮ ਵੇਖੇ ਜਾ ਸਕਦੇ ਹਨ। ਉਨ੍ਹਾਂ ਸਰਕਾਰ ਤੋਂ ਅਵਾਰਾ ਕੁੱਤਿਆਂ ਦੀ ਨਸਬੰਦੀ ਅਤੇ ਸਮੱਸਿਆ ਦੇ ਸਥਾਈ ਹੱਲ ਲਈ ਤੁਰੰਤ ਕਦਮ ਚੁੱਕਣ ਦੀ ਮੰਗ ਕੀਤੀ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਤਹਿਸੀਲ ਖਮਾਣੋ ਪ੍ਰਧਾਨ ਸੁਖਦੇਵ ਸਿੰਘ ਗੱਗੜਵਾਲ ਨੇ ਦੋਸ਼ ਲਾਇਆ ਕਿ ਉਹ ਪਿਛਲੇ ਦੋ ਸਾਲਾਂ ਤੋਂ ਪ੍ਰਸ਼ਾਸਨ ਨੂੰ ਇਸ ਸਮੱਸਿਆ ਬਾਰੇ ਜਾਣੂ ਕਰਵਾ ਰਹੇ ਹਨ

# ਬੇਅਦਬੀ ਮਾਮਲੇ ’ਚ ਨਿਹੰਗ ਸਿੰਘ ਜਥੇਬੰਦੀਆਂ ਨੇ ਖੋਲ੍ਹਿਆ ਮੋਰਚਾ

**ਕੌਮੀ ਪਤ੍ਰਿਕਾ**

ਮਾਨਸਾ 17 ਅਗਸਤ। ਮਾਨਸਾ ਜ਼ਿਲ੍ਹੇ ਦੇ ਸਰਦੂਲਗੜ੍ਹ ਹਲਕੇ ਅਧੀਨ ਪੈਂਦੇ ਪਿੰਡ ਬੀਰੇਵਾਲਾ ਜੱਟਾਂ ਵਿਚ ਸਾਹਮਣੇ ਆਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿਚ ਇਨਸਾਫ ਨਾ ਮਿਲਣ ਦੇ ਰੋਸ ਵਜੋਂ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਮਾਨਸਾ-ਸਿਰਸਾ ਰੋਡ ਸਥਿਤ ਤਿੰਨ ਕੌਂਲੀ ਚੌਂਕ ਵਿਚ ਮੋਰਚਾ ਲਗਾ ਕੇ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਅਤੇ ਸਬੰਧਤ ਅਧਿਕਾਰੀਆਂ ਖ਼?ਲਾਫ਼ ਨਾਅਰੇਬਾਜ਼ੀ ਕਰਦਿਆਂ ਮਾਮਲੇ ਦੀ ਨਿਰਪੱਖ ਜਾਂਚ ਅਤੇ ਦੋਸ਼ੀਆਂ ਖ਼?ਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ। ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਪਿੰਡ ਦੇ ਗੁਰਦੁਆਰਾ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗਾਂ ’ਤੇ ਇਤਰਾਜ਼ਯੋਗ ਸ਼ਬਦ ਲਿਖੇ ਹੋਣ ਦਾ ਮਾਮਲਾ ਸਾਹਮਣੇ ਆਇਆ ਸੀ। ਉਨ੍ਹਾਂ ਦੇ ਅਨੁਸਾਰ ਗੁਰਦੁਆਰਾ



ਸਾਹਿਬ ਦੇ ਗ੍ਰੰਥੀ ਸਿੰਘ ਨੇ ਇਹ ਮਾਮਲਾ ਨਿਹੰਗ ਸਿੰਘ ਜਥੇਬੰਦੀਆਂ ਅਤੇ ਪਿੰਡ ਵਾਸੀਆਂ ਦੇ ਧਿਆਨ ਵਿਚ ਲਿਆਂਦਾ, ਜਿਸ ਤੋਂ ਬਾਅਦ ਪੁਲਸ ਨੇ ਜਾਂਚ ਸ਼ੁਰੂ ਕੀਤੀ। ਮੋਰਚੇ ਦੌਰਾਨ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂ ਬਾਬਾ ਰਾਜਵਿੰਦਰ ਸਿੰਘ ਘਰਾਗਣਾ, ਸਤਵਿੰਦਰ ਸਿੰਘ ਅਤੇ ਤਰਸੇਮ ਸਿੰਘ ਨੇ ਦੋਸ਼ ਲਗਾਇਆ ਕਿ ਬੇਅਦਬੀ ਦੇ ਅਸਲ ਮਾਮਲੇ ਦੀ ਜਾਂਚ ਅਜੇ ਤੱਕ ਸਿੱਟੇ ਤੱਕ ਨਹੀਂ ਪਹੁੰਚੀ। ਉਨ੍ਹਾਂ ਦਾ ਕਹਿਣਾ ਸੀ ਕਿ ਮਾਮਲੇ ਨੂੰ ਉਜਾਗਰ ਕਰਨ ਵਾਲੇ ਗ੍ਰੰਥੀ ਸਿੰਘ ਬਲਵਿੰਦਰ ਸਿੰਘ ’ਤੇ ਹੀ ਪਿੰਡ ਦੀ ਕਮੇਟੀ ਦੇ ਮੈਂਬਰ ਮੇਵਾ ਸਿੰਘ ਵੱਲੋਂ ਦੋਸ਼ ਲਗਾਏ ਗਏ। ਜਥੇਬੰਦੀਆਂ ਨੇ ਦਾਅਵਾ ਕੀਤਾ ਕਿ ਗ੍ਰੰਥੀ ਸਿੰਘ ’ਤੇ ਦਬਾਅ ਬਣਾਇਆ ਗਿਆ, ਜਿਸ ਕਾਰਨ ਉਨ੍ਹਾਂ ਨੇ ਖੁਦਕੁਸ਼ੀ ਕਰ ਲਈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਮੇਵਾ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਜਾ ਚੁੱਕਾ ਹੈ ਪਰ ਬੇਅਦਬੀ ਦੇ ਮਾਮਲੇ ਵਿਚ ਅਜੇ ਤੱਕ ਇਨਸਾਫ ਨਹੀਂ ਮਿਲਿਆ। ਇਸੇ ਕਾਰਨ ਜਥੇਬੰਦੀਆਂ ਨੂੰ ਮੋਰਚਾ ਲਗਾਉਣ ਲਈ ਮਜਬੂਰ ਹੋਣਾ ਪਿਆ। ਉੱਧਰ ਇਸ ਮਾਮਲੇ ਦੀ ਜਾਂਚ ਕਰ ਰਹੇ ਥਾਣਾ ਜੋੜਕੀਆਂ ਦੇ ਇੰਚਾਰਜ ਬਲਵੀਰ ਸਿੰਘ ਨੇ ਦੱਸਿਆ ਕਿ ਬੇਅਦਬੀ ਦੀ ਸੂਚਨਾ ਮਿਲਦਿਆਂ ਹੀ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਵੱਖਰੇ ਤੌਰ ’ਤੇ ਐੱਸਜੀਪੀਸੀ ਵੀ ਜਾਂਚ ਕਰ ਰਹੀ ਹੈ ਅਤੇ ਜਾਂਚ ਦੌਰਾਨ ਜੋ ਵੀ ਦੋਸ਼ੀ ਸਾਹਮਣੇ ਆਵੇਗਾ, ਉਸ ਖ਼?ਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਥਾਣਾ ਇੰਚਾਰਜ ਨੇ ਇਹ ਵੀ ਦੱਸਿਆ ਕਿ ਗ੍ਰੰਥੀ ਸਿੰਘ ਬਲਵਿੰਦਰ ਸਿੰਘ ਦੀ ਖੁਦਕੁਸ਼ੀ ਦੇ ਮਾਮਲੇ ਵਿਚ ਥਾਣਾ ਸਦਰ ਵਿਖੇ ਕੇਸ ਦਰਜ ਕੀਤਾ ਜਾ ਚੁੱਕਾ ਹੈ ਅਤੇ ਨਾਮਜ਼ਦ ਮੁਲਜ਼ਮ ਮੇਵਾ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ। ਫਿਲਹਾਲ ਬੇਅਦਬੀ ਦੇ ਮਾਮਲੇ ਦੀ ਜਾਂਚ ਜਾਰੀ ਹੈ, ਜਦਕਿ ਨਿਹੰਗ ਸਿੰਘ ਜਥੇਬੰਦੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਜਲਦ ਇਨਸਾਫ ਨਾ ਮਿਲਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## ਜਲੰਧਰ ’ਚ ਭਿਆਨਕ ਸੜਕ ਹਾਦਸਾ

ਜਲੰਧਰ 17 ਅਗਸਤ। ਜਲੰਧਰ ਦੇ ਅਲਾਸਕਾ ਚੌਂਕ ਨੇੜੇ ਭਿਆਨਕ ਸੜਕ ਹਾਦਸਾ ਵਾਪਰ ਗਿਆ। ਇਕ ਨਿੱਜੀ ਕੰਪਨੀ ਦੀ ਬੱਸ ਨੇ ਸਕੂਟਰੀ ਸਵਾਰ ਨੌਜਵਾਨ ਨੂੰ ਬੁਰੀ ਤਰ੍ਹਾਂ ਕੁਚਲ ਦਿੱਤਾ। ਇਸ ਭਿਆਨਕ ਹਾਦਸੇ ’ਚ ਨੌਜਵਾਨ ਦੀ ਮੌਕੇ ’ਤੇ ਹੀ ਮੌਤ ਹੋ ਗਈ। ਫਿਲਹਾਲ ਮ੍ਰਿਤਕ ਦੀ ਪਛਾਣ ਨਹੀਂ ਹੋ ਸਕੀ ਹੈ। ਚਸ਼ਮਦੀਦਾਂ ਮੁਤਾਬਕ ਨੌਜਵਾਨ ਸਲੇਟੀ ਰੰਗ ਦੀ ਸਕੂਟਰੀ ’ਤੇ ਸਵਾਰ ਹੋ ਕੇ ਰੇਲਵੇ ਰੋਡ ਵੱਲ ਜਾ ਰਿਹਾ ਸੀ। ਘਟਨਾ ਸਥਾਨ ’ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਮ੍ਰਿਤਕ ਇਕ ਡਿਲਿਵਰੀ ਬੁਆਏ ਸੀ, ਕਿਉਂਕਿ ਉਸ ਦੇ ਸਕੂਟਰੀ ’ਤੇ ਰੱਖੇ ਬੈਗ ਉੱਪਰ ਇਕ ਡਿਲਿਵਰੀ ਕੰਪਨੀ ਦਾ ਨਾਮ ਲਿਖਿਆ ਹੋਇਆ ਸੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਰੇਲ ਯਾਤਰੀਆਂ ਲਈ ਵੱਡੀ ਸਹੂਲਤ, ਅੰਮ੍ਰਿਤਸਰ-ਕਟਿਹਾਰ ਸਪੈਸ਼ਲ ਦੇ ਵਧੇ ਫੇਰੇ, 30 ਤੋਂ ਵੱਧ ਸਟੇਸ਼ਨਾਂ 'ਤੇ ਰੁਕੇਗੀ ਰੇਲ

ਕੌਮੀ ਪੱਤ੍ਰਿਕਾ

ਅੰਮ੍ਰਿਤਸਰ 17 ਅਗਸਤ। ਯਾਤਰੀਆਂ ਨੂੰ ਬਿਹਤਰ ਰੇਲ ਸਹੂਲਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਭਾਰਤੀ ਰੇਲਵੇ ਨੇ ਟ?ਰੇਨ ਨੰਬਰ 05735/05736 ਅੰਮ੍ਰਿਤਸਰ-ਕਟਿਹਾਰ-ਅੰਮ੍ਰਿਤਸਰ ਸਪੈਸ਼ਲ ਦੇ ਦੋਵੇਂ ਪਾਸਿਆਂ ਵਿੱਚ ਪੰਜ-ਪੰਜ ਵਾਧੂ ਫੇਰੇ ਚਲਾਉਣ ਦਾ ਫੈਸਲਾ ਕੀਤਾ ਹੈ। ਇਹ ਸਪੈਸ਼ਲ ਰੇਲਗੱਡੀ ਆਪਣੇ ਮੌਜੂਦਾ ਕੋਚ ਸੰਯੋਜਨ, ਸਮਾਂ-ਸਾਰਣੀ ਅਤੇ ਨਿਰਧਾਰਤ ਠਹਿਰਾਵਾਂ ਅਨੁਸਾਰ ਹੀ ਚਲਾਈ ਜਾਵੇਗੀ। ਰੇਲਵੇ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਟ?ਰੇਨ ਨੰਬਰ 05735 ਅੰਮ੍ਰਿਤਸਰ-ਕਟਿਹਾਰ ਸਪੈਸ਼ਲ 17 ਅਗਸਤ ਤੋਂ 4 ਸਤੰਬਰ 2026 ਤੱਕ ਹਰ ਸ਼ੁੱਕਰਵਾਰ ਦੁਪਹਿਰ 1:25 ਵਜੇ ਅੰਮ੍ਰਿਤਸਰ ਤੋਂ ਰਵਾਨਾ ਹੋਵੇਗੀ ਅਤੇ ਨਿਰਧਾਰਤ ਯਾਤਰਾ ਸਮੇਂ ਤੋਂ ਬਾਅਦ ਰਾਤ 11:45 ਵਜੇ ਕਟਿਹਾਰ ਪਹੁੰਚੇਗੀ। ਇਸੇ ਤਰ੍ਹਾਂ ਟ?ਰੇਨ ਨੰਬਰ 05736 ਕਟਿਹਾਰ-ਅੰਮ੍ਰਿਤਸਰ ਸਪੈਸ਼ਲ 17 ਅਗਸਤ ਤੋਂ 2 ਸਤੰਬਰ 2026 ਤੱਕ ਹਰ ਬੁੱਧਵਾਰ ਰਾਤ 9:00 ਵਜੇ ਕਟਿਹਾਰ ਤੋਂ ਚੱਲੇਗੀ ਅਤੇ ਨਿਰਧਾਰਤ ਸਮੇਂ ਅਨੁਸਾਰ ਸਵੇਰੇ 9:45 ਵਜੇ ਅੰਮ੍ਰਿਤਸਰ ਪਹੁੰਚੇਗੀ। ਇਨ੍ਹਾਂ ਵਾਧੂ ਫੇਰਿਆਂ ਨਾਲ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼ ਅਤੇ ਬਿਹਾਰ ਦੇ ਯਾਤਰੀਆਂ ਨੂੰ ਬਿਹਤਰ ਰੇਲ ਸੰਪਰਕ ਦਾ ਲਾਭ ਮਿਲੇਗਾ। ਇਹ ਸਪੈਸ਼ਲ ਰੇਲਗੱਡੀ ਦੋਵੇਂ ਦਿਸ਼ਾਵਾਂ ਵਿੱਚ ਬਿਆਸ, ਜਲੰਧਰ ਸਿਟੀ, ਢੰਡਾਰੀ ਕਲਾਂ, ਰਾਜਪੁਰਾ, ਅੰਬਾਲਾ ਕੈਂਟ, ਸਹਾਰਨਪੁਰ, ਰੁੜਕੀ, ਲਕਸਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ, ਗੋਂਡਾ, ਬਸਤੀ, ਗੋਰਖਪੁਰ, ਕਪਤਾਨਗੰਜ, ਨਰਕਟੀਆਗੰਜ, ਰਕਸੌਲ, ਪਾਸਿਆਂ ਵਿੱਚ ਪੰਜ-ਪੰਜ ਵਾਧੂ ਫੇਰੇ ਚਲਾਉਣ ਦਾ ਫੈਸਲਾ ਕੀਤਾ ਹੈ। ਇਹ ਸਪੈਸ਼ਲ ਰੇਲਗੱਡੀ ਆਪਣੇ ਮੌਜੂਦਾ ਕੋਚ ਸੰਯੋਜਨ, ਸਮਾਂ-ਸਾਰਣੀ ਅਤੇ ਨਿਰਧਾਰਤ ਠਹਿਰਾਵਾਂ ਅਨੁਸਾਰ ਹੀ ਚਲਾਈ ਜਾਵੇਗੀ। ਰੇਲਵੇ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਟ?ਰੇਨ ਨੰਬਰ 05735 ਅੰਮ੍ਰਿਤਸਰ-ਕਟਿਹਾਰ ਸਪੈਸ਼ਲ 17 ਅਗਸਤ ਤੋਂ 4 ਸਤੰਬਰ ਸੀਤਾਮੜ੍ਹੀ, ਜਨਕਪੁਰ ਰੋਡ, ਸ਼ਿਸ਼ੋ, ਸਕਰੀ, ਝੰਝਾਰਪੁਰ, ਨਿਰਮਲੀ, ਸਰਾਇਗੜ੍ਹ, ਰਾਘੋਪੁਰ, ਲਲਿਤਗ੍ਰਾਮ, ਫਾਰਬਿਸਗੰਜ, ਅਰਰੀਆ ਕੋਰਟ ਅਤੇ ਪੂਰਨੀਆ ਰੇਲਵੇ ਸਟੇਸ਼ਨਾਂ 'ਤੇ ਠਹਿਰੇਗੀ। ਫ਼?ਰੋਜ਼ਪੁਰ ਰੇਲ ਮੰਡਲ ਦੇ ਸੀਨੀਅਰ ਡੀ.ਸੀ.ਐੱਮ. ਬਸੰਤ ਕੁਮਾਰ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਆਪਣੀ ਰੇਲਗੱਡੀ ਦੀ ਰਿਜ਼ਰਵੇਸ਼ਨ ਅਤੇ ਸਮਾਂ-ਸਾਰਣੀ ਸਬੰਧੀ ਤਾਜ਼ਾ ਜਾਣਕਾਰੀ ਨੈਸ਼ਨਲ ਟ?ਰੇਨ ਇਨਕੁਆਰੀ ਸਿਸਟਮ ਜਾਂ ਰੇਲਵੇ ਹੈਲਪਲਾਈਨ 139 ਰਾਹੀਂ ਜ਼ਰੂਰ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਯਾਤਰੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਵਿਸ਼ੇਸ਼ ਰੇਲਗੱਡੀਆਂ ਦੇ ਸੰਚਾਲਨ ਅਤੇ ਉਨ੍ਹਾਂ ਦੇ ਫੇਰਿਆਂ ਵਿਚ ਵਾਧਾ ਕਰਨ ਦੇ ਯਤਨ ਭਵਿੱਖ ਵਿੱਚ ਵੀ ਜਾਰੀ ਰਹਿਣਗੇ, ਤਾਂ ਜੋ ਯਾਤਰੀਆਂ ਨੂੰ ਸੁਰੱਖਿਅਤ, ਸੁਗਮ ਅਤੇ ਆਰਾਮਦਾਇਕ ਯਾਤਰਾ ਦੀ ਸਹੂਲਤ ਮਿਲਦੀ ਰਹੇ।

## ਵਿਦੇਸ਼ ਜਾਣ ਦਾ ਚਾਅ ਪਿਆ ਮਹਿੰਗਾ, 34.50 ਲੱਖ ਦੀ ਠੱਗੀ ਮਾਰਨ ਵਾਲੇ ਖ਼ਿਲਾਫ਼ ਟਾਂਡਾ ਪੁਲਸ ਵੱਲੋਂ ਕੇਸ ਦਰਜ

ਟਾਂਡਾ ਉੜਮੁੜ 17 ਅਗਸਤ। ਟਾਂਡਾ ਪੁਲਸ ਨੇ ਇੱਕ ਵਿਅਕਤੀ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 34 ਲੱਖ 50 ਹਜ਼ਾਰ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ 1 ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਥਾਣਾ ਮੁਖੀ ਅਮਰਜੀਤ ਕੌਰ ਨੇ ਦੱਸਿਆ ਕਿ ਪੁਲਸ ਨੇ ਇਹ ਮਾਮਲਾ ਠੱਗੀ ਦਾ ਸ਼ਿਕਾਰ ਹੋਏ ਪਿਆਰਾ ਸਿੰਘ ਵਾਸੀ ਗਿਲਜੀਆਂ ਦੇ ਬਿਆਨਾਂ ਦੇ ਆਧਾਰ 'ਤੇ ਜਤਿੰਦਰ ਸਿੰਘ ਵਾਸੀ ਢਡਿਆਲਾ ਖਿਲਾਫ ਦਰਜ ਕੀਤਾ ਹੈ। ਆਪਣੇ ਬਿਆਨਾਂ ਵਿੱਚ ਪਿਆਰਾ ਸਿੰਘ ਨੇ ਦੋਸ਼ ਲਾਇਆ ਕਿ ਇਸ ਵਿਅਕਤੀ ਨੇ ਉਸ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 34 ਲੱਖ 50 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ ਅਤੇ ਨਾ ਹੀ ਉਸ ਨੂੰ ਵਿਦੇਸ਼ ਭੇਜਿਆ ਗਿਆ ਅਤੇ ਨਾ ਹੀ ਉਸ ਦੀ ਰਕਮ ਵਾਪਸ ਕੀਤੀ ਗਈ। ਪੁਲਸ ਨੇ ਹੁਣ ਮਾਮਲਾ ਦਰਜ ਕਰਕੇ ਮੁਲਜ਼ਮ ਖਿਲਾਫ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਮਹਾਰਾਜਾ ਰਣਜੀਤ ਸਿੰਘ ਦੀ ਇਤਿਹਾਸਕ ਰਾਜਧਾਨੀ ਬਣੀ ਨਸ਼ੇੜੀਆਂ ਦਾ ਅੱਡਾ, ਸ਼ਹਿਰ ਵਾਸੀਆਂ 'ਚ ਰੋਸ

ਦੀਨਾਨਗਰ 17 ਅਗਸਤ। ਦੀਨਾਨਗਰ ਵਿੱਚ ਮਹਾਰਾਜਾ ਰਣਜੀਤ ਸਿੰਘ ਜੀ ਨਾਲ ਸਬੰਧਤ ਇਤਿਹਾਸਕ ਰਾਜਧਾਨੀ ਅੱਜ ਪ੍ਰਸ਼ਾਸਨ ਦੀ ਅਣਦੇਖੀ ਕਾਰਨ ਬਦਹਾਲੀ ਦਾ ਸ਼ਿਕਾਰ ਹੋ ਰਹੀ ਹੈ। ਜਿਸ ਤਖਤ 'ਤੇ ਬੈਠ ਕੇ ਮਹਾਰਾਜਾ ਰਣਜੀਤ ਸਿੰਘ ਵੱਡੇ-ਵੱਡੇ ਫੈਸਲੇ ਕਰਦੇ ਸਨ, ਅੱਜ ਉਸੇ ਇਤਿਹਾਸਕ ਸਥਾਨ ਨੂੰ ਕਥਿਤ ਤੌਰ 'ਤੇ ਨਸ਼ੇੜੀਆਂ ਵੱਲੋਂ ਨਸ਼ਾ ਕਰਨ ਲਈ ਵਰਤਿਆ ਜਾ ਰਿਹਾ ਹੈ। ਸਥਾਨ ਦੀ ਮੌਜੂਦਾ ਹਾਲਤ ਨੂੰ ਲੈ ਕੇ ਸ਼ਹਿਰ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਅਤੇ ਸਿਆਸੀ ਆਗੂਆਂ ਵੱਲੋਂ ਲੋੜੀਂਦਾ ਧਿਆਨ ਨਾ ਦਿੱਤੇ ਜਾਣ ਕਾਰਨ ਇਹ ਕੀਮਤੀ ਇਤਿਹਾਸਕ ਸਥਾਨ ਹੌਲੀ-ਹੌਲੀ ਖੰਡਰ ਦਾ ਰੂਪ ਧਾਰ ਰਹੀ ਹੈ। ਲੋਕਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਸਥਾਨ ਦੀ ਤੁਰੰਤ ਸਫਾਈ ਕਰਵਾ ਕੇ ਸੁਰੱਖਿਆ ਦੇ ਪ੍ਰਬੰਧ ਕੀਤੇ ਜਾਣ ਅਤੇ ਮਹਾਰਾਜਾ ਰਣਜੀਤ ਸਿੰਘ ਦੀ ਇਸ ਇਤਿਹਾਸਕ ਯਾਦਗਾਰ ਨੂੰ ਮੁੜ ਸੁਰਜੀਤ ਕਰਕੇ ਸੈਰ-ਸਪਾਟੇ ਦੇ ਨਕਸ਼ੇ 'ਤੇ ਲਿਆਂਦਾ ਜਾਵੇ।

## ਪਾਲਤੂ ਕੁੱਤੇ ਰਾਖਣ ਵਾਲਿਆਂ ਨੂੰ ਜਾਰੀ ਹੋਇਆ ਨੋਟਿਸ

ਪਟਿਆਲਾ 17 ਅਗਸਤ। ਨਗਰ ਨਿਗਮ ਵੱਲੋਂ ਸ਼ਹਿਰ ਦੀ ਹਦੂਦ ਅੰਦਰ ਪਾਲਤੂ ਕੁੱਤੇ ਰੱਖਣ ਵਾਲੇ ਵਸਨੀਕਾਂ ਲਈ ਅਹਿਮ ਪਬਲਿਕ ਨੋਟਿਸ ਜਾਰੀ ਕੀਤਾ ਗਿਆ ਹੈ। ਨਿਗਮ ਪ੍ਰਸ਼ਾਸਨ ਨੇ ਹਦਾਇਤ ਕੀਤੀ ਕਿ ਨਿਗਮ ਖੇਤਰ ਅਧੀਨ ਜਿਨ੍ਹਾਂ ਵੀ ਵਸਨੀਕਾਂ ਨੇ ਆਪਣੇ ਘਰਾਂ 'ਚ ਪਾਲਤੂ ਕੁੱਤੇ ਰੱਖੇ ਹੋਏ ਹਨ, ਉਹ ਉਨ੍ਹਾਂ ਦੀ ਰਜਿਸਟ?ਰੇਸ਼ਨ ਨਗਰ ਨਿਗਮ ਕੋਲ ਕਰਵਾਉਣੀ ਯਕੀਨੀ ਬਣਾਉਣ। ਸਿਹਤ ਅਫ਼ਸਰ ਨੇ ਦੱਸਿਆ ਕਿ ਨਗਰ ਨਿਗਮ ਪਟਿਆਲਾ ਨੇ ਸ਼ਹਿਰ ਵਾਸੀਆਂ ਦੀ ਸੁਵਿਧਾ ਲਈ ਰਜਿਸਟ?ਰੇਸ਼ਨ ਦੀ ਪ੍ਰਕਿਰਿਆ ਆਨਲਾਈਨ ਕੀਤੀ ਗਈ ਹੈ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes


**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)


**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.


## ਸ਼ਰਮਸਾਰ ਪੰਜਾਬ ! ਨੌਜਵਾਨ ਨੇ ਟੱਪੀਆਂ ਬੇਸ਼ਰਮੀ ਦੀਆਂ ਹੱਦਾਂ, ਕੁੜੀ ਨਾਲ ਕੀਤਾ ਜਬਰ-ਜ਼ਿਨਾਹ

ਨੰਗਲ 17 ਅਗਸਤ। ਨੰਗਲ ਵਿਖੇ ਇਕ ਨਾਬਾਲਗ ਕੁੜੀ ਨਾਲ ਕਥਿਤ ਜਬਰ-ਜ਼ਿਨਾਹ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਨੰਗਲ ਥਾਣੇ ਵਿਚ ਪ੍ਰੈੱਸ ਵਾਰਤਾ ਦੌਰਾਨ ਜਾਣਕਾਰੀ ਦਿੰਦੇ ਨੰਗਲ ਥਾਣੇ ਦੇ ਐੱਸ. ਐੱਚ. ਓ. ਇੰਸਪੈਕਟਰ ਦਾਨਿਸ਼ਵੀਰ ਸਿੰਘ ਨੇ ਦੱਸਿਆ ਕਿ ਇਕ ਮਹਿਲਾ ਨੇ ਵੀਰਵਾਰ ਨੂੰ ਪੁਲਸ ਨੂੰ ਜਾਣਕਾਰੀ ਦਿੱਤੀ ਸੀ ਕਿ ਉਸ ਦੀ ਕਰੀਬ 14-15 ਸਾਲਾ ਕੁੜੀ ਨਾਲ ਇਕ ਲੜਕੇ ਵੱਲੋਂ ਕਥਿਤ ਜਬਰ-ਜ਼ਨਾਹ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਸ ਨੇ ਤੁਰੰਤ ਬਿਆਨ ਦਰਜ ਕਰਕੇ ਮਾਮਲਾ ਦਰਜ ਕਰ ਲਿਆ ਅਤੇ ਕਾਰਵਾਈ ਕਰਦਿਆਂ ਨੌਜਵਾਨ ਨੂੰ ਵੀ ਕਾਬੂ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਗਏ ਮੁੰਡੇ ਦੀ ਉਮਰ ਕਰੀਬ 16 ਸਾਲ ਹੈ ਅਤੇ ਪੁਲਸ ਨੇ ਲੜਕੇ ਦਾ ਮੋਬਾਇਲ ਫੋਨ ਵੀ ਕਬਜ਼ੇ ਵਿਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ, ਕਿਉਂਕਿ ਇਸ ਘਟਨਾ ਨਾਲ ਸਬੰਧਤ ਇਕ ਵੀਡੀਓ ਨੰਗਲ ਸਮੇਤ ਪੰਜਾਬ ਦੇ ਕਈ ਹਿੱਸਿਆਂ ਵਿਚ ਵਾਇਰਲ ਹੋਈ ਹੈ। ਪੁਲਸ ਨੇ ਤੁਰੰਤ ਕਾਰਵਾਈ ਕਰਦੇ ਸਾਈਬਰ ਕ੍ਰਾਈਮ ਸ਼ਾਖਾ ਨੂੰ ਵੀ ਇਸ ਸਬੰਧੀ ਸੂਚਿਤ ਕਰ ਦਿੱਤਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਕੋਲ ਇਹ ਵੀਡੀਓ ਮੌਜੂਦ ਹੈ ਤਾਂ ਉਹ ਤੁਰੰਤ ਇਸ ਨੂੰ ਡਿਲੀਟ ਕਰ ਦੇਣ ਅਤੇ ਇਸ ਨੂੰ ਅੱਗੇ ਵਾਇਰਲ ਜਾਂ ਸਾਂਝਾ ਕਰਨ ਦੀ ਕੋਸ਼ਿਸ਼ ਨਾ ਕਰਨ ਕਿਉਂਕਿ ਸਾਈਬਰ ਕ੍ਰਾਈਮ ਸ਼ਾਖਾ ਵੱਲੋਂ ਇਸ ਮਾਮਲੇ ਵਿਚ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।


**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.


**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.


**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI



**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਵਿ. ਇੰਜੀ./ਕ.ਵਿ.ਡੀ.ਆਰ ਐਮ. ਆਫਿਸ, ਸਟੇਟ ਐਂਟਰੀ ਰੋਡ, ਨਵੀਂ ਦਿੱਲੀ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਕੰਮ ਲਈ ਖੁੱਲ੍ਹੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ:-

| | | |
|---|---|---|
| 1 | ਕੰਮ ਦਾ ਨਾਮ ਤੇ ਸਥਾਨ | ਦਿੱਲੀ ਡਵੀਜ਼ਨ ਦੇ TKD, PTNR, GHH, MDNR, MUT, SMQL ਅਤੇ GZB ਵਿਚ TRD ਡਿਪੋ ਵਿਚ ਮਾਡਲ OHE ਦਾ ਪ੍ਰਬੰਧ। |
| 2 | ਅੰਦਾਜਨ ਲਾਗਤ | Rs. 33,12,347.21/- |
| 3 | ਬਿਆਨਾ ਰਾਸ਼ੀ | Rs. 66,300/- |
| 4 | ਈ-ਨਿਵਿਦਾ ਆਨਲਾਈਨ ਜਮ੍ਹਾ ਕਰਨ ਦਾ ਸਮਾਂ | 25.08.2026 (00:00 ਵਜੇ) ਤੋਂ 08.09.2026 (15:00 ਵਜੇ ਤਕ) |
| 5 | ਈ-ਨਿਵਿਦਾ ਸਮਾਪਤੀ ਦੀ ਅੰਤਮ ਅਤੇ ਈ-ਨਿਵਿਦਾ ਖੁਲ੍ਹਣ ਦੀ ਮਿਤੀ ਅਤੇ ਸਮਾਂ | 08.09.2026 (15.00 ਵਜੇ) |
| 6 | ਨਿਵਿਦਾ ਛਪਾਈ ਦੀ ਲਾਗਤ | 07041032 |
| 7 | ਵੈਬਸਾਈਟ ਵੇਰਵਾ ਜਿਥੋਂ ਨਿਵਿਦਾ ਦਸਤਾਵੇਜਾਂ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ। | www.ireps.gov.in |

**ਨਿਵਿਦਾ ਸੰਖਿਆ: 26-ਕ.ਵਿ.-ਨਵੀਂ ਦਿੱਲੀ-2026-27 ਮਿਤੀ : 17.08.2026** 2846/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਗੁਰੂ ਤੇਗ ਬਹਾਦਰ ਹਸਪਤਾਲ
(ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਸਰਕਾਰ)
ਦਿਲਸ਼ਾਦ ਗਾਰਡਨ, ਦਿੱਲੀ 110095

**F No.50/A&E/GTBH/2026** ਮਿਤੀ : 14/08/2026

**ਜਨਤਕ ਨੋਟਿਸ**

**ਜੀਟੀਬੀ ਹਸਪਤਾਲ ਦੀਆਂ ਐਮਰਜੈਂਸੀ ਸੇਵਾਵਾਂ ਨੂੰ ਰਾਜੀਵ ਗਾਂਧੀ ਸੁਪਰ ਸਪੈਸ਼ਲਿਟੀ ਹਸਪਤਾਲ ਵਿੱਚ ਤਬਦੀਲ ਕਰਨਾ**

ਆਮ ਜਨਤਾ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਗੁਰੂ ਤੇਗ ਬਹਾਦਰ ਹਸਪਤਾਲ (ਜੀਟੀਬੀ ਹਸਪਤਾਲ) ਦੀਆਂ ਕੈਜ਼ੁਅਲਟੀ ਅਤੇ ਐਮਰਜੈਂਸੀ (**A&E**) ਸੇਵਾਵਾਂ (ਗਾਇਨੀਕੋਲੋਜੀ ਅਤੇ ਪ੍ਰਸੂਤੀ ਅਤੇ ਬਾਲ ਰੋਗ ਐਮਰਜੈਂਸੀ ਸੇਵਾਵਾਂ ਨੂੰ ਛੱਡ ਕੇ) ਨੂੰ 18 ਅਗਸਤ, 2026 ਨੂੰ ਸਵੇਰੇ **9.00** ਵਜੇ ਤੋਂ **ਰਾਜੀਵ ਗਾਂਧੀ ਸੁਪਰ ਸਪੈਸ਼ਲਿਟੀ ਹਸਪਤਾਲ (RGSSH)**, ਤਾਹਿਰਪੁਰ, ਦਿੱਲੀ-110093 ਦੇ ਬਲਾਕ ਨੰਬਰ -4 (ਪ੍ਰਵੇਸ਼ ਦੁਆਰ ਨੰਬਰ 4 ਤੋਂ) ਵਿੱਚ ਤਬਦੀਲ ਕੀਤਾ ਜਾ ਰਿਹਾ ਹੈ।

ਗੁਰੂ ਤੇਗ ਬਹਾਦਰ ਹਸਪਤਾਲ ਦੀਆਂ ਗਾਇਨੀਕੋਲੋਜੀ ਅਤੇ ਪ੍ਰਸੂਤੀ ਅਤੇ ਬਾਲ ਰੋਗਾਂ ਦੀਆਂ ਐਮਰਜੈਂਸੀ ਸੇਵਾਵਾਂ ਪਹਿਲਾਂ ਵਾਂਗ ਹੀ ਗੁਰੂ ਤੇਗ ਬਹਾਦਰ ਹਸਪਤਾਲ ਦੇ ਐਮ.ਸੀ.ਐਚ. ਬਲਾਕ, ਗੁਰੂ ਤੇਗ ਬਹਾਦਰ ਹਸਪਤਾਲ ਤੋਂ ਕੰਮ ਕਰਦੀਆਂ ਰਹਿਣਗੀਆਂ। ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਕੈਜ਼ੁਅਲਟੀ ਅਤੇ ਐਮਰਜੈਂਸੀ (**A&E**) ਸੇਵਾਵਾਂ ਲਈ (ਗਾਇਨੀਕੋਲੋਜੀ ਅਤੇ ਪ੍ਰਸੂਤੀ ਅਤੇ ਬਾਲ ਰੋਗਾਂ ਦੀਆਂ ਐਮਰਜੈਂਸੀ ਸੇਵਾਵਾਂ ਨੂੰ ਛੱਡ ਕੇ) ਦੇ ਲਈ, ਗੁਰੂ ਤੇਗ ਬਹਾਦਰ ਹਸਪਤਾਲ ਕੈਜ਼ੁਅਲਟੀ ਅਤੇ ਐਮਰਜੈਂਸੀ (**A&E**) ਬਲਾਕ ਨੰਬਰ-4 ਕਾਰਜਰਤ, ਰਾਜੀਵ ਗਾਂਧੀ ਸੁਪਰ ਸਪੈਸ਼ਲਿਟੀ ਹਸਪਤਾਲ, ਤਾਹਿਰਪੁਰ, ਦਿੱਲੀ ਵਿਖੇ ਹੀ ਪੁੱਜੇ।

ਸਾਰੇ ਸਬੰਧਤ ਵਿਭਾਗਾਂ, ਸਿਹਤ ਸੇਵਾ ਪ੍ਰਦਾਤਾਵਾਂ, ਐਂਬੂਲੈਂਸ ਸੇਵਾਵਾਂ ਅਤੇ ਆਮ ਜਨਤਾ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਉਪਰੋਕਤ ਤਬਦੀਲੀ ਦਾ ਨੋਟਿਸ ਲੈਣ ਅਤੇ ਲੋੜੀਂਦਾ ਸਹਿਯੋਗ ਪ੍ਰਦਾਨ ਕਰਨ।

**ਮੈਡੀਕਲ ਡਾਇਰੈਕਟਰ**

**DIP/Shabdarth/Classified/0185/26-27**

# 'ਖੇਡਾਂ ਵਤਨ ਪੰਜਾਬ ਦੀਆਂ' ਸਬੰਧੀ ਮਸ਼ਾਲ ਮਾਰਚ ਸੰਗਰੂਰ ਤੋਂ ਸ਼ੁਰੂ; 'ਖੇਡਦਾ ਪੰਜਾਬ, ਹੱਸਦਾ ਪੰਜਾਬ' ਦਾ ਸੁਪਨਾ ਹੋ ਰਿਹਾ ਹੈ ਸਾਕਾਰ: ਨਰਿੰਦਰ ਕੌਰ ਭਰਾਜ

**ਸੰਗਰੂਰ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ 2026' ਸਬੰਧੀ ਮਸ਼ਾਲ ਮਾਰਚ (ਟਾਰਚ ਰੈਲੀ) ਵਾਰ ਹੀਰੋਜ ਸਟੇਡੀਅਮ ਸੰਗਰੂਰ ਤੋਂ ਰਵਾਨਾ ਹੋਇਆ।




ਇਸ ਮੌਕੇ ਹਲਕਾ ਸੰਗਰੂਰ ਤੋਂ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਮਸ਼ਾਲ ਮਾਰਚ ਨੂੰ ਰਵਾਨਾ ਕੀਤਾ, ਜਿਹੜਾ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਦੀ ਹੁੰਦਾ ਹੋਇਆ ਬਠਿੰਡਾ ਪੁੱਜ ਕੇ ਸੰਪੰਨ ਹੋਵੇਗਾ। ਇਸ ਮੌਕੇ ਰਾਸ਼ਟਰਮੰਡਲ ਖੇਡਾਂ ਵਿੱਚ ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੀ ਮੈਡਲ ਜੇਤੂ ਵੇਟਲਿਫਟਰ ਹਰਜਿੰਦਰ ਕੌਰ ਵੀ ਉਚੇਚੇ ਤੌਰ ਉੱਤੇ ਮੌਜੂਦ ਸੀ। ਇਹ ਟਾਰਚ ਅੱਗੇ ਪਿੰਡ ਢੈਪਈ ਵਿਖੇ ਜ਼ਿਲ੍ਹਾ ਸੰਗਰੂਰ ਦੀ ਹੱਦ ਤੋਂ ਜ਼ਿਲ੍ਹਾ ਮਾਨਸਾ ਨੂੰ ਸਪੁਰਦ ਕੀਤੀ ਗਈ।

ਮੀਡੀਆ ਨਾਲ ਗੱਲਬਾਤ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸਮੂਹ ਪੰਜਾਬੀਆਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਦੀ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ ਇਨ੍ਹਾਂ ਖੇਡਾਂ ਨੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਨਵੀਂ ਦਿਸ਼ਾ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਜਦੋਂ ਚਾਰ ਸਾਲ ਪਹਿਲਾਂ 'ਖੇਡਾਂ ਵਤਨ ਪੰਜਾਬ ਦੀਆਂ' ਦੀ ਸ਼ੁਰੂਆਤ ਕੀਤੀ ਗਈ ਸੀ ਤਾਂ ਇਨ੍ਹਾਂ ਵਿੱਚ ਕੁਝ ਹਜ਼ਾਰ ਖਿਡਾਰੀਆਂ ਨੇ ਹਿੱਸਾ ਲਿਆ ਸੀ, ਪਰ ਅੱਜ ਇਹ ਖੇਡ ਮਹਾਂਕੁੰਭ ਇੱਕ ਵੱਡਾ ਖੇਡ ਮੰਚ ਬਣ ਚੁੱਕਾ ਹੈ ਅਤੇ ਹਰ ਸਾਲ 04 ਲੱਖ ਤੋਂ ਵੱਧ ਖਿਡਾਰੀ ਇਸ ਵਿੱਚ ਭਾਗ ਲੈ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਵਧ ਰਹੀ ਭਾਗੀਦਾਰੀ ਪੰਜਾਬ ਵਿੱਚ ਖੇਡਾਂ ਪ੍ਰਤੀ ਨੌਜਵਾਨਾਂ ਦੇ ਵਧਦੇ ਉਤਸ਼ਾਹ ਅਤੇ ਪੰਜਾਬ ਸਰਕਾਰ ਦੀਆਂ ਖੇਡ ਪੱਖੀ ਨੀਤੀਆਂ ਦੀ ਸਫ਼ਲਤਾ ਨੂੰ ਦਰਸਾਉਂਦੀ ਹੈ।

ਵਿਧਾਇਕਾ ਭਰਾਜ ਨੇ ਕਿਹਾ ਕਿ ਸੰਗਰੂਰ ਤੋਂ ਸ਼ੁਰੂ ਹੋਇਆ ਇਹ ਮਸ਼ਾਲ ਮਾਰਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਹੁੰਦਾ ਹੋਇਆ ਖੇਡਾਂ ਦਾ ਸੁਨੇਹਾ ਘਰ-ਘਰ ਤੱਕ ਪਹੁੰਚਾਏਗਾ। ਉਨ੍ਹਾਂ ਕਿਹਾ ਕਿ ਮਸ਼ਾਲ ਸਿਰਫ਼ ਇੱਕ ਖੇਡ ਸਮਾਗਮ ਦੀ ਨਿਸ਼ਾਨੀ ਨਹੀਂ, ਸਗੋਂ ਇਹ ਨੌਜਵਾਨਾਂ ਵਿੱਚ ਜਜ਼ਬੇ, ਜਨੂਨ, ਏਕਤਾ, ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਜੋਤ ਜਗਾਉਣ ਦਾ ਪ੍ਰਤੀਕ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਦੇ ਹਰ ਪਿੰਡ ਅਤੇ ਹਰ ਸ਼ਹਿਰ ਦੇ ਨੌਜਵਾਨ ਨੂੰ ਖੇਡ ਮੈਦਾਨ ਨਾਲ ਜੋੜਨਾ ਹੈ ਤਾਂ ਜੋ ਨੌਜਵਾਨ ਆਪਣੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਗਾਉਂਦੇ ਹੋਏ ਸੂਬੇ ਅਤੇ ਦੇਸ਼ ਦਾ ਨਾਂ ਰੌਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ 'ਖੇਡਦਾ ਪੰਜਾਬ, ਹੱਸਦਾ ਪੰਜਾਬ ਅਤੇ ਰੰਗਲਾ ਪੰਜਾਬ' ਦਾ ਸੁਪਨਾ ਹੁਣ ਖੇਡ ਮੈਦਾਨਾਂ ਵਿੱਚ ਸਾਕਾਰ ਹੁੰਦਾ ਨਜ਼ਰ ਆ ਰਿਹਾ ਹੈ।

ਇਸ ਮੌਕੇ ਰਾਸ਼ਟਰਮੰਡਲ ਖੇਡਾਂ ਦੀ ਮੈਡਲ ਜੇਤੂ ਵੇਟਲਿਫਟਰ ਹਰਜਿੰਦਰ ਕੌਰ ਨੇ 'ਖੇਡਾਂ ਵਤਨ ਪੰਜਾਬ ਦੀਆਂ' ਸਬੰਧੀ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।

ਮੀਡੀਆ ਨਾਲ ਗੱਲਬਾਤ ਕਰਦਿਆਂ ਹਰਜਿੰਦਰ ਕੌਰ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਪੰਜਾਬ ਦੇ ਬੱਚਿਆਂ ਅਤੇ ਨੌਜਵਾਨਾਂ ਲਈ ਇੱਕ ਬਹੁਤ ਵਧੀਆ ਮੰਚ ਹੈ। ਇਨ੍ਹਾਂ ਖੇਡਾਂ ਰਾਹੀਂ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ, ਮੁਕਾਬਲੇ ਦੀ ਭਾਵਨਾ ਵਿਕਸਿਤ ਕਰਨ ਅਤੇ ਅੱਗੇ ਵਧਣ ਦਾ ਮੌਕਾ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਜਦੋਂ ਇਨ੍ਹਾਂ ਖੇਡਾਂ ਦੀ ਸ਼ੁਰੂਆਤ ਹੋਈ ਸੀ ਤਾਂ ਇਨ੍ਹਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਦੀ ਗਿਣਤੀ ਕਾਫ਼ੀ ਘੱਟ ਸੀ, ਪਰ ਸਮੇਂ ਦੇ ਨਾਲ ਇਨ੍ਹਾਂ ਖੇਡਾਂ ਪ੍ਰਤੀ ਬੱਚਿਆਂ ਅਤੇ ਨੌਜਵਾਨਾਂ ਦਾ ਉਤਸ਼ਾਹ ਲਗਾਤਾਰ ਵਧਿਆ ਹੈ। ਅੱਜ ਵੱਡੀ ਗਿਣਤੀ ਵਿੱਚ ਨੌਜਵਾਨ ਇਨ੍ਹਾਂ ਖੇਡਾਂ ਵਿੱਚ ਹਿੱਸਾ ਲੈ ਰਹੇ ਹਨ, ਜੋ ਪੰਜਾਬ ਦੇ ਉੱਜਵਲ ਖੇਡ ਭਵਿੱਖ ਦੀ ਨਿਸ਼ਾਨੀ ਹੈ।

ਹਰਜਿੰਦਰ ਕੌਰ ਨੇ ਨੌਜਵਾਨ ਖਿਡਾਰੀਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਹਰ ਖਿਡਾਰੀ ਦਾ ਸੁਪਨਾ ਉੱਚੇ ਪੱਧਰ 'ਤੇ ਪਹੁੰਚ ਕੇ ਆਪਣੇ ਦੇਸ਼ ਅਤੇ ਸੂਬੇ ਦਾ ਨਾਂ ਰੌਸ਼ਨ ਕਰਨਾ ਹੁੰਦਾ ਹੈ। ਇਸ ਸੁਪਨੇ ਨੂੰ ਸਾਕਾਰ ਕਰਨ ਲਈ ਸਖ਼ਤ ਮਿਹਨਤ, ਲਗਨ, ਅਨੁਸ਼ਾਸਨ ਅਤੇ ਨਿਰੰਤਰ ਅਭਿਆਸ ਬਹੁਤ ਜ਼ਰੂਰੀ ਹੈ।

ਉਨ੍ਹਾਂ ਬੱਚਿਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਅਤੇ ਆਪਣੇ ਮਾਪਿਆਂ ਵੱਲੋਂ ਵੇਖੇ ਸੁਪਨਿਆਂ ਨੂੰ ਪੂਰਾ ਕਰਨ ਲਈ ਪੂਰੀ ਮਿਹਨਤ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਅੱਗੇ ਵਧਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਲਾਭ ਲੈਂਦਿਆਂ ਨੌਜਵਾਨਾਂ ਨੂੰ ਆਪਣੇ ਲਈ ਵੱਡੇ ਟੀਚੇ ਨਿਰਧਾਰਤ ਕਰਨੇ ਚਾਹੀਦੇ ਹਨ ਅਤੇ ਪੰਜਾਬ ਦਾ ਨਾਂ ਦੇਸ਼-ਵਿਦੇਸ਼ ਵਿੱਚ ਰੌਸ਼ਨ ਕਰਨਾ ਚਾਹੀਦਾ ਹੈ।

ਇਸ ਮੌਕੇ ਰਾਸ਼ਟਰਮੰਡਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੀ ਮੈਡਲ ਜੇਤੂ ਵੇਟਲਿਫਟਰ ਹਰਜਿੰਦਰ ਕੌਰ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਦੇ ਅਧਿਕਾਰੀਆਂ ਵੱਲੋਂ ਉਨ੍ਹਾਂ ਦੀਆਂ ਖੇਡ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਗਈ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਹਰਜਿੰਦਰ ਕੌਰ ਵਰਗੇ ਖਿਡਾਰੀ ਪੰਜਾਬ ਦੇ ਨੌਜਵਾਨਾਂ ਲਈ ਪ੍ਰੇਰਣਾ ਸਰੋਤ ਹਨ। ਉਨ੍ਹਾਂ ਕਿਹਾ ਕਿ ਅਜਿਹੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਇਹ ਸਾਬਤ ਕਰਦੀਆਂ ਹਨ ਕਿ ਪੰਜਾਬ ਦੀ ਧਰਤੀ ਵਿੱਚ ਖੇਡ ਪ੍ਰਤਿਭਾ ਦੀ ਕੋਈ ਕਮੀ ਨਹੀਂ, ਲੋੜ ਸਿਰਫ਼ ਇਸ ਪ੍ਰਤਿਭਾ ਨੂੰ ਸਹੀ ਮੰਚ, ਮੌਕੇ ਅਤੇ ਮਾਰਗਦਰਸ਼ਨ ਦੇਣ ਦੀ ਹੈ।

ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ, ਜਿਸ ਰਾਹੀਂ ਪਿੰਡ ਪੱਧਰ ਤੋਂ ਲੈ ਕੇ ਉੱਚ ਪੱਧਰ ਤੱਕ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਮੌਕੇ ਮਿਲ ਰਹੇ ਹਨ।

ਉਨ੍ਹਾਂ ਆਸ ਪ੍ਰਗਟਾਈ ਕਿ ਇਹਨਾਂ ਖੇਡਾਂ ਦੇ ਮੌਜੂਦਾ ਸੀਜ਼ਨ ਦੌਰਾਨ ਪਿਛਲੇ ਸਾਰੇ ਰਿਕਾਰਡ ਪਾਰ ਕਰਦਿਆਂ ਹੋਰ ਵੀ ਵੱਡੀ ਗਿਣਤੀ ਵਿੱਚ ਖਿਡਾਰੀ ਹਿੱਸਾ ਲੈਣਗੇ ਅਤੇ ਪੰਜਾਬ ਦੇ ਖੇਡ ਮੈਦਾਨਾਂ ਵਿੱਚੋਂ ਭਵਿੱਖ ਦੇ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਚੈਂਪੀਅਨ ਤਿਆਰ ਹੋਣਗੇ।

ਇਸ ਮੌਕੇ ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀਮਤੀ ਪੂਨਮਦੀਪ ਕੌਰ, ਸਹਾਇਕ ਕਮਿਸ਼ਨਰ (ਜਨਰਲ) ਰਾਜਬੀਰ ਸਿੰਘ ਭੰਗੂ, ਜ਼ਿਲ੍ਹਾ ਖੇਡ ਅਫ਼ਸਰ ਸ੍ਰ ਨਵਦੀਪ ਸਿੰਘ ਸਮੇਤ ਕੋਚ, ਖਿਡਾਰੀ ਅਤੇ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਮੌਜੂਦ ਸਨ।

# ਐਚ.ਡੀ.ਐਫ.ਸੀ. ਬੈਂਕ ਨੇ ਗਾਹਕਾਂ ਨੂੰ 'ਬੌਸ ਘੁਟਾਲਿਆਂ' ਤੋਂ ਸਾਵਧਾਨ ਰਹਿਣ ਦੀ ਕੀਤੀ ਅਪੀਲ

**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਸਭ ਤੋਂ ਵੱਡੇ ਨਿੱਜੀ ਖੇਤਰ ਦੇ ਬੈਂਕ, ਐਚ.ਡੀ.ਐਫ.ਸੀ.ਬੈਂਕ ਨੇ ਆਪਣੇ ਗਾਹਕਾਂ ਨੂੰ 'ਬੌਸ ਘੁਟਾਲਿਆਂ' (ਕਾਰੋਬਾਰੀ ਨੇਤਾ/ਸੀਨੀਅਰ ਕੰਪਨੀ ਕਾਰਜਕਾਰੀ ਦਾ ਰੂਪ ਧਾਰਨ ਕਰਨਾ) ਤੋਂ ਸਾਵਧਾਨ ਰਹਿਣ ਦੀ ਸਲਾਹ ਦਿੱਤੀ ਹੈ। ਯੋਜਨਾ ਗਾਹਕਾਂ ਦੀ ਸੁਰੱਖਿਆ ਲਈ ਅਜਿਹੇ ਧੋਖਾਧੜੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਹੈ। 'ਬੌਸ ਘੁਟਾਲਿਆਂ' ਵਿੱਚ, ਧੋਖੇਬਾਜ਼ ਸੋਸ਼ਲ ਮੈਸੇਜਿੰਗ ਐਪਸ 'ਤੇ ਸੀਨੀਅਰ ਨੇਤਾਵਾਂ ਅਤੇ ਭਰੋਸੇਮੰਦ ਸਹਿਯੋਗੀਆਂ ਦਾ ਰੂਪ ਧਾਰਨ ਕਰਦੇ ਹਨ ਤਾਂ ਜੋ ਕਰਮਚਾਰੀਆਂ ਨੂੰ ਭੁਗਤਾਨ ਕਰਨ ਜਾਂ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰਨ ਲਈ ਧੋਖਾ ਦਿੱਤਾ ਜਾ ਸਕੇ।

ਐਚਡੀਐਫਸੀ ਬੈਂਕ ਦੇ ਸੀਨੀਅਰ ਕਾਰਜਕਾਰੀ ਉਪ-ਪ੍ਰਧਾਨ, ਕ੍ਰੈਡਿਟ ਇੰਟੈਲੀਜੈਂਸ ਅਤੇ ਕੰਟਰੋਲ, ਸ਼੍ਰੀ ਮਨੀਸ਼ ਅਗਰਵਾਲ ਨੇ ਇਸ ਧੋਖਾਧੜੀ ਵਿਰੁੱਧ ਚੇਤਾਵਨੀ ਦਿੰਦੇ ਹੋਏ ਕਿਹਾ, ਧੋਖਾਧੜੀ ਕਰਨ ਵਾਲੇ ਸੰਗਠਨਾਂ ਨੂੰ ਧੋਖਾ ਦੇਣ ਲਈ ਬੌਸ ਘੁਟਾਲਿਆਂ ਵਰਗੇ ਤਰੀਕੇ ਵਰਤ ਰਹੇ ਹਨ, ਜਿੱਥੇ ਲੇਖਾ ਵਿਭਾਗ ਦੇ ਕਰਮਚਾਰੀਆਂ (ਅਧਿਕਾਰਤ ਹਸਤਾਖਰ ਕਰਨ ਵਾਲਿਆਂ) ਨੂੰ ਇੱਕ ਸੀਨੀਅਰ ਕਾਰਜਕਾਰੀ ਦੇ ਜਾਅਲੀ ਨਿਰਦੇਸ਼ਾਂ ਦੀ ਆੜ ਵਿੱਚ ਭੁਗਤਾਨ ਕਰਨ ਲਈ ਧੋਖਾ ਦਿੱਤਾ ਜਾਂਦਾ ਹੈ। ਜਾਗਰੂਕਤਾ ਅਜਿਹੇ ਧੋਖਾਧੜੀਆਂ ਵਿਰੁੱਧ ਸਭ ਤੋਂ ਮਜ਼ਬੂਤ ਬਚਾਅ ਹੈ। ਇਹ ਘੁਟਾਲੇ ਸੋਸ਼ਲ ਇੰਜੀਨੀਅਰਿੰਗ, ਮਾਲਵੇਅਰ ਅਤੇ ਸਪੂਫਿੰਗ ਤਕਨੀਕਾਂ ਨੂੰ ਜੋੜਦੇ ਹਨ ਤਾਂ ਜੋ ਕਰਮਚਾਰੀਆਂ ਨੂੰ ਅਧਿਕਾਰ ਤੋਂ ਬਿਨਾਂ ਫੰਡ ਟ੍ਰਾਂਸਫਰ ਕਰਨ ਲਈ ਧੋਖਾ ਦਿੱਤਾ ਜਾ ਸਕੇ। ਸੰਗਠਨਾਂ ਨੂੰ ਸੌਫਟਵੇਅਰ ਸਥਾਪਨਾ, ਕਰਮਚਾਰੀ ਜਾਗਰੂਕਤਾ ਪ੍ਰੋਗਰਾਮਾਂ ਅਤੇ ਲੈਣ-ਦੇਣ ਦੀ ਪ੍ਰਕਿਰਿਆ ਕਰਨ ਤੋਂ ਪਹਿਲਾਂ ਭੁਗਤਾਨ ਬੇਨਤੀਆਂ ਦੀ ਤਸਦੀਕ 'ਤੇ ਸਖ਼ਤ ਨਿਯੰਤਰਣ ਯਕੀਨੀ ਬਣਾਉਣੇ ਚਾਹੀਦੇ ਹਨ। ਅਧਿਕਾਰਤ ਹਸਤਾਖਰ ਕਰਨ ਵਾਲਿਆਂ ਨੂੰ ਸਲਾਹ ਦਿੱਤੀ ਜਾਣੀ ਚਾਹੀਦੀ ਹੈ ਕਿ ਉਹ ਅਜਿਹੇ ਸੁਨੇਹਿਆਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕੀਤੇ ਬਿਨਾਂ ਸਿਰਫ਼ ਟੈਕਸਟ/ਈਮੇਲ ਸੁਨੇਹਿਆਂ ਦੇ ਆਧਾਰ 'ਤੇ ਭੁਗਤਾਨਾਂ ਦੀ ਪ੍ਰਕਿਰਿਆ ਨਾ ਕਰਨ।

ਜੇਕਰ ਅਜਿਹੀ ਧੋਖਾਧੜੀ ਦਾ ਸ਼ਿਕਾਰ ਹੁੰਦਾ ਹੈ, ਤਾਂ ਉਹਨਾਂ ਨੂੰ ਤੁਰੰਤ ਬੈਂਕ ਨੂੰ ਅਣਅਧਿਕਾਰਤ ਲੈਣ-ਦੇਣ ਦੀ ਰਿਪੋਰਟ ਕਰਨੀ ਚਾਹੀਦੀ ਹੈ ਤਾਂ ਜੋ ਭੁਗਤਾਨ ਚੈਨਲ, ਭਾਵ, ਕਾਰਡ/ਯੂਪੀਆਈ/ਨੈੱਟ ਬੈਂਕਿੰਗ, ਨੂੰ ਬਲੌਕ ਕੀਤਾ ਜਾ ਸਕੇ ਅਤੇ ਭਵਿੱਖ ਵਿੱਚ ਹੋਣ ਵਾਲੇ ਨੁਕਸਾਨ ਨੂੰ ਰੋਕਿਆ ਜਾ ਸਕੇ। ਗਾਹਕਾਂ ਨੂੰ ਗ੍ਰਹਿ ਮੰਤਰਾਲੇ ($81) ਦੇ ਹੈਲਪਲਾਈਨ ਨੰਬਰ 1930 'ਤੇ ਕਾਲ ਕਰਕੇ ਅਤੇ https://www.cybercrime.gov.in 'ਤੇ ਰਾਸ਼ਟਰੀ ਸਾਈਬਰ ਕ੍ਰਾਈਮ ਰਿਪੋਰਟਿੰਗ ਪੋਰਟਲ 'ਤੇ ਸ਼ਿਕਾਇਤ ਦਰਜ ਕਰਵਾ ਕੇ ਵੀ ਸ਼ਿਕਾਇਤ ਕਰਨੀ ਚਾਹੀਦੀ ਹੈ।

**ਇਹ ਘੁਟਾਲਾ ਕਿਵੇਂ ਕੰਮ ਕਰਦਾ ਹੈ -**

ਧੋਖੇਬਾਜ਼ ਸੋਸ਼ਲ ਮੀਡੀਆ ਅਤੇ ਮੈਸੇਜਿੰਗ ਪਲੇਟਫਾਰਮਾਂ 'ਤੇ ਈਮੇਲ ਜਾਂ ਸੁਨੇਹੇ ਭੇਜਦੇ ਹਨ, ਆਪਣੇ ਆਪ ਨੂੰ ਰੈਗੂਲੇਟਰ ਜਾਂ ਸੀਨੀਅਰ ਕੰਪਨੀ ਐਗਜ਼ੀਕਿਊਟਿਵ ਜਿਵੇਂ ਕਿ 35® ਅਤੇ 3✓® ਹੋਣ ਦਾ ਦਾਅਵਾ ਕਰਦੇ ਹਨ। ਸੁਨੇਹੇ ਆਮ ਤੌਰ 'ਤੇ ਦਾਅਵਾ ਕਰਦੇ ਹਨ ਕਿ ਸੰਗਠਨ ਨੇ ਕੁਝ ਨਿਯਮਾਂ ਦੀ ਉਲੰਘਣਾ ਕੀਤੀ ਹੈ, ਪ੍ਰਾਪਤਕਰਤਾ 'ਤੇ ਤੁਰੰਤ ਕਾਰਵਾਈ ਕਰਨ ਲਈ ਦਬਾਅ ਪਾਉਂਦੇ ਹਨ। ਧੋਖਾਧੜੀ ਕਰਨ ਵਾਲੇ ਇੱਕ ਜ਼ਿਪ ਫਾਈਲ ਸਾਂਝੀ ਕਰਦੇ ਹਨ ਜਿਸ ਵਿੱਚ ਕਥਿਤ ਤੌਰ 'ਤੇ ਪਾਲਣਾ ਜਾਂ ਸੁਰੱਖਿਆ ਦਸਤਾਵੇਜ਼ ਹੁੰਦੇ ਹਨ। ਜਦੋਂ ਖੋਲ੍ਹਿਆ ਜਾਂਦਾ ਹੈ, ਤਾਂ ਇਹ ਚੁੱਪਚਾਪ ਮਾਲਵੇਅਰ ਸਥਾਪਤ ਕਰਦਾ ਹੈ। ਮਾਲਵੇਅਰ ਕਾਰਜਕਾਰੀ ਦੇ ਡਿਵਾਈਸ (ਲੈਪਟਾਪ/ਮੋਬਾਈਲ) ਨੂੰ ਹੈਕ ਕਰਦਾ ਹੈ, ਜਿਸ ਨਾਲ ਧੋਖਾਧੜੀ ਕਰਨ ਵਾਲਿਆਂ ਨੂੰ ਉਨ੍ਹਾਂ ਦੇ ਅਸਲ ਸੋਸ਼ਲ ਮੀਡੀਆ ਮੈਸੇਜਿੰਗ ਐਪ ਖਾਤੇ ਤੱਕ ਪਹੁੰਚ ਮਿਲਦੀ ਹੈ। ਸਮਝੌਤਾ ਕੀਤੇ ਖਾਤੇ ਦੀ ਵਰਤੋਂ ਕਰਕੇ, ਧੋਖਾਧੜੀ ਕਰਨ ਵਾਲੇ ਵਿੱਤ ਜਾਂ ਅਕਾਊਂਟ ਕਰਮਚਾਰੀਆਂ ਨੂੰ ਸੁਨੇਹੇ ਭੇਜਦੇ ਹਨ, ਉਨ੍ਹਾਂ ਨੂੰ ਤੁਰੰਤ ਵੱਡੀ ਰਕਮ ਟ੍ਰਾਂਸਫਰ ਕਰਨ ਲਈ।

# ਪੰਜਾਬ ਦੀ ਤੀਰਥ ਯਾਤਰਾ ਯੋਜਨਾ ਦਾ ਵਿਸਥਾਰ, 15 ਬੱਸਾਂ ਬਜ਼ੁਰਗਾਂ ਨੂੰ ਲੈ ਕੇ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੇ ਦਰਸ਼ਨਾਂ ਲਈ ਰਵਾਨਾ ਹੋਈਆਂ

## 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸ਼ਿਆਰਪੁਰ ਵਿੱਚ ਬੱਸਾਂ ਨੂੰ ਦਿਖਾਈ ਹਰੀ ਝੰਡੀ

**ਹੁਸ਼ਿਆਰਪੁਰ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੇਵਾ ਤੇ ਸ਼ਰਧਾ ਭਾਵਨਾ ਨੂੰ ਮੁੱਖ ਰੱਖਦਿਆਂ ਭਗਵੰਤ ਸਿੰਘ ਮਾਨ ਸਰਕਾਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਹੈ, ਜਿਸ ਤਹਿਤ ਹੁਣ ਸ਼ਰਧਾਲੂ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ ਜੀ-ਵ੍ਰਿੰਦਾਵਨ ਧਾਮ ਵਰਗੇ ਪਵਿੱਤਰ ਅਸਥਾਨਾਂ ਦੀ ਯਾਤਰਾ ਕਰ ਰਹੇ ਹਨ। ਬੁੱਧਵਾਰ ਨੂੰ ਇਨ੍ਹਾਂ ਅਸਥਾਨਾਂ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ 15 ਬੱਸਾਂ ਨੂੰ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸ਼ਿਆਰਪੁਰ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ, ਜਿਨ੍ਹਾਂ ਨੇ ਬੱਸਾਂ ਦੇ ਅੰਦਰ ਜਾ ਕੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਅਤੇ ਸ਼ਰਧਾਲੂਆਂ ਨਾਲ ਗੱਲਬਾਤ ਕੀਤੀ।



ਇਸ ਯੋਜਨਾ ਤਹਿਤ 50 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਸ਼ਰਧਾਲੂ ਯਾਤਰਾ ਕਰ ਸਕਦੇ ਹਨ, ਜਿਸ ਵਿੱਚ ਇੱਕ ਪਰਿਵਾਰ ਦੇ ਵੱਧ ਤੋਂ ਵੱਧ ਦੋ ਮੈਂਬਰ ਯਾਤਰਾ ਕਰਨ ਦੇ ਯੋਗ ਹਨ, ਜਦਕਿ ਸਰਕਾਰ ਵੱਲੋਂ ਏ.ਸੀ. ਸਲੀਪਰ ਬੱਸ ਯਾਤਰਾ, ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਮੁਫ਼ਤ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਪਹਿਲੇ ਪੜਾਅ ਵਿੱਚ ਹੁਣ ਤੱਕ 4 ਲੱਖ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ-ਨੈਣਾ ਦੇਵੀ ਵਿਖੇ ਨਤਮਸਤਕ ਹੋ ਚੁੱਕੇ ਹਨ। ਸ਼ਰਧਾਲੂਆਂ ਦੀਆਂ ਬੱਸਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ, ਲੋਕਾਂ ਲਈ ਇਹ ਉਨ੍ਹਾਂ ਦੇ ਜੀਵਨ ਵਿੱਚ ਤੀਰਥ ਯਾਤਰਾ 'ਤੇ ਜਾਣ ਦਾ ਇੱਕ ਬਹੁਤ ਵੱਡਾ ਮੌਕਾ ਹੈ। ਅਸੀਂ ਹੁਣੇ ਬੱਸਾਂ ਦੇ ਅੰਦਰ ਵੀ ਗਏ ਸੀ। ਬੱਸਾਂ ਬਹੁਤ ਹੀ ਸ਼ਾਨਦਾਰ, ਆਰਾਮਦਾਇਕ ਅਤੇ ਏ.ਸੀ. ਹਨ। ਲੋਕਾਂ ਨੂੰ ਕੁਝ ਵੀ ਖਰਚ ਕਰਨ ਦੀ ਲੋੜ ਨਹੀਂ ਹੈ। ਭਗਵੰਤ ਮਾਨ ਸਰਕਾਰ ਯਾਤਰਾ, ਰਹਿਣ ਅਤੇ ਖਾਣ-ਪੀਣ ਦਾ ਸਾਰਾ ਖਰਚਾ ਖੁਦ ਉਠਾਏਗੀ। ਸ਼ਰਧਾਲੂਆਂ ਲਈ ਬਹੁਤ ਵਧੀਆ ਹੋਟਲਾਂ ਦੇ ਪ੍ਰਬੰਧ ਕੀਤੇ ਗਏ ਹਨ। ਉੱਥੇ ਪਹੁੰਚਣ ਤੋਂ ਬਾਅਦ ਵੀ ਚੰਗੀਆਂ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ, ਇਸ ਲਈ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਹੈ।

'ਆਪ' ਦੇ ਰਾਸ਼ਟਰੀ ਕਨਵੀਨਰ ਨੇ ਦੱਸਿਆ, ਅੱਜ 15 ਬੱਸਾਂ ਹਰਿਦੁਆਰ-ਰਿਸ਼ੀਕੇਸ਼, ਮਥੁਰਾ ਜੀ-ਵ੍ਰਿੰਦਾਵਨ ਧਾਮ ਅਤੇ ਸਾਲਾਸਰ-ਸ੍ਰੀ ਖਾਟੂ ਸ਼ਿਆਮ ਜਾ ਰਹੀਆਂ ਹਨ। ਅਸੀਂ ਬੱਸਾਂ ਦੇ ਅੰਦਰ ਲੋਕਾਂ ਨਾਲ ਗੱਲ ਕੀਤੀ, ਜਿਨ੍ਹਾਂ ਵਿੱਚੋਂ ਕਈਆਂ ਨੂੰ ਪਹਿਲੀ ਵਾਰ ਸਾਲਾਸਰ ਅਤੇ ਸ੍ਰੀ ਖਾਟੂ ਸ਼ਿਆਮ ਜਾਣ ਦਾ ਮੌਕਾ ਮਿਲ ਰਿਹਾ ਹੈ। ਆਉਣ ਵਾਲੇ ਮਹੀਨਿਆਂ ਵਿੱਚ ਪੰਜਾਬ ਦੇ ਕੁੱਲ 1.5 ਲੱਖ ਲੋਕਾਂ ਨੂੰ ਵੱਖ-ਵੱਖ ਤੀਰਥ ਅਸਥਾਨਾਂ 'ਤੇ ਲਿਜਾਇਆ ਜਾਵੇਗਾ।

ਸ਼ਰਧਾਲੂਆਂ ਦੀ ਯਾਤਰਾ ਲਈ ਕਾਮਨਾ ਕਰਦੇ ਹੋਏ ਅਰਵਿੰਦ ਕੇਜਰੀਵਾਲ ਨੇ ਕਿਹਾ, ਮੈਂ ਸਾਰਿਆਂ ਨੂੰ ਵਧਾਈ ਦਿੰਦਾ ਹਾਂ ਅਤੇ ਸੁਖਦ ਯਾਤਰਾ ਲਈ ਪ੍ਰਾਰਥਨਾ ਕਰਦਾ ਹਾਂ। ਮੈਂ ਪ੍ਰਾਰਥਨਾ ਕਰਦਾ ਹਾਂ ਕਿ ਸ਼ਰਧਾਲੂ ਅਜਿਹੀਆਂ ਅਸੀਸਾਂ ਲੈ ਕੇ ਪਰਤਣ ਜਿਸ ਨਾਲ ਪੰਜਾਬ ਖੁਸ਼ਹਾਲ ਹੋਵੇ, ਪੰਜਾਬ ਦੇ ਲੋਕ ਖੁਸ਼ ਰਹਿਣ, ਅਤੇ ਪੰਜਾਬ ਵਿੱਚ ਖੁਸ਼ੀ ਅਤੇ ਸ਼ਾਂਤੀ ਹੋਵੇ। ਮੈਂ ਸਾਰਿਆਂ ਦੀ ਖੁਸ਼ੀ, ਚੰਗੀ ਸਿਹਤ ਅਤੇ ਇੱਕ ਸਫਲ ਯਾਤਰਾ ਦੀ ਕਾਮਨਾ ਕਰਦਾ ਹਾਂ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸਾਂ ਨੂੰ ਹਰੀ ਝੰਡੀ ਦਿਖਾਉਣ ਮੌਕੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪਵਿੱਤਰ ਮੌਕੇ ਮੈਂ ਹੁਸ਼ਿਆਰਪੁਰ, ਪਠਾਨਕੋਟ, ਮੁਕੇਰੀਆਂ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਆਏ ਸਾਰੇ ਲੋਕਾਂ ਨੂੰ ਦਿਲੋਂ ਵਧਾਈ ਦਿੰਦਾ ਹਾਂ, ਜੋ ਖਾਟੂ ਸ਼ਿਆਮ, ਸਾਲਾਸਰ, ਵ੍ਰਿੰਦਾਵਨ, ਮਥੁਰਾ, ਰਿਸ਼ੀਕੇਸ਼ ਤੇ ਅਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ। ਇਸ ਤੋਂ ਪਹਿਲਾਂ ਵੀ ਦਰਬਾਰ ਸਾਹਿਬ, ਰਾਮ ਤੀਰਥ, ਅੰਮ੍ਰਿਤਸਰ ਸਾਹਿਬ, ਵਾਹਗਾ ਬਾਰਡਰ ਅਤੇ ਫ਼ਤਿਹਗੜ੍ਹ ਸਾਹਿਬ ਵਰਗੇ ਧਾਰਮਿਕ ਅਸਥਾਨਾਂ ਲਈ ਤੀਰਥ ਯਾਤਰਾ ਬੱਸਾਂ ਚੱਲ ਰਹੀਆਂ ਹਨ। ਸਾਰੇ ਧਰਮਾਂ ਦੇ ਧਾਰਮਿਕ ਸਥਾਨ ਇਨਸਾਨੀਅਤ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ।

ਮੁੱਖ ਮੰਤਰੀ ਨੇ ਕਿਹਾ, ਅੱਜ ਹੁਸ਼ਿਆਰਪੁਰ ਤੋਂ ਵ੍ਰਿੰਦਾਵਨ, ਸਾਲਾਸਰ, ਖਾਟੂ ਸ਼ਿਆਮ, ਰਿਸ਼ੀਕੇਸ਼ ਅਤੇ ਮਥੁਰਾ ਲਈ 15 ਬੱਸਾਂ ਜਾ ਰਹੀਆਂ ਹਨ। ਅਸੀਂ ਸ਼ਰਧਾਲੂਆਂ ਨੂੰ ਮਿਲੇ ਅਤੇ ਬੱਸਾਂ ਵਿੱਚ ਬੈਠੇ ਸ਼ਰਧਾਲੂ ਬਹੁਤ ਖੁਸ਼ ਹਨ ਅਤੇ ਪਹਿਲਾਂ ਹੀ ਭਜਨ ਗਾ ਰਹੇ ਹਨ। ਮੈਂ ਅਰਦਾਸ ਕਰਦਾ ਹਾਂ ਕਿ ਉਨ੍ਹਾਂ ਦੀ ਯਾਤਰਾ ਸ਼ੁਭ ਹੋਵੇ, ਉਹ ਖੁਸ਼ੀ-ਖੁਸ਼ੀ, ਗਾਉਂਦੇ ਹੋਏ ਅਤੇ ਅਨੰਦ ਮਾਣਦੇ ਹੋਏ ਜਾਣ ਅਤੇ ਪੰਜਾਬ ਦੀ ਭਲਾਈ ਅਤੇ ਤਰੱਕੀ ਲਈ ਅਰਦਾਸ ਕਰਕੇ ਪਰਤਣ। ਮੈਂ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਦਰਸ਼ਨਾਂ ਲਈ ਜਾਣ ਅਤੇ ਪੰਜਾਬ ਦੀ ਬਿਹਤਰੀ, ਤਰੱਕੀ ਅਤੇ ਚੰਗੀ ਸਿਹਤ ਲਈ ਅਰਦਾਸ, ਦੁਆ ਅਤੇ ਆਰਤੀ ਕਰਕੇ ਪਰਤਣ।

ਉਨ੍ਹਾਂ ਕਿਹਾ, ਸਾਰੇ ਸ਼ਰਧਾਲੂਆਂ ਦੀ ਯਾਤਰਾ ਲਈ ਏਸੀ ਸਲੀਪਰ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਰਹਿਣ ਲਈ ਏ.ਸੀ. ਕਮਰਿਆਂ ਦਾ ਪ੍ਰਬੰਧ ਕੀਤਾ ਜਾਵੇਗਾ। ਪੂਰੀ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਮੁਫ਼ਤ ਖਾਣਾ ਅਤੇ ਦੇਖਭਾਲ ਪ੍ਰਦਾਨ ਕੀਤੀ ਜਾਵੇਗੀ। ਹਰੇਕ ਸ਼ਰਧਾਲੂ ਦਾ ਮੈਡੀਕਲ ਬੀਮਾ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਉਹ ਸੂਚੀਬੱਧ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਕਰਵਾ ਸਕਣ। ਸ਼ਰਧਾਲੂਆਂ ਦੀ ਸਹੂਲਤ ਲਈ ਹਰੇਕ ਬੱਸ ਵਿੱਚ ਇੱਕ ਅਟੈਂਡੈਂਟ ਮੌਜੂਦ ਰਹੇਗਾ ਅਤੇ ਹਰੇਕ ਮੰਜ਼ਿਲ 'ਤੇ ਇੱਕ ਵਿਸ਼ੇਸ਼ ਟੀਮ ਤਾਇਨਾਤ ਕੀਤੀ ਗਈ ਹੈ ਤਾਂ ਜੋ ਦਰਸ਼ਨ ਕਰਨ ਦੀ ਪ੍ਰਕਿਰਿਆ ਸੁਚਾਰੂ ਢੰਗ ਨਾਲ ਹੋ ਸਕੇ।

ਮੁੱਖ ਮੰਤਰੀ ਨੇ ਕਿਹਾ, ਯਾਤਰਾ ਪੂਰੀ ਹੋਣ 'ਤੇ ਸਾਰੇ ਸ਼ਰਧਾਲੂਆਂ ਨੂੰ ਪ੍ਰਸਾਦ ਅਤੇ ਯਾਦਗਾਰ ਵਜੋਂ ਪਿੱਤਲ ਦਾ ਗਿਲਾਸ ਵੀ ਦਿੱਤਾ ਜਾਵੇਗਾ। ਕਿਸੇ ਵੀ ਖੇਤਰ, ਜਾਤ ਜਾਂ ਧਰਮ ਦੇ ਲੋਕ ਇਨ੍ਹਾਂ ਧਾਰਮਿਕ ਯਾਤਰਾਵਾਂ ਦੀ ਸਹੂਲਤ ਦਾ ਲਾਭ ਲੈ ਸਕਦੇ ਹਨ। ਪੰਜਾਬ ਸਰਕਾਰ ਦਾ ਇਹ ਉਪਰਾਲਾ ਉਨ੍ਹਾਂ ਬਜ਼ੁਰਗਾਂ ਦੀਆਂ ਇੱਛਾਵਾਂ ਨੂੰ ਪੂਰਾ ਕਰ ਰਿਹਾ ਹੈ ਜੋ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਕੇ ਆਸ਼ੀਰਵਾਦ ਲੈਣਾ ਚਾਹੁੰਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜ ਜ਼ਿਲ੍ਹਿਆਂ ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਪਠਾਨਕੋਟ ਅਤੇ ਗੁਰਦਾਸਪੁਰ ਦੇ ਸ਼ਰਧਾਲੂਆਂ ਨੂੰ ਲੈ ਕੇ ਕੁੱਲ 15 ਬੱਸਾਂ ਹੁਸ਼ਿਆਰਪੁਰ ਤੋਂ ਵੱਖ-ਵੱਖ ਧਾਰਮਿਕ ਅਸਥਾਨਾਂ ਲਈ ਰਵਾਨਾ ਹੋਈਆਂ ਹਨ। ਹੁਸ਼ਿਆਰਪੁਰ, ਗੁਰਦਾਸਪੁਰ, ਪਠਾਨਕੋਟ, ਜਲੰਧਰ ਅਤੇ ਕਪੂਰਥਲਾ ਤੋਂ 10 ਬੱਸਾਂ ਰਿਸ਼ੀਕੇਸ਼-ਹਰਿਦੁਆਰ ਜਾਣਗੀਆਂ। ਇਸੇ ਤਰ੍ਹਾਂ ਫਗਵਾੜਾ ਅਤੇ ਗੁਰਦਾਸਪੁਰ ਤੋਂ 2 ਬੱਸਾਂ ਸ਼ਰਧਾਲੂਆਂ ਨੂੰ ਮਥੁਰਾ-ਵ੍ਰਿੰਦਾਵਨ ਲੈ ਕੇ ਜਾਣਗੀਆਂ ਜਦਕਿ ਜਲੰਧਰ ਅਤੇ ਗੁਰਦਾਸਪੁਰ ਤੋਂ 3 ਬੱਸਾਂ ਸ਼ਰਧਾਲੂਆਂ ਨੂੰ ਸ੍ਰੀ ਖਾਟੂ ਸ਼ਿਆਮ-ਸਾਲਾਸਰ ਲੈ ਕੇ ਜਾਣਗੀਆਂ।

ਉਨ੍ਹਾਂ ਕਿਹਾ ਯੋਜਨਾ ਦੇ ਪਹਿਲੇ ਪੜਾਅ ਵਿੱਚ ਹੁਣ ਤੱਕ 4 ਲੱਖ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ-ਨੈਣਾ ਦੇਵੀ ਵਿਖੇ ਨਤਮਸਤਕ ਹੋ ਚੁੱਕੇ ਹਨ। ਇਸ ਤੀਰਥ ਯਾਤਰਾ ਲਈ ਵੱਖ-ਵੱਖ ਜ਼ਿਲ੍ਹਿਆਂ ਤੋਂ ਕਲੱਸਟਰ ਬਣਾਏ ਗਏ ਹਨ। ਇਸ ਤੀਰਥ ਯਾਤਰਾ 'ਤੇ ਹੁਣ ਤੱਕ 148 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ ਅਤੇ ਇਨ੍ਹਾਂ ਯਾਤਰਾਵਾਂ 'ਤੇ 10 ਲੱਖ ਸ਼ਰਧਾਲੂਆਂ ਨੂੰ ਲਿਜਾਣ ਦਾ ਟੀਚਾ ਮਿੱਥਿਆ ਗਿਆ ਹੈ। ਇਸ ਵਿਸ਼ੇਸ਼ ਤੀਰਥ ਯਾਤਰਾ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਇੱਕ ਟੈਂਟ ਸਿਟੀ ਵੀ ਸਥਾਪਿਤ ਕੀਤਾ ਗਿਆ ਹੈ ਅਤੇ ਯਾਤਰਾ ਬਹੁਤ ਹੀ ਸੁਚਾਰੂ ਢੰਗ ਨਾਲ ਚੱਲ ਰਹੀ ਹੈ।

ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਅਤੇ ਹੋਰ ਵੀ ਹਾਜ਼ਰ ਸਨ।

# ਰਾਧਾ ਕ੍ਰਿਸ਼ਨ ਪਾਰਕ ਨਜ਼ਦੀਕ ਨਗਰ ਕੌਂਸਲ ਨੇ ਕਰਵਾਈ ਸਫਾਈ ਕੁਝ ਘੰਟਿਆਂ ਬਾਅਦ ਹੀ ਲੋਕਾਂ ਨੇ ਫਿਰ ਸੁੱਟਿਆ ਗੰਦ

**ਮਾਛੀਵਾੜਾ ਸਾਹਿਬ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਬੀਤੇ ਕੱਲ੍ਹ ਹੀ ਨਗਰ ਕੌਂਸਲ ਵੱਲੋਂ ਰਾਧਾ ਕ੍ਰਿਸ਼ਨ ਪਾਰਕ ਨਜ਼ਦੀਕ ਕੂੜੇ ਦੇ ਡੰਪ ਚੁਕਵਾਏ ਗਏ ਸਨ ਪਰ ਅੱਜ ਫਿਰ ਉੱਥੇ ਗੰਦਗੀ ਦੇ ਢੇਰ ਦੇਖ ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸ਼ਹਿਰ ਨੂੰ ਸਾਫ ਸੁੰਦਰ ਤੇ ਸੋਹਣਾ ਬਣਾਉਣ ਲਈ ਉਹ ਨਗਰ ਕੌਂਸਲ ਦਾ ਸਾਥ ਦੇਣ। ਅੱਜ ਜਦੋਂ ਰਾਧਾ ਕ੍ਰਿਸ਼ਨ ਪਾਰਕ ਦੇ ਨੇੜੇ ਅਡਿਆਣਾ ਰੋਡ ਉੱਪਰ ਜਾ ਕੇ ਦੇਖਿਆ ਕਿ ਉਸ ਉਪਰ ਕੂੜੇ ਦੇ ਵੱਡੇ ਡੰਪ ਲੱਗੇ ਹੋਏ ਸਨ, ਪ੍ਰਧਾਨ ਮੋਹਿਤ ਕੁੰਦਰਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸੋਸ਼ਲ ਮੀਡੀਆ ਤੇ ਪਾਈ ਗਈ ਵੀਡੀਓ ਰਾਹੀਂ ਉਹਨਾਂ ਨੂੰ ਇਸ ਗੰਦਗੀ ਦੇ ਢੇਰ ਬਾਰੇ ਪਤਾ ਲੱਗਿਆ ਤਾਂ ਉਹਨਾਂ ਆਪਣੇ ਨਗਰ ਕੌਂਸਲ ਦੇ ਕਰਮਚਾਰੀਆਂ ਨੂੰ ਕਹਿ ਇਥੋਂ ਕੂੜਾ ਚੁੱਕਵਾ ਕੇ ਸਫਾਈ ਕਰਵਾ ਦਿੱਤੀ ਸੀ, ਮਹਿਜ ਕੁਝ ਘੰਟਿਆਂ ਬਾਅਦ ਹੀ ਇਸ ਥਾਂ ਤੇ ਫਿਰ ਤੋਂ ਲੋਕਾਂ ਦੁਆਰਾ ਬੇਥਾਹ ਗੰਦਗੀ ਸੁੱਟਣ ਨਾਲ ਉਹਨਾਂ ਦੇ ਮਨ ਨੂੰ ਭਾਰੀ ਠੇਸ ਲੱਗੀ ਹੈ। ਉਨ੍ਹਾਂ ਨੇ ਕਿਹਾ ਕਿ ਸ਼ਹਿਰ ਅੰਦਰ ਸਫਾਈ ਸੇਵਕਾਂ ਬੜੇ ਹੀ ਤਨਦੇਹੀ ਨਾਲ ਆਪਣੀ ਜਿੰਮੇਵਾਰੀ ਨੂੰ ਨਿਭਾ ਰਹੇ ਹਨ,ਪਰ ਸ਼ਹਿਰ ਦੇ ਕੁਝ ਲੋਕ ਉਹਨਾਂ ਦਾ ਸਾਥ ਨਹੀਂ ਦੇ ਰਹੇ। ਸ਼ਹਿਰ ਦੇ ਲੋਕਾਂ ਨੂੰ ਚਾਹੀਦਾ ਹੈ ਕਿ ਕਿਸੇ ਤਰ੍ਹਾਂ ਦਾ ਵੀ ਕੂੜਾ ਜਿਹੜਾ ਆਪਾਂ ਘਰਾਂ ਦੇ ਅੰਦਰ ਇਕੱਠਾ ਕਰਦੇ ਹਾਂ ਉਹਨਾਂ ਨੂੰ ਘਰਾਂ ਵਿੱਚ ਇਕੱਠਾ ਕਰਕੇ ਜਦੋਂ ਨਗਰ ਕੌਂਸਲ ਦੀ ਗੱਡੀ ਆਉਂਦੀ ਹੈ ਤਾਂ ਉਸ ਕੂੜੇ ਨੂੰ ਗੱਡੀ ਵਿੱਚ ਪਾਇਆ ਜਾਵੇ ਤਾਂ ਕਿ ਥਾਂ ਥਾਂ ਤੇ ਕੂੜੇ ਦੇ ਡੰਪ ਨਾ ਲੱਗ ਸਕਣ। ਉਹਨਾਂ ਨੇ ਕਿਹਾ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣਾ ਇਕੱਲੇ ਨਗਰ ਕੌਂਸਲ ਪ੍ਰਧਾਨ ਦੀ ਡਿਊਟੀ ਨਹੀਂ ਬਣਦੀ ,ਸਾਨੂੰ ਸਾਰਿਆਂ ਨੂੰ ਹੀ ਰਲ ਕੇ ਆਪਣਾ ਆਪਣਾ ਫਰਜ਼ ਪਛਾਨਣਾ ਚਾਹੀਦਾ ਹੈ, ਕਿਉਂਕਿ ਇਹ ਸ਼ਹਿਰ ਇਕੱਲੇ ਪ੍ਰਧਾਨ ਜਾਂ ਨਗਰ ਕੌਂਸਲ ਦਾ ਨਹੀਂ ਸਾਡੇ ਸਮੁੱਚੇ ਸ਼ਹਿਰ ਵਾਸੀਆਂ ਦਾ ਹੈ। ਰਲਮਿਲ ਕੇ ਸ਼ਹਿਰ ਦੀ ਸਫਾਈ ਰੱਖੀਏ ਤਾਂ ਜੋ ਸ਼ਹਿਰ ਸਾਫ ਸੁਥਰਾ ਰਹੇ ਅਤੇ ਵਿਕਾਸ ਤੇ ਤਰੱਕੀ ਵੱਲ ਜਾਵੇ। ਉਨ੍ਹਾਂ ਨੇ ਕਿਹਾ ਕਿ ਅਡਿਆਣਾ ਰੋਡ ਉੱਪਰ ਜਿਹੜੀ ਸੜਕ ਲੰਬੇ ਸਮੇਂ ਤੋਂ ਖਸਤਾ ਹਾਲਤ ਵਿੱਚ ਚੱਲ ਰਹੀ ਹੈ। ਉਸ ਸੜਕ ਨਗਰ ਕੌਂਸਲ ਦੇ ਅਧੀਨ ਨਹੀਂ ਪੈਂਦੀ। ਪੀ.ਡਬਲਯੂ.ਡੀ.ਦੇ ਅਧੀਨ ਆਉਂਦੀ ਹੈ। ਉਹਨਾਂ ਨੇ ਕਿਹਾ ਕਿ ਫਿਰ ਵੀ ਅਸੀਂ ਇਸ ਸੜਕ ਨੂੰ ਕਿਸੇ ਨਾ ਕਿਸੇ ਤਰੀਕੇ ਨਾਲ ਮੁਰੰਮਤ ਕਰਵਾਉਣ ਦੀ ਕੋਸ਼ਿਸ਼ ਕਰਾਂਗੇ।

ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਕਿ ਸ਼ਹਿਰ ਵਾਸੀਆਂ ਤੋਂ ਆਸ ਕਰਾਂਗਾ ਕਿ ਸ਼ਹਿਰ ਦੇ ਨਿਵਾਸੀ ਬਹੁਤ ਹੀ ਸੂਝਵਾਨ ਅਤੇ ਇਮਾਨਦਾਰ ਹਨ।ਉਹ ਨਗਰ ਕੌਂਸਲ ਦੀ ਮੱਦਦ ਕਰਦੇ ਹੋਏ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿੱਚ ਸਾਡੀ ਮੱਦਦ ਕਰਦੇ ਰਹਿਣਗੇ। ਇਸ ਤੋਂ ਇਲਾਵਾ ਉਹਨਾਂ ਨੇ ਰਾਧਾ ਕ੍ਰਿਸ਼ਨ ਪਾਰਕ ਦੀ ਖਸਤਾ ਹਾਲਤ ਨੂੰ ਲੈ ਕੇ ਕਿਹਾ ਕਿ ਇਸਦਾ 24 ਲੱਖ ਦਾ ਟੈਂਡਰ ਲੱਗ ਚੁੱਕਾ ਹੈ ਇਸ ਨੂੰ ਆਧੁਨਿਕ ਪਾਰਕ ਦੇ ਤੌਰ ਤੇ ਵਿਕਸਿਤ ਕੀਤਾ ਜਾਵੇਗਾ। ਉਹਨਾਂ ਨੇ ਕਿਹਾ ਕਿ ਹੁਣ ਤੱਕ ਵੱਡੀ ਗਿਣਤੀ ਵਿੱਚ ਵਿਕਾਸ ਕਾਰਜ ਹੋ ਚੁੱਕੇ ਹਨ ਅਤੇ ਵਿਕਾਸ ਕਾਰਜਾਂ ਦੇ ਟੈਂਡਰ ਵੀ ਲੱਗ ਚੁੱਕੇ ਹਨ ਜੋ ਕਿ ਜਲਦੀ ਤੋਂ ਜਲਦੀ ਉਹਨਾਂ ਦਾ ਵੀ ਕੰਮ ਸ਼ੁਰੂ ਹੋ ਜਾਵੇਗਾ। ਰਾਧਾ ਕ੍ਰਿਸ਼ਨ ਪਾਰਕ ਬਾਰੇ ਉਹਨਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਕਈ ਸਰਕਾਰਾਂ ਬਦਲ ਚੁੱਕੀਆਂ ਕਈ ਨਗਰ ਕੌਂਸਲ ਦੇ ਪ੍ਰਧਾਨ ਵੀ ਬਦਲ ਚੁੱਕੇ ਇਸ ਰਾਧਾ ਕ੍ਰਿਸ਼ਨ ਪਾਰਕ ਦੀ ਕਿਸੇ ਨੇ ਵੀ ਸਾਰ ਨਹੀਂ ਹੈ। ਪਰ ਹੁਣ ਇਸ ਪਾਰਕ ਦੀ ਦਿੱਖ ਨੂੰ ਸੁੰਦਰ ਬਣਾਉਣ ਕੌਂਸਲ ਕਿਸੇ ਤਰ੍ਹਾਂ ਦੀ ਵੀ ਕੋਈ ਕਸਰ ਨਹੀਂ ਛੱਡੇਗੀ।

# ਝਾੜ ਸਾਹਿਬ ਕਾਲਜ ਦਾ ਪੀ.ਜੀ.ਡੀ.ਸੀ.ਏ. ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ

**ਮਾਛੀਵਾੜਾ ਸਾਹਿਬ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਨਾਮਵਾਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਪੀ.ਜੀ.ਡੀ.ਸੀ.ਏ. ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਪੀ.ਜੀ.ਡੀ.ਸੀ.ਏ. ਸਮੈਸਟਰ ਦੂਜਾ ਦੀ ਵਿਦਿਆਰਥਣ ਸੁਖਵੀਰ ਕੌਰ ਸਪੁੱਤਰੀ ਰਣਜੀਤ ਸਿੰਘ ਨੇ 83% ਅੰਕ ਹਾਸਿਲ ਕਰਕੇ ਕਾਲਜ ਵਿੱਚੋ ਪਹਿਲਾ ਸਥਾਨ, ਰਮਨਦੀਪ ਕੌਰ ਸਪੁੱਤਰੀ ਜਗਮੋਹਣ ਸਿੰਘ ਨੇ 82% ਅੰਕ ਹਾਸਿਲ ਕਰਕੇ ਕਲਾਜ ਵਿਚੋ ਦੂਜਾ ਸਥਾਨ ਅਤੇ ਮਨਜੋਤ ਕੌਰ ਸਪੁੱਤਰੀ ਬਲਵਿੰਦਰ ਸਿੰਘ ਨੇ 79.9% ਅੰਕ ਹਾਸਿਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।

ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਪੁਜੀਸ਼ਨਾਂ ਹਾਸਿਲ ਕਰਨ ਵਾਲੀਆਂ ਵਿਦਿਆਰਥਣਾਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਅਧਿਆਪਕ ਮਿਸ ਨਵਨੀਤ ਕੌਰ ਅਤੇ ਮਿਸ ਨਿਸ਼ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ। ਸਾਨੂੰ ਉਮੀਦ ਹੈ ਕਿ ਭਵਿੱਖ ਵਿੱਚ ਵੀ ਸਾਡੀਆਂ ਵਿਦਿਆਰਥਣਾਂ ਇਸੇ ਤਰਾਂ ਦ੍ਰਿੜ ਮਿਹਨਤ ਅਤੇ ਲਗਨ ਸਦਕਾ ਵਧੀਆ ਨਤੀਜਾ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਂ ਰੌਸ਼ਨ ਕਰਨਗੀਆਂ। ਕਾਲਜ ਵਿਖੇ 10+1,10+2 (ਮੈਡੀਕਲ, ਨਾਨ-ਮੈਡੀਕਲ, ਕਾਮਰਸ, ਆਰਟਸ), ਬੀ.ਸੀ.ਏ, ਬੀ.ਕਾਮ, ਬੀ.ਐਸ.ਸੀ.ਐਫ.ਡੀ, ਪੀ.ਜੀ.ਡੀ.ਸੀ.ਏ, ਪੀ.ਜੀ.ਡੀ.ਐਫ.ਡੀ, ਐਮ.ਏ (ਪੰਜਾਬੀ), ਐਮ.ਐਸ.ਸੀ (ਆਈ.ਟੀ) ਕੋਰਸ ਸਫਲਤਾ ਪੂਰਵਕ ਚੱਲ ਰਹੇ ਹਨ ।ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਵੱਲੋਂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਇਸ ਪ੍ਰਾਪਤੀ ਦੀ ਸ਼ਲਾਘਾ ਕੀਤੀ ਗਈ।

# ਸਕੂਲੀ ਵਾਹਨਾਂ ਵਿੱਚ ਨਿਰਧਾਰਤ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਲਗਾਤਾਰ ਚੈਕਿੰਗ



**ਸੁਨਾਮ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਕੂਲੀ ਵਾਹਨਾਂ ਵਿੱਚ ਨਿਰਧਾਰਤ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਅੱਜ ਲੌਂਗੋਵਾਲ ਵਿਖੇ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀ ਪ੍ਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਚੈਕਿੰਗ ਟੀਮ ਵੱਲੋਂ ਸਕੂਲੀ ਵਾਹਨਾਂ ਵਿੱਚ ਬੱਚਿਆਂ ਦੀ ਸੁਰੱਖਿਆ ਨਾਲ ਸਬੰਧਤ ਲਾਜ਼ਮੀ ਪ੍ਰਬੰਧਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ। ਚੈਕਿੰਗ ਦੌਰਾਨ ਵੱਖ-ਵੱਖ ਵਾਹਨਾਂ ਵਿੱਚ ਫਸਟ ਏਡ ਬਾਕਸ ਦੀ ਕਮੀ, ਡਰਾਈਵਰ/ਸਟਾਫ਼ ਵੱਲੋਂ ਨਿਰਧਾਰਤ ਵਰਦੀ ਨਾ ਪਹਿਨਣਾ, ਲੇਡੀ ਅਟੈਂਡੈਂਟ/ਕੰਡਕਟਰ ਦੀ ਗੈਰ-ਮੌਜੂਦਗੀ ਅਤੇ ਅੱਗ ਬੁਝਾਊ ਯੰਤਰ ਦੀ ਕਮੀ ਵਰਗੀਆਂ ਉਲੰਘਣਾਵਾਂ ਸਾਹਮਣੇ ਆਈਆਂ।

ਇਨ੍ਹਾਂ ਵੱਖ-ਵੱਖ ਕਮੀਆਂ ਦੇ ਸਬੰਧ ਵਿੱਚ ਨਿਯਮਾਂ ਅਨੁਸਾਰ ਕਾਰਵਾਈ ਕਰਦਿਆਂ ਕੁੱਲ 6 ਚਲਾਨ ਕੀਤੇ ਗਏ। ਚੈਕਿੰਗ ਟੀਮ ਵੱਲੋਂ ਸਕੂਲ ਪ੍ਰਬੰਧਕਾਂ ਅਤੇ ਵਾਹਨ ਚਾਲਕਾਂ ਨੂੰ ਹਦਾਇਤ ਕੀਤੀ ਗਈ ਕਿ ਸਕੂਲੀ ਵਾਹਨਾਂ ਵਿੱਚ ਬੱਚਿਆਂ ਦੀ ਸੁਰੱਖਿਆ ਲਈ ਨਿਰਧਾਰਤ ਸਾਰੇ ਲਾਜ਼ਮੀ ਪ੍ਰਬੰਧ ਹਰ ਸਮੇਂ ਮੁਕੰਮਲ ਰੱਖੇ ਜਾਣ।

ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀ ਪ੍ਰਦੀਪ ਸਿੰਘ ਗਿੱਲ ਨੇ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਕੂਲੀ ਵਾਹਨਾਂ ਦੀ ਚੈਕਿੰਗ ਦਾ ਮੰਤਵ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਨਾਲ-ਨਾਲ ਬੱਚਿਆਂ ਲਈ ਸੁਰੱਖਿਅਤ ਆਵਾਜਾਈ ਪ੍ਰਬੰਧ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਚੈਕਿੰਗਾਂ ਲਗਾਤਾਰ ਜਾਰੀ ਰਹਿਣਗੀਆਂ ਅਤੇ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਚੈਕਿੰਗ ਟੀਮ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼੍ਰੀਮਤੀ ਨਿਰਮਲ ਕੌਰ, ਪੁਲਿਸ ਵਿਭਾਗ ਤੋਂ ਸ੍ਰ ਨਿਰਭ ਸਿੰਘ ਅਤੇ ਸ੍ਰ ਪਰਮਿੰਦਰ ਸਿੰਘ, ਸਿੱਖਿਆ ਵਿਭਾਗ ਤੋਂ ਸ੍ਰੀਮਤੀ ਬੇਅੰਤ ਕੌਰ ਅਤੇ ਸ੍ਰ ਰੁਪਿੰਦਰ ਸਿੰਘ ਸਮੇਤ ਸਬੰਧਤ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਜਥੇ. ਬੌਂਦਲੀ ਨੂੰ ਪਾਰਟੀ ਵੱਲੋਂ ਸੌਂਪੀ ਵੱਡੀ ਜਿੰਮੇਵਾਰੀ ਨਾਲ ਪਾਰਟੀ ਵਰਕਰਾਂ ਵੱਲੋਂ ਖੁਸ਼ੀ ਦਾ ਇਜ਼ਹਾਰ

**ਮਾਛੀਵਾੜਾ ਸਾਹਿਬ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਬੀਤੇ ਦਿਨੀਂ ਅਕਾਲੀ ਦਲ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਮਰਾਲਾ ਹਲਕੇ ਨੂੰ ਇੱਕ ਵੱਡੀ ਜਿੰਮੇਵਾਰੀ ਨਾਲ ਨਿਵਾਜਦੇ ਹੋਏ ਇੱਥੋਂ ਦੇ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਜ਼ਿਲ੍ਹਾ ਜਥੇਦਾਰ ਜਸਮੇਲ ਸਿੰਘ ਬੌਂਦਲੀ ਦੁਆਰਾ ਪਾਰਟੀ ਪ੍ਰਤੀ ਕੀਤੇ ਕੰਮਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਰਟੀ ਦਾ ਕੌਮੀ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।ਜਿਸ ਸਬੰਧ ਵਿੱਚ ਅੱਜ ਸ਼੍ਰੋਮਣੀ ਅਕਾਲੀ ਦਲ ਹਲਕਾ ਸਮਰਾਲਾ ਦੇ ਯੂਥ ਅਕਾਲੀ ਦਲ ਇੰਚਾਰਜ ਅਤੇ ਜ਼ਿਲ੍ਹਾ ਪਰਿਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ ਨੇ ਸਮਰਾਲਾ ਹਲਕੇ ਦੇ ਸੀਨੀਅਰ ਟਕਸਾਲੀ ਆਗੂ ਜਥੇਦਾਰ ਜਸਮੇਲ ਸਿੰਘ ਨੂੰ ਪਾਰਟੀ ਦੀ ਵੱਡੀ ਜਿੰਮੇਵਾਰੀ ਸੌਂਪਣ ਤੇ ਹਾਈ ਕਮਾਂਡ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਸ ਨਾਲ ਹਲਕਾ ਸਮਰਾਲਾ ਵਿੱਚ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਹੋਰ ਮਜਬੂਤੀ ਮਿਲੇਗੀ।

ਇਸ ਨਿਯੁਕਤੀ ਤੇ ਹਲਕਾ ਸਮਰਾਲਾ ਤੋਂ ਸਮੂਹ ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਖੁਸ਼ੀ ਦਾ ਇਜ਼ਹਾਰ ਕੀਤਾ। ਹਾਈ ਕਮਾਂਡ ਦਾ ਧੰਨਵਾਦ ਪ੍ਰਗਟ ਕਰਦਿਆਂ ਜਥੇਦਾਰ ਜਸਮੇਲ ਸਿੰਘ ਸਿੰਘ ਬੌਂਦਲੀ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਜੋ ਵੱਡੀ ਜਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਆਪਣੇ ਸਮਰਾਲਾ ਹਲਕੇ ਤੋਂ ਇਲਾਵਾ ਆਪਣੇ ਆਲੇ ਦੁਆਲੇ ਦੇ ਹਲਕਿਆਂ ਵਿੱਚ ਜਾ ਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਬਲਾਕ ਪੱਧਰ ਤੱਕ ਕਮੇਟੀਆਂ ਬਣਾਉਣਗੇ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਆਪਣੇ ਨਾਲ ਲੈ ਕੇ ਇੱਕ ਵੱਡਾ ਜਥੇਬੰਦਕ ਢਾਂਚਾ ਖੜ੍ਹਾ ਕਰਨਗੇ ਤਾਂ ਕਿ ਸ਼੍ਰੋਮਣੀ ਅਕਾਲੀ ਦਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੂਰਨ ਬਹੁਮੱਤ ਨਾਲ ਪੰਜਾਬ ਅੰਦਰ ਆਪਣੀ ਸਰਕਾਰ ਬਣਾਏ ਅਤੇ ਪੰਜਾਬ ਦੇ ਰੁਕੇ ਹੋਏ ਵਿਕਾਸ ਨੂੰ ਮੁੜ ਤੋਰ ਸਕੀਏ। ਜਥੇਦਾਰ ਜਸਮੇਲ ਸਿੰਘ ਬੌਂਦਲੀ ਨੂੰ ਵਧਾਈਆਂ ਦੇਣ ਵਾਲਿਆਂ ਵਿੱਚ ਹਰਜਤਿੰਦਰ ਸਿੰਘ ਪਵਾਤ,ਅਮਰੀਕ ਸਿੰਘ ਹੇੜੀਆਂ, ਨਗਿੰਦਰ ਸਿੰਘ ਮਾਂਗਟ, ਪਰਮਜੀਤ ਸਿੰਘ ਗਰੇਵਾਲ, ਪ੍ਰਧਾਨ ਹਰਜਿੰਦਰ ਸਿੰਘ, ਕਰਮਜੀਤ ਸਿੰਘ, ਦਲਵੀਰ ਸਿੰਘ ਕੰਗ ਜਸਪਾਲ ਸਿੰਘ ਜੱਜ, ਸਿਮਰਨਜੀਤ ਸਿੰਘ ਸਮੇਤ ਮਾਛੀਵਾੜਾ ਸਾਹਿਬ ਤੋਂ ਅਕਾਲੀ ਆਗੂ ਤੇ ਵਰਕਰ ਸ਼ਾਮਿਲ ਸਨ।

# ਐਮ.ਆਰ.ਐਸ.ਪੀ.ਟੀ.ਯੂ. ਦੇ ਯੂ.ਬੀ.ਐਸ. ਵੱਲੋਂ ਕੇਸ ਟੀਚਿੰਗ 'ਤੇ ਇੱਕ-ਰੋਜ਼ਾ ਵਰਕਸ਼ਾਪ ਦਾ ਆਯੋਜਨ.

**ਬਠਿੰਡਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.) ਦੇ ਯੂਨੀਵਰਸਿਟੀ ਬਿਜ਼ਨਸ ਸਕੂਲ (ਯੂ.ਬੀ.ਐਸ.) ਵੱਲੋਂ ਫੈਕਲਟੀ ਸਿੱਖਿਆ ਦੇ ਹੁਨਰਾਂ ਨੂੰ ਵਧਾਉਣ ਅਤੇ ਪ੍ਰਬੰਧਨ ਸਿੱਖਿਆ ਵਿੱਚ ਕੇਸ-ਅਧਾਰਤ ਅਨੁਭਵੀ ਸਿਖਲਾਈ ਨੂੰ ਉਤਸ਼ਾਹਿਤ ਕਰਨ ਲਈ ਕੇਸ ਸਟੱਡੀ ਟੀਚਿੰਗ 'ਤੇ ਇੱਕ-ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ. ਐਸ.ਪੀ.ਟੀ.ਯੂ.) ਦੇ ਯੂਨੀਵਰਸਿਟੀ ਬਿਜ਼ਨਸ ਸਕੂਲ (ਯੂ.ਬੀ.ਐਸ.) ਵੱਲੋਂ ਫੈਕਲਟੀ ਸਿੱਖਿਆ ਦੇ ਹੁਨਰਾਂ ਨੂੰ ਵਧਾਉਣ ਅਤੇ ਪ੍ਰਬੰਧਨ ਸਿੱਖਿਆ ਵਿੱਚ ਕੇਸ-ਅਧਾਰਤ ਅਨੁਭਵੀ ਸਿਖਲਾਈ ਨੂੰ ਉਤਸ਼ਾਹਿਤ ਕਰਨ ਲਈ ਕੇਸ ਸਟੱਡੀ ਟੀਚਿੰਗ 'ਤੇ ਇੱਕ-ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਆਈ.ਆਈ.ਐਮ. ਅੰਮ੍ਰਿਤਸਰ ਦੇ ਫੈਕਲਟੀ ਮੈਂਬਰ ਡਾ. ਸਵਪਨਦੀਪ ਅਰੋੜਾ, ਮੁੱਖ ਸਰੋਤ ਵਿਅਕਤੀ ਸਨ। ਉਨ੍ਹਾਂ ਨੇ ਹਾਰਵਰਡ ਬਿਜ਼ਨਸ ਸਕੂਲ ਸਮੇਤ ਪ੍ਰਮੁੱਖ ਵਿਸ਼ਵ ਸੰਸਥਾਵਾਂ ਦੁਆਰਾ ਅਪਣਾਏ ਗਏ ਕੇਸ ਵਿਧੀ ਅਤੇ ਉੱਭਰ ਰਹੇ ਅਭਿਆਸਾਂ ਰਾਹੀਂ ਅਨੁਭਵੀ ਸਿਖਲਾਈ ਬਾਰੇ ਸੂਝ ਸਾਂਝੀ ਕੀਤੀ।

# ਟਰਾਂਸਪੋਰਟ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਅਤੁਲ ਕੁਮਾਰ ਬਣੇ ਮਹਿੰਦਰਗੜ੍ਹ ਜ਼ਿਲ੍ਹੇ ਦੇ ਇੰਚਾਰਜ



**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਟਰਾਂਸਪੋਰਟ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਅਤੁਲ ਕੁਮਾਰ ਨੂੰ ਉਨ੍ਹਾਂ ਦੇ ਮੌਜੂਦਾ ਕਾਰਜਭਾਰ ਤੋਂ ਇਲਾਵਾ ਮਹਿੰਦਰਗੜ੍ਹ ਜ਼ਿਲ੍ਹੇ ਦਾ ਇੰਚਾਰਜ ਨਿਯੁਕਤ ਕੀਤਾ ਹੈ।

ਇਸ ਸਬੰਧ ਵਿੱਚ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ।

ਸੋਧੇ ਹੋਏ ਫੀਡਬੈਕ ਵਿਵਸਥਾ ਤਹਿਤ ਸ੍ਰੀ ਅਤੁਲ ਕੁਮਾਰ ਹਰ ਤਿਮਾਹੀ ਨਿਗਰਾਨੀ ਅਤੇ ਤਾਲਮੇਲ ਸੈਲ ਨੂੰ ਫੀਡਬੈਕ ਦੇਣਗੇ। ਉਹ 25 ਕਰੋੜ ਰੁਪਏ ਜਾਂ ਇਸ ਤੋਂ ਵੱਧ ਲਾਗਤ ਵਾਲੇ ਪ੍ਰੋਜੈਕਟਾਂ, ਜ਼ਿਲ੍ਹੇ ਵਿੱਚ ਅਪਰਾਧ ਦੀ ਸਥਿਤੀ ਅਤੇ ਘਿਣਾਉਣੇ ਅਪਰਾਧਾਂ, ਵਿਜੀਲੈਂਸ ਨਾਲ ਜੁੜੇ ਮਾਮਲਿਆਂ, ਸੇਵਾ ਦਾ ਅਧਿਕਾਰ ਐਕਟ ਤਹਿਤ ਸੇਵਾਵਾਂ ਪ੍ਰਦਾਨ ਕਰਨ ਦੀ ਵਿਵਸਥਾ ਦੀ ਪ੍ਰਭਾਵਸ਼ੀਲਤਾ ਅਤੇ ਸਿਹਤ, ਸਿੱਖਿਆ ਅਤੇ ਸਮਾਜਿਕ ਖੇਤਰਾਂ ਦੇ ਕੰਮਕਾਜ ਦੀ ਸਮੀਖਿਆ ਵੀ ਕਰਨਗੇ।

ਇਸ ਤੋਂ ਇਲਾਵਾ, ਉਹ ਜ਼ਿਲ੍ਹਾ ਆਬਕਾਰੀ ਅਤੇ ਕਰਾਧਾਨ ਅਧਿਕਾਰੀਆਂ ਦੇ ਸਾਹਮਣੇ ਟੈਕਸ, ਜੀ.ਐਸ.ਟੀ. ਅਤੇ ਇਸ ਨਾਲ ਜੁੜੇ ਹੋਰ ਮਾਮਲਿਆਂ ਵਿੱਚ ਆ ਰਹੀਆਂ ਮੁਸ਼ਕਲਾਂ ਦੀ ਵੀ ਸਮੀਖਿਆ ਕਰਨਗੇ। ਉਹ ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ/ਸੁਪਰਡੈਂਟ ਆਫ਼ ਪੁਲਿਸ ਦੀ ਮੌਜੂਦਗੀ ਵਿੱਚ ਵਿਧਾਇਕਾਂ ਅਤੇ ਹੋਰ ਜਨ ਪ੍ਰਤੀਨਿਧੀਆਂ ਨਾਲ ਵੀ ਗੱਲਬਾਤ ਕਰ ਸਕਣਗੇ।

ਇਸ ਦੇ ਨਾਲ ਹੀ ਉਹ ਸਿਹਤ ਜਾਂ ਸਿੱਖਿਆ ਵਿਭਾਗ ਨਾਲ ਸੰਬੰਧਤ ਕਿਸੇ ਮਹੱਤਵਪੂਰਨ ਸਥਾਨ ਦਾ ਦੌਰਾ ਵੀ ਕਰ ਸਕਦੇ ਹਨ।

## ਹਰਿਆਣਾ ਦੀ ਨਵੀਂ ਉਡਾਣ: 15 ਲੱਖ ਐਮ.ਐਸ.ਐਮ.ਈ. ਬਣਨਗੇ ਆਰਥਿਕ ਵਿਕਾਸ ਦੇ ਨਵੇਂ ਇੰਜਣ

# ਮੁੱਖ ਮੰਤਰੀ ਨੇ ਉਦਯੋਗ ਵਿਸਤਾਰ, ਰੁਜ਼ਗਾਰ ਅਤੇ ਨਿਰਯਾਤ ਨੂੰ ਹਰਿਆਣਾ ਦੇ ਅਗਲੇ ਵਿਕਾਸ ਪੜਾਅ ਦੇ ਕੇਂਦਰ ਵਿੱਚ ਰੱਖਿਆ

**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸੱਤਵੇਂ ਦਹਾਕੇ ਵਿੱਚ ਪ੍ਰਵੇਸ਼ ਦੇ ਨਾਲ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਰਾਜ ਦੇ 15 ਲੱਖ ਐਮ.ਐਸ.ਐਮ.ਈ. (ਸੂਖਮ, ਲਘੂ ਅਤੇ ਮੱਧਮ ਉਦਯੋਗਾਂ) ਨੂੰ ਆਰਥਿਕ ਵਿਕਾਸ ਦੇ ਅਗਲੇ ਪੜਾਅ ਦਾ ਪ੍ਰਮੁੱਖ ਆਧਾਰ ਬਣਾਉਣ ਦਾ ਟੀਚਾ ਰੱਖਿਆ ਹੈ। ਸਰਕਾਰ ਨੇ ਇਸ ਲਈ ਹਰਿਆਣਾ ਪ੍ਰਗਤੀਸ਼ੀਲ ਐਮ.ਐਸ.ਐਮ.ਈ. ਅਤੇ ਨਿਰਯਾਤ ਪ੍ਰੋਤਸਾਹਨ ਨੀਤੀ-2026 ਤਹਿਤ ਪੰਜ ਸਾਲ ਦਾ ਰੋਡਮੈਪ ਤਿਆਰ ਕੀਤਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਰਨਾਲ ਵਿੱਚ ਹਰਿਆਣਾ ਪ੍ਰਗਤੀਸ਼ੀਲ ਐਮ.ਐਸ.ਐਮ.ਈ. ਅਤੇ ਨਿਰਯਾਤ ਪ੍ਰੋਤਸਾਹਨ ਨੀਤੀ-2026 ਨੀਤੀ ਨੂੰ ਲਾਂਚ ਕੀਤਾ। ਇਸ ਦਾ ਟੀਚਾ 55,000 ਕਰੋੜ ਰੁਪਏ ਤੋਂ ਵੱਧ ਦਾ ਨਿਰਮਾਣ ਨਿਵੇਸ਼ ਆਕਰਸ਼ਿਤ ਕਰਨਾ, 5 ਲੱਖ ਤੋਂ ਵੱਧ ਨਵੇਂ ਰੁਜ਼ਗਾਰ ਪੈਦਾ ਕਰਨਾ ਅਤੇ ਸਾਲ 2031 ਤੱਕ ਹਰਿਆਣਾ ਦੇ ਨਿਰਯਾਤ ਨੂੰ ਦੁੱਗਣਾ ਕਰਨਾ ਹੈ।



ਨੀਤੀ ਵਿੱਚ ਵਿੱਤ, ਉਦਯੋਗਿਕ ਢਾਂਚਾ, ਤਕਨੀਕ, ਨਵਾਚਾਰ, ਨਿਰਯਾਤ, ਸਥਿਰਤਾ ਅਤੇ ਹੁਨਰ ਵਿਕਾਸ ਸਮੇਤ 60 ਮਹੱਤਵਪੂਰਨ ਪਹਿਲਾਂ ਸ਼ਾਮਲ ਕੀਤੀਆਂ ਗਈਆਂ ਹਨ। ਸਰਕਾਰ ਦਾ ਜ਼ੋਰ ਕੇਵਲ ਨਵੇਂ ਉਦਯੋਗ ਲਗਾਉਣ 'ਤੇ ਨਹੀਂ, ਸਗੋਂ ਪਹਿਲਾਂ ਤੋਂ ਚੱਲ ਰਹੇ ਉਦਯੋਗਾਂ ਨੂੰ ਵਧਾਉਣ, ਆਧੁਨਿਕ ਬਣਾਉਣ ਅਤੇ ਦੇਸ਼-ਵਿਦੇਸ਼ ਦੇ ਬਾਜ਼ਾਰਾਂ ਵਿੱਚ ਪ੍ਰਤੀਯੋਗੀ ਬਣਾਉਣ 'ਤੇ ਵੀ ਹੈ।

ਨੀਤੀ ਤਹਿਤ ਸਮਰਪਿਤ ਐਮ.ਐਸ.ਐਮ.ਈ. ਡਾਇਰੈਕਟੋਰੇਟ ਸਥਾਪਿਤ ਕੀਤਾ ਜਾਵੇਗਾ। ਇਸ ਦਾ ਉਦੇਸ਼ ਰਾਜ ਦੇ ਵਿਸ਼ਾਲ ਐਮ.ਐਸ.ਐਮ.ਈ. ਖੇਤਰ ਨੂੰ ਇੱਕ ਜਗ੍ਹਾ ਤੋਂ ਸੰਸਥਾਗਤ ਸਹਾਇਤਾ ਦੇਣਾ ਅਤੇ ਉਦਯੋਗਾਂ ਦੇ ਵਿਕਾਸ ਲਈ ਮਜ਼ਬੂਤ ਵਿਵਸਥਾ ਤਿਆਰ ਕਰਨਾ ਹੈ। ਇਹ ਡਾਇਰੈਕਟੋਰੇਟ ਨਿਵੇਸ਼, ਨਵੀਂ ਤਕਨੀਕ ਅਪਣਾਉਣ, ਵਿੱਤ ਤੱਕ ਪਹੁੰਚ, ਬੁਨਿਆਦੀ ਢਾਂਚੇ ਅਤੇ ਬਾਜ਼ਾਰ ਉਪਲਬਧ ਕਰਾਉਣ ਵਿੱਚ ਐਮ.ਐਸ.ਐਮ.ਈ. ਦੀ ਮਦਦ ਕਰੇਗਾ।

ਨਵੀਂ ਨੀਤੀ ਦਾ ਫੋਕਸ ਕੇਵਲ ਨਵੇਂ ਉਦਯੋਗ ਸ਼ੁਰੂ ਕਰਵਾਉਣ ਤੱਕ ਸੀਮਤ ਨਹੀਂ ਹੈ। ਮੌਜੂਦਾ ਉਦਯੋਗਾਂ ਦੇ ਵਿਸਤਾਰ, ਆਧੁਨਿਕੀਕਰਨ ਅਤੇ ਮੁੱਲ ਲੜੀ ਵਿੱਚ ਉੱਪਰ ਉੱਠਣ ਲਈ ਵੀ ਸਹਾਇਤਾ ਦਿੱਤੀ ਜਾਵੇਗੀ। ਹਰਿਆਣਾ ਉਦਯੋਗ ਵਿਕਾਸ ਮਿਸ਼ਨ ਤਹਿਤ ਤਰਜੀਹੀ ਖੇਤਰਾਂ ਵਿੱਚ ਐਮ.ਐਸ.ਐਮ.ਈ. ਨੂੰ ਪੂੰਜੀ ਨਿਵੇਸ਼ ਸਬਸਿਡੀ, ਵਿਆਜ ਸਬਸਿਡੀ, ਸਟੈਂਪ ਡਿਊਟੀ ਦੀ ਰਿਫੰਡ, ਰੁਜ਼ਗਾਰ ਸਿਰਜਣ ਸਹਾਇਤਾ, ਬੀਮਾ ਸਹਾਇਤਾ ਅਤੇ ਟੈਸਟਿੰਗ, ਸਵੈਚਾਲਨ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਖੋਜ ਅਤੇ ਵਿਕਾਸ ਲਈ ਪ੍ਰੋਤਸਾਹਨ ਦਿੱਤਾ ਜਾਵੇਗਾ। ਵਿੱਤ ਤੱਕ ਪਹੁੰਚ ਆਸਾਨ ਬਣਾਉਣ ਅਤੇ ਬਿਨਾਂ ਜ਼ਮਾਨਤ ਕਰਜ਼ੇ ਨੂੰ ਹੁਲਾਰਾ ਦੇਣ ਲਈ ਰਾਜ ਵੈਂਚਰ ਕੈਪੀਟਲ ਫੰਡ ਅਤੇ ਸੈਕਟੋਰਲ ਕ੍ਰੈਡਿਟ ਗਰੰਟੀ ਫੰਡ ਵੀ ਪ੍ਰਸਾਵਿਤ ਕੀਤੇ ਗਏ ਹਨ।

ਹਰਿਆਣਾ ਦੇ ਸੱਤਵੇਂ ਦਹਾਕੇ ਵਿੱਚ ਪ੍ਰਵੇਸ਼ ਦੇ ਨਾਲ ਸ਼ੁਰੂ ਕੀਤਾ ਗਿਆ ਇਹ 60 ਪਹਿਲਾਂ ਵਾਲਾ ਪੰਜ ਸਾਲਾ ਰੋਡਮੈਪ ਰਾਜ ਵਿੱਚ ??ਸ਼ਵਿਕ ਪੱਧਰ 'ਤੇ ਪ੍ਰਤੀਯੋਗੀ ਉਦਯੋਗਾਂ ਦੀ ਨਵੀਂ ਪੀੜ੍ਹੀ ਤਿਆਰ ਕਰਨ ਦੀ ਦਿਸ਼ਾ ਵਿੱਚ ਵੱਡਾ ਕਦਮ ਹੈ। ਸਰਕਾਰ ਦਾ ਟੀਚਾ ਅਗਲੇ ਪੰਜ ਸਾਲਾਂ ਵਿੱਚ 55,000 ਕਰੋੜ ਰੁਪਏ ਤੋਂ ਵੱਧ ਦਾ ਨਿਰਮਾਣ ਨਿਵੇਸ਼, 5 ਲੱਖ ਤੋਂ ਵੱਧ ਨਵੇਂ ਰੁਜ਼ਗਾਰ ਅਤੇ 2031 ਤੱਕ ਨਿਰਯਾਤ ਨੂੰ ਦੁੱਗਣਾ ਕਰਨਾ ਹੈ। ਇਸ ਦੇ ਮਾਧਿਅਮ ਨਾਲ ਹਰਿਆਣਾ ਨੂੰ ਇੱਕ ਮਜ਼ਬੂਤ ਨਿਰਮਾਣ ਅਤੇ ਨਿਰਯਾਤ ਕੇਂਦਰ ਵਜੋਂ ਵਿਕਸਤ ਕਰਨ ਅਤੇ ਵਿਕਸਤ ਭਾਰਤ-2047 ਦੇ ਰਾਸ਼ਟਰੀ ਟੀਚੇ ਵਿੱਚ ਰਾਜ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨ ਦਾ ਯਤਨ ਕੀਤਾ ਜਾਵੇਗਾ।

ਨੀਤੀ ਤਹਿਤ ਵੱਡੇ ਕਲੱਸਟਰ, ਪਲੱਗ ਐਂਡ ਪਲੇ ਉਦਯੋਗਿਕ ਏਸਟੇਟ ਅਤੇ ਕਾਮਨ ਫੈਸਿਲਿਟੀ ਸੈਂਟਰ ਵਿਕਸਤ ਕੀਤੇ ਜਾਣਗੇ। ਸਿੰਗਲ ਵਿੰਡੋ ਸਿਸਟਮ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤਾਂ ਜੋ ਉਦਯੋਗ ਲਗਾਉਣ ਵਿੱਚ ਲੱਗਣ ਵਾਲਾ ਸਮਾਂ, ਲਾਗਤ ਅਤੇ ਸਰਕਾਰੀ ਪ੍ਰਕਿਰਿਆਵਾਂ ਦੀ ਗੁੰਝਲਤਾ ਘੱਟ ਹੋਵੇ। ਇਸ ਦੇ ਨਾਲ ਐਮ.ਐਸ.ਐਮ.ਈ. ਰਾਈਟ ਟੂ ਬਿਜ਼ਨਸ ਫਰੇਮਵਰਕ ਲਾਗੂ ਕੀਤਾ ਜਾਵੇਗਾ। ਇਸ ਦਾ ਉਦੇਸ਼ ਕਾਰੋਬਾਰ ਸ਼ੁਰੂ ਕਰਨ ਅਤੇ ਚਲਾਉਣ ਦੀ ਪ੍ਰਕਿਰਿਆ ਨੂੰ ਹੋਰ ਸਰਲ ਬਣਾਉਣਾ ਹੈ।

ਹਰਿਆਣਾ ਦੇ ਉਦਯੋਗਾਂ ਨੂੰ ਭਵਿੱਖ ਦੀਆਂ ਲੋੜਾਂ ਲਈ ਤਿਆਰ ਕਰਨ ਲਈ ਸਵੈਚਾਲਨ, ਇੰਡਸਟਰੀ 4.0, ਏ.ਆਈ., ਉੱਨਤ ਨਿਰਮਾਣ, ਗੁਣਵੱਤਾ ਪ੍ਰਮਾਣੀਕਰਣ ਅਤੇ ਖੋਜ ਅਤੇ ਵਿਕਾਸ ਨੂੰ ਹੁਲਾਰਾ ਦਿੱਤਾ ਜਾਵੇਗਾ। ਇਸ ਲਈ ਨਵੇਂ ਉੱਤਮਤਾ ਕੇਂਦਰ ਬਣਾਏ ਜਾਣਗੇ ਅਤੇ ਉਦਯੋਗ ਅਤੇ ਸਿੱਖਿਆ ਸੰਸਥਾਵਾਂ ਵਿਚਕਾਰ ਮਜ਼ਬੂਤ ਭਾਈਵਾਲੀ ਵਿਕਸਤ ਕੀਤੀ ਜਾਵੇਗੀ। ਭਾਰਤ ਸਰਕਾਰ ਦੇ ਰਾਮਪ ਪ੍ਰੋਗਰਾਮ ਨਾਲ ਵੀ ਬਿਹਤਰ ਤਾਲਮੇਲ ਕੀਤਾ ਜਾਵੇਗਾ।

ਨਵੀਂ ਨੀਤੀ ਦਾ ਇੱਕ ਵੱਡਾ ਟੀਚਾ ਹਰਿਆਣਾ ਦੇ ਐਮ.ਐਸ.ਐਮ.ਈ. ਨੂੰ ਸਥਾਨਕ ਬਾਜ਼ਾਰ ਤੋਂ ਕੱਢ ਕੇ ??ਸ਼ਵਿਕ ਮੁੱਲ ਲੜੀਆਂ ਨਾਲ ਜੋੜਨਾ ਹੈ। ਇਸ ਲਈ ਅੰਤਰਰਾਸ਼ਟਰੀ ਗੁਣਵੱਤਾ ਪ੍ਰਮਾਣੀਕਰਣ, ਨਿਰਯਾਤ ਕਰਜ਼ਾ ਅਤੇ ਬੀਮਾ, ਮਾਲ ਢੁਆਈ ਸਹਾਇਤਾ, ਈ-ਕਾਮਰਸ ਰਜਿਸਟ੍ਰੇਸ਼ਨ ਅਤੇ ਅੰਤਰਰਾਸ਼ਟਰੀ ਵਪਾਰ ਮੇਲਿਆਂ ਵਿੱਚ ਭਾਗੀਦਾਰੀ ਲਈ ਸਹਾਇਤਾ ਦਿੱਤੀ ਜਾਵੇਗੀ। ਮੁੱਖ ਮੰਤਰੀ ਪ੍ਰਹਿਲਾ ਨਿਰਯਾਤਕ ਪ੍ਰੋਤਸਾਹਨ ਯੋਜਨਾ ਤਹਿਤ ਪਹਿ?? ਵਾਰ ਨਿਰਯਾਤ ਕਰਨ ਵਾਲੇ ਉਦਯੋਗਪਤੀਆਂ ਨੂੰ ਉਨ੍ਹਾਂ ਦੇ ਪਹਿਲੇ ਅੰਤਰਰਾਸ਼ਟਰੀ ਖਰੀਦਦਾਰ ਨੂੰ ਸੁਰੱਖਿਅਤ ਕਰਨ ਦੀ ਲਾਗਤ ਵਿੱਚ ਸਹਾਇਤਾ ਦਿੱਤੀ ਜਾਵੇਗੀ।

ਹਰਿਆਣਾ ਨਿਰਯਾਤ ਕੇਂਦਰ ਨਿਰਯਾਤ ਦਸਤਾਵੇਜ਼ੀਕਰਨ, ਨਿਯਮਾਂ ਦੀ ਪਾਲਣਾ, ਲੌਜਿਸਟਿਕਸ, ਬਾਜ਼ਾਰ ਦੀ ਜਾਣਕਾਰੀ ਅਤੇ ਵਿਦੇਸ਼ੀ ਖਰੀਦਦਾਰਾਂ ਨਾਲ ਸੰਪਰਕ ਲਈ ਇੱਕੋ ਮੰਚ ਵਜੋਂ ਕੰਮ ਕਰੇਗਾ। ਉੱਥੇ ਹੀ ਉਡਾਣ ਦੁਆਰ ਦੇ ਮਾਧਿਅਮ ਨਾਲ ਨਿਰਯਾਤ ਲਈ ਕਾਰੋਬਾਰੀ ਸੰਪਰਕ, ਤਕਨੀਕੀ ਭਾਈਵਾਲੀ, ਅੰਤਰਰਾਸ਼ਟਰੀ ਸਾਂਝੇ ਉੱਦਮ ਅਤੇ ਨਿਵੇਸ਼ਕਾਂ ਨਾਲ ਜੁੜਨ ਦੀ ਪ੍ਰਕਿਰਿਆ ਆਸਾਨ ਕੀਤੀ ਜਾਵੇਗੀ। ਰਿਵਰਸ ਬਾਇਅਰ-ਸੈਲਰ ਮੀਟ, ਅੰਤਰਰਾਸ਼ਟਰੀ ਰੋਡ ਸ਼ੋਅ, ਡਿਜੀਟਲ ਐਮ.ਐਸ.ਐਮ.ਈ. ਪਵੇਲੀਅਨ ਅਤੇ ਵਿਕਰੇਤਾ ਵਿਕਾਸ ਪ੍ਰੋਗਰਾਮਾਂ ਦੇ ਮਾਧਿਅਮ ਨਾਲ ਹਰਿਆਣਾ ਦੇ ਉੱਦਮਾਂ ਨੂੰ ਘਰੇਲੂ ਅਤੇ ??ਸ਼ਵਿਕ ਮੁੱਲ ਲੜੀਆਂ ਨਾਲ ਜੋੜਿਆ ਜਾਵੇਗਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਉਦਯੋਗਾਂ ਨੂੰ ਸਰਕਾਰੀ ਯੋਜਨਾਵਾਂ ਅਤੇ ਪ੍ਰੋਤਸਾਹਨਾਂ ਦੀ ਜਾਣਕਾਰੀ ਆਸਾਨੀ ਨਾਲ ਉਪਲਬਧ ਕਰਾਉਣ ਲਈ ਏ.ਆਈ. ਆਧਾਰਿਤ ਬਹੁਭਾਸ਼ੀ 'ਹਰਿਆਣਾ ਉਦਯੋਗ ਸਾਥੀ' ਵੀ ਲਾਂਚ ਕੀਤਾ ਹੈ।

# ਪੰਡਿਤ ਆਰਚੀ ਭੱਟਾਚਾਰੀਆ ਦੀ ਸੁਰਮਈ ਪੇਸ਼ਕਾਰੀ ਨੇ ਸੰਗੀਤ ਪ੍ਰੇਮੀਆਂ ਦਾ ਦਿਲ ਜਿੱਤਿਆ

**ਚੰਡੀਗੜ੍ਹ, 17 ਅਗਸਤ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਸ਼ਾਸਤਰੀ ਸੰਗੀਤ ਦੀ ਅਮੀਰ ਪਰੰਪਰਾ ਨੂੰ ਸਮਰਪਿਤ ਪ੍ਰਾਚੀਨ ਕਲਾ ਕੇਂਦਰ, ਚੰਡੀਗੜ੍ਹ ਦੀ 322ਵੀਂ ਮਾਸਿਕ ਸੰਗੀਤ ਸਭਾ ਮੰਗਲਵਾਰ ਨੂੰ ਸੈਕਟਰ-35 ਬੀ ਸਥਿਤ ਐਮ. ਐਲ. ਕੌਸਰ ਸਭਾਗਾਰ ਵਿੱਚ ਸੁਰਾਂ ਅਤੇ ਸੰਗੀਤ ਦੀ ਮਨਮੋਹਕ ਛਟਾ ਬਿਖੇਰਦੀ ਹੋਈ ਸੰਪੰਨ ਹੋਈ।

ਨੌਜਵਾਨ ਅਤੇ ਪ੍ਰਤਿਭਾਸ਼ਾਲੀ ਸ਼ਾਸਤਰੀ ਗਾਇਕਾ ਆਰਚੀ ਭੱਟਾਚਾਰੀਆ ਨੇ ਆਪਣੀ ਪੱਕੀ, ਭਾਵਪੂਰਨ ਅਤੇ ਪ੍ਰਭਾਵਸ਼ਾਲੀ ਗਾਇਕੀ ਨਾਲ ਸੰਗੀਤ ਪ੍ਰੇਮੀਆਂ ਨੂੰ ਮੰਤਰਮੁਗਧ ਕਰ ਦਿੱਤਾ। ਉਨ੍ਹਾਂ ਦੀ ਪੇਸ਼ਕਾਰੀ ਵਿੱਚ ਸੁਰਾਂ ਦੀ ਸ਼ੁੱਧਤਾ, ਰਾਗਦਾਰੀ ਦੀ ਗਹਿਰਾਈ, ਲੈਅ ਉੱਤੇ ਪਕੜ ਅਤੇ ਭਾਵਾਂ ਦੀ ਸੁੰਦਰ ਅਭਿਵਿਅਕਤੀ ਦਾ ਸ਼ਾਨਦਾਰ ਸੰਤੁਲਨ ਦੇਖਣ ਨੂੰ ਮਿਲਿਆ।

ਕਾਰਜਕ੍ਰਮ ਦੀ ਸ਼ੁਰੂਆਤ ਰਾਗ ਮੀਆਂ ਕੀ ਮਲ੍ਹਾਰ ਨਾਲ ਹੋਈ। ਆਰਚੀ ਨੇ ਵਿਲੰਬਿਤ ਇਕਤਾਲ ਵਿੱਚ ਬੱਧ ਬੰਦਿਸ਼ ਕਰੀਮ ਨਾਮ ਤੇਰੋ ਪੇਸ਼ ਕਰਕੇ ਆਪਣੀ ਸਧੀ ਹੋਈ ਗਾਇਕੀ ਦਾ ਪਰਿਚੈ ਦਿੱਤਾ। ਉਨ੍ਹਾਂ ਦੇ ਆਲਾਪ, ਸੁਰਾਂ ਦੇ ਵਿਸਥਾਰ ਅਤੇ ਰਾਗ ਦੀ ਗੰਭੀਰਤਾ ਨੇ ਸਭਾਗਾਰ ਵਿੱਚ ਅਜਿਹਾ ਸੁਰਮਈ ਮਾਹੌਲ ਪੈਦਾ ਕੀਤਾ ਕਿ ਸਰੋਤੇ ਪੂਰੀ ਤਰ੍ਹਾਂ ਸੰਗੀਤ ਵਿੱਚ ਡੁੱਬ ਗਏ। ਇਸ ਤੋਂ ਬਾਅਦ ਮੱਧ ਲੈਅ ਇਕਤਾਲ ਵਿੱਚ ਪੇਸ਼ ਕੀਤੀ ਉਮੜ ਘੁਮੜ ਰਚਨਾ ਨੇ ਵਰਖਾ ਰੁੱਤ ਦੀਆਂ ਭਾਵਨਾਵਾਂ ਨੂੰ ਸੁਰਾਂ ਰਾਹੀਂ ਬਹੁਤ ਸੁੰਦਰ ਢੰਗ ਨਾਲ ਪੇਸ਼ ਕੀਤਾ।

ਦ੍ਰੁਤ ਤੀਨਤਾਲ ਵਿੱਚ ਬੋਲੇ ਰੇ ਪਪੀਹਰਾ ਦੀ ਪੇਸ਼ਕਾਰੀ ਨੇ ਕਾਰਜਕ੍ਰਮ ਵਿੱਚ ਵਿਸ਼ੇਸ਼ ਜੋਸ਼ ਭਰ ਦਿੱਤਾ। ਆਰਚੀ ਦੀਆਂ ਪ੍ਰਭਾਵਸ਼ਾਲੀ ਤਾਨਾਂ, ਲੈਅਕਾਰੀ ਅਤੇ ਸੁਰਾਂ ਦੀ ਸੁਭਾਵਿਕ ਉਡਾਣ ਨੇ ਸਰੋਤਿਆਂ ਨੂੰ ਬਹੁਤ ਪ੍ਰਭਾਵਿਤ ਕੀਤਾ। ਪੇਸ਼ਕਾਰੀ ਤੋਂ ਬਾਅਦ ਸਭਾਗਾਰ ਤਾਲੀਆਂ ਦੀ ਗੂੰਜ ਨਾਲ ਭਰ ਗਿਆ।

ਆਰਚੀ ਨੇ ਆਪਣੇ ਦਾਦਾ-ਗੁਰੂ ਪੰਡਿਤ ਮਾਨਸ ਚਕਰਵਰਤੀ ਵੱਲੋਂ ਰਚੇ ਰਾਗ ਮੇਘ ਵਿੱਚ ਮੱਧ ਲੈਅ ਝਪਤਾਲ ਦੀ ਬੰਦਿਸ਼ ਪ੍ਰਬਲ ਦਲ ਬਦਲ ਵੀ ਪੇਸ਼ ਕੀਤੀ। ਇਸ ਰਚਨਾ ਵਿੱਚ ਉਨ੍ਹਾਂ ਦੀ ਰਾਗਦਾਰੀ ਉੱਤੇ ਡੂੰਘੀ ਪਕੜ, ਸੁਰ ਸਾਧਨਾ ਅਤੇ ਭਾਵਪੂਰਨ ਗਾਇਕੀ ਸਪੱਸ਼ਟ ਤੌਰ 'ਤੇ ਨਜ਼ਰ ਆਈ। ਉਨ੍ਹਾਂ ਦੀ ਗਾਇਕੀ ਵਿੱਚ ਗੁਰੂ-ਪਰੰਪਰਾ ਦੇ ਸੰਸਕਾਰ ਅਤੇ ਲੰਬੀ ਸਾਧਨਾ ਦੀ ਝਲਕ ਦਿਖਾਈ ਦਿੱਤੀ, ਜਿਸ ਦੀ



ਹਾਜ਼ਰ ਕਲਾ-ਰਸਿਕਾਂ ਨੇ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ।

ਸੰਗੀਤਕ ਸ਼ਾਮ ਦੇ ਅੰਤ ਵਿੱਚ ਆਰਚੀ ਨੇ ਰਾਗ ਭੈਰਵੀ ਵਿੱਚ ਪੇਸ਼ ਕੀਤੀ ਮਨਮੋਹਕ ਕਜਰੀ ਨਾਲ ਸਰੋਤਿਆਂ ਨੂੰ ਮੋਹ ਲਿਆ। ਉਨ੍ਹਾਂ ਦੀ ਮਿੱਠੀ ਆਵਾਜ਼ ਅਤੇ ਭਾਵਪੂਰਨ ਗਾਇਕੀ ਨੇ ਪੂਰੇ ਮਾਹੌਲ ਨੂੰ ਮਧੁਰਤਾ ਨਾਲ ਭਰ ਦਿੱਤਾ। ਇਸ ਸੁੰਦਰ ਪੇਸ਼ਕਾਰੀ ਨਾਲ ਕਾਰਜਕ੍ਰਮ ਦਾ ਸਮਾਪਨ ਬਹੁਤ ਹੀ ਸੁਰੀਲੇ ਅਤੇ ਯਾਦਗਾਰ ਢੰਗ ਨਾਲ ਹੋਇਆ।

ਆਰਚੀ ਭੱਟਾਚਾਰੀਆ ਦੀ ਗਾਇਨ ਪੇਸ਼ਕਾਰੀ ਵਿੱਚ ਕੋਲਕਾਤਾ ਦੇ ਪ੍ਰਤਿਭਾਸ਼ਾਲੀ ਤਬਲਾ ਵਾਦਕ ਰੂਪਕ ਮਿੱਤਰਾ ਨੇ ਤਬਲੇ 'ਤੇ ਅਤੇ ਪਾਣੀਪਤ ਤੋਂ ਪੰਡਿਤ ਦਿਨਕਰ ਸ਼ਰਮਾ ਨੇ ਹਾਰਮੋਨੀਅਮ 'ਤੇ ਪ੍ਰਭਾਵਸ਼ਾਲੀ ਸੰਗਤ ਕੀਤੀ। ਦੋਵਾਂ ਕਲਾਕਾਰਾਂ ਦੀ ਸਧੀ ਹੋਈ ਲੈਅਕਾਰੀ ਅਤੇ ਸੰਵੇਦਨਸ਼ੀਲ ਸੰਗਤ ਨੇ ਮੁੱਖ ਗਾਇਕੀ ਨੂੰ ਹੋਰ ਵੀ ਨਿਖਾਰਿਆ ਅਤੇ ਪੇਸ਼ਕਾਰੀ ਦੀ ਸੰਗੀਤਕ ਗੰਭੀਰਤਾ ਨੂੰ ਵਧਾਇਆ।

ਕਾਰਜਕ੍ਰਮ ਵਿੱਚ ਸ਼ਹਿਰ ਦੇ ਵੱਡੀ ਗਿਣਤੀ ਵਿੱਚ ਸੰਗੀਤ ਪ੍ਰੇਮੀ, ਕਲਾ-ਰਸਿਕ ਅਤੇ ਹੋਰ ਪਤਵੰਤੇ ਮਹਿਮਾਨ ਹਾਜ਼ਰ ਸਨ। ਸਰੋਤਿਆਂ ਨੇ ਆਰਚੀ ਭੱਟਾਚਾਰੀਆ ਦੀ ਗਾਇਕੀ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਅਤੇ ਇਸ ਨੂੰ ਸ਼ਾਸਤਰੀ ਸੰਗੀਤ ਦੀ ਪਰੰਪਰਾ ਅਤੇ ਨੌਜਵਾਨ ਪ੍ਰਤਿਭਾ ਦਾ ਸੁੰਦਰ ਮੇਲ ਦੱਸਿਆ।

ਕਾਰਜਕ੍ਰਮ ਦੇ ਅੰਤ ਵਿੱਚ ਪ੍ਰਾਚੀਨ ਕਲਾ ਕੇਂਦਰ ਦੀ ਰਜਿਸਟਰਾਰ ਡਾ. ਸ਼ੋਭਾ ਕੌਸਰ ਅਤੇ ਸਕੱਤਰ ਸ੍ਰੀ ਸਜਲ ਕੌਸਰ ਨੇ ਹਾਜ਼ਰ ਮਹਿਮਾਨਾਂ, ਸੰਗੀਤ ਪ੍ਰੇਮੀਆਂ, ਕਲਾਕਾਰਾਂ ਅਤੇ ਸੰਗਤਕਾਰਾਂ ਦਾ ਧੰਨਵਾਦ ਕੀਤਾ। ਕੇਂਦਰ ਵੱਲੋਂ ਆਰਚੀ ਭੱਟਾਚਾਰੀਆ ਸਮੇਤ ਦੋਵਾਂ ਸੰਗਤਕਾਰਾਂ ਨੂੰ ਉੱਤਰੀਏ ਅਤੇ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਪ੍ਰਾਚੀਨ ਕਲਾ ਕੇਂਦਰ ਦੀ ਇਹ ਮਾਸਿਕ ਸੰਗੀਤ ਸਭਾ ਭਾਰਤੀ ਸ਼ਾਸਤਰੀ ਸੰਗੀਤ ਦੀ ਮਾਣਮੱਤੀ ਪਰੰਪਰਾ ਨੂੰ ਜ਼ਿੰਦਾ ਰੱਖਣ ਦੇ ਨਾਲ-ਨਾਲ ਨੌਜਵਾਨ ਅਤੇ ਉੱਭਰ ਰਹੇ ਕਲਾਕਾਰਾਂ ਨੂੰ ਇੱਕ ਵੱਕਾਰੀ ਮੰਚ ਪ੍ਰਦਾਨ ਕਰਨ ਵਿੱਚ ਲਗਾਤਾਰ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।

# ਪੀਆਰਟੀਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦੀ ਮਹੀਨਾਵਾਰ ਜਨਰਲ ਮੀਟਿੰਗ



**ਪਟਿਆਲਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਇੱਥੇ ਪੀਆਰਟੀਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦੀ ਮਹੀਨਾਵਾਰ ਜਨਰਲ ਮੀਟਿੰਗ ਬਸ ਸਟੈਂਡ ਪਟਿਆਲਾ ਵਿਖੇ ਹੋਈ ਇਸ ਮੀਟਿੰਗ ਵਿੱਚ 300 ਤੋਂ ਵੱਧ ਸੇਵਾ ਮੁਕਤ ਕਰਮਚਾਰੀਆਂ ਨੇ ਭਾਗ ਲਿਆ। ਯੂਨੀਅਨ ਦੇ ਸਰਪ੍ਰਸਤ ਸ੍ਰੀ ਨਿਰਮਲ ਸਿੰਘ ਧਾਲੀਵਾਲ ਇਸ ਮੀਟਿੰਗ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ ਤੇ ਪੁੱਜੇ ਹੋਏ ਸਨ ਮੀਟਿੰਗ ਦੀ ਪ੍ਰਧਾਨਗੀ ਸਰਬਸ਼੍ਰੀ ਉੱਤਮ ਸਿੰਘ ਬਾਗੜੀ, ਮੁਹੰਮਦ ਖਲੀਲ, ਰਾਮ ਸਰੂਪ ਅਗਰਵਾਲ,ਅਤੇ ਗੁਰਵਿੰਦਰ ਸਿੰਘ ਗੋਲਡੀ ਕਰ ਰਹੇ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸਰਪ੍ਰਸਤ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਪੀਆਰਟੀਸੀ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਜਿੱਥੇ ਪੀਆਰਟੀਸੀ ਦੇ ਮੌਜੂਦਾ ਵਰਕਰਾਂ ਦੀਆਂ ਸਮੱਸਿਆਵਾਂ ਅਤੇ ਵਿੱਤੀ ਮੁਸ਼ਕਲਾਂ ਨੂੰ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ ਉੱਥੇ ਹੀ ਸੇਵਾ ਮੁਕਤ ਕਰਮਚਾਰੀਆਂ ਦੀਆਂ ਅਨੇਕਾਂ ਸਮੱਸਿਆਵਾਂ ਅਤੇ ਮੰਗਾਂ ਨੂੰ ਵੀ ਬੜੀ ਹੀ ਬੇਪਰਵਾਹੀ ਨਾਲ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਮੁਫਤ ਸਫਰ ਸਹੂਲਤਾਂ ਬਦਲੇ ਬਣਦੇ ਛੇ 700 ਕਰੋੜ ਰੁਪਏ ਸਾਲਾਂ ਬੱਧੀ ਸਮੇਂ ਤੋਂ ਪੀਆਰਟੀਸੀ ਨੂੰ ਨਹੀਂ ਦੇ ਰਹੀ ਜਿਸ ਕਰਕੇ ਪਿਛਲੇ ਡੇਢ ਸਾਲ ਤੋਂ ਰਿਟਾਇਰ ਹੋਏ ਵਰਕਰਾਂ ਦੀਆਂ ਪੇਮੈਂਟ ਨਹੀਂ ਕੀਤੀ ਜਾ ਰਹੀ ਸਮੁੱਚੇ ਵਰਕਰਾਂ ਦੇ ਕਰੋੜਾਂ ਰੁਪਏ ਦੇ ਵੱਖ ਵੱਖ ਕਿਸਮ ਦੇ ਬਕਾਏ ਨਹੀਂ ਦਿੱਤੇ ਜਾ ਰਹੇ, ਪੇ ਕਮਿਸ਼ਨ ਦੇ ਬਕਾਏ ਸਰਕਾਰ ਦੁਆਰਾ ਜਾਰੀ ਕੀਤੇ ਸ਼ਡਿਊਲ ਦੇ ਬਾਵਜੂਦ ਇਸ ਅਦਾਰੇ ਵਿੱਚ ਪੇਮੈਂਟ ਸ਼ੁਰੂ ਹੀ ਨਹੀਂ ਕੀਤੀ ਗਈ, ਤਨਖਾਹ ਅਤੇ ਪੈਨਸ਼ਨ ਕਦੇ ਵੀ ਸਮੇਂ ਸਿਰ ਨਹੀਂ ਮਿਲਦੀ,ਸੇਵਾ ਮੁਕਤ ਕਰਮਚਾਰੀਆਂ ਨੂੰ ਦੋ ਸਾਲ ਬਾਅਦ ਇੱਕ ਬੇਸਿਕ ਪੇ ਦੇ ਬਰਾਬਰ ਮਿਲਣ ਵਾਲਾ ਯਾਤਰੀ ਭੱਤਾ ਨਹੀਂ ਦਿੱਤਾ ਜਾ ਰਿਹਾ ਕੁਝ ਬਜ਼ੁਰਗ ਸੇਵਾ ਮੁਕਤ ਕਰਮਚਾਰੀਆਂ ਨੂੰ 1992 ਦੀ ਪੈਨਸ਼ਨ ਦਾ ਲਾਭ ਨਾ ਦੇ ਕੇ ਮੈਨੇਜਮੈਂਟ ਨੇ ਅਣਮਨੁੱਖੀ ਰਵਈਆ ਧਾਰਨ ਕੀਤਾ ਹੋਇਆ ਹੈ ਮਹਿਕਮੇ ਵਿੱਚ ਕੋਈ ਯੋਜਨਾ ਬੰਦੀ ਸਹੀ ਤਰੀਕੇ ਦੀ ਨਾ ਹੋਣ ਕਾਰਨ ਭਾਰੀ ਮਾਲੀ ਨੁਕਸਾਨ ਹੋ ਰਿਹਾ ਹੈ 250 ਬੱਸਾਂ ਦਾ ਫਲੀਟ ਵਿੱਚ ਵਾਧਾ ਹੋਣ ਦੇ ਬਾਵਜੂਦ ਆਮਦਨ ਵਿੱਚ ਉੱਕਾ ਹੀ ਕੋਈ ਵਾਧਾ ਨਹੀਂ ਹੋਇਆ ਜਦ ਕਿ ਇਹਨਾਂ ਬੱਸਾਂ ਦਾ ਰੋਜਾਨਾ ਦਾ 35 ਲੱਖ ਰੁਪਏ ਦਾ ਬੋਝ ਪ੍ਰਤੀ ਦਿਨ ਪੈ ਰਿਹਾ ਹੈ।

ਰੈਲੀ ਨੂੰ ਸੰਬੋਧਨ ਕਰਦਿਆਂ ਉੱਤਮ ਸਿੰਘ ਬਾਗੜੀ ਪ੍ਰਧਾਨ ਅਤੇ ਜਨਰਲ ਸਕੱਤਰ ਮੁਹੰਮਦ ਖਲੀਲ ਨੇ ਕਿਹਾ ਕਿ ਜੇਕਰ ਮੈਨੇਜਮੈਂਟ ਨੇ ਸੇਵਾ ਮੁਕਤ ਵਰਕਰਾਂ ਦੀਆਂ ਮੰਗਾਂ ਮੰਨਣ ਵਿੱਚ ਕੋਈ ਦੇਰੀ ਕੀਤੀ ਜਾਂ ਅਣਦੇਖੀ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਸੇਵਾ ਮੁਕਤ ਕਰਮਚਾਰੀਆਂ ਨੂੰ ਮਜਬੂਰ ਹੋ ਕੇ ਵੱਖ ਵੱਖ ਤਰੀਕਿਆਂ ਨਾਲ ਸੰਘਰਸ਼ ਕਰਨਾ ਪਏਗਾ ਅੱਜ ਦੇ ਇਸ ਇਕੱਠ ਨੂੰ ਗੁਰਵਿੰਦਰ ਸਿੰਘ ਗੋਲਡੀ ਰਮੇਸ਼ ਕੁਮਾਰ ਅਤੇ ਰਾਮ ਸਰੂਪ ਅਗਰਵਾਲ ਨੇ ਵੀ ਸੰਬੋਧਨ ਕੀਤਾ।

# ਤੀਆਂ ਦਾ ਤਿਉਹਾਰ ਮਨਾਇਆ

**ਸਮਾਣਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਭਗਵਤੀ ਵੈਲਫੇਅਰ ਕਲੱਬ ਰਜਿ: ਘੱਗਾ ਵੱਲੋਂ ਤੀਆਂ ਦਾ ਤਿਉਹਾਰ ਬਾਜ਼ੀਗਰ ਬਸਤੀ ਵਿਖੇ ਧੂਮਧਾਮ ਨਾਲ ਮਨਾਇਆ ਗਿਆ ।



ਮੁਟਿਆਰਾਂ ਵੱਲੋਂ ਹਾਰ ਸ਼ਿੰਗਾਰ ਲਗਾ ਕੇ ਸੋਹਣੇ ਸੋਹਣੇ ਗੀਤਾਂ ਉੱਪਰ ਗਿੱਧਾ ਪਾਇਆ ਗਿਆ ਅਤੇ ਬੋਲੀਆਂ ਪਾਈਆਂ ਗਈਆਂ ਮੁਟਿਆਰਾਂ ਨੇ ਕਿਹਾ ਕਿ ਇਹ ਤਿਉਹਾਰ ਸਾਲ ਬਾਅਦ ਆਉਂਦਾ ਹੈ ਅਸੀਂ ਆਪਣੇ ਪੇਕੇ ਪਿੰਡ ਆ ਕੇ ਇਹ ਤਿਹਾਰ ਬਣਾਉਂਦੀਆਂ ਹਾਂ ਅਤੇ ਆਪਣੀਆਂ ਸਹੇਲੀਆਂ ਨੂੰ ਮਿਲਦੀਆਂ ਹਾਂ

ਇਸ ਮੌਕੇ ਗੁਰਦੀਪ ਸਿੰਘ, ਰਮਨਦੀਪ ਸਿੰਘ,ਕਾਲਾ ਰਾਮ, ਜਸਪਾਲ ਸਿੰਘ,ਵਿਜੇ ਕੁਮਾਰ, ਕੁਲਦੀਪ ਸਿੰਘ,ਨਿੱਕੂ ਰਾਮ, ਸਿਕੰਦਰ ਰਾਮ,ਬੀਰਾ ਰਾਮ , ਮੇਵਾ ਰਾਮ, ਲਵਪ੍ਰੀਤ ਸਿੰਘ ਚਰਨਜੀਤ ਸਿੰਘ ਲਾਲਕਾ ਅਤੇ ਅੰਜੂ ਮਸ਼ਾਲ ਆਦਿ ਦਾ ਵਿਸ਼ੇਸ਼ ਯੋਗਦਾਨ ਰਿਹਾ ।

# ਮਲੇਰਕੋਟਲਾ ਦੀਆਂ ਧੀਆਂ ਨੂੰ ਆਜ਼ਾਦੀ ਦਿਹਾੜੇ 'ਤੇ ਭਗਵੰਤ ਮਾਨ ਦਾ ਤੋਹਫ਼ਾ, 5 ਮੰਜ਼ਿਲਾ ਸਰਕਾਰੀ ਸਕੂਲ ਦੀ ਨਵੀਂ ਇਮਾਰਤ ਦਾ ਉਦਘਾਟਨ

## 6.39 ਕਰੋੜ ਦੀ ਲਾਗਤ ਵਾਲਾ ਪ੍ਰੋਜੈਕਟ 6.34 ਕਰੋੜ ਵਿੱਚ ਮੁਕੰਮਲ, ਸਰਕਾਰੀ ਖ਼ਜ਼ਾਨੇ ਦੇ 5.25 ਲੱਖ ਬਚਾਏ: ਮੁੱਖ ਮੰਤਰੀ





**ਮਲੇਰਕੋਟਲਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮਲੇਰਕੋਟਲਾ ਵਿਖੇ ਲੜਕੀਆਂ ਲਈ ਨਵੀਂ ਪੰਜ ਮੰਜ਼ਿਲਾ ਸਰਕਾਰੀ ਸਕੂਲ ਇਮਾਰਤ ਦਾ ਉਦਘਾਟਨ ਕੀਤਾ। ਮੁੱਖ ਮੰਤਰੀ ਨੇ ਇਸ ਇਮਾਰਤ ਨੂੰ ਪੰਜਾਬ ਦੀਆਂ ਧੀਆਂ ਲਈ 80ਵੇਂ ਆਜ਼ਾਦੀ ਦਿਹਾੜੇ ਦਾ ਵਿਸ਼ੇਸ਼ ਤੋਹਫ਼ਾ ਕਰਾਰ ਦਿੱਤਾ।

ਮੁੱਖ ਮੰਤਰੀ ਅਨੁਸਾਰ ਇਸ ਪ੍ਰੋਜੈਕਟ ਦੀ ਅੰਦਾਜ਼ਨ ਲਾਗਤ ?6.39 ਕਰੋੜ ਸੀ, ਜਦਕਿ ਇਮਾਰਤ ਦਾ ਨਿਰਮਾਣ ?6.34 ਕਰੋੜ ਵਿੱਚ ਮੁਕੰਮਲ ਕੀਤਾ ਗਿਆ, ਜਿਸ ਨਾਲ ਸਰਕਾਰੀ ਖ਼ਜ਼ਾਨੇ ਦੇ ?5.25 ਲੱਖ ਦੀ ਬੱਚਤ ਹੋਈ। ਉਨ੍ਹਾਂ ਕਿਹਾ ਕਿ ਬਚੀ ਰਕਮ ਨੂੰ ਸਕੂਲ ਵਿੱਚ ਆਰ.ਓ. ਸਿਸਟਮ, ਵਾਟਰ ਫਿਲਟਰ, ਸਮਾਰਟ ਕਲਾਸਰੂਮ ਅਤੇ ਹੋਰ ਸਹੂਲਤਾਂ ਲਈ ਵਰਤਿਆ ਜਾ ਸਕਦਾ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਲਗਭਗ 54,000 ਵਰਗ ਫੁੱਟ ਵਿੱਚ ਬਣੀ ਇਸ ਪੰਜ ਮੰਜ਼ਿਲਾ ਇਮਾਰਤ ਵਿੱਚ ਲਾਇਬ੍ਰੇਰੀਆਂ, ਸਮਾਰਟ ਕਲਾਸਰੂਮ, ਕਾਮਨ ਰੂਮ, ਵਾਸ਼ਰੂਮ ਅਤੇ ਵਿਦਿਆਰਥਣਾਂ ਲਈ ਹੋਰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਨਾਲ ਮਲੇਰਕੋਟਲਾ ਅਤੇ ਨੇੜਲੇ ਪਿੰਡਾਂ ਦੀਆਂ ਲੜਕੀਆਂ ਨੂੰ ਘਰ ਦੇ ਨੇੜੇ ਮਿਆਰੀ ਸਿੱਖਿਆ ਹਾਸਲ ਕਰਨ ਦਾ ਮੌਕਾ ਮਿਲੇਗਾ।

**ਮਲੇਰਕੋਟਲਾ ਨਾਲ ਇਤਿਹਾਸਕ ਸਾਂਝ ਦਾ ਜ਼ਿਕਰ**

ਮਲੇਰਕੋਟਲਾ ਦੀ ਇਤਿਹਾਸਕ ਮਹੱਤਤਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸ਼ਹਿਰ ਏਕਤਾ, ਭਾਈਚਾਰੇ ਅਤੇ ਪਿਆਰ ਦੀ ਧਰਤੀ ਹੈ। ਉਨ੍ਹਾਂ ਕਿਹਾ ਕਿ ਨਵਾਬ ਮਲੇਰਕੋਟਲਾ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਮੌਕੇ 'ਤੇ ਜ਼ੁਲਮ ਦੇ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਮਹਾਨ ਇਤਿਹਾਸਕ ਯੋਗਦਾਨ ਨੂੰ ਪੰਜਾਬੀ ਅਤੇ ਖ਼ਾਸ ਕਰਕੇ ਸਿੱਖ ਭਾਈਚਾਰਾ ਕਦੇ ਨਹੀਂ ਭੁਲਾ ਸਕਦਾ।

ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਮਲੇਰਕੋਟਲਾ ਵਰਗੇ ਇਤਿਹਾਸਕ ਸ਼ਹਿਰ ਦਾ ਸਰਵਪੱਖੀ ਵਿਕਾਸ ਕੀਤਾ ਜਾਵੇ ਅਤੇ ਨਵੀਂ ਸਕੂਲ ਇਮਾਰਤ ਲੋਕਾਂ ਨੂੰ ਸਮਰਪਿਤ ਕਰਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ।

**ਸਕੂਲ ਦੀ ਪੁਰਾਣੀ ਹਾਲਤ ਨੂੰ ਕੀਤਾ ਯਾਦ**

ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਉਹ ਸੰਸਦ ਮੈਂਬਰ ਸਨ ਤਾਂ ਇਹ ਸਕੂਲ ਸਰਦੀਆਂ ਵਿੱਚ ਦੋ ਸ਼ਿਫ਼ਟਾਂ ਵਿੱਚ ਚਲਦਾ ਸੀ ਅਤੇ ਵਿਦਿਆਰਥਣਾਂ ਨੂੰ ਘਰ ਵਾਪਸ ਲਿਜਾਣ ਵਿੱਚ ਵੀ ਮੁਸ਼ਕਲ ਆਉਂਦੀ ਸੀ। ਉਨ੍ਹਾਂ ਅਨੁਸਾਰ ਉਸ ਸਮੇਂ ਸਕੂਲ ਦੀ ਇਮਾਰਤ ਦੀ ਹਾਲਤ ਵੀ ਸੁਰੱਖਿਅਤ ਨਹੀਂ ਸੀ।

ਉਨ੍ਹਾਂ ਕਿਹਾ ਕਿ ਹੁਣ ?6.34 ਕਰੋੜ ਦੀ ਲਾਗਤ ਨਾਲ ਨਵੀਂ ਇਮਾਰਤ ਤਿਆਰ ਹੋਣ ਨਾਲ ਵਿਦਿਆਰਥਣਾਂ ਨੂੰ ਬਿਹਤਰ ਵਾਤਾਵਰਨ ਅਤੇ ਆਧੁਨਿਕ ਸਿੱਖਿਆ ਸਹੂਲਤਾਂ ਮਿਲਣਗੀਆਂ।

**ਪੰਜਾਬ ਨੂੰ ਸਿੱਖਿਆ ਵਿੱਚ ਨੰਬਰ ਇੱਕ ਬਣਾਉਣ ਦਾ ਦਾਅਵਾ**

ਭਗਵੰਤ ਮਾਨ ਨੇ ਕਿਹਾ ਕਿ 2022 ਵਿੱਚ ਜਦੋਂ ਉਨ੍ਹਾਂ ਨੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਤਾਂ ਪੰਜਾਬ ਸਿੱਖਿਆ ਦੇ ਖੇਤਰ ਵਿੱਚ 27ਵੇਂ ਸਥਾਨ 'ਤੇ ਸੀ, ਜਦਕਿ ਹੁਣ ਪੰਜਾਬ ਦੇਸ਼ ਵਿੱਚ ਪਹਿਲੇ ਸਥਾਨ 'ਤੇ ਹੈ। ਉਨ੍ਹਾਂ ਨੇ ਅਧਿਆਪਕ ਸਿਖਲਾਈ, ਸਕੂਲ ਆਫ਼ ਐਮੀਨੈਂਸ ਅਤੇ ਹੋਰ ਸਿੱਖਿਆ ਸੁਧਾਰਾਂ ਨੂੰ ਇਸ ਤਬਦੀਲੀ ਦਾ ਕਾਰਨ ਦੱਸਿਆ।

ਉਨ੍ਹਾਂ ਕਿਹਾ ਕਿ 2021 ਵਿੱਚ ਸਰਕਾਰੀ ਸਕੂਲਾਂ ਦੇ ਕੇਵਲ 80 ਵਿਦਿਆਰਥੀਆਂ ਨੇ ©55" ਪਾਸ ਕੀਤਾ ਸੀ, ਜਦਕਿ 2026 ਵਿੱਚ ਇਹ ਗਿਣਤੀ ਵਧ ਕੇ 882 ਹੋ ਗਈ।

ਇਸੇ ਤਰ੍ਹਾਂ 361 ਸਰਕਾਰੀ ਸਕੂਲ ਵਿਦਿਆਰਥੀਆਂ ਨੇ JEE ਵਿੱਚ ਸਫ਼ਲਤਾ ਹਾਸਲ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ 15 ਹਜ਼ਾਰ ਤੋਂ ਵੱਧ ਲੜਕੀਆਂ ਨੂੰ ਸਕੂਲ ਬੱਸ ਸੇਵਾ ਮੁਹੱਈਆ ਕਰਵਾਈ ਜਾ ਰਹੀ ਹੈ ਤਾਂ ਜੋ ਦੂਰੀ ਉਨ੍ਹਾਂ ਦੀ ਪੜ੍ਹਾਈ ਵਿੱਚ ਰੁਕਾਵਟ ਨਾ ਬਣੇ।

**118 ਸਕੂਲ ਆਫ਼ ਐਮੀਨੈਂਸ ਬਣਾਉਣ ਦਾ ਦਾਅਵਾ**

ਮੁੱਖ ਮੰਤਰੀ ਨੇ ਕਿਹਾ ਕਿ ਗਰੀਬ ਅਤੇ ਆਮ ਪਰਿਵਾਰਾਂ ਦੇ ਬੱਚਿਆਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਪੰਜਾਬ ਵਿੱਚ 118 ਸਕੂਲ ਆਫ਼ ਐਮੀਨੈਂਸ ਸਥਾਪਿਤ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਹੁਣ ਸਿਰਫ਼ ਅਮੀਰ ਪਰਿਵਾਰਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ ਅਤੇ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਵੀ ਉੱਚ ਪੱਧਰੀ ਮੌਕੇ ਮਿਲਣੇ ਚਾਹੀਦੇ ਹਨ।

ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਪਹਿਲਾਂ ਕਈ ਸਕੂਲਾਂ ਦੀਆਂ ਇਮਾਰਤਾਂ ਨੂੰ ਸਿਰਫ਼ ਰੰਗ ਕਰਕੇ 'ਸਮਾਰਟ ਸਕੂਲ' ਦਾ ਨਾਮ ਦੇ ਦਿੱਤਾ ਜਾਂਦਾ ਸੀ, ਜਦਕਿ ਕਈ ਸਕੂਲਾਂ ਵਿੱਚ ਅਧਿਆਪਕਾਂ ਦੀ ਵੀ ਘਾਟ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਹਾਲ ਹੀ ਵਿੱਚ ਹੋਏ ਵਿਧਾਨ ਸਭਾ ਸੈਸ਼ਨ ਵਿੱਚ ਸਰਕਾਰ ਵੱਲੋਂ ਅਜਿਹਾ ਕਾਨੂੰਨ ਲਿਆਂਦਾ ਗਿਆ ਹੈ, ਜਿਸ ਨਾਲ ਪੰਜਾਬ ਦੇ 7,800 ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ 32 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਕੂਲਾਂ ਨੂੰ ਇੱਕ ਸਾਲ ਵਿੱਚ ਪੰਜ ਫ਼ੀਸਦੀ ਤੋਂ ਵੱਧ ਫੀਸ ਵਧਾਉਣ ਦੀ ਇਜਾਜ਼ਤ ਨਹੀਂ ਹੋਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਸਰਕਾਰੀ ਸਕੂਲਾਂ ਵਿੱਚ ਵਿਆਪਕ ਪੱਧਰ 'ਤੇ ਪੇਰੈਂਟ-ਟੀਚਰ ਮੀਟਿੰਗਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ 24 ਲੱਖ ਤੋਂ ਵੱਧ ਮਾਪਿਆਂ ਨੇ ਹਿੱਸਾ ਲਿਆ।

**ਸਿਹਤ ਅਤੇ ਰੋਜ਼ਗਾਰ ਖੇਤਰ ਵਿੱਚ ਵੀ ਉਪਲਬਧੀਆਂ ਗਿਣਾਈਆਂ**

ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਵਿੱਚ 1,090 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਇਨ੍ਹਾਂ ਤੋਂ 5 ਕਰੋੜ ਤੋਂ ਵੱਧ ਲੋਕ ਲਾਭ ਲੈ ਚੁੱਕੇ ਹਨ। ਉਨ੍ਹਾਂ ਮਲੇਰਕੋਟਲਾ ਵਿੱਚ ਜਲਦ ਨਵਾਬ ਸ਼ੇਰ ਖ਼ਾਨ ਮੈਡੀਕਲ ਕਾਲਜ ਖੋਲ੍ਹਣ ਦੀ ਗੱਲ ਵੀ ਕਹੀ ਅਤੇ ਕਿਹਾ ਕਿ ਇਸ ਨਾਲ ਇਲਾਕੇ ਦੇ ਲੋਕਾਂ ਨੂੰ ਇਲਾਜ ਦੀਆਂ ਸਹੂਲਤਾਂ ਦੇ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਵੀ ਮਿਲਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਹੁਣ ਤੱਕ 69 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ ਅਤੇ ਪੰਜਾਬ ਵਿੱਚ ਉਦਯੋਗਿਕ ਨਿਵੇਸ਼ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

**ਖੇਤੀਬਾੜੀ, ਸੜਕਾਂ ਅਤੇ ਨਸ਼ਾ ਵਿਰੋਧੀ ਮੁਹਿੰਮ ਦਾ ਜ਼ਿਕਰ**

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ 43 ਹਜ਼ਾਰ ਕਿਲੋਮੀਟਰ ਤੋਂ ਵੱਧ ਪੇਂਡੂ ਲਿੰਕ ਸੜਕਾਂ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਅਨੁਸਾਰ ਨਹਿਰੀ ਪਾਣੀ ਦੀ ਵਰਤੋਂ ਵੀ ਵਧੀ ਹੈ ਅਤੇ ਕਿਸਾਨਾਂ ਨੂੰ ਦਿਨ ਸਮੇਂ ਬਿਜਲੀ ਮੁਹੱਈਆ ਕਰਵਾਉਣ ਨਾਲ ਉਨ੍ਹਾਂ ਦੀਆਂ ਮੁਸ਼ਕਲਾਂ ਘਟੀਆਂ ਹਨ।

ਉਨ੍ਹਾਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ।

**ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਦਾ ਜ਼ਿਕਰ**

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਸ ਸਾਲ ਅਕਤੂਬਰ ਵਿੱਚ ਪਹਿਲੀ ਵਾਰ ਪ੍ਰਸਿੱਧ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਕਰਨ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਅੰਤਰਰਾਸ਼ਟਰੀ ਖੇਡ ਸਮਾਗਮ ਨਾਲ ਪੰਜਾਬ ਦੀ ਹਾਕੀ ਨਾਲ ਜੁੜੀ ਪਛਾਣ ਹੋਰ ਮਜ਼ਬੂਤ ਹੋਵੇਗੀ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਣਾ ਮਿਲੇਗੀ।

**ਪੰਜਾਬ ਦੀ ਭਾਈਚਾਰਕ ਸਾਂਝ ਬਚਾਉਣ ਦੀ ਅਪੀਲ**

ਮੁੱਖ ਮੰਤਰੀ ਨੇ ਪੰਜਾਬ ਦੇ ਲੋਕਾਂ ਨੂੰ ਧਾਰਮਿਕ ਅਤੇ ਭਾਈਚਾਰਕ ਸਾਂਝ ਕਾਇਮ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਨਫ਼ਰਤ ਦਾ ਬੀਜ ਨਹੀਂ ਪੈਦਾ ਹੋ ਸਕਦਾ ਅਤੇ ਵੰਡ ਪੈਦਾ ਕਰਨ ਵਾਲੀਆਂ ਤਾਕਤਾਂ ਆਪਣੇ ਸਿਆਸੀ ਹਿੱਤਾਂ ਲਈ ਲੋਕਾਂ ਨੂੰ ਆਪਸ ਵਿੱਚ ਲੜਾਉਣ ਦੀ ਕੋਸ਼ਿਸ਼ ਕਰ ਸਕਦੀਆਂ ਹਨ।

ਉਨ੍ਹਾਂ ਭਾਜਪਾ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਪੰਜਾਬ ਵਿੱਚ ਨਫ਼ਰਤ ਦਾ ਮਾਹੌਲ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ, ਪਰ ਪੰਜਾਬ ਦੇ ਲੋਕ ਅਜਿਹੀਆਂ ਕੋਸ਼ਿਸ਼ਾਂ ਨੂੰ ਕਾਮਯਾਬ ਨਹੀਂ ਹੋਣ ਦੇਣਗੇ।

# ਯਮੁਨਾ ਵਾਤਾਵਰਣ ਪ੍ਰਣਾਲੀ ਦੇ ਪੁਨਰ-ਸੁਰਜੀਤੀ ਲਈ ਸਮਾਂ-ਬੱਧ ਕਾਰਜ ਯੋਜਨਾ; ਸੀਵਰੇਜ ਤੋਂ ਲੈ ਕੇ ਤਲਾਬਾਂ ਤੱਕ, ਪ੍ਰਦੂਸ਼ਣ ਕੰਟਰੋਲ 'ਤੇ ਤੇਜ਼ੀ ਨਾਲ ਹੋਣਗੇ ਕੰਮ

**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਯਮੁਨਾ ਨਦੀ ਅਤੇ ਇਸ ਨਾਲ ਜੁੜੇ ਜਲ ਸਰੋਤਾਂ ਦੀ ਸਥਿਤੀ ਨੂੰ ਸੁਧਾਰਨ ਲਈ ਯਤਨ ਤੇਜ਼ ਕਰ ਦਿੱਤੇ ਹਨ। ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਹੋਈ ਯਮੁਨਾ ਕਾਰਜ ਯੋਜਨਾ ਦੀ ਸਮੀਖਿਆ ਮੀਟਿੰਗ ਵਿੱਚ ਸੀਵਰੇਜ ਟ੍ਰੀਟਮੈਂਟ ਪਲਾਂਟ, ਉਦਯੋਗਿਕ ਗੰਦੇ ਪਾਣੀ ਲਈ ਸਾਂਝੇ ਉਪਚਾਰ ਪਲਾਂਟ (ਈ.ਟੀ.ਪੀ.), ਠੋਸ ਕਚਰਾ ਪ੍ਰਬੰਧਨ, ਯਮੁਨਾ ਕੰਢੇ ਵਸੇ ਪਿੰਡਾਂ ਵਿੱਚ ਸੀਵਰੇਜ ਪ੍ਰਬੰਧਨ, ਜਲ ਸਰੋਤਾਂ ਦੇ ਪੁਨਰ-ਸੁਰਜੀਤੀ ਅਤੇ ਨਵੇਂ ਬਾਇਓਗੈਸ ਪਲਾਂਟ ਸਥਾਪਤ ਕਰਨ ਸਮੇਤ ਵੱਖ-ਵੱਖ ਕੰਮਾਂ ਦੀ ਸਮੀਖਿਆ ਕੀਤੀ ਗਈ। ਇਨ੍ਹਾਂ ਯੋਜਨਾਵਾਂ ਵਿੱਚ ਸੋਨੀਪਤ, ਪਾਣੀਪਤ, ਕਰਨਾਲ, ਰੋਹਤਕ, ਗੁਰੂਗ੍ਰਾਮ, ਫਰੀਦਾਬਾਦ, ਨੂੰਹ ਅਤੇ ਯਮੁਨਾਨਗਰ ਸਮੇਤ ਵੱਖ-ਵੱਖ ਸ਼ਹਿਰੀ ਖੇਤਰਾਂ ਨੂੰ ਸ਼ਾਮਲ ਕੀਤਾ ਗਿਆ ਹੈ।

ਮੁੱਖ ਸਕੱਤਰ ਨੇ ਪ੍ਰਦੂਸ਼ਣ ਕੰਟਰੋਲ ਨਾਲ ਜੁੜੇ ਪ੍ਰੋਜੈਕਟਾਂ ਨੂੰ ਯੋਜਨਾ ਅਤੇ ਟੈਂਡਰ ਪ੍ਰਕਿਰਿਆ ਤੋਂ ਅੱਗੇ ਵਧਾ ਕੇ ਨਿਰਧਾਰਤ ਸਮੇਂ ਵਿੱਚ ਪੂਰਾ ਕਰਨ ਅਤੇ ਪੈਂਡਿੰਗ ਕੰਮਾਂ ਨੂੰ ਤੇਜ਼ੀ ਨਾਲ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਯਮੁਨਾ ਅਤੇ ਇਸ ਨਾਲ ਜੁੜੇ ਜਲ ਸਰੋਤਾਂ ਦੀ ਸਫ਼ਾਈ ਲਈ ਸੀਵਰੇਜ ਟ੍ਰੀਟਮੈਂਟ, ਉਦਯੋਗਿਕ ਗੰਦੇ ਪਾਣੀ ਦਾ ਪ੍ਰਬੰਧਨ, ਠੋਸ ਕਚਰਾ ਪ੍ਰਬੰਧਨ ਅਤੇ ਜਲ ਸਰੋਤਾਂ ਦੇ ਪੁਨਰ-ਸੁਰਜੀਤੀ 'ਤੇ ਇੱਕੋ ਸਮੇਂ ਪ੍ਰਭਾਵੀ ਕਾਰਵਾਈ ਜ਼ਰੂਰੀ ਹੈ।

ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਸ੍ਰੀ ਵਿਨੈ ਪ੍ਰਤਾਪ ਸਿੰਘ ਨੇ ਦੱਸਿਆ ਕਿ ਗੁਰੂਗ੍ਰਾਮ ਵਿੱਚ ਚਾਰ ਪ੍ਰਮੁੱਖ ਸੀਵਰੇਜ ਟ੍ਰੀਟਮੈਂਟ ਪਲਾਂਟ ਵੱਖ-ਵੱਖ ਪੜਾਵਾਂ ਵਿੱਚ ਹਨ। ਇਨ੍ਹਾਂ ਵਿੱਚ ਧਨਵਾਪੁਰ ਵਿੱਚ 100 ਐਮ.ਐਲ.ਡੀ., ਬਹਿਰਾਮਪੁਰ ਵਿੱਚ 100 ਐਮ.ਐਲ.ਡੀ., ਨੌਰੰਗਪੁਰ ਵਿੱਚ 40 ਐਮ.ਐਲ.ਡੀ. ਅਤੇ ਸੈਕਟਰ-107 ਵਿੱਚ 100 ਐਮ.ਐਲ.ਡੀ. ਸਮਰੱਥਾ ਦੇ ਪਲਾਂਟ ਸ਼ਾਮਲ ਹਨ। ਇਨ੍ਹਾਂ ਪ੍ਰੋਜੈਕਟਾਂ ਦੀਆਂ ਵਿੱਤੀ ਅਤੇ ਤਕਨੀਕੀ ਬੋਲੀਆਂ (ਟੈਂਡਰ) ਅਗਸਤ ਅਤੇ ਸਤੰਬਰ ਵਿੱਚ ਖੋਲ੍ਹੇ ਜਾਣ ਪ੍ਰਸਤਾਵਿਤ ਹਨ।

ਫਰੀਦਾਬਾਦ ਵਿੱਚ 20 ਐਮ.ਐਲ.ਡੀ. ਸਮਰੱਥਾ ਵਾਲੇ ਮਿਰਜ਼ਾਪੁਰ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਕੰਮ 30 ਅਗਸਤ ਤੱਕ ਸ਼ੁਰੂ ਕਰਨ ਦਾ ਟੀਚਾ ਹੈ, ਜਦੋਂ ਕਿ 20 ਐਮ.ਐਲ.ਡੀ. ਸਮਰੱਥਾ ਵਾਲੇ ਸੂਰਜਕੁੰਡ ਪ੍ਰੋਜੈਕਟ ਦੀਆਂ ਤਕਨੀਕੀ ਬੋਲੀਆਂ 24 ਅਗਸਤ ਤੱਕ ਖੋਲ੍ਹੀਆਂ ਜਾਣੀਆਂ ਪ੍ਰਸਤਾਵਿਤ ਹਨ।

ਸੋਨੀਪਤ ਵਿੱਚ 7.5 ਐਮ.ਐਲ.ਡੀ. ਸਮਰੱਥਾ ਵਾਲੇ ਕੁੰਡਲੀ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਨਿਰਮਾਣ ਕੰਮ ਵੀ ਜਲਦੀ ਸ਼ੁਰੂ ਕਰਨ ਦਾ ਟੀਚਾ ਹੈ। ਪਾਣੀਪਤ ਦੇ ਸਮਾਲਖਾ ਵਿੱਚ ਪ੍ਰਸਤਾਵਿਤ 4 ਐਮ.ਐਲ.ਡੀ. ਸਮਰੱਥਾ ਵਾਲੇ ਸੀਵਰੇਜ ਟ੍ਰੀਟਮੈਂਟ ਪਲਾਂਟ ਦੀਆਂ ਵਿੱਤੀ ਬੋਲੀਆਂ 25 ਅਗਸਤ ਤੱਕ ਖੋਲ੍ਹੀਆਂ ਜਾਣੀਆਂ ਪ੍ਰਸਤਾਵਿਤ ਹਨ।

ਸਰਕਾਰ ਵੱਲੋਂ ਉਦਯੋਗਿਕ ਗੰਦੇ ਪਾਣੀ ਦੇ ਟ੍ਰੀਟਮੈਂਟ ਦੀ ਵਿਵਸਥਾ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ। ਫਰੀਦਾਬਾਦ ਦੇ ਪ੍ਰਤਾਪਗੜ੍ਹ ਵਿੱਚ ਪ੍ਰਸਤਾਵਿਤ 50 ਐਮ.ਐਲ.ਡੀ. ਸਮਰੱਥਾ ਦੇ ਸਾਂਝੇ ਉਦਯੋਗਿਕ ਗੰਦੇ ਪਾਣੀ ਦੇ ਟ੍ਰੀਟਮੈਂਟ ਪਲਾਂਟ ਲਈ ਟੈਂਡਰ ਜਾਰੀ ਕਰ ਦਿੱਤੇ ਗਏ ਹਨ। ਗੁਰੂਗ੍ਰਾਮ ਦੇ ਸੈਕਟਰ-34 ਵਿੱਚ 20 ਐਮ.ਐਲ.ਡੀ. ਸਮਰੱਥਾ ਦੇ ਪਲਾਂਟ ਦੀਆਂ ਤਕਨੀਕੀ ਬੋਲੀਆਂ 3 ਅਗਸਤ ਨੂੰ ਖੋਲ੍ਹੀਆਂ ਗਈਆਂ। ਇਸ ਤੋਂ ਇਲਾਵਾ ਗੁਰੂਗ੍ਰਾਮ ਦੇ ਬਾਦਸ਼ਾਹਪੁਰ ਵਿੱਚ 15 ਐਮ.ਐਲ.ਡੀ. ਅਤੇ ਸੈਕਟਰ-37 ਵਿੱਚ 9 ਐਮ.ਐਲ.ਡੀ. ਸਮਰੱਥਾ ਵਾਲੇ ਸਾਂਝੇ ਉਪਚਾਰ ਪਲਾਂਟਾਂ ਸਮੇਤ ਹੋਰ ਪ੍ਰੋਜੈਕਟਾਂ ਦੀ ਵੀ ਸਮੀਖਿਆ ਕੀਤੀ ਗਈ। ਮੀਟਿੰਗ ਵਿੱਚ ਯਮੁਨਾ ਕੰਢੇ ਵਸੇ ਪਿੰਡਾਂ ਲਈ ਤਿਆਰ ਕੀਤੀ ਗਈ ਸੀਵਰੇਜ ਪ੍ਰਬੰਧਨ ਯੋਜਨਾ ਦੀ ਵੀ ਸਮੀਖਿਆ ਕੀਤੀ ਗਈ। ਇਸ ਤਹਿਤ ਸੋਨੀਪਤ, ਕਰਨਾਲ ਅਤੇ ਪਾਣੀਪਤ ਦੇ ਪਿੰਡਾਂ ਵਿੱਚ ਥ੍ਰੀ-ਪੌਂਡ ਸਿਸਟਮ ਅਤੇ ਛੋਟੇ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਰਾਹੀਂ ਸੀਵਰੇਜ ਦਾ ਉਪਚਾਰ ਕੀਤਾ ਜਾਵੇਗਾ। ਸਰਕਾਰ ਦਾ ਮੰਨਣਾ ਹੈ ਕਿ ਯਮੁਨਾ ਦੇ ਪੁਨਰ-ਸੁਰਜੀਤੀ ਲਈ ਸਿਰਫ਼ ਸ਼ਹਿਰੀ ਖੇਤਰਾਂ ਵਿੱਚ ਹੀ ਨਹੀਂ, ਸਗੋਂ ਨਦੀ ਦੇ ਕੰਢੇ ਵਸੇ ਪਿੰਡਾਂ ਵਿੱਚ ਵੀ ਪ੍ਰਭਾਵੀ ਸੀਵਰੇਜ ਪ੍ਰਬੰਧਨ ਜ਼ਰੂਰੀ ਹੈ।

ਯਮੁਨਾ ਵਾਤਾਵਰਣ ਪ੍ਰਣਾਲੀ ਨਾਲ ਜੁੜੇ ਸਥਾਨਕ ਜਲ ਸਰੋਤਾਂ ਦੇ ਪੁਨਰ-ਸੁਰਜੀਤੀ 'ਤੇ ਵੀ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਫਰੀਦਾਬਾਦ, ਕਰਨਾਲ, ਪਾਣੀਪਤ ਅਤੇ ਸੋਨੀਪਤ ਦੇ 13 ਜਲ ਸਰੋਤਾਂ ਨੂੰ ਪੁਨਰ-ਸੁਰਜੀਤੀ ਲਈ ਨਿਸ਼ਾਨਦੇਹ ਕੀਤਾ ਗਿਆ ਹੈ। ਇਨ੍ਹਾਂ ਜਲ ਸਰੋਤਾਂ ਦਾ ਕੁੱਲ ਖੇਤਰਫਲ 19.12 ਹੈਕਟੇਅਰ ਹੈ। ਇਨ੍ਹਾਂ ਸਥਾਨਾਂ 'ਤੇ ਪ੍ਰਦੂਸ਼ਣ ਦਾ ਮੁੱਖ ਕਾਰਨ ਘਰੇਲੂ ਸੀਵਰੇਜ ਪਾਇਆ ਗਿਆ ਹੈ ਅਤੇ ਪੁਨਰ-ਸੁਰਜੀਤੀ ਦਾ ਕੰਮ 31 ਦਸੰਬਰ, 2027 ਤੱਕ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ।

ਸ਼ਹਿਰੀ ਖੇਤਰਾਂ ਵਿੱਚ ਠੋਸ ਕਚਰਾ ਪ੍ਰਬੰਧਨ ਨੂੰ ਵੀ ਯਮੁਨਾ ਕਾਰਜ ਯੋਜਨਾ ਦਾ ਮਹੱਤਵਪੂਰਨ ਹਿੱਸਾ ਬਣਾਇਆ ਗਿਆ ਹੈ। ਮੌਜੂਦਾ ਯੋਜਨਾ ਵਿੱਚ 33 ਸ਼ਹਿਰੀ ਸਥਾਨਕ ਨਿਕਾਏ ਨੂੰ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਵਿੱਚੋਂ 27 ਸ਼ਹਿਰੀ ਸਥਾਨਕ ਨਿਕਾਇਆਂ ਵਿੱਚ 22 ਸਾਲ ਦੀ ਮਿਆਦ ਲਈ ਠੋਸ ਕਚਰਾ ਪ੍ਰਬੰਧਨ ਦੇ ਠੇਕੇ ਦਿੱਤੇ ਜਾ ਚੁੱਕੇ ਹਨ, ਜਦੋਂ ਕਿ 6 ਸ਼ਹਿਰੀ ਸਥਾਨਕ ਨਿਕਾਯਾਂ ਵਿੱਚ ਟੈਂਡਰ ਪ੍ਰਕਿਰਿਆ ਜਾਰੀ ਹੈ।

ਹਰਿਆਣਾ ਵਿੱਚ ਕਚਰੇ ਤੋਂ ਸਾਧਨ ਜੁਟਾਉਣ ਦੀ ਦਿਸ਼ਾ ਵਿੱਚ ਨਵੇਂ ਬਾਇਓਗੈਸ ਪਲਾਂਟ ਵੀ ਸਥਾਪਤ ਕੀਤੇ ਜਾ ਰਹੇ ਹਨ। ਪ੍ਰਸਤਾਵਿਤ ਤਿੰਨ ਪਲਾਂਟਾਂ ਦੀ ਕੁੱਲ ਸਮਰੱਥਾ 650 ਟਨ ਪ੍ਰਤੀ ਦਿਨ ਹੋਵੇਗੀ। ਇਨ੍ਹਾਂ ਵਿੱਚ ਸੋਨੀਪਤ ਦੇ ਰਾਈ-ਜਾਖੌਲੀ ਵਿੱਚ 400 ਟਨ ਪ੍ਰਤੀ ਦਿਨ, ਫਰੀਦਾਬਾਦ ਦੇ ਮੋਹਨਾ-ਬੱਲਭਗੜ੍ਹ ਵਿੱਚ 100 ਟਨ ਪ੍ਰਤੀ ਦਿਨ ਅਤੇ ਯਮੁਨਾਨਗਰ ਵਿੱਚ 150 ਟਨ ਪ੍ਰਤੀ ਦਿਨ ਸਮਰੱਥਾ ਦਾ ਪਲਾਂਟ ਸ਼ਾਮਲ ਹੈ। ਸੋਨੀਪਤ ਪ੍ਰੋਜੈਕਟ ਦਾ ਨਿਰਮਾਣ ਕੰਮ ਸੁਚਾਰੂ ਹੋ ਚੁੱਕਾ ਹੈ, ਫਰੀਦਾਬਾਦ ਪ੍ਰੋਜੈਕਟ ਦੀ ਵਿਸਥਾਰ ਪ੍ਰੋਜੈਕਟ ਰਿਪੋਰਟ ਤਿਆਰ ਹੈ, ਜਦੋਂ ਕਿ ਯਮੁਨਾਨਗਰ ਪ੍ਰੋਜੈਕਟ ਦੇ ਟੈਂਡਰ ਤੋਂ ਬਾਅਦ ਤਕਨੀਕੀ ਸਮੀਖਿਆ ਕੀਤੀ ਜਾ ਰਹੀ ਹੈ। ਮੀਟਿੰਗ ਵਿੱਚ ਸ਼ਹਿਰੀ ਸਥਾਨਕ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਅਸ਼ੋਕ ਕੁਮਾਰ ਮੀਣਾ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਸੰਪਾਦਕੀ

# ਔਰਤ ਦੇ ਪਹਿਰਾਵੇ ਨੂੰ ਉਸ ਦੇ ਕਿਰਦਾਰ ਉੱਤੇ ਸਵਾਲ ਨਹੀਂ ਚੁੱਕਣ ਚਾਹੀਦਾ

ਦਿੱਲੀ ਹਾਈਕੋਰਟ ਨੇ ਤਾਜ਼ਾ ਫ਼ੈਸਲਾ ਸੁਣਾਉਂਦਿਆਂ ਕਿਹਾ ਹੈ ਕਿ ਕਿਸੇ ਔਰਤ ਦੇ ਪਹਿਰਾਵੇ ਨੂੰ ਉਸ ਦੇ ਕਿਰਦਾਰ ਉੱਤੇ ਸਵਾਲ ਚੁੱਕਣ ਲਈ ਨਹੀਂ ਵਰਤਿਆ ਜਾ ਸਕਦਾ।

ਅਦਾਲਤ ਦਾ ਇਹ ਫ਼ੈਸਲਾ ਇੱਕ ਸੁਆਗਤਯੋਗ ਕਦਮ ਹੈ ਕਿਉਂਕਿ ਅਦਾਲਤਾਂ ਦਾ ਕੰਮ ਠੋਸ ਸਬੂਤਾਂ ਦੀ ਘੋਖ ਕਰਨਾ ਹੈ, ਨਾ ਕਿ ਸਮਾਜਿਕ ਨੈਤਿਕਤਾ ਦੇ ਪਹਿਰੇਦਾਰ ਬਣਨਾ। ਨਾਬਾਲਗ ਨਾਲ ਜੁੜੇ ਜਿਨਸੀ ਸ਼ੋਸ਼ਣ ਦੇ ਇੱਕ ਕੇਸ ਵਿੱਚ ਬੱਚੀ ਦੇ 'ਪੱਛਮੀ' ਪਹਿਰਾਵੇ ਉੱਤੇ ਸਵਾਲ ਚੁੱਕੇ ਜਾਣ 'ਤੇ ਅਦਾਲਤ ਨੇ ਇਸ ਵਿਚਾਰ ਨੂੰ ਮੁੱਢੋਂ ਰੱਦ ਕਰ ਦਿੱਤਾ ਕਿ ਅਜਿਹਾ ਪਹਿਰਾਵਾ ਮੁੰਡਿਆਂ ਨੂੰ 'ਵਿਗਾੜ' ਸਕਦਾ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਅਸਲ ਜ਼ਿੰਮੇਵਾਰੀ ਮੁੰਡਿਆਂ ਅਤੇ ਮਰਦਾਂ ਦੀ ਹੀ ਬਣਦੀ ਹੈ ਕਿ ਉਹ ਆਪਣੇ ਆਚਰਣ ਨੂੰ ਕਾਬੂ ਵਿੱਚ ਰੱਖਣ ਅਤੇ ਦੂਜਿਆਂ ਦੀਆਂ ਹੱਦਾਂ ਦਾ ਸਤਿਕਾਰ ਕਰਨ।

ਇਹ ਫ਼ੈਸਲਾ ਅਦਾਲਤੀ ਸੋਚ ਵਿੱਚ ਆ ਰਹੇ ਚੰਗੇ ਬਦਲਾਅ ਦਾ ਹੀ ਇੱਕ ਹਿੱਸਾ ਹੈ। ਸਾਲ 1991 ਦੇ 'ਮਹਾਰਾਸ਼ਟਰ ਰਾਜ ਬਨਾਮ ਮਧੁਕਰ ਨਾਰਾਇਣ ਮਰਦੀਕਰ' ਕੇਸ ਵਿੱਚ ਸੁਪਰੀਮ ਕੋਰਟ ਨੇ ਮੰਨਿਆ ਸੀ ਕਿ ਮਾੜੇ ਚਰਿੱਤਰ ਵਾਲੀ ਕਹਾਉਂਦੀ ਔਰਤ ਵੀ ਨਿੱਜਤਾ ਅਤੇ ਇੱਜ਼ਤ ਨਾਲ ਜਿਊਣ ਦੀ ਪੂਰੀ ਹੱਕਦਾਰ ਹੈ। ਸਾਲ 1996 ਦੇ 'ਪੰਜਾਬ ਰਾਜ ਬਨਾਮ ਗੁਰਮੀਤ ਸਿੰਘ' ਕੇਸ ਵਿੱਚ ਅਦਾਲਤ ਨੇ ਜਿਨਸੀ ਹਿੰਸਾ ਦੀਆਂ ਸ਼ਿਕਾਰ ਧਿਰਾਂ ਨੂੰ ਪਰਖਣ ਵੇਲੇ ਪੁਰਾਣੀਆਂ ਤੇ ਰੂੜ੍ਹੀਵਾਦੀ ਸੋਚਾਂ ਤੋਂ ਬਚਣ ਦੀ ਸਲਾਹ ਦਿੱਤੀ ਸੀ। ਬਾਅਦ ਦੇ ਫ਼ੈਸਲਿਆਂ ਵਿੱਚ ਅਦਾਲਤਾਂ ਨੇ ਸਪੱਸ਼ਟ ਕਰ ਦਿੱਤਾ ਕਿ ਕਿਸੇ ਔਰਤ ਦੀ ਭਰੋਸੇਯੋਗਤਾ ਜਾਂ ਸਹਿਮਤੀ ਨੂੰ ਪਰਖਣ ਲਈ ਉਸ ਦੇ ਪੁਰਾਣੇ ਜਿਨਸੀ ਇਤਿਹਾਸ ਜਾਂ ਟੂ-ਫਿੰਗਰ ਟੈਸਟ ਵਰਗੇ ਬੇਇੱਜ਼ਤ ਕਰਨ ਵਾਲੇ ਤਰੀਕਿਆਂ ਦੀ ਵਰਤੋਂ ਨਹੀਂ ਕੀਤੀ ਜਾ ਸਕਦੀ। ਅਦਾਲਤਾਂ ਨੇ ਇਸ ਗੱਲ ਉੱਤੇ ਵੀ ਜ਼ੋਰ ਦਿੱਤਾ ਹੈ ਕਿ ਅਦਾਲਤੀ ਸਵਾਲ-ਜਵਾਬ (ਜਿਰ੍ਹਾ) ਨੂੰ ਕਦੇ ਵੀ ਕਿਸੇ ਨੂੰ ਜ਼ਲੀਲ ਕਰਨ ਦਾ ਹਥਿਆਰ ਨਹੀਂ ਬਣਾਇਆ ਜਾਣਾ ਚਾਹੀਦਾ।

ਇਸ ਦਾ ਮੁੱਢਲਾ ਅਸੂਲ ਬਿਲਕੁਲ ਸਾਫ਼ ਹੈ ਕਿ ਕਿਸੇ ਵੀ ਔਰਤ ਨੂੰ ਉਸ ਦੇ ਕੱਪੜਿਆਂ, ਸੰਗਤ, ਪੁਰਾਣੇ ਜਿਨਸੀ ਇਤਿਹਾਸ ਜਾਂ ਕਿਸੇ ਸਦਮੇ ਪ੍ਰਤੀ ਰਵੱਈਏ ਕਰਕੇ ਕਦੇ ਵੀ ਸਨਮਾਨ ਤੋਂ ਵਾਂਝੀ ਨਹੀਂ ਕੀਤਾ ਜਾ ਸਕਦਾ। ਇਸੇ ਤਰ੍ਹਾਂ ਬੰਬੇ ਹਾਈਕੋਰਟ ਨੇ ਤਰੁਣ ਤੇਜਪਾਲ ਕੇਸ ਵਿੱਚ ਦਖ਼ਲ ਦਿੰਦਿਆਂ ਉਸ ਸੋਚ ਨੂੰ ਚੁਣੌਤੀ ਦਿੱਤੀ ਹੈ ਜੋ ਇਹ ਤੈਅ ਕਰਦੀ ਹੈ ਕਿ ਇੱਕ 'ਆਦਰਸ਼ ਪੀੜਤ' ਨੂੰ ਕਿਵੇਂ ਪੇਸ਼ ਆਉਣਾ ਚਾਹੀਦਾ ਹੈ। ਇਹ ਫ਼ੈਸਲੇ ਇਸ ਲਈ ਅਹਿਮ ਹਨ ਕਿਉਂਕਿ ਪੀੜਤਾਂ ਉੱਤੇ ਦੋਸ਼ ਲਾਉਣ ਵਾਲੀ ਮਾਨਸਿਕਤਾ ਅਦਾਲਤ ਦੇ ਦਰਵਾਜ਼ੇ 'ਤੇ ਪਹੁੰਚ ਕੇ ਖ਼ਤਮ ਨਹੀਂ ਹੋ ਜਾਂਦੀ। ਕੱਪੜਿਆਂ, ਚਾਲ-ਚਲਣ ਅਤੇ ਕਿਰਦਾਰ ਬਾਰੇ ਕੀਤੇ ਜਾਂਦੇ ਸਵਾਲ ਕਈ ਵਾਰ ਕਾਨੂੰਨੀ ਦਲੀਲਾਂ ਦਾ ਰੂਪ ਧਾਰ ਲੈਂਦੇ ਹਨ। ਬਚਾਅ ਪੱਖ ਨੂੰ ਸਬੂਤਾਂ ਨੂੰ ਚੁਣੌਤੀ ਦੇਣ ਦਾ ਪੂਰਾ ਹੱਕ ਹੈ, ਪਰ ਪੀੜਤ ਦੀ ਨੈਤਿਕਤਾ ਨੂੰ ਕਟਹਿਰੇ ਵਿੱਚ ਖੜ੍ਹਾ ਕਰਨ ਦਾ ਨਹੀਂ। ਅਦਾਲਤਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਫ਼ਜ਼ੂਲ ਤੇ ਰੂੜ੍ਹੀਵਾਦੀ ਧਾਰਨਾਵਾਂ ਅਦਾਲਤ ਦੇ ਬੂਹੇ ਤੋਂ ਬਾਹਰ ਹੀ ਰਹਿਣ। ਕਿਸੇ ਔਰਤ ਦੇ ਕੱਪੜੇ ਨਾ ਤਾਂ ਸਹਿਮਤੀ ਦਾ ਕਾਰਨ ਬਣ ਸਕਦੇ ਹਨ ਅਤੇ ਨਾ ਹੀ ਜਿਨਸੀ ਸ਼ੋਸ਼ਣ ਨੂੰ ਜਾਇਜ਼ ਠਹਿਰਾ ਸਕਦੇ ਹਨ। ਅਦਾਲਤ ਦਾ ਕੰਮ ਕੱਪੜਿਆਂ ਨੂੰ ਨਹੀਂ ਸਗੋਂ ਆਚਰਣ ਨੂੰ ਪਰਖਣਾ ਹੈ।

# ਵਪਾਰੀਆਂ ਦੀਆਂ ਸਮਸਿਆਵਾਂ ਦੇ ਹੱਲ ਲਈ ਪੰਜਾਬ ਵਚਨਬੱਧ: ਚੇਅਰਮੈਨ ਪੰਜਾਬ ਵਪਾਰ ਕਮਿਸ਼ਨ, ਆਬਕਾਰੀ ਅਤੇ ਕਰ ਵਿਭਾਗ

**ਬਠਿੰਡਾ, 16 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਵਪਾਰ ਕਮਿਸ਼ਨ, ਆਬਕਾਰੀ ਅਤੇ ਕਰ ਵਿਭਾਗ ਦੇ ਚੇਅਰਮੈਨ ਅਨਿਲ ਠਾਕੁਰ ਵੱਲੋਂ ਅੱਜ ਸਥਾਨਕ ਡੀ ਸੀ ਦਫਤਰ ਮੀਟਿੰਗ ਹਾਲ ਵਿਖੇ ਜ਼ਿਲ੍ਹੇ ਦੇ ਵੱਖ-ਵੱਖ ਵਪਾਰਕ ਸੰਗਠਨਾਂ ਅਤੇ ਵਪਾਰਕ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਮਹੱਤਵਪੂਰਨ ਮੀਟਿੰਗ ਕੀਤੀ ਗਈ।

ਬੈਠਕ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ੍ਰੀ ਅਨਿਲ ਠਾਕੁਰ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਤਰਜੀਹੀ ਤੌਰ 'ਤੇ ਹੱਲ ਕਰਨ ਲਈ ਵਚਨਬੱਧ ਹੈ। ਵਪਾਰੀਆਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਵੱਖ-ਵੱਖ ਵਿਭਾਗਾਂ ਨਾਲ ਜੁੜੀਆਂ ਹੁੰਦੀਆਂ ਹਨ, ਜਿਨ੍ਹਾਂ ਦੇ ਨਿਪਟਾਰੇ ਲਈ ਪੰਜਾਬ ਸਰਕਾਰ ਵੱਲੋਂ ਹਰ ਇਕ ਜ਼ਿਲ੍ਹੇ ਵਿਚ ਵਪਾਰੀ ਵਿੰਗ ਸਥਾਪਤ ਕੀਤੇ ਗਏ ਹਨ।

ਬਠਿੰਡਾ ਵਿਖੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਸੋਮਵਾਰ ਨੂੰ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਵੱਲੋਂ ਵਪਾਰੀਆਂ ਨਾਲ ਬੈਠਕ ਕੀਤੀ ਜਾਂਦੇ ਅਤੇ ਆਪਸੀ ਤਾਲਮੇਲ ਨਾਲ ਮੁੱਦੇ ਹੱਲ ਕੀਤੇ ਜਾਂਦੇ ਹਨ।

ਉਨ੍ਹਾਂ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਵਪਾਰੀਆਂ ਸਬੰਧੀ ਮਸਲਿਆਂ ਦੇ ਹੱਲ ਸਮ੍ਹਾਂ ਬੱਧ ਤਰੀਕੇ ਨਾਲ ਕੀਤੇ ਜਾਣ ਤਾਂ ਜੋ ਉਨ੍ਹਾਂ ਨੂੰ ਕਿਸੇ ਖੱਜਲ ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਦੱਸਿਆ ਕਿ ਗਰੋਥ ਸੈਂਟਰ ਇੰਡਸਟਰੀਅਲ ਏਰੀਆ ਵਿਖੇ ਪੁਲਿਸ ਚੌਂਕੀ ਬਣਾਈ ਜਾ ਰਹੀ ਹੈ ਤਾਂ ਜੋ ਇਲਾਕੇ ਦੀ ਕਾਨੂੰਨੀ ਵਿਵਸਥਾ ਸੁਚਾਰੂ ਢੰਗ ਨਾਲ ਚੱਲੇ। ਇਸ ਤੋਂ ਇਲਾਵਾ ਦੁਕਾਨਦਾਰਾਂ ਦੇ ਬਿਜਲੀ ਵਿਭਾਗ, ਨਗਰ ਨਿਗਮ, ਵੱਖ-ਵੱਖ ਨਗਰ ਕੌਂਸਲਾਂ, ਜੀ.ਐੱਸ.ਟੀ. ਵਿਭਾਗ ਅਤੇ ਹੋਰਨਾਂ ਵਿਭਾਗਾਂ ਨਾਲ ਜੁੜੇ ਮੁੱਦਿਆਂ ਉੱਤੇ ਵਿਚਾਰ ਚਰਚਾ ਕੀਤੀ ਗਈ।

ਚੇਅਰਮੈਨ ਵੱਲੋਂ ਵਪਾਰੀਆਂ ਅਤੇ ਉਦਯੋਗਿਕ ਇਕਾਈਆਂ ਦੇ ਨੁਮਾਇੰਦਿਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਗਿਆ, ਜਿਨ੍ਹਾਂ ਵਿੱਚੋਂ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਵਿਭਾਗੀ ਅਧਿਕਾਰੀਆਂ ਦੀ ਮਦਦ ਨਾਲ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ। ਬਾਕੀ ਰਹਿੰਦੇ ਮੁੱਦੇ ਵੀ ਜਲਦ ਹਲ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਸਹਾਇਕ ਕਮਿਸ਼ਨਰ ਸ੍ਰੀ ਗੁਰਜਿੰਦਰ ਸਿੰਘ, ਉਪ ਮੰਡਲ ਮੈਜਿਸਟ੍ਰੇਟ ਬਠਿੰਡਾ ਅਮਨਦੀਪ ਸਿੰਘ ਮਾਵੀ, ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਫੂਲ ਸ. ਬਲਕਰਨ ਸਿੰਘ ਮਾਹਲ, ਐਕਸਾਈਜ਼ ਐਂਡ ਟੈਕਸੇਸ਼ਨ ਬਠਿੰਡਾ ਦੇ ਚੇਅਰਮੈਨ ਸ੍ਰੀ ਬਿਕਰਮ ਲਵਲੀ, ਚੇਅਰਮੈਨ ਟ੍ਰੇਡ ਕਮਿਸ਼ਨ ਬਠਿੰਡਾ ਦਿਹਾਤੀ ਨਰੇਸ਼ ਗੋਇਲ, ਚੇਅਰਮੈਨ ਟ੍ਰੇਡ ਕਮਿਸ਼ਨ ਬਠਿੰਡਾ ਸ਼ਹਿਰੀ ਰਾਕੇਸ਼ ਗੁਪਤਾ ਤੋਂ ਇਲਾਵਾ ਵਪਾਰੀ ਵਰਗ ਦੇ ਹੋਰ ਨੁਮਾਇੰਦਿਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਤੰਬਾਕੂ ਦੀ ਵਰਤੋਂ ਨੂੰ ਰੋਕਣ ਲਈ ਵਿਭਾਗਾਂ ਨੂੰ ਸਾਂਝੇ ਤੌਰ 'ਤੇ ਯਤਨ ਕਰਨ ਦੀ ਅਪੀਲ

**ਪਟਿਆਲਾ, 16 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਰਾਸ਼ਟਰੀ ਤੰਬਾਕੂ ਕੰਟਰੋਲ ਪ੍ਰੋਗਰਾਮ ਤਹਿਤ ਜ਼ਿਲ੍ਹਾ ਪੱਧਰੀ ਤੰਬਾਕੂ ਕੰਟਰੋਲ ਕਮੇਟੀ ਦੀ ਮੀਟਿੰਗ ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਅਤੇ ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੇਟਲੀ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦਾ ਤਾਲਮੇਲ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ (ਐਨ.ਟੀ.ਸੀ.ਪੀ.) ਡਾ. ਇੰਦਰਪ੍ਰੀਤ ਰੰਧਾਵਾ ਵੱਲੋਂ ਕੀਤਾ ਗਿਆ।

ਮੀਟਿੰਗ ਵਿੱਚ ਸਮੂਹ ਐਸ.ਐਮ.ਓਜ਼, ਪ੍ਰੋਗਰਾਮ ਅਫ਼ਸਰਾਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਤੰਬਾਕੂ ਦੀ ਵਰਤੋਂ ਨੂੰ ਰੋਕਣ ਅਤੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕ ਕਰਨ ਲਈ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ ਦੀਆਂ ਵੱਖ-ਵੱਖ ਧਾਰਾਵਾਂ ਅਤੇ ਇਸ ਦੀ ਪ੍ਰਭਾਵਸ਼ਾਲੀ ਢੰਗ ਨਾਲ ਪਾਲਣਾ ਯਕੀਨੀ ਬਣਾਉਣ ਸਬੰਧੀ ਦਿਸ਼ਾ-ਨਿਰਦੇਸ਼ ਸਾਂਝੇ ਕੀਤੇ ਗਏ। ਅਧਿਕਾਰੀਆਂ ਨੂੰ ਜਨਤਕ ਥਾਵਾਂ 'ਤੇ ਤੰਬਾਕੂਨੋਸ਼ੀ ਨੂੰ ਰੋਕਣ, ਤੰਬਾਕੂ ਉਤਪਾਦਾਂ ਦੀ ਵਿਕਰੀ ਸਬੰਧੀ ਨਿਯਮਾਂ ਦੀ ਪਾਲਣਾ ਕਰਵਾਉਣ ਅਤੇ ਨੌਜਵਾਨਾਂ ਨੂੰ ਤੰਬਾਕੂ ਦੀ ਲਤ ਤੋਂ ਦੂਰ ਰੱਖਣ ਲਈ ਲੋੜੀਂਦੇ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਆਸਥਾ ਬੱਗਾ ਅਤੇ ਐਡਵੋਕੇਟ ਗਗਨ ਕੌਰ ਵੱਲੋਂ ਵਿਸ਼ੇਸ਼ ਪ੍ਰਜ਼ੈਂਟੇਸ਼ਨ ਦਿੱਤੀ ਗਈ। ਉਨ੍ਹਾਂ ਨੇ ਕੋਟਪਾ ਐਕਟ ਦੇ ਪ੍ਰਬੰਧਾਂ, ਤੰਬਾਕੂ ਦੀ ਵਰਤੋ ਦੇ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਅਤੇ ਤੰਬਾਕੂ ਕੰਟਰੋਲ ਲਈ ਵੱਖ-ਵੱਖ ਵਿਭਾਗਾਂ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ।

ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਰੀਤ ਕੌਰ ਸੇਖੋਂ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੰਬਾਕੂ ਕੰਟਰੋਲ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕੀਤੀ।

# ਸਵੱਛਤਾ ਪਖਵਾੜੇ ਤਹਿਤ ਜਾਗਰੂਕਤਾ ਰੈਲੀ ਆਯੋਜਿਤ

**ਬਠਿੰਡਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**




ਮਾਈ ਭਾਰਤ ਬਠਿੰਡਾ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਵੱਲੋਂ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਤਾਲਮੇਲ ਨਾਲ 15 ਅਗਸਤ ਤੱਕ ਮਨਾਏ ਜਾ ਰਹੇ ਸਵੱਛਤਾ ਪਖਵਾੜੇ ਦੇ ਤਹਿਤ ਸਵੱਛਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਪ੍ਰੋਗਰਾਮ ਦੌਰਾਨ ਵਿਦਿਆਰਥੀਆਂ, ਨੌਜਵਾਨਾਂ ਅਤੇ ਵਲੰਟੀਅਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸਾਰੇ ਭਾਗੀਦਾਰਾਂ ਨੇ ਸਵੱਛਤਾ ਸਹੁੰ ਚੁੱਕ ਕੇ ਸਵੱਛਤਾ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਟੁੱਟ ਹਿੱਸਾ ਬਣਾਉਣ ਦਾ ਸੰਕਲਪ ਲਿਆ।

ਭਾਗੀਦਾਰਾਂ ਨੇ ਆਪਣੇ ਘਰ, ਸਿੱਖਿਆ ਸੰਸਥਾਨ ਅਤੇ ਆਲੇ-ਦੁਆਲੇ ਦੇ ਖੇਤਰ ਨੂੰ ਸਾਫ਼-ਸੁਥਰਾ ਰੱਖਣ, ਕੂੜਾ-ਕਰਕਟ ਇੱਧਰ-ਉੱਧਰ ਨਾ ਸੁੱਟਣ ਅਤੇ ਹੋਰਨਾਂ ਨੂੰ ਵੀ ਸਵੱਛਤਾ ਪ੍ਰਤੀ ਜਾਗਰੂਕ ਕਰਨ ਦਾ ਪ੍ਰਣ ਲਿਆ। ਉਨ੍ਹਾਂ ਨੇ ਇਹ ਵੀ ਸੰਕਲਪ ਲਿਆ ਕਿ ਉਹ ਸਵੱਛ ਅਤੇ ਸਿਹਤਮੰਦ ਭਾਰਤ ਦੇ ਨਿਰਮਾਣ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣਗੇ ਅਤੇ ਸਵੱਛਤਾ ਦਾ ਸੰਦੇਸ਼ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣਗੇ।

ਇਸ ਮੌਕੇ ਸਵੱਛਤਾ ਜਾਗਰੂਕਤਾ ਰੈਲੀ ਦਾ ਵੀ ਆਯੋਜਨ ਕੀਤਾ ਗਿਆ। ਰੈਲੀ ਰਾਹੀਂ ਵਿਦਿਆਰਥੀਆਂ ਅਤੇ ਨੌਜਵਾਨਾਂ ਨੇ ਸਵੱਛਤਾ, ਸਾਫ਼-ਸਫ਼ਾਈ ਅਤੇ ਸਿਹਤਮੰਦ ਜੀਵਨ-ਸ਼ੈਲੀ ਦਾ ਸੰਦੇਸ਼ ਦਿੰਦਿਆਂ ਆਮ ਲੋਕਾਂ ਨੂੰ ਆਪਣੇ ਆਲੇ-ਦੁਆਲੇ ਦਾ ਵਾਤਾਵਰਣ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਤ ਕੀਤਾ।

ਇਸ ਪ੍ਰੋਗਰਾਮ ਵਿੱਚ ਸ਼੍ਰੀਮਤੀ ਸਵਾਤੀ ਅਤੇ ਸ਼੍ਰੀਮਤੀ ਅਭਿਲਾਸ਼ਾ ਦਾ ਤਾਲਮੇਲ ਅਤੇ ਸਹਿਯੋਗ ਰਿਹਾ। ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਵਿੱਚ ਸਵੱਛਤਾ, ਸਾਫ਼-ਸੁਥਰੀਆਂ ਆਦਤਾਂ ਅਤੇ ਨਾਗਰਿਕ ਜ਼ਿੰਮੇਵਾਰੀ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਉਨ੍ਹਾਂ ਨੂੰ ਸਵੱਛਤਾ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਨਾ ਸੀ।

# ਕਿਸਾਨਾਂ ਨੂੰ ਵੱਖ-ਵੱਖ ਕਿਸਮਾਂ ਦੀ ਜਾਣਕਾਰੀ ਕਰਵਾਈ ਗਈ ਮੁਹੱਈਆ

**ਬਠਿੰਡਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਬਲਾਕ ਸੰਗਤ ਦੇ ਪਿੰਡ ਬਾਂਡੀ ਵਿਖੇ ਖੇਤੀਬਾੜੀ ਵਿਭਾਗ ਵੱਲੋਂ ਡਾ. ਮਨੋਜ ਕੁਮਾਰ ਖੇਤੀਬਾੜੀ ਅਫ਼ਸਰ ਸੰਗਤ ਦੀ ਅਗਵਾਈ ਹੇਠ ਸਾਉਣੀ ਦੀਆਂ ਫ਼ਸਲਾਂ ਦੀ ਸੁਚੱਜੀ ਕਾਸ਼ਤ ਲਈ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ।

ਕੈਂਪ ਦੌਰਾਨ ਡਾ. ਭਰਪੂਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਨਰਮੇ ਦੀ ਫ਼ਸਲ ਤੇ ਮੌਕੇ ਅਨੁਸਾਰ ਖਾਦਾਂ ਦੀ ਵਰਤੋਂ, ਖੁਰਾਕੀ ਤੱਤਾਂ ਦੀ ਸਪਰੇਅ ਬਾਰੇ ਜਾਣਕਾਰੀ ਦਿੱਤੀ ਗਈ, ਜਿਸ ਵਿੱਚ 13:00:45 ਦੀ ਸਪਰੇਅ, 4 ਕਿਲੋ ਪ੍ਰਤੀ ਏਕੜ 200 ਲੀਟਰ ਪਾਣੀ ਵਿੱਚ ਹਫ਼ਤੇ ਦੇ ਵਕਫੇ ਨਾਲ 3 ਛਿੜਕਾਅ, ਨਾਲ ਹੀ 1 ਕਿਲੋ ਮੈਗਨੀਸੀਅਮ ਸਲਫੇਟ 125 ਲੀਟਰ ਪਾਣੀ ? ਚ ਛਿੜਕਾਅ ਦੀ ਅਪੀਲ ਕੀਤੀ। ਗੁਲਾਬੀ ਸੁੰਡੀ ਅਤੇ ਚਿੱਟੀ ਮੱਖੀ ਦੀ ਸਰਵਪੱਖੀ ਰੋਕਥਾਮ ਲਈ ਸਿਫਾਰਸ਼ ਕੀਟਨਾਸ਼ਕ ਦੀ ਸਹੀ ਮਾਤਰਾ ਅਤੇ ਢੰਗ ਬਾਰੇ ਜਾਣਕਾਰੀ ਦਿੱਤੀ।

ਨਮੀਂ ਭਰੇ ਮੌਸਮ ਨੂੰ ਵੇਖਦੇ ਹੋਏ ਨਰਮੇ ਦੀਆਂ ਬੀਮਾਰੀਆਂ ਲਈ ਇਕ ਛਿੜਕਾਅ ਉਲੀਨਾਸ਼ਕ ਦਾ ਕਰਨ ? ਲਈ ਕਿਹਾ ਗਿਆ। ਨਰਮੇ ? ਦੀ ਸਰਕਾਰੀ ਖਰੀਦ ਬਾਰੇ ਕਿਸਾਨਾਂ ਨੂੰ ਰਜਿਸਟ੍ਰੇਸ਼ਨ ਕਰਨ ਦੀ ਜਾਣਕਾਰੀ ਦਿੱਤੀ ਗਈ।

ਡਾ. ਦਿਲਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਝੋਨੇ ਦੀ ਫ਼ਸਲ ਬਾਰੇ ਜਾਣਕਾਰੀ ਦਿੰਦਿਆਂ ਖਾਦਾਂ ਦੀ ਵਰਤੋਂ ਸਹੀ ਸਮੇਂ ਯੂਰੀਆ ਖਾਦ ਪੂਰੀ ਕਰਨ, ਪੱਤਾ ਲਪੇਟ ਅਤੇ ਗੋਭ ਦੀ ਸੁੰਡੀ ਦਾ ਆਰਥਿਕ ਕਗਾਰ ਪੱਧਰ ਵੇਖਕੇ ਕੀਟਨਾਸ਼ਕ ਦਾ ਛਿੜਕਾਅ, ਨਿਸਾਰੇ ਸਮੇਂ ਹਲਦੀ ਰੋਗ, ਸੀਥ ਬਲਾਈਟ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਸਿਫਾਰਸ਼ ਉਲੀਨਾਸ਼ਕ ਦੀ ਵਰਤੋਂ ਅਤੇ ਤੇਲੇ, ਹੋਪਰ ਲਈ ਕੀਟਨਾਸ਼ਕ ਅਤੇ ਸਹੀ ਸਪਰੇਅ ਦੇ ਢੰਗ ਬਾਰੇ ਵਿਸਥਾਰ ਵਿੱਚ ਜਾਣਕਾਰੀ ਮੁਹੱਈਆ ਕਰਵਾਈ ਗਈ।

ਡਾ. ਮਨੋਜ ਕੁਮਾਰ ਖੇਤੀਬਾੜੀ ਅਫ਼ਸਰ ਸੰਗਤ ਵੱਲੋਂ ਕਿਸਾਨਾਂ ਨੂੰ ਬੇਲੋੜੇ ਖੇਤੀ ਖ਼ਰਚੇ ਘਟਾਉਣ ਅਤੇ ਖੇਤੀ ਨਾਲ ਸਹਾਇਕ ਧੰਦੇ ਅਪਨਾਉਣ ਦੀ ਅਪੀਲ ਕੀਤੀ ਤਾਂ ਜੋ ਖੇਤੀ ਨੂੰ ਲਾਹੇਵੰਦ ਧੰਦਾ ਬਣਾਇਆ ਜਾ ਸਕੇ। ਰਸਾਇਣ ਖਾਦਾਂ ਦੀ ਵਰਤੋਂ ਦੇ ਨਾਲ ਜੈਵਿਕ ਖਾਦਾਂ ਦੀ ਵਰਤੋਂ ਨੂੰ ਪਹਿਲ ਦੇਣ ਤੇ ਜ਼ੋਰ ਦਿੱਤਾ। ਘਰੇਲੂ ਬਗੀਚੀ ਤਿਆਰ ਕਰਨ ਦੇ ਫਾਇਦੇ ਅਤੇ ਢੰਗ ਬਾਰੇ ਜਾਣਕਾਰੀ ਦਿੱਤੀ ਗਈ।

ਕੈਂਪ ਵਿੱਚ ਕਿਸਾਨਾਂ ਨੂੰ ਨਰਮੇ ਦੀ ਫ਼ਸਲ ਲਈ ਫੀਰੋਮਨ ਟ੍ਰੈਪ ਅਤੇ ਵਾਤਾਵਰਨ ਦੀ ਸੰਭਾਲ ਲਈ ਫ਼ਲਦਾਰ ਅਤੇ ਛਾਂਦਾਰ ਬੂਟੇ ਵੰਡੇ ਗਏ।

ਕੈਂਪ ਦੌਰਾਨ ਪਿੰਡ ਬਾਂਡੀ ਦੇ ਵੱਡੀ ਗਿਣਤੀ ਵਿਚ ਕਿਸਾਨ, ਖੇਤੀਬਾੜੀ ਵਿਭਾਗ ਤੋਂ ਰਮਨਦੀਪ ਕੌਰ, ਅਰਸ਼ਦੀਪ ਕੌਰ, ਕਰਮਜੀਤ ਸਿੰਘ, ਨਵਤੇਜ ਸਿੰਘ ਆਦਿ ਹਾਜ਼ਰ ਸਨ।

# ਪੀਆਰਟੀਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦੀ ਮਹੀਨਾਵਾਰ ਜਨਰਲ ਮੀਟਿੰਗ



**ਪਟਿਆਲਾ, 16 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਇੱਥੇ ਪੀਆਰਟੀਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦੀ ਮਹੀਨਾਵਾਰ ਜਨਰਲ ਮੀਟਿੰਗ ਬਸ ਸਟੈਂਡ ਪਟਿਆਲਾ ਵਿਖੇ ਹੋਈ ਇਸ ਮੀਟਿੰਗ ਵਿੱਚ 300 ਤੋਂ ਵੱਧ ਸੇਵਾ ਮੁਕਤ ਕਰਮਚਾਰੀਆਂ ਨੇ ਭਾਗ ਲਿਆ। ਯੂਨੀਅਨ ਦੇ ਸਰਪ੍ਰਸਤ ਸ੍ਰੀ ਨਿਰਮਲ ਸਿੰਘ ਧਾਲੀਵਾਲ ਇਸ ਮੀਟਿੰਗ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ ਤੇ ਪੁੱਜੇ ਹੋਏ ਸਨ ਮੀਟਿੰਗ ਦੀ ਪ੍ਰਧਾਨਗੀ ਸਰਬਸ਼੍ਰੀ ਉੱਤਮ ਸਿੰਘ ਬਾਗੜੀ, ਮੁਹੰਮਦ ਖਲੀਲ, ਰਾਮ ਸਰੂਪ ਅਗਰਵਾਲ,ਅਤੇ ਗੁਰਵਿੰਦਰ ਸਿੰਘ ਗੋਲਡੀ ਕਰ ਰਹੇ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸਰਪ੍ਰਸਤ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਪੀਆਰਟੀਸੀ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਜਿੱਥੇ ਪੀਆਰਟੀਸੀ ਦੇ ਮੌਜੂਦਾ ਵਰਕਰਾਂ ਦੀਆਂ ਸਮੱਸਿਆਵਾਂ ਅਤੇ ਵਿੱਤੀ ਮੁਸ਼ਕਲਾਂ ਨੂੰ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ ਉੱਥੇ ਹੀ ਸੇਵਾ ਮੁਕਤ ਕਰਮਚਾਰੀਆਂ ਦੀਆਂ ਅਨੇਕਾਂ ਸਮੱਸਿਆਵਾਂ ਅਤੇ ਮੰਗਾਂ ਨੂੰ ਵੀ ਬੜੀ ਹੀ ਬੇਪਰਵਾਹੀ ਨਾਲ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਮੁਫਤ ਸਫਰ ਸਹੂਲਤਾਂ ਬਦਲੇ ਬਣਦੇ ਛੇ 700 ਕਰੋੜ ਰੁਪਏ ਸਾਲਾਂ ਬੱਧੀ ਸਮੇਂ ਤੋਂ ਪੀਆਰਟੀਸੀ ਨੂੰ ਨਹੀਂ ਦੇ ਰਹੀ ਜਿਸ ਕਰਕੇ ਪਿਛਲੇ ਡੇਢ ਸਾਲ ਤੋਂ ਰਿਟਾਇਰ ਹੋਏ ਵਰਕਰਾਂ ਦੀਆਂ ਪੇਮੈਂਟ ਨਹੀਂ ਕੀਤੀ ਜਾ ਰਹੀ ਸਮੁੱਚੇ ਵਰਕਰਾਂ ਦੇ ਕਰੋੜਾਂ ਰੁਪਏ ਦੇ ਵੱਖ ਵੱਖ ਕਿਸਮ ਦੇ ਬਕਾਏ ਨਹੀਂ ਦਿੱਤੇ ਜਾ ਰਹੇ, ਪੇ ਕਮਿਸ਼ਨ ਦੇ ਬਕਾਏ ਸਰਕਾਰ ਦੁਆਰਾ ਜਾਰੀ ਕੀਤੇ ਸ਼ਡਿਊਲ ਦੇ ਬਾਵਜੂਦ ਇਸ ਅਦਾਰੇ ਵਿੱਚ ਪੇਮੈਂਟ ਸ਼ੁਰੂ ਹੀ ਨਹੀਂ ਕੀਤੀ ਗਈ, ਤਨਖਾਹ ਅਤੇ ਪੈਨਸ਼ਨ ਕਦੇ ਵੀ ਸਮੇਂ ਸਿਰ ਨਹੀਂ ਮਿਲਦੀ,ਸੇਵਾ ਮੁਕਤ ਕਰਮਚਾਰੀਆਂ ਨੂੰ ਦੋ ਸਾਲ ਬਾਅਦ ਇੱਕ ਬੇਸਿਕ ਪੇ ਦੇ ਬਰਾਬਰ ਮਿਲਣ ਵਾਲਾ ਯਾਤਰੀ ਭੱਤਾ ਨਹੀਂ ਦਿੱਤਾ ਜਾ ਰਿਹਾ ਕੁਝ ਬਜ਼ੁਰਗ ਸੇਵਾ ਮੁਕਤ ਕਰਮਚਾਰੀਆਂ ਨੂੰ 1992 ਦੀ ਪੈਨਸ਼ਨ ਦਾ ਲਾਭ ਨਾ ਦੇ ਕੇ ਮੈਨੇਜਮੈਂਟ ਨੇ ਅਣਮਨੁੱਖੀ ਰਵਈਆ ਧਾਰਨ ਕੀਤਾ ਹੋਇਆ ਹੈ ਮਹਿਕਮੇ ਵਿੱਚ ਕੋਈ ਯੋਜਨਾ ਬੰਦੀ ਸਹੀ ਤਰੀਕੇ ਦੀ ਨਾ ਹੋਣ ਕਾਰਨ ਭਾਰੀ ਮਾਲੀ ਨੁਕਸਾਨ ਹੋ ਰਿਹਾ ਹੈ 250 ਬੱਸਾਂ ਦਾ ਫਲੀਟ ਵਿੱਚ ਵਾਧਾ ਹੋਣ ਦੇ ਬਾਵਜੂਦ ਆਮਦਨ ਵਿੱਚ ਉੱਕਾ ਹੀ ਕੋਈ ਵਾਧਾ ਨਹੀਂ ਹੋਇਆ ਜਦ ਕਿ ਇਹਨਾਂ ਬੱਸਾਂ ਦਾ ਰੋਜਾਨਾ ਦਾ 35 ਲੱਖ ਰੁਪਏ ਦਾ ਬੋਝ ਪ੍ਰਤੀ ਦਿਨ ਪੈ ਰਿਹਾ ਹੈ। ਰੈਲੀ ਨੂੰ ਸੰਬੋਧਨ ਕਰਦਿਆਂ ਉੱਤਮ ਸਿੰਘ ਬਾਗੜੀ ਪ੍ਰਧਾਨ ਅਤੇ ਜਨਰਲ ਸਕੱਤਰ ਮੁਹੰਮਦ ਖਲੀਲ ਨੇ ਕਿਹਾ ਕਿ ਜੇਕਰ ਮੈਨੇਜਮੈਂਟ ਨੇ ਸੇਵਾ ਮੁਕਤ ਵਰਕਰਾਂ ਦੀਆਂ ਮੰਗਾਂ ਮੰਨਣ ਵਿੱਚ ਕੋਈ ਦੇਰੀ ਕੀਤੀ ਜਾਂ ਅਣਦੇਖੀ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਸੇਵਾ ਮੁਕਤ ਕਰਮਚਾਰੀਆਂ ਨੂੰ ਮਜਬੂਰ ਹੋ ਕੇ ਵੱਖ ਵੱਖ ਤਰੀਕਿਆਂ ਨਾਲ ਸੰਘਰਸ਼ ਕਰਨਾ ਪਏਗਾ ਅੱਜ ਦੇ ਇਸ ਇਕੱਠ ਨੂੰ ਗੁਰਵਿੰਦਰ ਸਿੰਘ ਗੋਲਡੀ ਰਮੇਸ਼ ਕੁਮਾਰ ਅਤੇ ਰਾਮ ਸਰੂਪ ਅਗਰਵਾਲ ਨੇ ਵੀ ਸੰਬੋਧਨ ਕੀਤਾ।

# ਵਾਧੂ ਏਈਆਰਓਸ ਅਤੇ ਡੋਕੋਮੈਂਟ ਵੈਰੀਫੀਕੇਸ਼ਨ ਸੈੱਲ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਦਿੱਤੀ ਗਈ ਟ੍ਰੇਨਿੰਗ

**ਫਾਜ਼ਿਲਕਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ, ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫਸਰ ਫਾਜਿਲਕਾ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ-2026 ਦੇ ਦੂਸਰੇ ਪੜਾਅ ਦੀ ਪ੍ਰਕਿਰਿਆ ਨੂੰ ਸਫਲਤਾ ਪੂਰਵਕ ਨੇਪਰੇ ਚਾੜਣ ਲਈ ਮੀਟਿੰਗ ਹਾਲ ਦਫਤਰ ਡਿਪਟੀ ਕਮਿਸ਼ਨਰ ਫਾਜਿਲਕਾ ਵਿਖੇ ਏਈਆਰਓ-1, ਏਈਆਰਓ-2, ਵਾਧੂ ਏਈਆਰਓਸ ਅਤੇ ਡੋਕੋਮੈਂਟ ਵੈਰੀਫੀਕੇਸ਼ਨ ਸੈੱਲ ਦੇ ਅਧਿਕਾਰੀਆਂ/ਕਰਮਚਾਰੀਆਂ ਦੀ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਹ ਟ੍ਰੇਨਿੰਗ ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰ ਸੰਦੀਪ ਅਨੇਜਾ ਵੱਲੋਂ ਦਿੱਤੀ ਗਈ।

ਜ਼ਿਲ੍ਹਾ ਪ੍ਰਸ਼ਾਸਨ ਦੀ ਸਿੱਧੀ ਨਿਗਰਾਨੀ ਹੇਠ ਐਸ.ਆਈ.ਆਰ. ਨਾਲ ਸਬੰਧਤ ਹਰ ਗਤੀਵਿਧੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਿਆ ਜਾ ਰਿਹਾ ਹੈ। ਇਸ ਸਿਖਲਾਈ ਦਾ ਮੁੱਖ ਮਕਸਦ ਭਾਰਤ ਦੇ ਚੋਣ ਕਮਿਸ਼ਨ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕਰਨਾ ਹੈ ਤਾਂ ਜੋ ਐਸ.ਆਈ.ਆਰ. ਪ੍ਰਕਿਰਿਆ ਸਫਲਤਾ ਪੂਰਵਕ ਨੇਪਰੇ ਚਾੜਿਆ ਜਾ ਸਕੇ।

ਇਸ ਮੌਕੇ ਸ੍ਰੀਮਤੀ ਵਿਭੂ ਜੈਨ ਚੋਣ ਤਹਿਸੀਲਦਾਰ, ਸ੍ਰੀ ਨਵਜੋਤ ਸਿੰਘ ਚੋਣ ਕਾਨੂੰਗੋ, ਸ੍ਰੀ ਰਵੀ ਕਾਂਤ ਚੋਣ ਕਾਨੂੰਗੋ ਅਤੇ ਜਿਲ੍ਹਾ ਚੋਣ ਦਫਤਰ, ਧੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਿਆ ਜਾ ਰਿਹਾ ਹੈ। ਇਸ ਸਿਖਲਾਈ ਦਾ ਮੁੱਖ ਮਕਸਦ ਭਾਰਤ ਦੇ ਚੋਣ ਕਮਿਸ਼ਨ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾਫਾਜਿਲਕਾ ਦਾ ਸਾਰਾ ਸਟਾਫ ਵੀ ਮੌਜੂਦ ਸੀ।

# ਕਾਲਕਾ ਤੇ ਕਾਹਲੋਂ ਵੱਲੋਂ ਇਕਬਾਲ ਸਿੰਘ ਬਾਜ਼ ਸਾਥੀਆਂ ਸਣੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਮੂਲੀਅਤ ਦਾ ਸਵਾਗਤ



**ਨਵੀਂ ਦਿੱਲੀ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਕੌਮੀ ਆਗੂ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਵਾਰਡ ਨੰਬਰ 10, ਗੁਰੂ ਹਰਿਕ੍ਰਿਸ਼ਨ ਨਗਰ ਤੋਂ ਸਰਦਾਰ ਇਕਬਾਲ ਸਿੰਘ ਬਾਜ਼ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਪਰਿਵਾਰ ਵਿੱਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ।

ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਰਦਾਰ ਇਕਬਾਲ ਸਿੰਘ ਬਾਜ਼ ਅਤੇ ਉਨ੍ਹਾਂ ਦੇ ਸਾਥੀਆਂ ਦੀ ਪਾਰਟੀ ਵਿੱਚ ਸ਼ਮੂਲੀਅਤ ਨਾਲ ਸੇਵਾ, ਸਾਂਝ ਅਤੇ ਸਿੱਖੀ ਦੇ ਸਾਂਝੇ ਸਫ਼ਰ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਨਾਲ ਜੁੜਨ ਵਾਲੇ ਹਰ ਸਾਥੀ ਦਾ ਯੋਗਦਾਨ ਪੰਥਕ ਸੇਵਾ ਅਤੇ ਭਾਈਚਾਰੇ ਦੀ ਬਿਹਤਰੀ ਲਈ ਬਹੁਤ ਅਹਿਮ ਹੈ।

ਸਰਦਾਰ ਕਾਲਕਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪੰਥਕ ਸੋਚ, ਸੇਵਾ ਭਾਵਨਾ ਅਤੇ ਸਿੱਖ ਭਾਈਚਾਰੇ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਲੈ ਕੇ ਅੱਗੇ ਵਧ ਰਿਹਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸਰਦਾਰ ਇਕਬਾਲ ਸਿੰਘ ਬਾਜ਼ ਅਤੇ ਉਨ੍ਹਾਂ ਦੀ ਟੀਮ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਸੰਗਤ ਦੀ ਸੇਵਾ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣਗੇ।

ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਨੇ ਸਮੁੱਚੀ ਟੀਮ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਾਰਟੀ ਪੰਥ ਅਤੇ ਸਮਾਜ ਦੀ ਸੇਵਾ ਲਈ ਹੋਰ ਦ੍ਰਿੜ੍ਹਤਾ ਅਤੇ ਇਕਜੁੱਟਤਾ ਨਾਲ ਅੱਗੇ ਵਧਣਗੇ।

ਉਨ੍ਹਾਂ ਕਿਹਾ ਕਿ ਸਾਂਝੀ ਸੋਚ, ਸੇਵਾ ਭਾਵਨਾ ਅਤੇ ਸੰਗਤ ਦੇ ਸਹਿਯੋਗ ਨਾਲ ਪੰਥਕ ਸੇਵਾ ਦੇ ਇਸ ਸਫ਼ਰ ਨੂੰ ਨਵੀਂ ਤਾਕਤ ਅਤੇ ਦਿਸ਼ਾ ਮਿਲੇਗੀ।

# ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਅਲਬਾ ਸਮੇਰਿਗਲੋ ਵੱਲੋਂ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨਾਲ ਮੁਲਾਕਾਤ

**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਅਲਬਾ ਸਮੇਰਿਗਲੋ ਅਤੇ ਬ੍ਰਿਟਿਸ਼ ਹਾਈ ਕਮਿਸ਼ਨ ਦੀ ਸੀਨੀਅਰ ਸਲਾਹਕਾਰ (ਇਕਨਾਮਿਕਸ, ਕਲਾਈਮੇਟ ਐਂਡ ਡਿਵੈਲਪਮੈਂਟ) ਮਧੂ ਮਿਸ਼ਰਾ ਨੇ ਅੱਜ ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨਾਲ ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ ਵਿਖੇ ਉਨ੍ਹਾਂ ਦੇ ਦਫ਼ਤਰ ਵਿੱਚ ਮੁਲਾਕਾਤ ਕੀਤੀ।

ਇਸ ਮੌਕੇ ਡਾ. ਰਵਜੋਤ ਸਿੰਘ ਨੇ ਬ੍ਰਿਟਿਸ਼ ਵਫ਼ਦ ਨਾਲ ਬ੍ਰਿਟੇਨ ਵਿੱਚ ਵਸਦੇ ਪੰਜਾਬੀ ਭਾਈਚਾਰੇ ਅਤੇ ਪੰਜਾਬ ਨਾਲ ਸਬੰਧਤ ਐਨ.ਆਰ.ਆਈਜ਼ ਦੇ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ।

ਡਾ. ਰਵਜੋਤ ਸਿੰਘ ਨੇ ਬ੍ਰਿਟੇਨ ਵਿੱਚ ਵਸਦੇ ਪੰਜਾਬੀਆਂ ਨੂੰ ਜਾਅਲੀ ਅਤੇ ਗੈਰ-ਅਧਿਕਾਰਤ ਟ੍ਰੈਵਲ ਏਜੰਟਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਐਨ.ਆਰ.ਆਈਜ਼ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੀਜ਼ਾ, ਇਮੀਗ੍ਰੇਸ਼ਨ, ਵਿਦੇਸ਼ ਯਾਤਰਾ ਜਾਂ ਹੋਰ ਸੇਵਾਵਾਂ ਸਬੰਧੀ ਝੂਠੇ ਦਾਅਵੇ ਕਰਨ ਵਾਲੇ ਵਿਅਕਤੀਆਂ ਦੇ ਝਾਂਸੇ ਵਿੱਚ ਨਹੀਂ ਆਉਣਾ ਚਾਹੀਦਾ। ਉਨ੍ਹਾਂ ਕਿਹਾ ਕਿ ਜਾਅਲੀ ਟ੍ਰੈਵਲ ਏਜੰਟਾਂ ਵੱਲੋਂ ਕੀਤੀ ਜਾਂਦੀ ਧੋਖਾਧੜੀ ਤੋਂ ਬਚਣ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਬੇਹੱਦ ਜ਼ਰੂਰੀ ਹੈ।

ਮੰਤਰੀ ਨੇ ਬ੍ਰਿਟਿਸ਼ ਵਫ਼ਦ ਨੂੰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 26 ਅਗਸਤ ਨੂੰ ਬਠਿੰਡਾ ਵਿਖੇ ਐਨ.ਆਰ.ਆਈ. ਮਿਲਣੀ ਕਰਵਾਈ ਜਾ ਰਹੀ ਹੈ, ਜਿਸ ਵਿੱਚ ਐਨ.ਆਰ.ਆਈਜ਼ ਨਾਲ ਸੰਵਾਦ ਕੀਤਾ ਜਾਵੇਗਾ।

ਉਨ੍ਹਾਂ ਬ੍ਰਿਟੇਨ ਸਮੇਤ ਵਿਦੇਸ਼ਾਂ ਵਿੱਚ ਵਸਦੇ, ਖਾਸ ਕਰਕੇ ਬਠਿੰਡਾ ਅਤੇ ਆਸ-ਪਾਸ ਦੇ ਇਲਾਕਿਆਂ ਨਾਲ ਸਬੰਧਤ ਪੰਜਾਬੀਆਂ ਨੂੰ ਇਸ ਮਿਲਣੀ ਵਿੱਚ ਸ਼ਾਮਲ ਹੋ ਕੇ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਿੱਧੇ ਪੰਜਾਬ ਸਰਕਾਰ ਸਾਹਮਣੇ ਰੱਖਣ ਦਾ ਸੱਦਾ ਦਿੱਤਾ।

ਮੀਟਿੰਗ ਦੌਰਾਨ ਬ੍ਰਿਟੇਨ ਵਿੱਚ ਵਸਦੇ ਪੰਜਾਬੀਆਂ ਅਤੇ ਪੰਜਾਬ ਨਾਲ ਜੁੜੇ ਐਨ.ਆਰ.ਆਈਜ਼ ਦੀਆਂ ਵੱਖ-ਵੱਖ ਚਿੰਤਾਵਾਂ, ਪੰਜਾਬ ਨਾਲ ਉਨ੍ਹਾਂ ਦੇ ਸਬੰਧਾਂ ਅਤੇ ਉਨ੍ਹਾਂ ਦੇ ਹਿੱਤਾਂ ਨਾਲ ਜੁੜੇ ਮੁੱਦਿਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਦੋਵਾਂ ਧਿਰਾਂ ਨੇ ਪੰਜਾਬੀ ਪਰਵਾਸੀ ਭਾਈਚਾਰੇ ਨਾਲ ਸਬੰਧਤ ਮੁੱਦਿਆਂ 'ਤੇ ਆਪਸੀ ਸੰਪਰਕ ਅਤੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

# ਜੀਵਨ ਵਿਚ ਜ਼ਰੂਰੀ ਹੈ ਚੜ੍ਹਦੀਕਲਾ ਵਾਲਾ ਨਜ਼ਰੀਆ

**ਰਮੇਸ਼ ਬੱਗਾ ਚੋਹਲਾ**

ਪਾਣੀ ਦਾ ਅੱਧਾ ਭਰਿਆ ਜਾਂ ਅੱਧਾ ਖਾਲੀ ਗਲਾਸ ਮਨੁੱਖੀ ਸੋਚ ਦੀ ਹਾਂ-ਪੱਖੀ ਜਾਂ ਨਾਂਹ ਪੱਖੀ ਪਹੁੰਚ ਨਾਲ ਸਿੱਧੇ ਰੂਪ ਵਿਚ ਜੁੜਿਆ ਹੋਇਆ ਹੈ। ਇਹ ਪਹੁੰਚ ਕਿਸੇ ਵੀ ਵਿਅਕਤੀ ਦੇ ਵਿਅਕਤੀਤਵ ਦਾ ਇਕ ਅਹਿਮ ਹਿੱਸਾ ਹੁੰਦੀ ਹੈ। ਜੇਕਰ ਕੋਈ ਵਿਅਕਤੀ ਆਪਣੇ ਜੀਵਨ ਵਿਚ ਨਕਾਰਾਤਮਿਕ ਵਿਚਾਰਧਾਰਾ ਦਾ ਧਾਰਨੀ ਹੋਵੇਗਾ ਤਾਂ ਉਸ ਦੀ ਜ਼ਿੰਦਗੀ ਦੇ ਪ੍ਰਤੀ ਪਹੁੰਚ ਵੀ ਅਜਿਹੀ ਹੀ ਹੋਵੇਗੀ ਅਤੇ ਉਹ ਪਾਣੀ ਦੇ ਅੱਧ-ਭਰੇ ਹੋਏ ਗਿਲਾਸ ਤੋਂ ਕੋਈ ਅਗਾਂਹਵਧੂ ਪ੍ਰੇਰਨਾ ਨਹੀਂ ਲੈ ਸਕੇਗਾ। ਅਜਿਹਾ ਮਨੁੱਖ ਫਸੀ ਹੋਈ ਨੂੰ ਛੱਡ ਕੇ ਉੱਡਦੀ ਦੇ ਪਿੱਛੇ ਲੱਗਾ ਰਹਿਣ ਵਾਲਾ ਹੁੰਦਾ ਹੈ। ਅਜਿਹੇ ਮਨੁੱਖ ਦੀ ਸੰਤੁਸ਼ਟੀ ਦਾ ਪੱਧਰ ਬਹੁਤ ਹੀ ਨੀਵਾਂ ਹੁੰਦਾ ਹੈ ਅਤੇ ਇਸ ਨੀਵਾਣ ਦੇ ਕਾਰਨ ਉਹ ਭਟਕਣ ਦਾ ਸ਼ਿਕਾਰ ਹੋਇਆ ਰਹਿੰਦਾ ਹੈ। ਇਹ ਭਟਕਣ ਜਿੱਥੇ ਉਸ ਦੇ ਜੀਵਨ ਵਿਚ ਅਸਥਿਰਤਾ ਪੈਦਾ ਕਰਦੀ ਹੈ ਉੱਥੇ ਉਸ ਨੂੰ ਨਿਰਾਸ਼ਾ ਦੀਆਂ ਡੂੰਘੀਆਂ ਖਾਈਆਂ ਵਿਚ ਵੀ ਧਕੇਲਦੀ ਹੈ। ਅਜਿਹੀ ਸੂਰਤ ਉਸ ਮਨੁੱਖ ਨੂੰ ਉਸ ਦੇ ਜੀਵਨ-ਮਨੋਰਥ ਦੀ ਪ੍ਰਾਪਤੀ ਤੋਂ ਵਾਂਝਿਆਂ ਕਰੀ ਰੱਖਦੀ ਹੈ।

ਪਾਣੀ ਦਾ ਭਰਿਆ ਹੋਇਆ ਅੱਧਾ ਗਲਾਸ ਅਜਿਹੇ ਬਸ਼ਰ ਲਈ ਕੋਈ ਬਹੁਤਾ ਪ੍ਰੇਰਨਾਦਾਇਕ ਸਾਬਤ ਨਹੀਂ ਹੁੰਦਾ। ਉਸ ਦੀ ਸੁਰ ਹਮੇਸ਼ਾਂ ਹੀ ਨਿਰਾਸ਼ਾਵਾਦੀ ਹੁੰਦੀ ਹੈ। ਗਿਲਾਸ ਦੇ ਸੱਖਣੇਪਨ ਨੂੰ ਦੇਖ ਕੇ ਅਜਿਹਾ ਜੀਊੜਾ ਸਦਾ ਹੀ ਝੂਰਦਾ ਅਤੇ ਘੂਰਦਾ ਰਹਿੰਦਾ ਹੈ। ਦੂਸਰੇ ਪਾਸੇ ਸਮਾਜ ਵਿਚ ਕਈ ਅਜਿਹੇ ਵਿਅਕਤੀ ਵੀ ਮਿਲ ਜਾਂਦੇ ਹਨ ਜਿਹੜੇ ਪਾਣੀ ਦੇ ਅੱਧੇ ਭਰੇ ਹੋਏ ਗਲਾਸ ਨੂੰ ਆਸ਼ਾਵਾਦੀ ਜ਼ਾਵੀਏ ਤੋਂ ਤੱਕ ਦੇ ਹਨ ਅਤੇ ਹਮੇਸ਼ਾਂ ਆਪਣੀ ਚੜ੍ਹਦੀਕਲਾ ਦਾ ਸਬੂਤ ਦਿੰਦੇ ਹਨ। ਇਸ ਵਰਗ ਦੇ ਵਿਅਕਤੀ ਭਰੇ ਹੋਏ ਅੱਧੇ ਗਲਾਸ ਤੋਂ ਉਤਸ਼ਾਹਿਤ ਹੋ ਕੇ ਗਲਾਸ ਦੇ ਊਣੇਪਨ ਨੂੰ ਭਰਪੂਰ ਕਰਨ ਹਿੱਤ ਯਤਨਸ਼ੀਲ ਬਣੇ ਰਹਿੰਦੇ ਹਨ। ਆਪਣੀ ਯਤਨਸ਼ੀਲਤਾ ਅਤੇ ਵਿਸ਼ੇਸ਼ ਲਗਨ ਸਦਕਾ ਆਪਣੀ ਹਯਾਤੀ ਦੇ ਵਾਧੇ-ਘਾਟੇ ਵਿਚ ਸਮਤੋਲ ਬਣੀ ਰੱਖਦੇ ਹਨ। ਇਸ ਸਮਤੋਲ ਕਾਰਨ ਹੀ ਉਹ ਆਪਣੇ ਜੀਵਨ ਵਿਚ ਆਉਣ ਵਾਲੇ ਉਤਰਾਵਾਂ-ਚੜ੍ਹਾਵਾਂ ਪ੍ਰਤੀ ਬਹੁਤੇ ਉਦਾਸ ਜਾਂ ਹੁਲਾਸ ਨਹੀਂ ਹੁੰਦੇ। ਆਪਣੇ ਸਮਸਰਤਾ ਵਾਲੇ ਦ੍ਰਿਸ਼ਟੀਕੋਣ ਕਾਰਨ ਇਹ ਪੁਰਖ, ਪੁਰਖ ਤੋਂ ਮਹਾਂਪੁਰਖ ਹੋ ਨਿਬੜ ਦੇ ਹਨ ਕਿਉਂਕਿ ਇਨ੍ਹਾਂ ਦਾ ਸੁਭਾਅ ਸਦਾ ਸ਼ੁਕਰਗੁਜ਼ਾਰੀ ਵਾਲਾ ਹੋ ਜਾਂਦਾ ਹੈ। ਇਸ ਤਰ੍ਹਾਂ ਦੇ ਸੁਭਾਅ ਦੀ ਮਾਲਕੀਅਤ ਵਾਲਾ ਮਨੁੱਖ ਕਦੇ ਵੀ ਵਹਿਗੁਰੂ ਦੇ ਵਰਤਾਰਿਆਂ ਉੱਪਰ ਕਿੰਤੂ-ਪ੍ਰੰਤੂ ਨਹੀਂ ਕਰਦਾ, ਸਗੋਂ ਉਸ ਦੀ ਰਜ਼ਾ ਵਿਚ ਰਾਜ਼ੀ ਰਹਿ ਕੇ ਆਪਣੇ ਲੋਕ-ਪ੍ਰਲੋਕ ਨੂੰ ਸੁਹੇਲਾ ਬਣਾਉਣ ਲਈ ਤੱਤਪਰ ਰਹਿੰਦਾ ਹੈ।

ਪਾਣੀ ਦਾ ਅੱਧਾ ਭਰਿਆ ਹੋਇਆ ਗਲਾਸ ਕਿਸੇ ਵਿਅਕਤੀ ਦੇ ਸੰਤੋਖੀ ਸੁਭਾਅ ਦੀ ਵੀ ਬਾਤ ਪਾਉਂਦਾ ਹੈ। ਇਹ ਬਾਤ ਮਨੁੱਖ ਨੂੰ ਥੋੜ੍ਹੇ ਨੂੰ ਬਹੁਤਾ ਕਰਕੇ ਜਾਣਨ ਦੀ ਜੀਵਨ-ਜਾਚ ਸਿਖਾਉਂਦੀ ਹੈ। ਇਸ ਤਰ੍ਹਾਂ ਦੀ ਜੀਵਨ-ਜਾਂਚ ਦੀ ਹੀ ਪ੍ਰਤੀਨਿਧਤਾ ਕਰਦੇ ਰਹੇ ਹਨ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜਿਹੜੇ ਚਮਕੌਰ ਸਾਹਿਬ ਦੀ ਕੱਚੀ ਹਵੇਲੀ ਵਿਚ ਮੁੱਠੀ ਭਰ ਮਰਜੀਵੜਿਆਂ (ਸਿੰਘਾਂ) ਨੂੰ ਨਾਲ ਲੈ ਕੇ ਵੈਰੀਆਂ ਦੇ ਟਿੱਡੀ-ਦਲ ਨੂੰ ਮਾਤ ਦਿੰਦੇ ਰਹੇ ਹਨ। ਇੱਥੇ ਹੀ ਬੱਸ ਨਹੀਂ ਉਨ੍ਹਾਂ ਨੇ ਆਪਣਾ ਸਭ ਕੁਝ ਨਿਛਾਵਰ ਕਰ ਕੇ ਵੀ ਆਪਣੇ ਮਿੱਤਰ-ਪਿਆਰੇ (ਅਕਾਲ ਪੁਰਖ) ਨਾਲ ਕਦੇ ਕੋਈ ਗ਼ਿਲਾ-ਸ਼ਿਕਵਾ ਨਹੀਂ ਕੀਤਾ। ਸੋ ਅੰਤ ਵਿਚ ਅਸੀਂ ਇਹੀ ਕਹਿ ਸਕਦੇ ਹਾਂ ਕਿ ਪਾਣੀ ਦੇ ਅੱਧੇ ਭਰੇ ਹੋਏ ਗਲਾਸ ਤੋਂ ਸਾਨੂੰ ਸਦਾ ਹੀ ਧਨਾਤਮਕ ਪ੍ਰੇਰਣਾ ਮਿਲਦੀ ਰਹੇਗੀ, ਜੇ ਸਾਡੀ ਮਾਨਸਿਕ ਅਵਸਥਾ ਇਸ ਦੇ ਹਾਣ ਦੀ ਬਣੀ ਰਹੇਗੀ। ਇਸ ਦੇ ਉਲਟ ਜੇਕਰ ਸਾਡੀ ਮਨੋਸਥਿਤੀ ਰਿਣਾਤਮਕ ਬਣੀ ਰਹੇਗੀ ਤਾਂ ਸਾਡੀ ਸੋਚ ਵੀ ਵਧੇਰਾ ਸਮਾਂ ਪਾਣੀ ਦੇ ਗਲਾਸ ਦੇ ਖਾਲੀਪਣ ਉੱਪਰ ਹੀ ਠਹਿਰੀ ਰਹੇਗੀ। ਇਸ ਲਈ ਸਾਨੂੰ ਹਮੇਸ਼ਾ ਹੀ ਆਸ਼ਾਵਾਦੀ ਉਰਫ਼ ਚੜ੍ਹਦੀਕਲਾ ਵਾਲਾ ਨਜ਼ਰੀਆ ਰੱਖਣਾ ਚਾਹੀਦਾ ਹੈ। •

**ਮੋਬਾਈਲ : 94631-32719**



# ਪਿਆਰੀਆਂ ਹੁੰਦੀਆਂ ਧੀਆਂ ਤੇ ਧਰੇਕਾਂ

**ਹਰਮਿੰਦਰ ਸਿੰਘ ਭੱਟ**

ਵਿਆਹ ਤੋਂ ਬਾਅਦ ਧੀਆਂ ਦਾ ਆਪਣੇ ਮਾਂ ਬਾਪ ਨੂੰ ਛੱਡ ਦੂਜੇ ਘਰ ਚਲੇ ਜਾਣ ਨਾਲ ਜਿੱਥੇ ਬਾਬਲ ਦਾ ਵਿਹੜਾ ਸੁੰਨਾ ਹੋ ਜਾਂਦਾ ਹੈ ਉੱਥੇ ਬਾਪੂ ਆਪਣੀ ਪਿਆਰੀ ਧੀ ਦੇ ਵਿਆਹ ਤੇ ਖ਼ਰਚ ਕਰਨ ਕਰ ਕੇ ਦੋਨਾਂ ਪੱਖਾਂ ਤੋਂ ਖੁੰਗਲ ਹੋ ਜਾਂਦਾ ਹੈ। ਇਸੇ ਤਰ੍ਹਾਂ ਜਦੋਂ ਧਰੇਕ ਦੇ ਰੁੱਖ 'ਤੇ ਤਰ੍ਹਾਂ ਤਰ੍ਹਾਂ ਦੇ ਪੰਛੀ ਬੋਲਦੇ ਹਨ ਜਿਨ੍ਹਾਂ ਨਾਲ ਵਿਹੜੇ ਵਿਚ ਚਹਿਲ ਪਹਿਲ ਵਾਲਾ ਮਾਹੌਲ ਬਣਿਆਂ ਰਹਿੰਦਾ ਹੈ ਤੇ ਧੀ ਦੇ ਤੋਤਲੇ ਬੋਲਾਂ ਰਾਹੀਂ ਸਾਰਾ ਪਰਿਵਾਰ ਖ਼ੁਸ਼ੀ ਵਿਚ ਰਮਿਆ ਰਹਿੰਦਾ ਹੈ। ਇਸੇ ਤਰ੍ਹਾਂ ਧੀਆਂ ਤੇ ਧਰੇਕਾਂ ਵਿਹੜੇ ਦੀਆਂ ਰੌਣਕ ਹੋ ਨਿੱਬੜਦੀਆਂ ਹਨ। ਪਰ ਹੁਣ ਜਿਵੇਂ ਆਧੁਨਿਕ ਜ਼ਮਾਨੇ ਦੀਆਂ ਕੋਠੀਆਂ ਵਿਚ ਜਿਵੇਂ ਧਰੇਕ ਦਾ ਰੁੱਖ ਦੇਖਣ ਨੂੰ ਨਹੀਂ ਮਿਲਦਾ ਇਸੇ ਤਰ੍ਹਾਂ ਦਿਨੋਂ ਦਿਨ ਧੀਆਂ ਦੀ ਗਿਣਤੀ ਵੀ ਘਟਦੀ ਜਾ ਰਹੀ ਹੈ। ਧੀਆਂ ਨਾਲ ਵਿਤਕਰਾ ਤਾਂ ਪਹਿਲੇ ਦਿਨ ਤੋਂ ਹੀ ਹੁੰਦਾ ਆਇਆ ਹੈ ਫ਼ਰਕ ਸਿਰਫ਼ ਐਨਾ ਹੈ ਕਿ ਪਹਿਲਾਂ ਧੀਆਂ ਨੂੰ ਜੰਮਣ ਤੋਂ ਬਾਅਦ ਵਿਚ ਮੂੰਹ ਵਿਚ ਗੁੜ ਦੀ ਰੋੜੀ ਲਾ ਅੱਕ ਦਾ ਦੁੱਧ ਪਿਲਾਕੇ ਆਖਿਆ ਜਾਂਦਾ ਸੀ 'ਰੱਜ ਕੇ ਗੁੜ ਖਾਈਂ ਆਪ ਨਾ ਆਈਂ, ਵੀਰ ਨੂੰ ਘੱਲੀਂ' ਪਰ ਅਫ਼ਸੋਸ ਆਧੁਨਿਕ ਯੁਗ ਵਿਚ ਤਾਂ ਧੀਆਂ ਨੂੰ ਕੁੱਖ ਵਿਚ ਹੀ ਮਾਰ ਦਿੱਤਾ ਜਾਂਦਾ ਹੈ।



ਅਜਿਹਾ ਕਰਨ ਨਾਲ ਸਾਡੇ ਵਿਚ ਇਕੱਲਾਪਣ ਵਧਦਾ ਜਾ ਰਿਹਾ ਹੈ। ਪੜ੍ਹੇ ਲਿਖੇ ਸਮਾਜ ਵਿਚ ਭਰੂਣ ਹੱਤਿਆ ਦਿਨੋਂ ਦਿਨ ਵਧਦੀ ਜਾ ਰਹੀ ਹੈ ਜੋ ਕਿ ਸਾਡੇ ਮੱਥੇ 'ਤੇ ਬਹੁਤ ਵੱਡਾ ਕਲੰਕ ਹੈ। ਕੀ ਹੋ ਗਿਆ ਹੈ ਸਾਡੀ ਸੋਚ ਨੂੰ ਪੜ੍ਹੀ ਲਿਖੀ ਨਾਰੀ ਹੀ ਨਾਰੀ ਦੀ ਦੁਸ਼ਮਣ ਬਣੀ ਹੋਈ ਹੈ ਕਿ ਅਸੀਂ ਧੀਆਂ ਨੂੰ ਜੰਮਣ ਤੋਂ ਪਹਿਲਾਂ ਹੀ ਕੁੱਖ ਵਿਚ ਕਤਲ ਕਰਵਾ ਦਿੰਦੇ ਹਾਂ। ਇਸ ਕੰਮ ਵਿਚ ਔਰਤ ਤੇ ਮਰਦ ਦੋਨੋਂ ਹੀ ਬਰਾਬਰ ਦੇ ਹੱਕਦਾਰ ਹਨ। ਇਸ ਦਾ ਵੱਡਾ ਕਾਰਨ ਧੀਆਂ ਤੇ ਪੁੱਤਰਾਂ ਵਿਚ ਹੋਣ ਵਾਲਾ ਫ਼ਰਕ ਹੈ। ਜਦਕਿ ਧੀਆਂ ਪੜ੍ਹ ਕੇ ਵੀ ਪੁੱਤਰਾਂ ਤੋਂ ਅੱਗੇ ਹਨ। ਪੁੱਤਰ ਤਾਂ ਹਰ ਚੀਜ਼ ਲੜ ਕੇ ਲੈਂਦੇ ਹਨ। ਫਿਰ ਵੀ ਅਸੀਂ ਪੁੱਤਰ ਪ੍ਰਾਪਤੀ ਲਈ ਧੀਆਂ ਨੂੰ ਕੁੱਖ ਵਿਚ ਕਤਲ ਕਰਾ ਪਲਾਸਟਿਕ ਦੇ ਲਿਫ਼ਾਫ਼ਿਆਂ ਵਿਚ ਪਾ ਕੂੜੇ ਵਾਲੇ ਢੇਰ ਤੇ ਸੁੱਟ ਦਿੰਦੇ ਹਾਂ। 2002 ਤੋਂ 2017 ਦੇ ਜਨ ਗਣਨਾ ਅੰਕੜਿਆਂ ਦੇ ਆਧਾਰ 'ਤੇ ਹਜ਼ਾਰਾਂ ਦੀ ਗਿਣਤੀ ਵਿਚ ਮਾਸੂਮ ਧੀਆਂ ਦੀ ਭਰੂਣ ਹੱਤਿਆ ਹੋਈ ਹੈ।

ਜਨ ਗਣਨਾ ਅਨੁਸਾਰ 1000 ਲੜਕੇ ਪਿੱਛੇ ਸਿਰਫ਼ 914 ਲੜਕੀਆਂ ਹਨ। ਵਿਆਹ ਦੀ ਉਮਰ ਵਿਚ ਇਹ 84 ਲੜਕੇ ਜਾਂ ਤਾਂ ਕੁਆਰੇ ਹੀ ਰਹਿਣਗੇ ਜਾਂ ਕਿਸੇ ਹੋਰ ਦੇਸ਼ ਤੋਂ ਲੜਕੀਆਂ ਲਿਆਉਣਗੇ। ਜੇ ਲੜਕੀਆਂ ਦੀ ਦਰ ਇਸੇ ਤਰ੍ਹਾਂ ਘਟਦੀ ਰਹੀ ਤਾਂ ਇਸ ਸ੍ਰਿਸ਼ਟੀ ਦੀ ਸਿਰਜਣਾ ਹੀ ਇਕ ਦਿਨ ਬੰਦ ਹੋ ਜਾਵੇਗੀ। ਕੀ ਅਸੀਂ ਜਾਨਵਰਾਂ ਨਾਲੋਂ ਵੀ ਗਿਰ ਗਏ ਹਾਂ? ਜਾਨਵਰ ਕਦੇ ਵੀ ਧੀ ਪੁੱਤ ਵਿਚ ਵਿਤਕਰਾ ਨਹੀਂ ਕਰਦੇ ਫਿਰ ਅਸੀਂ ਬੁੱਧੀ ਵਾਲੇ ਹੋ ਕੇ ਅਜਿਹਾ ਕਿਉਂ ਕਰ ਰਹੇ ਹਾਂ?

**ਮੋਬਾਈਲ : 99140-62205**

# ਮਰਦਾਂ ਦਾ ਗਿੱਧਾ

ਪੰਜਾਬ ਦੇ ਮਾਲਵਾ ਖੇਤਰ ਵਿਚ ਮਰਦਾਂ ਦਾ ਗਿੱਧਾ ਬਹੁਤ ਮਸ਼ਹੂਰ ਹੈ। ਇਸ ਨੂੰ ਮਲਵਈ ਗਿੱਧਾ ਵੀ ਕਿਹਾ ਜਾਂਦਾ ਹੈ। ਜਦੋਂ ਮਲਵਈ ਗਿੱਧੇ ਦਾ ਆਗ਼ਾਜ਼ ਹੋਇਆ ਤਾਂ ਸ਼ੁਰੂਆਤੀ ਸਮੇਂ ਵਿਚ ਕੋਈ ਖ਼ਾਸ ਸਾਜ਼ ਨਹੀਂ ਸੀ ਹੁੰਦੇ। ਜਿਹੜੀ ਚੀਜ਼ ਹੱਥ ਆਉਂਦੀ ਜਿਵੇਂ ਪੀਪੇ, ਡੰਡੇ, ਪਰਾਤਾਂ, ਛਿੱਤਰ, ਗੜਵੀ, ਘੜਾ ਆਦਿ ਚੁੱਕ ਲਿਆਉਂਦੇ। ਹੌਲ਼ੀ ਹੌਲ਼ੀ ਇਨ੍ਹਾਂ ਚੀਜ਼ਾਂ ਦੀ ਥਾਂ ਢੋਲਕੀ, ਤੂੰਬਾ, ਬੁਗਦੂ, ਕਾਟੋ, ਸੱਪ, ਚਿਮਟੇ, ਖੰਜਰੀ, ਟੱਲੀਆਂ, ਅਲਗੋਜੇ, ਘੜਾ ਆਦਿਨੇ ਲੈ ਲਈ। ਪਹਿਲੇ ਸਮੇਂ ਵਿਚ ਜੰਵ ਦੀ ਰੋਟੀ ਖੋਲ੍ਹਣ ਦੀ ਰਸਮ ਵੇਲੇ ਮਰਦਾਂ ਦੁਆਰਾ ਬੋਲੀਆਂ ਪਾਈਆਂ ਜਾਂਦੀਆਂ ਸਨ। ਹੌਲ਼ੀ ਹੌਲ਼ੀ ਇਨ੍ਹਾਂ ਬੋਲੀਆਂ ਨੇ ਇਕ ਲੋਕ-ਨਾਚ ਦਾ ਰੂਪ ਲੈ ਲਿਆ ਜੋ ਕਿ ਮਲਵਈ ਗਿੱਧਾ ਅਖਵਾਉਣ ਲੱਗ ਪਿਆ। ਇਹ ਇਕ ਕਿਸਮ ਦਾ ਖੁੱਲ੍ਹਾ ਨਾਚ ਹੈ, ਜਿਸ ਵਿਚ ਕੇਵਲ ਦੋ ਜਾਂ ਤਿੰਨ ਮਰਦ ਬੋਲੀਆਂ ਪਾਉਂਦੇ ਹਨ ਤੇ ਬਾਕੀ ਮਰਦ ਲੋਕ ਸਾਜ਼ ਵਜਾ ਕੇ ਖੁੱਲ੍ਹਾ ਨਾਚ ਨੱਚਦੇ ਹਨ। •



# ਭਾਦੋਂ ਦੇ ਛਰਾਟੇ, ਗੁੰਨ੍ਹੇ ਰਹਿ ਜਾਣ ਆਟੇ

ਹੁਣ ਦੇ ਦੌਰ ਦੀ ਜੇਕਰ ਪੁਰਾਣੇ ਸਮਿਆਂ ਨਾਲ ਤੁਲਨਾ ਕੀਤੀ ਜਾਵੇ ਤਾਂ ਬਹੁਤ ਵੱਡਾ ਅੰਤਰ ਦਿਖਾਈ ਦਿੰਦਾ ਹੈ। ਸਭ ਕੁਝ ਬਦਲ ਗਿਆ ਹੈ। ਇਸ ਵਿਗਿਆਨਿਕ ਯੁੱਗ ਵਿਚ ਪੁਰਾਣੇ ਸਮਿਆਂ ਵਾਲੀਆਂ ਗੱਲਾਂ, ਕਹਾਵਤਾਂ ਅਤੇ ਪੰਜਾਬੀ ਵਿਰਸੇ ਨਾਲ ਸਬੰਧਿਤ ਸਭ ਕੁਝ ਗਾਇਬ ਹੋ ਗਿਆ ਹੈ। ਮੋਬਾਈਲ, ਕੰਪਿਊਟਰ ਅਤੇ ਇੰਟਰਨੈੱਟ ਦੀ ਦੀਵਾਨੀ ਹੋਈ ਨੌਜਵਾਨ ਪੀੜ੍ਹੀ ਆਪਣੇ ਵਿਰਸੇ ਤੋਂ ਅਨਜਾਣ ਹੋ ਕੇ ਰਹਿ ਗਈ ਹੈ। ਜਿਸ ਕਰਕੇ ਜ਼ਿਆਦਾ ਉਮਰ ਦੇ ਲੋਕਾਂ ਅਤੇ ਹੁਣ ਦੀ ਪੀੜ੍ਹੀ ਦੀਆਂ ਗੱਲਾਂ ਵਿਚ ਵੀ ਬਹੁਤ ਅੰਤਰ ਬਣ ਗਿਆ ਹੈ। ਪਹਿਲਾਂ ਲੋਕ ਹੁਣ ਵਾਂਗ ਅੰਗਰੇਜ਼ੀ ਮਹੀਨਿਆਂ ਦਾ ਹਿਸਾਬ ਨਹੀਂ ਰੱਖਦੇ ਸਨ। ਉਹ ਦੇਸੀ ਮਹੀਨਿਆਂ ਦਾ ਹਿਸਾਬ-ਕਿਤਾਬ ਰੱਖਦੇ ਸੀ। ਹੁਣ ਜਿਵੇਂ ਜਨਵਰੀ-ਫਰਵਰੀ ਮਹੀਨਿਆਂ ਦਾ ਜ਼ਿਕਰ ਕੀਤਾ ਜਾਂਦਾ ਹੈ। ਉਦੋਂ ਲੋਕ ਦੂਸਰੇ ਦੇਸੀ ਮਹੀਨੇ ਜਿਵੇਂ ਗਰਮੀ ਦੀ ਰੁੱਤ ਵਿਚ ਸਾਉਣ, ਭਾਦੋਂ, ਅੱਸੂ, ਕੱਤਕ (ਕੱਤਾ) ਅਤੇ ਸਰਦੀ ਦੀ ਰੁੱਤ ਵਿਚ ਮੱਘਰ, ਪੋਹ, ਮਾਘ ਆਦਿ ਮਹੀਨਿਆਂ ਦਾ ਹਿਸਾਬ ਰੱਖਿਆ ਜਾਂਦਾ ਸੀ। ਬਜ਼ੁਰਗ ਤਾਂ ਹੁਣ ਵੀ ਉਸੇ ਤਰ੍ਹਾਂ ਹੀ ਦੇਸੀ ਮਹੀਨਿਆਂ ਦਾ ਜ਼ਿਕਰ ਕਰਦੇ ਹਨ।

ਜੇਕਰ ਅਜੋਕੀ ਪੀੜ੍ਹੀ ਨੂੰ ਇਨ੍ਹਾਂ ਮਹੀਨਿਆਂ ਬਾਰੇ ਪੁੱਛਿਆ ਜਾਵੇ ਤਾਂ ਉਹ ਇਸ ਬਾਰੇ ਦੱਸਣ ਤੋਂ ਅਸਮਰੱਥ ਹੋਣਗੇ, ਕਿਉਂਕਿ ਉਨ੍ਹਾਂ ਨੂੰ ਜਨਵਰੀ-ਫਰਵਰੀ ਬਾਰੇ ਹੀ ਪਤਾ ਹੋਵੇਗਾ, ਉਨ੍ਹਾਂ ਨੂੰ ਇਸ ਬਾਰੇ ਨਾ ਤਾਂ ਕਦੇ ਦੱਸਿਆ ਹੈ ਅਤੇ ਨਾ ਹੀ ਉਨ੍ਹਾਂ ਕੋਲ ਅਜਿਹੇ ਕੰਮਾਂ ਲਈ ਸਮਾਂ ਹੈ। ਕਿਉਂਕਿ ਮੋਬਾਈਲਾਂ ਵਰਗੇ ਸਾਧਨਾਂ ਨੇ ਉਨ੍ਹਾਂ ਨੂੰ ਆਪਣੇ ਨਾਲ ਬੰਨ੍ਹ ਰੱਖਿਆ ਹੈ। ਦੇਸੀ ਮਹੀਨਿਆਂ ਨਾਲ ਅਨੇਕਾਂ ਕਹਾਵਤਾਂ ਜੁੜੀਆਂ ਹੋਈਆਂ ਹਨ। ਜਿਨ੍ਹਾਂ ਬਾਰੇ ਹੁਣ ਘੱਟ ਜਾਣਕਾਰੀ ਹੈ। ਇਹ ਕਹਾਵਤਾਂ ਪੰਜਾਬੀਆਂ ਦੀ ਪੰਜਾਬੀਅਤ ਨੂੰ ਬਿਆਨ ਕਰਦੀਆਂ ਹਨ। ਹੁਣ ਗਰਮੀ ਦਾ ਮੌਸਮ ਹੈ ਅਤੇ ਭਾਦੋਂ ਦਾ ਮਹੀਨਾ ਚੱਲ ਰਿਹਾ ਹੈ। ਇਸ ਤੋਂ ਪਹਿਲਾਂ ਸਾਉਣ ਦਾ ਮਹੀਨਾ ਲੰਘਿਆ ਹੈ। ਇਹ ਮਹੀਨੇ ਪੰਜਾਬੀ ਵਿਰਸੇ ਨਾਲ ਖ਼ਾਸ ਸਾਂਝ ਪਵਾਉਂਦੇ ਹਨ। ਸਾਉਣ ਮਹੀਨੇ 'ਚ ਕੁੜੀਆਂ ਇੱਕਠੀਆਂ ਹੋ ਕੇ ਤੀਆਂ ਮਨਾਉਂਦੀਆਂ ਅਤੇ ਬੋਲੀਆਂ ਪਾਉਂਦੀਆਂ। ਇਸ ਤੋਂ ਬਾਅਦ ਭਾਦੋਂ ਮਹੀਨਾ ਆਉਂਦਾ ਹੈ ਜਿਸ ਬਾਰੇ ਕਈ ਕਹਾਵਤਾਂ ਜੁੜੀਆਂ ਹੋਈਆਂ ਹਨ, ਜਿਵੇਂ ਭਾਦੋਂ ਦੇ ਛਰਾਟੇ, ਗੁੰਨ੍ਹੇ ਰਹਿ ਜਾਣ ਆਟੇ..., ਭਾਦੋਂ ਦਾ ਭਜਾਇਆ ਜੱਟ, ਸਾਧ ਹੋ ਗਿਆ, ਭਾਦੋਂ ਦੀ ਤਿੜਕੀ, ਮਤਰੇਈ ਦੀ ਝਿੜਕੀ, ਗਿੱਦੜ-ਗਿੱਦੜੀ ਦਾ ਵਿਆਹ ਆਦਿ।

ਪੁਰਾਣੇ ਸਮਿਆਂ ਵਿਚ ਔਰਤਾਂ ਇਕੱਠੀਆਂ ਹੋ ਕੇ ਇਸ ਮਹੀਨੇ ਹੱਥਾਂ ਨਾਲ ਘੜਿਆਂ ਉੱਪਰ ਆਟੇ ਦੀਆਂ ਸੇਵੀਆਂ ਵੱਟਦੀਆਂ ਹੁੰਦੀਆਂ ਸਨ। ਫਿਰ ਬਾਹਰੋਂ ਕਰੀਰਾਂ ਦੇ ਦਰੱਖਤਾਂ ਦੀਆਂ ਟਾਹਣੀਆਂ ਘਰ ਲਿਆ ਕੇ ਜਾਂ ਮੰਜੇ ਆਦਿ ਨੂੰ ਉਲਟਾ ਕਰ ਕੇ ਉਸ ਉੱਤੇ ਵਿਹੜੇ ਵਿਚ ਸੁਕਾਉਂਦੀਆਂ ਸਨ। ਇਸ ਮਹੀਨੇ ਪਤਾ ਨਹੀਂ ਚੱਲਦਾ ਸੀ ਕਦੋਂ ਮੀਂਹ ਦਾ ਛਰਾਟਾ ਆ ਜਾਵੇ ਅਤੇ ਸਭ ਕੁਝ ਗਿੱਲਾ ਹੋ ਜਾਵੇ। ਕਈ ਵਾਰ ਮੀਂਹ ਦੇ ਛਰਾਟਿਆਂ ਕਾਰਨ ਆਟਾ ਗੁੰਨਿਆਂ ਹੀ ਰਹਿ ਜਾਂਦਾ ਸੀ, ਕਿਉਂਕਿ ਮੀਂਹ ਕਰਕੇ ਸੇਵੀਆਂ ਨੂੰ ਸੁਕਾਇਆ ਨਹੀਂ ਜਾਂਦਾ ਸੀ। ਇਸ ਤੋਂ ਇਲਾਵਾ ਉਦੋਂ ਹੁਣ ਵਾਂਗ ਗੈਸ-ਸਿਲੰਡਰ ਵੀ ਨਹੀਂ ਹੁੰਦੇ ਸਨ। ਖੁੱਲ੍ਹੇ ਵਿਚ ਬਣਾਏ ਚੁੱਲ੍ਹੇ-ਚੌਂਕਿਆਂ 'ਤੇ ਮੀਂਹ ਕਾਰਨ ਕੰਮ ਨਹੀਂ ਸਨ ਹੁੰਦੇ, ਜਿਸ ਕਰਕੇ ਰੋਟੀ ਆਦਿ ਪਕਾਉਣ ਲਈ ਵੀ ਦੇਰ ਹੋ ਜਾਂਦੀ ਅਤੇ ਆਟੇ ਗੁੰਨ੍ਹੇ ਹੀ ਰਹਿ ਜਾਂਦੇ। ਜਿਸ ਕਰਕੇ ਇਹ ਕਹਾਵਤ ਭਾਦੋਂ ਦੇ ਮਹੀਨੇ ਦੀ ਬਣਾਈ ਹੋਈ ਹੈ, "ਭਾਦੋਂ ਦੇ ਛਰਾਟੇ, ਗੁੰਨ੍ਹੇ ਰਹਿ ਜਾਣ ਆਟੇ"। ਹੁਣ ਵੈਸੇ ਪਹਿਲਾਂ ਵਾਲੇ ਮੌਸਮ ਵੀ ਨਹੀਂ ਰਹੇ ਅਤੇ ਸਾਧਨਾਂ ਵਿਚ ਵੀ ਬਦਲਾਅ ਆ ਗਿਆ ਹੈ। ਹੁਣ ਸੇਵੀਆਂ ਵੱਟਣ ਦੇ ਤਰੀਕੇ ਵੀ ਬਦਲ ਚੁੱਕੇ ਹਨ। ਮਸ਼ੀਨਾਂ ਆਦਿ ਨਾਲ ਸੇਵੀਆਂ ਵੱਟੀਆਂ ਜਾਂਦੀਆਂ ਹਨ। ਹੁਣ ਮਸ਼ੀਨੀਕਰਨ ਨੇ ਸਭ ਕੁਝ ਹੀ ਬਦਲ ਕੇ ਰੱਖ ਦਿੱਤਾ ਹੈ।

ਭਾਦੋਂ ਦੇ ਮਹੀਨੇ ਵਿਚ ਜਿੱਥੇ ਮੀਂਹ ਦੇ ਛਰਾਟੇ ਆਉਂਦੇ ਹਨ, ਉੱਥੇ ਧੁੱਪ ਬਹੁਤ ਤੇਜ਼ ਪੈਂਦੀ ਹੈ ਜਿਸ ਕਰਕੇ ਗਰਮੀ ਬਹੁਤ ਲੱਗਦੀ ਹੈ। ਭਾਦੋਂ ਦਾ ਮਹੀਨਾ ਤੇਜ਼ ਧੁੱਪ ਵਜੋਂ ਵੀ ਪ੍ਰਸਿੱਧ ਹੈ। ਜੱਟਾਂ (ਕਿਸਾਨਾਂ) ਨੂੰ ਖੇਤਾਂ ਵਿਚ ਕੰਮ ਕਰਨਾ ਪੈਂਦਾ ਹੈ। ਬਜ਼ੁਰਗਾਂ ਦੇ ਦੱਸਣ ਅਨੁਸਾਰ ਪੁਰਾਣੀ ਗੱਲ ਆ ਭਾਦੋਂ ਦੇ ਮਹੀਨੇ ਦੀ ਤੇਜ਼ ਧੁੱਪ ਤੇ ਗਰਮੀ ਦਾ ਸਤਾਇਆ ਖੇਤਾਂ ਵਿਚ ਕੰਮ ਕਰਦਾ ਇਕ ਜੱਟ ਸਾਰਾ ਕੁਝ ਛੱਡ ਕੇ ਸਾਧ ਹੋ ਗਿਆ ਸੀ। ਜਿਸ ਕਰਕੇ ਇਹ ਕਹਾਵਤ ਬਹੁਤ ਪ੍ਰਸਿੱਧ ਹੋਈ ਕਿ "ਭਾਦੋਂ ਦਾ ਭਜਾਇਆ, ਜੱਟ ਸਾਧ ਹੋ ਗਿਆ।" ਭਾਦੋਂ ਦੀ ਧੁੱਪ ਦਾ ਇਕ ਹੋਰ ਕਿੱਸਾ ਪ੍ਰਸਿੱਧ ਹੈ। "ਭਾਦੋਂ ਦੀ ਤਿੜਕੀ, ਮਤਰੇਈ ਦੀ ਝਿੜਕੀ"। ਭਾਦੋਂ ਦੀ ਤਿੜਕੀ ਭਾਵ ਇਸੇ ਮਹੀਨੇ ਵਿਚ ਬਹੁਤ ਤੇਜ਼ ਖੱਟੇ-ਖੱਟੇ ਰੰਗ ਦੀ ਧੁੱਪ ਨਿਕਲਦੀ ਹੈ। ਜਿਵੇਂ ਕੋਈ ਕੋਈ ਚੀਜ਼ ਇਕ ਦਮ ਤਿੜਕ ਜਾਂਦੀ ਹੈ ਉਸੇ ਤਰ੍ਹਾਂ ਇਕ ਦਮ ਤੇਜ਼ ਧੁੱਪ ਆਉਂਦੀ ਹੈ। ਭਾਦੋਂ ਦੀ ਤਿੜਕੀ ਧੁੱਪ ਜਿਵੇਂ ਪ੍ਰੇਸ਼ਾਨ ਕਰਦੀ ਹੈ ਉਸੇ ਤਰ੍ਹਾਂ ਮਤਰੇਈ ਮਾਂ ਜਦੋਂ ਬੱਚਿਆਂ ਨੂੰ ਝਿੜਕਦੀ ਹੈ ਤਾਂ ਉਨ੍ਹਾਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਹੈ ਕਿਉਂਕਿ ਮਤਰੇਈ ਮਾਂ ਅਤੇ ਅਸਲ ਮਾਂ ਦੀ ਝਿੜਕ ਵਿਚ ਬਹੁਤ ਫ਼ਰਕ ਰਹਿੰਦਾ ਹੈ। ਗਿਣਤੀ ਦੀਆਂ ਮਤਰੇਈ ਮਾਵਾਂ ਹੁੰਦੀਆਂ ਹਨ ਜੋ ਅਸਲ ਮਾਂ ਦਾ ਪਿਆਰ ਦਿੰਦੀਆਂ ਹਨ।

ਭਾਦੋਂ ਦੇ ਮਹੀਨੇ ਪਤਾ ਨਹੀਂ ਲੱਗਦਾ ਕਦੋਂ ਮੀਂਹ ਆ ਜਾਵੇ। ਕਈ ਵਾਰ ਤਾਂ ਖੜ੍ਹੀ ਧੁੱਪ ਵਿਚ ਮੀਂਹ ਪੈਣ ਲੱਗ ਜਾਂਦਾ ਹੈ। ਧੁੱਪ ਵਿਚ ਮੀਂਹ ਪੈਣ ਦਾ ਨਜ਼ਾਰਾ ਵੀ ਇਸੇ ਮਹੀਨੇ ਹੀ ਜ਼ਿਆਦਾ ਦੇਖਣ ਨੂੰ ਮਿਲਦਾ ਹੈ। ਜਦੋਂ ਧੁੱਪ ਦੌਰਾਨ ਹੀ ਮੀਂਹ ਪੈਣ ਲੱਗ ਜਾਂਦਾ ਹੈ ਤਾਂ ਫਿਰ ਇਸ ਨਜ਼ਾਰੇ ਅਨੁਸਾਰ ਕਹਾਵਤ ਬਣਾਈ ਹੈ ਕਿ ਜਦੋਂ ਕਿ "ਹੁਣ ਗਿੱਦੜ-ਗਿੱਦੜੀ ਦਾ ਵਿਆਹ ਹੋ ਰਿਹਾ ਹੈ।" ਜਿੰਨ੍ਹਾਂ ਨੂੰ ਇਸ ਬਾਰੇ ਪਤਾ ਹੈ, ਉਹ ਜਦੋਂ ਧੁੱਪ ਵਿਚ ਮੀਂਹ ਪੈਂਦਾ ਹੈ ਤਾਂ ਕਹਿਣ ਲੱਗ ਜਾਂਦੇ ਹਨ, "ਗਿੱਦੜ ਤੇ ਗਿੱਦੜੀ ਦਾ ਵਿਆਹ ਹੋਣ ਲੱਗ ਪਿਆ ਹੈ"। ਅਜਿਹੀਆਂ ਕਹਾਵਤਾਂ ਹੁਣ ਬਹੁਤ ਘੱਟ ਸੁਣਨ ਨੂੰ ਮਿਲਦੀਆਂ ਹਨ। ਹੁਣ ਸਭ ਕੁਝ ਲੋਪ ਹੋ ਰਿਹਾ ਹੈ। ਜਦੋਂ ਇਨ੍ਹਾਂ ਕਹਾਵਤਾਂ ਦਾ ਦੌਰ ਹੁੰਦਾ ਸੀ ਉਦੋਂ ਆਪਸੀ ਪਿਆਰ ਦੀ ਤਾਂਘ ਹੁੰਦੀ ਸੀ।

ਸਭ ਨਾਲ ਹਾਸੇ-ਮਖੌਲ ਕਰਕੇ ਆਪਸੀ ਪਿਆਰ ਦਾ ਇਜ਼ਹਾਰ ਕੀਤਾ ਜਾਂਦਾ ਸੀ। ਪ੍ਰੰਤੂ ਹੁਣ ਤਾਂ ਨਾ ਪਹਿਲਾਂ ਵਾਲਾ ਰਿਸ਼ਤਿਆਂ ਦਾ ਪਿਆਰ ਹੈ, ਨਾ ਪਿਆਰ ਦੀਆਂ ਕਹਾਵਤਾਂ। ਹੁਣ ਤਾਂ ਅਜਿਹਾ ਮਾਹੌਲ ਬਣ ਗਿਆ ਹੈ ਕਿ ਗੁਆਂਢੀ ਨੂੰ ਗੁਆਂਢੀ ਦੇ ਘਰ ਦਾ ਪਤਾ ਨਹੀਂ ਹੁੰਦਾ ਕਿ ਉਨ੍ਹਾਂ ਦੇ ਘਰ ਵਿਚ ਕੀ ਹੋ ਰਿਹਾ ਹੈ? ਕਿਉਂਕਿ ਲੋਕ ਆਪਣੇ ਅਤੇ ਆਪਣੇ ਕੰਮਾਂ-ਕਾਰਾਂ ਵਿਚ ਉਲਝ ਕੇ ਰਹਿ ਗਏ ਹਨ। ਇਸ ਤੋਂ ਇਲਾਵਾ ਮੋਬਾਈਲਾਂ ਅਤੇ ਇੰਟਰਨੈੱਟ ਵਰਗੇ ਸਾਧਨਾਂ ਨੇ ਲੋਕਾਂ ਨੂੰ ਆਪਣੇ ਜੋਗਾ ਹੀ ਕਰ ਲਿਆ ਹੈ। ਵੈਸੇ ਜਿੰਨਾ ਲੋਕ ਅੱਜ ਕੱਲ੍ਹ ਵਿਗਿਆਨਿਕ ਕਾਢਾਂ ਨਾਲ ਸਬੰਧ ਬਣਾ ਰਹੇ ਹਨ ਓਨਾ ਹੀ ਉਹ ਕੁਦਰਤ ਤੋਂ ਦੂਰ ਹੋ ਰਹੇ ਹਨ। ਪਹਿਲਾਂ ਜਦੋਂ ਲੋਕ ਵਿਗਿਆਨਿਕ ਕਾਢਾਂ ਤੋਂ ਦੂਰ ਹੁੰਦੇ ਸਨ, ਉਦੋਂ ਆਪਸੀ ਰਿਸ਼ਤਿਆਂ ਵਿਚ ਪਿਆਰ ਦੀ ਝਲਕ ਬਰਕਰਾਰ ਰੱਖਦੇ ਸਨ ਉਦੋਂ ਕੁਦਰਤ ਨਾਲ ਜੁੜੇ ਰਹਿੰਦੇ ਸਨ। ਅਸਲ ਵਿਚ ਜਿਹੜਾ ਮਨੁੱਖ ਕੁਦਰਤ ਨਾਲ ਜੁੜ ਕੇ ਰਹਿੰਦਾ ਹੈ ਉਹ ਹੀ ਸਕੂਨ ਦੀ ਜ਼ਿੰਦਗੀ ਜਿਊਂਦਾ ਹੈ। ਇਸ ਲਈ ਸਾਨੂੰ ਕੁਦਰਤ ਨਾਲ ਜੁੜ ਕੇ, ਕੁਦਰਤੀ ਨਜ਼ਾਰਿਆਂ ਅਤੇ ਜ਼ਿੰਦਗੀ ਦਾ ਆਨੰਦ ਮਾਣਨਾ ਚਾਹੀਦਾ ਹੈ। ਨੌਜਵਾਨ ਪੀੜ੍ਹੀ ਨੂੰ ਵੀ ਪੁਰਾਤਨ ਸੱਭਿਆਚਾਰ ਨਾਲ ਜੋੜੀ ਰੱਖਣਾ ਤੇ ਇਸ ਨਾਲ ਜੁੜੀਆਂ ਕਹਾਵਤਾਂ, ਲੋਕ ਕਲਾਵਾਂ ਬਾਰੇ ਜਾਣਕਾਰੀ ਦੇਣਾ ਵੀ ਸਾਡਾ ਸਾਰਿਆਂ ਦਾ ਨੈਤਿਕ ਫ਼ਰਜ਼ ਤਾਂ ਕਿ ਵਿਸਰ ਰਹੇ ਪੰਜਾਬੀ ਵਿਰਸੇ, ਪੰਜਾਬੀਅਤ ਅਤੇ ਆਪਸੀ ਰਿਸ਼ਤਿਆਂ ਤੇ ਪਿਆਰ ਨੂੰ ਬਚਾਇਆ ਜਾ ਸਕੇ।

**• ਸੁਖਰਾਜ ਸਿੰਘ ਚਹਿਲ**
**ਮੋਬਾਈਲ : 97810-48055**



### ਭਾਦੋਂ ਦੀਆਂ ਕਹਾਵਤਾਂ

*ਭਾਦੋਂ ਮਹੀਨੇ ਦੀ ਧੁੱਪ ਦੀਆਂ ਕਈ ਕਹਾਵਤਾਂ ਪ੍ਰਸਿੱਧ ਹਨ ਜਿਨ੍ਹਾਂ 'ਚੋਂ ਇਕ ਹੈ, "ਭਾਦੋਂ ਦੀ ਤਿੜਕੀ, ਮਤਰੇਈ ਦੀ ਝਿੜਕੀ"। ਭਾਦੋਂ ਦੀ ਤਿੜਕੀ ਭਾਵ ਇਸੇ ਮਹੀਨੇ ਵਿਚ ਬਹੁਤ ਤੇਜ਼ ਖੱਟੇ ਰੰਗ ਦੀ ਧੁੱਪ ਨਿਕਲਦੀ ਹੈ। ਜਿਵੇਂ ਕੋਈ ਕੋਈ ਚੀਜ਼ ਇਕ ਦਮ ਤਿੜਕ ਜਾਂਦੀ ਹੈ ਉਸੇ ਤਰ੍ਹਾਂ ਇਕ ਦਮ ਤੇਜ਼ ਧੁੱਪ ਆਉਂਦੀ ਹੈ। ਭਾਦੋਂ ਦੀ ਤਿੜਕੀ ਧੁੱਪ ਜਿਵੇਂ ਪ੍ਰੇਸ਼ਾਨ ਕਰਦੀ ਹੈ ਉਸੇ ਤਰ੍ਹਾਂ ਮਤਰੇਈ ਮਾਂ ਜਦੋਂ ਬੱਚਿਆਂ ਨੂੰ ਝਿੜਕਦੀ ਹੈ ਤਾਂ ਉਨ੍ਹਾਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਹੈ।*

# ਵਾਲਾਂ ਨੂੰ ਝੜਨ ਤੋਂ ਰੋਕੇ ਪਿਆਜ਼ ਦਾ ਰਸ

ਪਿਆਜ਼ ਹਰ ਘਰ 'ਚ ਹੁੰਦਾ ਹੈ। ਸਬਜ਼ੀਆਂ ਤੋਂ ਇਲਾਵਾ ਇਸ ਦੀ ਵਰਤੋਂ ਅਸੀਂ ਸਲਾਦ ਦੇ ਤੌਰ 'ਤੇ ਕਰਦੇ ਹਾਂ। ਇਸ ਦਾ ਸੇਵਨ ਸਬਜ਼ੀ ਦੇ ਤੜਕੇ ਦੇ ਤੌਰ ਤੇ ਕਰਦੇ ਹਾਂ ਪਰ ਕੀ ਤੁਹਾਨੂੰ ਪਤਾ ਹੈ ਕਿ ਪਿਆਜ਼ ਵਾਲਾਂ ਸਬੰਧੀ ਵੱਖ-ਵੱਖ ਸਮੱਸਿਆਵਾਂ ਲਈ ਬਹੁਤ ਕੰਮ ਆਉਂਦਾ ਹੈ, ਜਿਵੇਂ ਵਾਲਾਂ ਦਾ ਝੜਨਾ ਅਤੇ ਦੋ-ਮੂੰਹੇ ਵਾਲਾਂ ਨੂੰ ਦੂਰ ਕਰਨ 'ਚ ਪਿਆਜ਼ ਬਹੁਤ ਸਹਾਇਕ ਹੈ। ਤੁਸੀਂ ਸੋਚੋਗੇ ਕੀ ਇਹ ਨੁਸਖ਼ਾ ਕਿਵੇਂ ਕੰਮ ਕਰਦਾ ਹੈ ? ਅਸੀਂ ਦੱਸਦੇ ਹਾਂ, ਪਿਆਜ 'ਚ ਮੌਜੂਦ ਸਲਫਰ ਵਾਲਾਂ ਨੂੰ ਪੋਸ਼ਣ ਦਿੰਦਾ ਹੈ, ਜਿਸ ਨਾਲ ਵਾਲਾਂ ਦੇ ਵਿਕਾਸ 'ਚ ਮਦਦ ਮਿਲਦੀ ਹੈ। ਬੈਕਟੀਰੀਅਲ ਗੁਣ ਕਾਰਨ ਇਸ ਦਾ ਰਸ ਵਾਲਾਂ 'ਚ ਲਗਾਉਣ ਨਾਲ ਝੜਦੇ ਵਾਲਾਂ ਨੂੰ ਰੋਕਣ, ਸਿੱਕਰੀ ਅਤੇ ਸਿਰ ਦੀ ਇਨਫੈਕਸ਼ਨ ਨੂੰ ਦੂਰ ਕਰਨ 'ਚ ਮਦਦ ਮਿਲਦੀ ਹੈ। ਇਹ ਘਰੇਲੂ ਉਪਾਅ ਤੁਹਾਡੇ ਵਾਲਾਂ ਨੂੰ ਚਮਕਦਾਰ ਅਤੇ ਲੰਬੇ ਬਣਾ ਸਕਦਾ ਹੈ। ਤਾਂ ਫਿਰ ਜਾਣਦੇ ਹਾਂ ਪਿਆਜ ਕਿਵੇਂ ਕਰਦੈ ਇਹ ਕੰਮ।

**ਪਿਆਜ਼ ਦਾ ਰਸ** : ਪਿਆਜ਼ ਦਾ ਰਸ ਕੱਢ ਕੇ ਇਸ ਨੂੰ ਸਿਰ ਦੀ ਚਮੜੀ ਭਾਵ ਸਕੈਲਪ 'ਤੇ ਲੱਗਾ ਕੇ 25-30 ਮਿੰਟਾਂ ਲਈ ਛੱਡ ਦਿਉ ਤੇ ਸਿਰ 'ਤੇ ਤੌਲੀਆ ਲਪੇਟ ਲਓ ਤਾਂਕਿ ਵਾਲਾਂ ਦੇ ਰੋਮ ਇਸ ਨੂੰ ਸੋਖ ਲੈਣ। ਫਿਰ ਸ਼ੈਂਪੂ ਨਾਲ ਵਾਲ ਚੰਗੀ ਤਰ੍ਹਾਂ ਧੋ ਲਓ।

**ਪਿਆਜ਼ ਨਾਲ ਬੀਅਰ** : ਬੀਅਰ ਤੁਹਾਡੇ ਵਾਲਾਂ ਨੂੰ ਕੁਦਰਤੀ ਰੂਪ 'ਚ ਚਮਕਦਾਰ ਬਣਾਉਂਦੀ ਹੈ। ਪਿਆਜ਼ ਦੇ ਰਸ ਨੂੰ ਬੀਅਰ 'ਚ ਮਿਲਾਕੇ ਲਗਾਉਣ ਨਾਲ ਵਾਲਾਂ ਦਾ ਵਿਕਾਸ ਹੋਣ ਦੇ ਨਾਲ-ਨਾਲ ਵਾਲ ਕੰਡੀਸ਼ਨ ਵੀ ਹੁੰਦੇ ਹਨ। ਹਫ਼ਤੇ 'ਚ ਦੋ ਵਾਰ ਇਹ ਉਪਾਅ ਫਾਇਦਾ ਦਿੰਦਾ ਹੈ।

**ਪਿਆਜ਼ ਅਤੇ ਨਾਰੀਅਲ ਤੇਲ** : ਨਾਰੀਅਲ ਤੇਲ 'ਚ ਪਿਆਜ਼ ਦਾ ਰਸ ਮਿਲਾ ਕੇ ਵਾਲਾਂ 'ਚ ਲਗਾਉਣ ਨਾਲ ਵਾਲਾਂ ਵਧਦਾ ਹਨ ਤੇ ਇਨ੍ਹਾਂ ਨੂੰ ਪੋਸ਼ਣ ਵੀ ਮਿਲਦਾ ਹੈ। •

# ਸ਼ਹੀਦਾਂ ਦੀਆਂ ਯਾਦਗਾਰਾਂ ਨੌਜਵਾਨ ਪੀੜ੍ਹੀ ਲਈ ਬਣ ਰਹੀਆਂ ਹਨ ਪ੍ਰੇਰਨਾ ਸ੍ਰੋਤ: ਹਰਜੋਤ ਬੈਂਸ

**ਸ੍ਰੀ ਆਨੰਦਪੁਰ ਸਾਹਿਬ, 14 ਅਗਸਤ**
**-ਪ੍ਰੈਸ ਕੀ ਤਾਕਤ ਬਿਊਰੋ-**

ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ, ਸਥਾਨਕ ਸਰਕਾਰਾਂ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਕਿਹਾ ਕਿ ਦੇਸ਼ ਦੀ ਖਾਤਰ ਆਪਣੀਆਂ ਅਨਮੋਲ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀਆਂ ਯਾਦਗਾਰਾਂ ਅੱਜ ਦੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸ੍ਰੋਤ ਬਣ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬੀਆਂ ਦੀ ਦੇਸ਼ ਭਗਤੀ ਅਤੇ ਕੁਰਬਾਨੀ ਦੀ ਭਾਵਨਾ ਕਾਰਨ ਹੀ ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਪੰਜਾਬ ਦਾ ਯੋਗਦਾਨ ਬੇਮਿਸਾਲ ਰਿਹਾ ਹੈ। ਉਨ੍ਹਾਂ ਕਿਹਾ ਕਿ ਕਰੀਬ 80 ਸਾਲ ਪਹਿਲਾਂ ਦੇਸ਼ ਦੀ ਆਜ਼ਾਦੀ ਲਈ ਹੋਈਆਂ ਕੁਰਬਾਨੀਆਂ ਵਿੱਚ ਪੰਜਾਬੀਆਂ ਦਾ ਵੱਡਾ ਹਿੱਸਾ ਸੀ ਅਤੇ ਅੱਜ ਵੀ ਪੰਜਾਬ ਦੇ ਜਵਾਨ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦਿਆਂ ਸੀਨਾ ਤਾਣ ਕੇ ਸ਼ਹਾਦਤਾਂ ਦੇ ਰਹੇ ਹਨ। ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣਾ ਅਤੇ ਉਨ੍ਹਾਂ ਦੀ ਵਿਰਾਸਤ ਨੂੰ ਅੱਗੇ ਵਧਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਹਰਜੋਤ ਸਿੰਘ ਬੈਂਸ ਅੱਜ ਆਪਣੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਝਿੰਜੜੀ ਵਿਖੇ ਸ਼ਹੀਦ ਸਿਪਾਹੀ ਸੁਰਿੰਦਰ ਸਿੰਘ ਯਾਦਗਾਰੀ ਗੇਟ ਲੋਕ ਅਰਪਣ ਕਰਨ ਮੌਕੇ ਸੰਬੋਧਨ ਕਰ ਰਹੇ ਸਨ। ਉਨ੍ਹਾਂ ਸ਼ਹੀਦ ਸਿਪਾਹੀ ਸੁਰਿੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਹ 13 ਦਸੰਬਰ 1998 ਨੂੰ ਕੁਪਵਾੜਾ, ਜੰਮੂ-ਕਸ਼ਮੀਰ ਵਿਖੇ ਦੇਸ਼ ਦੀ ਸੇਵਾ ਕਰਦਿਆਂ ਸ਼ਹੀਦ ਹੋਏ ਸਨ। ਸ਼ਹੀਦ ਸੁਰਿੰਦਰ ਸਿੰਘ ਮਾਤਾ ਪ੍ਰੀਤਮ ਕੌਰ ਅਤੇ ਪਿਤਾ ਸਵਾਂ ਪਰਮਾਨੰਦ ਦੇ ਲਾਡਲੇ ਪੁੱਤਰ ਸਨ, ਜਿਨ੍ਹਾਂ ਨੇ ਦੇਸ਼ ਸੇਵਾ ਨੂੰ ਆਪਣਾ ਜੀਵਨ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਸ਼ਹੀਦ ਦੇ ਪਰਿਵਾਰ ਨੂੰ ਯਾਦਗਾਰੀ ਗੇਟ ਲਈ ਕਰੀਬ 28 ਸਾਲ ਉਡੀਕ ਕਰਨੀ ਪਈ। ਉਨ੍ਹਾਂ ਕਿਹਾ ਕਿ ਇਹ ਯਾਦਗਾਰ ਸ਼ਹੀਦ ਦੀ ਕੁਰਬਾਨੀ ਨੂੰ ਸਦਾ ਲਈ ਯਾਦ ਰੱਖਣ ਦੇ ਨਾਲ-ਨਾਲ ਨੌਜਵਾਨਾਂ ਨੂੰ ਦੇਸ਼ ਪ੍ਰਤੀ ਆਪਣਾ ਫਰਜ਼ ਨਿਭਾਉਣ ਦੀ ਪ੍ਰੇਰਨਾ ਦੇਵੇਗੀ।



ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸ਼ਹੀਦਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਸਿਪਾਹੀ ਸੁਰਿੰਦਰ ਸਿੰਘ ਦੀ ਯਾਦ ਵਿੱਚ ਬਣੇ ਗੇਟ ਦਾ ਲੋਕ ਅਰਪਣ ਹੋਣਾ ਇਸ ਗੱਲ ਦਾ ਪ੍ਰਤੀਕ ਹੈ ਕਿ ਸਰਕਾਰ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਸਨਮਾਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਾਢੇ ਚਾਰ ਸਾਲ ਪਹਿਲਾਂ ਹਲਕੇ ਦੇ ਲੋਕਾਂ ਨੇ ਉਨ੍ਹਾਂ ਨੂੰ ਪੁੱਤ ਅਤੇ ਭਰਾ ਬਣਾ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਸੀ ਅਤੇ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੀਆਂ ਗਈਆਂ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਗਿਆ ਹੈ। ਬਿਜਲੀ ਬਿੱਲਾਂ ਵਿੱਚ ਰਾਹਤ ਦੇ ਨਾਲ ਸਿਹਤ ਸੇਵਾਵਾਂ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਮੁਹੱਲਾ ਕਲੀਨਿਕਾਂ ਰਾਹੀਂ ਮੁਫ਼ਤ ਦਵਾਈਆਂ, ਟੈਸਟਾਂ ਅਤੇ ਸਰਕਾਰੀ ਹਸਪਤਾਲਾਂ ਵਿੱਚ ਅਲਟਰਾਸਾਊਂਡ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ ਅਤੇ 10 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਦੀ ਸਹੂਲਤ ਮੁਹੱਈਆ ਕਰਵਾਉਣ ਵੱਲ ਵੀ ਮਹੱਤਵਪੂਰਨ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜੇਕਰ ਕੋਈ ਜਵਾਨ ਦੇਸ਼ ਦੀ ਸੇਵਾ ਕਰਦਿਆਂ ਸ਼ਹੀਦ ਹੁੰਦਾ ਹੈ ਤਾਂ ਮੁੱਖ ਮੰਤਰੀ ਵੱਲੋਂ ਸ਼ਹੀਦ ਦੇ ਪਰਿਵਾਰ ਨੂੰ ਇੱਕ ਕਰੋੜ ਰੁਪਏ ਦੀ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਪਿੰਡਾਂ ਦੀਆਂ ਸੜਕਾਂ ਦਾ ਨਿਰਮਾਣ ਅਤੇ ਨਵੀਨੀਕਰਨ, ਸਰਕਾਰੀ ਸਕੂਲਾਂ ਵਿੱਚ ਸੁਧਾਰ ਅਤੇ ਪਿੰਡਾਂ ਵਿੱਚ ਖੇਡ ਮੈਦਾਨ ਬਣਾਉਣ ਦੇ ਕੰਮ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਦੇ ਨਾਲ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਵੀ ਲਗਾਤਾਰ ਸੁਧਾਰ ਕੀਤੇ ਜਾ ਰਹੇ ਹਨ।

ਸ.ਬੈਂਸ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਵਿਕਾਸ ਨੂੰ ਵੀ ਸਰਕਾਰ ਵੱਲੋਂ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਹਲਕੇ ਵਿੱਚ ਲਗਭਗ 85 ਹਜ਼ਾਰ ਲਾਭਪਾਤਰੀਆਂ ਵਿੱਚੋਂ 78 ਹਜ਼ਾਰ ਤੱਕ ਇਹ ਲਾਭ ਪਹੁੰਚ ਚੁੱਕੇ ਹਨ। ਉਨ੍ਹਾਂ ਕਿਹਾ ਕਿ ਲੋੜਵੰਦ ਪਰਿਵਾਰਾਂ ਲਈ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਪ੍ਰਕਿਰਿਆ ਵੀ ਕੀਤੀ ਜਾ ਰਹੀ ਹੈ, ਜਿਸ ਨਾਲ ਯੋਗ ਪਰਿਵਾਰਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਨਹਿਰੀ ਪਾਣੀ ਪਹੁੰਚਾਉਣ ਦੇ ਨਾਲ-ਨਾਲ ਕਰੀਬ 200 ਕਿਲੋਮੀਟਰ ਨਵੀਆਂ ਅਤੇ ਚੌੜੀਆਂ ਸੜਕਾਂ ਦਾ ਨਿਰਮਾਣ ਜਾਂ ਨਵੀਨੀਕਰਨ ਕਰਵਾਇਆ ਗਿਆ ਹੈ।

*ਪਿੰਡਾਂ ਵਿਚ ਪਟਵਾਰੀਆਂ ਦੀ ਹੁੰਦੀ ਸੇਵਾ ਨੂੰ ਦੇਖ ਕੇ ਹਰ ਮਾਂ-ਪਿਉ ਚਾਹੁੰਦਾ ਸੀ ਕਿ ਉਨ੍ਹਾਂ ਦਾ ਪੁੱਤਰ ਵੀ ਪੜ੍ਹ ਲਿਖ ਕੇ ਪਟਵਾਰੀ ਹੀ ਲੱਗੇ। ਓਦੋਂ ਲੋਕ ਪਟਵਾਰੀ ਨੂੰ ਜਾਣਦੇ ਸਨ ਜਾਂ ਫਿਰ ਰੱਬ ਨੂੰ...*

# ਵੇ ਤੂੰ ਕਾਹਦਾ ਪਟਵਾਰੀ...

**ਸੁਖਵਿੰਦਰ ਸਿੰਘ ਭਾਦਲਾ**

ਦੇਸ਼ ਦੀ ਵੰਡ ਤੋਂ ਬਾਅਦ ਹੋਈ ਜ਼ਮੀਨਾਂ ਦੀ ਮੁਰੱਬੇਬੰਦੀ ਨੇ ਆਮ ਆਦਮੀ ਅਤੇ ਕਿਸਾਨ ਨੂੰ ਪਟਵਾਰੀ ਦੀ ਮਹੱਤਤਾ ਦਾ ਅਹਿਸਾਸ ਕਰਵਾਇਆ। ਇਸ ਤੋਂ ਪਹਿਲਾਂ ਲੋਕਾਂ ਦਾ ਪਟਵਾਰੀ ਨਾਲ ਵਾਹ-ਵਾਸਤਾ ਘੱਟ ਹੀ ਪੈਂਦਾ ਸੀ ਪਰ ਦੇਸ਼ ਦੀ ਵੰਡ ਸਮੇਂ ਪਾਕਿਸਤਾਨ ਵਿੱਚੋਂ ਭਾਰਤ ਆਏ ਅਤੇ ਭਾਰਤ ਵਿੱਚੋਂ ਪਾਕਿਸਤਾਨ ਗਏ ਸ਼ਰਨਾਰਥੀਆਂ ਨੂੰ ਜ਼ਮੀਨ ਅਲਾਟ ਕਰਨ ਦਾ ਸਾਰਾ ਕੰਮ ਪਟਵਾਰੀਆਂ ਨੇ ਹੀ ਕੀਤਾ ਸੀ।

ਇਸ ਕਰਕੇ ਹੀ ਆਮ ਲੋਕਾਂ ਵਿਚ ਪਟਵਾਰੀ 'ਲੋਕ ਨਾਇਕ' ਵਜੋਂ ਉਭਰਿਆ। ਉਨ੍ਹਾਂ ਸਮਿਆਂ ਵਿਚ ਜਿਸ ਕਿਸੇ ਨੇ ਪਟਵਾਰੀ ਦੀ ਆਓ ਭਗਤ ਕੀਤੀ ਜਾਂ ਚਾਹ ਪਾਣੀ ਦੂਆ ਸਲਾਮ ਕੀਤੀ ਉਹ ਤਾਂ ਰਾਜਵਾਹੇ ਦਾ ਪਾਣੀ ਲੱਗਦੀ ਵਾਹੀ ਯੋਗ ਜ਼ਮੀਨ ਲੈ ਗਏ। ਜਿਨ੍ਹਾਂ ਨੇ ਕਦੇ ਪਟਵਾਰੀ ਨੂੰ ਬੁਲਾਇਆ-ਚਲਾਇਆ ਨਹੀਂ, ਆਪਣੀ ਆਕੜ ਵਿਚ ਰਹੇ, ਉਨ੍ਹਾਂ ਨੂੰ ਕਾਹੀ ਉੱਗੀ ਟਿੱਬਿਆਂ ਵਾਲੀ ਰੇਤਲੀ ਜ਼ਮੀਨ ਮਿਲੀ। ਕਈਆਂ ਦੇ ਹਿੱਸੇ ਅਜਿਹੇ ਨੰਬਰੀ, ਜ਼ਮੀਨ ਵੀ ਆਈ ਜਿਨ੍ਹਾਂ ਦੇ ਅਜੇ ਤਕ ਨੰਬਰ ਹੀ ਨਹੀਂ ਲੱਭੇ, ਵਿਚਾਰੇ ਕਚਿਹਰੀਆ ਵਿਚ ਧੱਕੇ ਧੌਲੇ ਖਾਂਦੇ ਹੀ ਚੱਲ ਵੱਸੇ। ਉੱਦੋਂ ਲੋਕਾਂ ਦਾ ਵਾਹ ਵਾਸਤਾ ਜ਼ਿਆਦਾਤਰ ਪਟਵਾਰੀ, ਮਾਸਟਰ ਜਾਂ ਫਿਰ ਕਦੇ ਕਦਾਈ ਪੁਲਿਸ ਵਾਲਿਆਂ ਨਾਲ ਅੱਜ ਵਾਂਗੂ ਨਹੀਂ ਸੀ, ਓਦੋਂ ਮਾਮੂਲੀ ਲੜਾਈ ਹੋਈ ਨਹੀਂ ਸਾਰਾ ਪੁਲਿਸ ਵਿਭਾਗ ਪਿੰਡ ਵਿਚ ਤੁਰਿਆ ਫਿਰੇ ਜਾਂ ਫਿਰ ਸਾਰੇ ਦਾ ਸਾਰਾ ਪਿੰਡ ਪੁਲਿਸ ਥਾਣੇ ਵਿਚ ਤੁਰਿਆ ਫਿਰੇ।

ਓਦੋਂ ਤਾਂ ਸਿਆਣਾ ਬੰਦਾ ਥਾਣੇ ਦੇ ਮੂਹਰੋਂ ਦੀ ਨਹੀਂ ਸੀ ਲੰਘਦਾ, ਪੁਲਿਸ ਦਾ ਇੰਨਾਂ ਡਰ ਹੁੰਦਾ ਸੀ। ਬਿਜਲੀ ਮਹਿਕਮਾ ਓਦੋਂ ਪਿੰਡਾਂ ਵਿਚ ਨਹੀਂ ਸੀ ਆਇਆ। ਇਸ ਕਰਕੇ ਜ਼ਿਅਦਾਤਰ ਲੋਕ ਜਾਂ ਪਟਵਾਰੀ ਨੂੰ ਜਾਣਦੇ ਸਨ ਜਾਂ ਫਿਰ ਰੱਬ ਨੂੰ। ਪਿੰਡਾਂ ਵਿਚ ਪਟਵਾਰੀਆਂ ਦੀ ਹੁੰਦੀ ਸੇਵਾ ਦੇਖ ਕੇ ਹਰ ਇਕ ਮਾਤਾ-ਪਿਤਾ ਦੀ ਦਿਲੀ ਕਾਮਨਾ ਹੁੰਦੀ ਸੀ ਕਿ ਮੇਰਾ ਲੜਕਾ ਵੀ ਪੜ੍ਹ ਲਿਖ ਕੇ ਪਟਵਾਰੀ ਹੀ ਲੱਗੇ। ਪਟਵਾਰੀ ਬਾਰੇ ਕਈ ਦੰਦ ਕਥਾਵਾਂ ਵੀ ਹਨ। ਬਜ਼ੁਰਗਾਂ ਤੋਂ ਸੁਣਿਆ ਕਿ ਤਹਿਸੀਲਦਾਰ ਅਤੇ ਪਟਵਾਰੀ ਦੇ ਘਰ ਇੱਕਠੇ ਹੀ ਹੁੰਦੇ ਹਨ। ਪਿੰਡਾਂ ਦੇ ਲੋਕ ਪਟਵਾਰੀ ਲਈ ਸਰ੍ਹੋਂ ਦਾ ਸਾਗ, ਗੁੜ, ਗੰਨੇ, ਲੱਸੀ, ਮੱਖਣ ਆਦਿ ਤੋਹਫ਼ੇ ਵਜੋਂ ਉਸ ਦੇ ਘਰ ਦੇ ਜਾਂਦੇ। ਇਹ ਸਭ ਕੁਝ ਦੇਖ ਕੇ ਘੱਟ ਪੜ੍ਹੀ ਲਿਖੀ ਤਹਿਸੀਲਦਾਰ ਦੀ ਘਰਵਾਲੀ, ਇਕ ਦਿਨ ਤਹਿਸੀਲਦਾਰ ਨੂੰ ਕਹਿਣ ਲੱਗੀ 'ਜੀ! ਤੁਸੀਂ ਕਦੋਂ ਪਟਵਾਰੀ ਬਣੋਗੇ' ਕਿਉਂਕਿ ਉਨ੍ਹਾਂ ਸਮਿਆਂ ਵਿਚ ਲੋਕ ਲੜਕੀਆਂ ਨੂੰ ਬਹੁਤਾ ਪੜ੍ਹਾਉਂਦੇ ਨਹੀਂ ਸਨ ਹੁੰਦੇ।



ਇਸੇ ਤਰ੍ਹਾਂ ਇਕ ਹੋਰ ਕਥਾ ਬਜ਼ੁਰਗ ਸੁਣਾਉਂਦੇ ਜੋ ਇਸ ਤਰ੍ਹਾਂ ਹੈ, ਇਕ ਬਾਰੀ ਪਟਵਾਰੀ ਆਪਣੇ ਸਾਇਕਲ 'ਤੇ ਕਿਸੇ ਪਿੰਡ ਵਿੱਚੋਂ ਲੰਘ ਰਿਹਾ ਸੀ ਤਾਂ ਪਿੰਡ ਦੀ ਫਿਰਨੀ 'ਤੇ ਬੈਠੇ ਅਵਾਰਾ ਕੁੱਤਿਆਂ ਦੇ ਝੁੰਡ ਵਿੱਚੋਂ ਇਕ ਮਾੜਕੂ ਜਿਹਾ ਕੁੱਤਾ ਪਟਵਾਰੀ ਦੇ ਮਗਰ ਪੈ ਜਾਂਦਾ ਹੈ। ਪਟਵਾਰੀ ਆਪਣਾ ਸਾਈਕਲ ਛੱਡ ਕੇ ਇਕ ਉੱਚੇ ਚਬੂਤਰੇ 'ਤੇ ਜਾ ਚੜ੍ਹਦਾ ਹੈ। ਕੁਝ ਸਾਹ ਲੈਣ ਤੋਂ ਬਆਦ ਪਟਵਾਰੀ ਨੇ ਹੌਂਕਦੇ ਹੋਏ ਕੁੱਤੇ ਨੂੰ ਗਾਲ੍ਹਾਂ ਕੱਢਦਿਆਂ ਕਿਹਾ 'ਜੇਕਰ ਤੇਰੇ ਨਾਮ ਇਕ ਮਰਲਾ ਵੀ ਜ਼ਮੀਨ ਹੁੰਦੀ ਤਾਂ ਤੈਨੂੰ ਪਤਾ ਚੱਲਦਾ ਕਿ ਪਟਵਾਰੀ ਕੀ ਸ਼ੈਅ ਆ।'

ਉਹ ਵੀ ਸਮਾਂ ਸੀ ਜਦੋਂ ਵਿਰਾਸਤ ਦਾ ਇੰਤਕਾਲ ਜਾਂ ਕੋਈ ਹੋਰ ਇੰਤਕਾਲ ਕਰਵਾਉਣਾ ਹੁੰਦਾ ਸੀ ਤਾਂ ਪਿੰਡਾਂ ਵਿਚ ਬਣੇ ਪਟਵਾਰ ਖਾਨੇ (ਪਟਵਾਰੀ ਦਾ ਦਫ਼ਤਰ) ਵਿਚ ਤਹਿਸੀਲਦਾਰ ਦਾ ਮਹਿਨੇਵਾਰ ਦਾ ਦੌਰਾ ਹੁੰਦਾ ਸੀ, ਇਹ ਸਾਰੇ ਇੰਤਕਾਲ ਵੀ ਉਸ ਸਮੇਂ ਪਿੰਡਾਂ ਦੀਆਂ ਸੱਥਾਂ ਵਿਚ ਹੀ ਹੁੰਦੇ ਸਨ। ਉਸ ਸਮੇਂ ਵੀ ਪਿੰਡ ਦਾ ਨੰਬਰਦਾਰ, ਚੌਕੀਦਾਰ ਜਾਂ ਫਿਰ ਹੋਰ ਕੋਈ ਮੋਹਤਬਰ, ਸਾਰੇ ਹੀ ਪਟਵਾਰੀ ਦੇ ਇਸ਼ਾਰੇ ਨਾਲ ਹੀ ਕੰਮ ਕਰਦੇ ਸਨ।

ਤਹਿਸੀਲਦਾਰ ਨੂੰ ਜੋ ਪਟਵਾਰੀ ਨੇ ਰਿਕਾਰਡ ਸਹੀ ਕਰ ਕੇ ਦੇ ਦਿੱਤੇ ਹੁੰਦੇ ਉਨ੍ਹਾਂ 'ਤੇ ਮੌਕੇ 'ਤੇ ਹੀ ਦਸਤਖ਼ਤ ਕਰ ਦਿੱਤੇ ਜਾਂਦੇ ਸਨ। ਪਰ ਅੱਜ ਦੇ ਯੁੱਗ ਵਿਚ ਪਟਵਾਰੀਆਂ ਨੇ ਵੀ ਆਪਣੇ ਹੱਥੀ ਕੰਮ ਕਰਨਾ ਛੱਡ ਦਿੱਤਾ, ਕੱਝ ਕੰਮ ਤਾਂ ਕਿਸਾਨਾਂ ਦੇ, ਵੈਸੇ ਹੀ ਸਾਂਝ ਕੇਂਦਰਾਂ ਵਿਚ ਹੋ ਜਾਂਦੇ ਹਨ। ਬਾਕੀ ਹਰੇਕ ਪਟਵਾਰੀ ਨੇ ਆਪਣਾ ਕੰਮ ਕਰਨ ਲਈ ਇਕ ਪ੍ਰਾਈਵੇਟ ਸਹਾਇਕ ਰੱਖਿਆ ਹੋਇਆ ਹੈ, ਆਪ ਤਾਂ ਪਟਵਾਰੀ ਜੀ! ਹੁਣ ਘੱਟ ਹੀ ਹੱਥੀਂ ਕੰਮ ਕਰਦੇ ਹਨ। ਉਨ੍ਹਾਂ ਦੇ ਸਾਰੇ ਰਿਕਾਰਡ ਬਾਰੇ ਉਨ੍ਹਾਂ ਦੇ ਸਹਾਇਕ ਨੂੰ ਪੂਰੀ ਜਾਣਕਾਰੀ ਹੁੰਦੀ ਹੈ।

ਉਨ੍ਹਾਂ ਸਮਿਆਂ ਵਿਚ ਪਟਵਾਰੀ ਸਾਡੇ ਸੱਭਿਆਚਰਕ ਗੀਤਾਂ ਦਾ ਲੋਕ ਨਾਇਕ ਹੁੰਦਾ ਸੀ ਪੰਜਾਬ ਦੇ ਕਈ ਉੱਚ ਕੋਟੀ ਦੇ ਪੰਜਾਬੀ ਗਾਇਕਾਂ ਨੇ ਆਪਣੇ ਗੀਤਾਂ ਅਤੇ ਬੋਲੀਆਂ ਵਿਚ ਨਾਇਕ ਵਜੋਂ ਪੇਸ਼ ਕੀਤਾ, ਜਿਵੇਂ :

*-ਪੱਟ ਤਾ ਪਟੋਲੇ ਨੇ,*
*ਮੁੰਡਾ ਪੱਟ ਤਾ ਲੱਠ੍ਹਾ ਪਟਵਾਰੀ...*
*-ਲੱਡੂਆਂ ਨੇ ਤੂੰ ਪੱਟ ਤੀ,*
*ਤੇਰੀ ਤੋਰ ਪੱਟਿਆ ਪਟਵਾਰੀ...*
*-ਮੁੰਡਾ ਲੱਗਿਆ ਨਵਾਂ ਪਟਵਾਰੀ,*
*ਜ਼ਰੀਬ ਨਾਲ ਕੱਦ ਨਾਪਦਾ...*
*-ਵੇ ਤੂੰ ਕਾਹਦਾ ਪਟਵਾਰੀ,*
*ਮੁੰਡਾ ਮੇਰਾ ਰੋਵੇ ਅੰਬ ਨੂੰ...*
*-ਕੋਠੇ ਤੋਂ ਉਡ ਕਾਂਵਾਂ,*
*ਸੱਦ ਪਟਵਾਰੀ ਨੂੰ,*
*ਜਿੰਦ ਮਾਹੀਏ ਦੇ ਨਾਂ ਲਾਵਾਂ...*
*-ਸੱਸ ਮੇਰੀ ਦੇ ਦੋ ਪੁੱਤਰ,*
*ਇਕ ਮੁਨਸ਼ੀ, ਦੂਜਾ ਪਟਵਾਰੀ..*

ਅਜਿਹੇ ਅਨੇਕਾਂ ਲੋਕ ਗੀਤ ਅਤੇ ਬੋਲੀਆਂ ਪੰਜਾਬੀ ਸੱਭਿਆਚਾਰ ਦੇ ਸ਼ਿੰਗਾਰ ਹਨ, ਜਿਨ੍ਹਾਂ ਨੂੰ ਅੱਜ ਦੇ ਸਮੇਂ ਅਨੁਸਾਰ ਸੰਭਾਲਣ ਦੀ ਲੋੜ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾਇਕ ਹੋਣਗੀਆਂ। ਇਸ ਲਈ ਸਾਨੂੰ ਇਕ ਸੰਭਲਾ ਮਾਰਨ ਦੀ ਲੋੜ ਹੈ। •

**ਮੋਬਾਈਲ : 98158-69735**

# ਹਿਬਰੂ ਭਾਸ਼ਾ ਦੇ ਮਾਹਿਰ ਸਨ ਯਿਸੂ

**ਈਸਾਈ ਧਰਮ ਦੇ ਬਾਨੀ ਯਿਸੂ ਮਸੀਹ ਦੇ ਬਚਪਨ ਦੇ ਉਹ ਅਦਭੁੱਤ 18 ਸਾਲ, ਜਿਨ੍ਹਾਂ ਦੇ ਵੇਰਵੇ ਪਵਿੱਤਰ ਬਾਈਬਲ ਵਿਚ ਨਹੀਂ ਮਿਲਦੇ।**

*(ਆਧਾਰ/ਸਰੋਤ - ਇੰਗਲੈਂਡ ਦੇ 'ਬਾਈਬਲ ਡੌਟ ਔਰਗ ਡੌਟ ਯੂ.ਕੇ.' ਵੱਲੋਂ ਪ੍ਰਕਾਸ਼ਿਤ 1,262 ਪੰਨਿਆਂ ਦੀ ਵਿਸ਼ਵ ਪ੍ਰਸਿੱਧ ਪੁਸਤਕ 'ਯੂਰੈਂਸ਼ੀਆ', ਜੋ ਪਹਿਲੀ ਵਾਰ 1925 ਤੋਂ ਲੈ ਕੇ 1955 ਦੌਰਾਨ ਕਿਸੇ ਵੇਲੇ ਅਮਰੀਕੀ ਸੂਬੇ ਇਲੀਨੋਇ ਦੇ ਸ਼ਹਿਰ ਸ਼ਿਕਾਗੋ 'ਚ ਸਾਹਮਣੇ ਆਈ ਸੀ)*

ਨਾਸਰਤ 'ਚ ਵਿਦਿਆਰਥੀ ਫ਼ਰਸ਼ 'ਤੇ ਅਰਧ-ਗੋਲ਼ਾਕਾਰ ਬਣਾ ਕੇ ਬੈਠਦੇ ਸਨ ਅਤੇ ਅਧਿਆਪਕ ਜੋ ਆਮ ਤੌਰ 'ਤੇ ਉਸ ਧਾਰਮਿਕ ਸਥਾਨ ਦਾ ਮੁਖੀ ਹੀ ਹੁੰਦਾ ਸੀ, ਉਨ੍ਹਾਂ ਸਾਹਮਣੇ ਬੈਠਦਾ ਸੀ। ਉਨ੍ਹਾਂ ਦੀ ਪੜ੍ਹਾਈ ਮੌਜੂਦਾ ਬਾਈਬਲ ਦੀ ਤੀਜੀ ਪੁਸਤਕ 'ਲੇਵੀਆਂ ਦੀ ਪੋਥੀ' (ਹਿੰਦੀ 'ਚ 'ਲੈਵਯਵਿਵਸਥਾ') ਤੋਂ ਸ਼ੁਰੂ ਹੁੰਦੀ ਸੀ। ਉਹ ਕਾਨੂੰਨ ਦੀਆਂ ਹੋਰ ਪੁਸਤਕਾਂ ਦਾ ਅਧਿਐਨ ਵੀ ਕਰਦੇ ਸਨ। ਉਸ ਤੋਂ ਬਾਅਦ ਵੱਖੋ-ਵੱਖਰੇ ਨਬੀਆਂ ਤੇ ਫਿਰ 'ਜ਼ਬੂਰਾਂ ਦੀ ਪੋਥੀ' (ਜੋ ਹੁਣ ਪਵਿੱਤਰ ਬਾਈਬਲ ਦੇ ਪੁਰਾਣੇ ਨਿਯਮ ਦੀ 19ਵੀਂ ਪੁਸਤਕ ਹੈ) ਦਾ ਅਧਿਐਨ ਕਰਵਾਇਆ ਜਾਂਦਾ ਸੀ। ਨਾਸਰਤ ਦੇ ਉਨ੍ਹਾਂ ਧਾਰਮਿਕ ਸਥਾਨਾਂ ਕੋਲ ਤਦ ਇਨ੍ਹਾਂ ਧਾਰਮਿਕ ਗ੍ਰੰਥਾਂ ਦੀ ਇਕ ਕਾਪੀ ਹਿਬਰੂ ਭਾਸ਼ਾ ਵਿਚ ਹੁੰਦੀ ਸੀ। ਬਾਰ੍ਹਾਂ ਸਾਲਾਂ ਦੀ ਉਮਰ ਤਕ ਇਨ੍ਹਾਂ ਧਰਮ-ਗ੍ਰੰਥਾਂ ਦਾ ਅਧਿਐਨ ਮੁਕੰਮਲ ਕਰਵਾ ਦਿੱਤਾ ਜਾਂਦਾ ਸੀ। ਗਰਮੀਆਂ ਦੇ ਮੌਸਮ ਵਿਚ ਸਕੂਲ ਬਹੁਤ ਘੱਟ ਸਮੇਂ ਲਈ ਲੱਗਦਾ ਸੀ (ਯੂਰੈਂਸ਼ੀਆ 123:5.3)



ਯਿਸੂ ਬਹੁਤ ਛੇਤੀ ਹਿਬਰੂ ਭਾਸ਼ਾ ਦੇ ਮਾਹਿਰ ਬਣ ਗਏ ਸਨ। ਇਸੇ ਲਈ ਉਨ੍ਹਾਂ ਨੂੰ ਆਮ ਤੌਰ 'ਤੇ ਸਬਤ ਦੇ ਦਿਨ ਨਿਯਮਤ ਤੌਰ 'ਤੇ ਨਾਸਰਤ ਦੇ ਵੱਖੋ-ਵੱਖਰੇ ਧਾਰਮਿਕ ਸਥਾਨਾਂ 'ਤੇ ਇਕੱਠੇ ਹੋਣ ਵਾਲੇ ਵਿਸ਼ਵਾਸੀਆਂ ਲਈ ਹਿਬਰੂ ਭਾਸ਼ਾ ਵਿਚ ਧਾਰਮਿਕ ਗ੍ਰੰਥ ਪੜ੍ਹਨ ਲਈ ਸੱਦਿਆ ਜਾਂਦਾ ਸੀ (ਯੂਰੈਂਸ਼ੀਆ 123:5.4)

ਉਨ੍ਹਾਂ ਧਾਰਮਿਕ ਸਕੂਲਾਂ ਵਿਚ ਕੋਈ ਪਾਠ-ਪੁਸਤਕਾਂ ਨਹੀਂ ਹੁੰਦੀਆਂ ਸਨ। ਇਸੇ ਲਈ ਅਧਿਆਪਕ ਵਾਰ-ਵਾਰ ਦੁਹਰਾਉਂਦੇ ਸਨ। ਇਸ ਤਰ੍ਹਾਂ ਉਹ ਸਭ ਕੁਝ ਜ਼ੁਬਾਨੀ ਚੇਤੇ ਕਰ ਲੈਂਦੇ ਸਨ (ਯੂਰੈਂਸ਼ੀਆ 123:5.5)

ਯਿਸੂ ਨੂੰ ਆਮ ਮਨੁੱਖੀ ਸੁਭਾਅ ਬਾਰੇ ਜਾਣਨ ਦੀ ਬਹੁਤ ਉਤਸੁਕਤਾ ਰਹਿੰਦੀ ਸੀ। ਉਨ੍ਹਾਂ ਦੇ ਦੁਨਿਆਵੀ ਪਿਤਾ ਯੂਸਫ਼ ਦੀ ਦੁਕਾਨ 'ਤੇ ਦੂਰੋਂ-ਦੂਰੋਂ ਲੋਕ ਆਉਂਦੇ ਸਨ। ਯਿਸੂ ਕਿਉਂਕਿ ਯੂਨਾਨੀ ਭਾਸ਼ਾ ਬਹੁਤ ਚੰਗੀ ਤਰ੍ਹਾਂ ਜਾਣਦੇ ਸਨ, ਇਸੇ ਲਈ ਉਹ ਵਿਦੇਸ਼ੀਆਂ ਨਾਲ ਵੀ ਬਹੁਤ ਸਹਿਜ ਸੁਭਾਅ ਗੱਲਬਾਤ ਕਰ ਲੈਂਦੇ ਸਨ (ਯੂਰੈਂਸ਼ੀਆ 123:5.6)

ਦੂਰ-ਦੁਰਾਡਿਓਂ ਆਉਣ ਵਾਲੇ ਯਾਤਰੀ ਨਾਸਰਤ ਜ਼ਰੂਰ ਆਉਂਦੇ ਸਨ ਅਤੇ ਇਹ ਸ਼ਹਿਰ ਯਹੂਦੀ ਰਵਾਇਤੀ ਕਾਨੂੰਨ ਦੀ ਉਦਾਰਵਾਦੀ ਵਿਆਖਿਆ ਦੇ ਕੇਂਦਰ ਵਜੋਂ ਵੀ ਪ੍ਰਸਿੱਧ ਸੀ। ਇੱਥੇ ਯਹੂਦੀ ਲੋਕ ਹੋਰ ਧਰਮਾਂ ਦੇ ਲੋਕਾਂ ਨਾਲ ਵੀ ਗੱਲਬਾਤ ਕਰ ਲੈਂਦੇ ਸਨ ਜਦ ਕਿ ਹੋਰ ਸਥਾਨਾਂ ਉੱਤੇ ਉਨ੍ਹਾਂ ਦਾ ਰਵੱਈਆ ਕੁਝ ਕੱਟੜ ਕਿਸਮ ਦਾ ਹੁੰਦਾ ਸੀ (ਯੂਰੈਂਸ਼ੀਆ 123:5.7)

ਯਿਸੂ ਨੂੰ ਨੈਤਿਕ ਸਿੱਖਿਆ ਅਤੇ ਅਧਿਆਤਮਕ ਸਭਿਆਚਾਰ ਉਨ੍ਹਾਂ ਨੂੰ ਆਪਣੇ ਘਰ ਤੋਂ ਹੀ ਮਿਲੇ ਸਨ। ਯਹੂਦੀ ਧਾਰਮਿਕ ਵਿਅਕਤੀਆਂ ਨੇ ਉਨ੍ਹਾਂ ਨੂੰ ਬੌਧਿਕ ਤੇ ਧਾਰਮਿਕ ਸਿੱਖਿਆ ਦਿੱਤੀ ਸੀ। ਉਹ ਆਪਣੇ ਸਾਥੀਆਂ ਨਾਲ ਬਹੁਤ ਘੁਲ਼-ਮਿਲ਼ ਕੇ ਰਹਿੰਦੇ ਸਨ। ਨੌਜਵਾਨਾਂ ਤੇ ਬਜ਼ੁਰਗਾਂ ਸਭਨਾਂ ਨਾਲ ਉਹ ਇੱਕੋ ਜਿੰਨੀ ਦਿਲਚਸਪੀ ਨਾਲ ਗੱਲਬਾਤ ਕਰ ਲੈਂਦੇ ਸਨ। ਮਨੁੱਖ ਜਾਤੀ ਨੂੰ ਉਨ੍ਹਾਂ ਨੇ ਇਨ੍ਹਾਂ ਹੀ ਸਬੰਧਾਂ ਰਾਹੀਂ ਜਾਣਿਆ ਤੇ ਸਮਝਿਆ ਸੀ। ਉਹ ਆਪਣੇ ਸਮੇਂ ਦੀ ਪ੍ਰਚਲਿਤ ਪੜ੍ਹਾਈ ਅਨੁਸਾਰ ਉੱਚ-ਸਿੱਖਿਆ ਪ੍ਰਾਪਤ ਸਨ ਅਤੇ ਹਰ ਕਿਸਮ ਦੇ ਲੋਕਾਂ ਨੂੰ ਬਹੁਤ ਛੇਤੀ ਸਮਝ ਸਕਦੇ ਸਨ। ਉਹ ਸਭ ਨੂੰ ਪਿਆਰ ਕਰਦੇ ਸਨ (ਯੂਰੈਂਸ਼ੀਆ 123 :5.8)

ਯਹੂਦੀ ਧਾਰਮਿਕ ਸਥਾਨ 'ਤੇ ਯਿਸੂ ਨੇ ਜਿੰਨੇ ਸਾਲ ਵੀ ਸਿੱਖਿਆ ਹਾਸਲ ਕੀਤੀ, ਉਹ ਉੱਥੇ ਸਦਾ ਇਕ ਹੋਣਹਾਰ ਵਿਦਿਆਰਥੀ ਵਜੋਂ ਵੀ ਉੱਭਰੇ। ਉਨ੍ਹਾਂ ਨੂੰ ਕਿਉਂਕਿ ਉਸ ਸਮੇਂ ਦੀਆਂ ਪ੍ਰਚਲਿਤ ਤਿੰਨੇ ਮੁੱਖ ਭਾਸ਼ਾਵਾਂ ਆਉਂਦੀਆਂ ਸਨ ਤੇ ਇਹ ਗੁਣ ਹੋਰ ਕਿਸੇ ਵੀ ਵਿਦਿਆਰਥੀ ਕੋਲ ਨਹੀਂ ਸੀ। ਜਦੋਂ ਯਿਸੂ ਉਸ ਸਕੂਲ ਵਿਚ ਆਪਣਾ ਕੋਰਸ ਮੁਕੰਮਲ ਕਰਨ ਜਾ ਰਹੇ ਸਨ, ਤਾਂ ਮੁੱਖ ਅਧਿਆਪਕ ਨੇ ਪਿਤਾ ਯੂਸਫ਼ ਸਾਹਮਣੇ ਇਹ ਟਿੱਪਣੀ ਕੀਤੀ ਸੀ ਕਿ "ਅਸੀਂ ਯਿਸੂ ਤੋਂ ਵੱਧ ਸਿੱਖਿਆ ਕਿਉਂਕਿ ਜਿਸ ਤਰ੍ਹਾਂ ਉਹ ਪ੍ਰਸ਼ਨ ਪੁੱਛਦਾ ਸੀ, ਸਾਡੇ ਕੋਲ ਉਨ੍ਹਾਂ ਦੇ ਜਵਾਬ ਨਹੀਂ ਹੁੰਦੇ ਸਨ, ਇਸੇ ਲਈ ਸਾਨੂੰ ਉਨ੍ਹਾਂ ਦੇ ਜਵਾਬ ਵਿਸ਼ੇਸ਼ ਤੌਰ 'ਤੇ ਧਾਰਮਿਕ ਗ੍ਰੰਥਾਂ ਵਿੱਚੋਂ ਲੱਭਣੇ ਪੈਂਦੇ ਸਨ" (ਯੂਰੈਂਸ਼ੀਆ 123:5.9)

ਨਾਸਰਤ ਕਿਉਂਕਿ ਇਕ ਬੇਹੱਦ ਉਦਾਰਵਾਦੀ ਧਾਰਮਿਕ ਕੇਂਦਰ ਸੀ, ਇਸੇ ਲਈ ਉੱਥੇ ਸਮੁੱਚੇ ਇਜ਼ਰਾਇਲ ਦੇਸ਼ ਤੋਂ ਕੋਈ ਕੱਟੜਪ੍ਰਸਤ ਨਹੀਂ, ਸਗੋਂ ਸਿਰਫ਼ ਉਦਾਰਵਾਦੀ ਧਾਰਮਿਕ ਬੁਲਾਰੇ ਆਉਂਦੇ ਹੀ ਰਹਿੰਦੇ ਸਨ ਤੇ ਫਿਰ ਸਬਤ ਦੇ ਦਿਨ ਉਨ੍ਹਾਂ ਨੂੰ ਧਾਰਮਿਕ ਸਥਾਨ ਵਿਚ ਸੰਬੋਧਨ ਕਰਨ ਲਈ ਵੀ ਸੱਦਿਆ ਜਾਂਦਾ ਸੀ। ਯਿਸੂ ਉਨ੍ਹਾਂ ਸਾਰਿਆਂ ਨੂੰ ਬਹੁਤ ਧਿਆਨ ਨਾਲ ਸੁਣਦੇ ਸਨ। ਇੰਝ ਉਨ੍ਹਾਂ ਆਪਣੇ ਸਮੇਂ ਦੇ ਸਾਰੇ ਉੱਚ-ਪੱਧਰੀ ਬੁੱਧੀਜੀਵੀਆਂ ਨੂੰ ਸੁਣਿਆ (ਯੂਰੈਂਸ਼ੀਆ 123:5.10)

ਉਨ੍ਹੀਂ ਦਿਨੀਂ ਯਹੂਦੀਆਂ ਦਾ ਇਕ ਵਿਸ਼ੇਸ਼ ਤੇ ਲਾਜ਼ਮੀ ਵਿਦਿਅਕ ਕਾਨੂੰਨ ਸੀ ਕਿ ਜਦੋਂ ਬੱਚੇ ਨੂੰ 7 ਸਾਲ ਦੀ ਉਮਰ ਵਿਚ ਸਕੂਲ 'ਚ ਦਾਖ਼ਲ ਕਰਵਾਇਆ ਜਾਂਦਾ ਸੀ, ਤਾਂ ਬੱਚੇ ਨੂੰ ਉਸ ਸਮੇਂ ਪ੍ਰਚਲਿਤ ਯਹੂਦੀ ਧਰਮ-ਗ੍ਰੰਥਾਂ ਵਿੱਚੋਂ ਕੋਈ ਆਇਤ ਚੁਣਨੀ ਪੈਂਦੀ ਸੀ, ਜਿਸ ਨੂੰ 'ਜਨਮ-ਦਿਹਾੜੇ ਦੀ ਆਇਤ' (ਬਰਥਡੇਅ ਟੈਕਸਟ) ਕਿਹਾ ਜਾਂਦਾ ਸੀ। ਯਿਸੂ ਜਦੋਂ ਸਕੂਲ ਵਿਚ ਦਾਖ਼ਲ ਹੋਏ ਸਨ, ਤਾਂ ਉਨ੍ਹਾਂ ਨੇ ਆਪਣੇ ਲਈ ਯਸ਼ਾਯਾਹ ਨਬੀ ਵੱਲੋਂ ਰਚਿਤ ਪਵਿੱਤਰ ਬਾਈਬਲ ਵਿਚ ਦਰਜ ਪੁਸਤਕ 'ਯਸ਼ਾਯਾਹ' ਦੇ 61ਵੇਂ ਅਧਿਆਇ ਦੀ ਪਹਿਲੀ ਆਇਤ ਨੂੰ ਚੁਣਿਆ ਸੀ, ਜੋ ਕੁਝ ਇੰਝ ਹੈ - "ਪ੍ਰਭੂ ਯਹੋਵਾ ਦਾ ਆਤਮਾ ਮੇਰੇ 'ਤੇ ਹੈ ਕਿਉਂਕਿ ਯਹੋਵਾ ਨੇ ਸੁਸਮਾਚਾਰ ਸੁਣਾਉਣ ਲਈ ਮੇਰੀ ਚੋਣ ਕੀਤੀ ਅਤੇ ਮੈਨੂੰ ਇਸ ਲਈ ਭੇਜਿਆ ਹੈ ਕਿ ਦੁਖੀ ਮਨ ਦੇ ਲੋਕਾਂ ਨੂੰ ਸ਼ਾਂਤੀ ਦੇਵਾਂ, ਕਿ ਭਰਾਵਾਂ ਲਈ ਆਜ਼ਾਦੀ ਦਾ ਅਤੇ ਕੈਦੀਆਂ ਲਈ ਛੁਟਕਾਰੇ ਦਾ ਪ੍ਰਚਾਰ ਕਰਾਂ" (ਯੂਰੈਂਸ਼ੀਆ-123:5.11)

ਅਨੁਵਾਦ -***ਮਹਿਤਾਬ-ਉਦ-ਦੀਨ***

# ਜ਼ਿੰਦਗੀ 'ਚ ਵਿਸ਼ੇਸ਼ ਸਥਾਨ ਰੱਖਦੀ ਹੈ ਪਰਖ

ਅਸੀਂ ਭਾਵੇਂ ਅਧਿਆਤਮਿਕ ਦੁਨੀਆ ਦੀ ਗੱਲ ਕਰੀਏ ਜਾਂ ਦੁਨਿਆਵੀ ਦੁਨੀਆ ਦੀ ਇਨ੍ਹਾਂ ਦੋਵਾਂ ਵਿਚ ਪਰਖ ਦਾ ਮਹੱਤਵਪੂਰਨ ਸਥਾਨ ਹੈ। ਅਸੀਂ ਦੇਖਦੇ ਹਾਂ ਜਦ ਕੋਈ ਨੌਜਵਾਨ ਕਿਸੇ ਸੰਸਥਾ ਵਿਚ ਨੌਕਰੀ ਲਈ ਜਾਂਦਾ ਹੈ ਤਾਂ ਸਭ ਤੋਂ ਪਹਿਲਾਂ ਉਸ ਦੀ ਪਰਖ ਭਾਵ ਉਸਦੀ ਇੰਟਰਵਿਊ ਹੁੰਦੀ ਹੈ। ਜੇ ਉਹ ਇਸ ਪਰਖ ਦੀ ਕਸਵੱਟੀ ਦੇ ਉੱਪਰ ਖਰਾ ਉਤਰਦਾ ਹੈ ਉਸ ਨੂੰ ਯੋਗ ਜਾਣਕੇ ਸੰਸਥਾ ਵਿਚ ਰੱਖ ਲਿਆ ਜਾਂਦਾ ਹੈ। ਪਰ ਜੋ ਪਰਖ ਦੀ ਕਸਵੱਟੀ ਉੱਤੇ ਪੂਰੇ ਨਹੀਂ ਉਤਰਦੇ ਉਹ ਜ਼ਿੰਦਗੀ ਵਿਚ ਅਸਫ਼ਲ ਹੋ ਜਾਂਦੇ ਨੇ। ਜ਼ਿੰਦਗੀ ਕਦਮ-ਕਦਮ 'ਤੇ ਮਨੁੱਖ ਦੇ ਇਮਤਿਹਾਨ ਲੈਂਦੀ ਹੈ ਜੋ ਇਨ੍ਹਾਂ ਦਾ ਮੁਕਾਬਲਾ ਦ੍ਰਿੜਤਾ 'ਤੇ ਅਡੋਲ ਜਜ਼ਬੇ ਨਾਲ ਕਰਦੇ ਹਨ ਉਹ ਹਮੇਸ਼ਾ ਬੁਲੰਦੀਆਂ ਨੂੰ ਛੂਹ ਲੈਂਦੇ ਹਨ। ਜਨਮ ਤੋਂ ਲੈ ਕੇ ਮੌਤ ਤਕ ਜ਼ਿੰਦਗੀ ਇਮਤਿਹਾਨ ਲੈਂਦੀ ਹੈ। ਪਰਖ ਹੀ ਮਨੁੱਖ ਦੀ ਕਾਬਲੀਅਤ ਦੀ ਸਹੀ ਪਛਾਣ ਕਰਵਾਉਂਦੀ ਹੈ। ਇਨਸਾਨ ਦੀ ਯੋਗਤਾ ਦਾ ਪਤਾ ਕਰਨ ਲਈ ਹਰ ਇਕ ਵਿਅਕਤੀ ਪਰਖ ਦਾ ਸਹਾਰਾ ਲੈਂਦਾ ਹੈ।



ਇਸੇ ਤਰ੍ਹਾਂ ਅਧਿਆਤਮਿਕ ਦੁਨੀਆ ਵਿਚ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀ ਗੁਰਗੱਦੀ ਯੋਗ ਹੱਥਾਂ ਵਿਚ ਦੇਣ ਲਈ ਆਪਣੇ ਨਜ਼ਦੀਕੀ ਦੇ ਗੁਰਸਿੱਖਾਂ ਦੀ ਪਰਖ ਕੀਤੀ। ਭਾਈ ਲਹਿਣਾ ਜੀ ਗੁਰੂ ਜੀ ਦੁਆਰਾ ਕੀਤੀ ਪਰਖ ਵਿਚ ਖਰੇ ਉਤਰੇ ਅਤੇ ਉਨ੍ਹਾਂ ਨੇ ਗੁਰੂ ਜੀ ਤੋਂ ਬੇਅੰਤ ਬਖਸ਼ਿਸ਼ਾਂ ਪ੍ਰਾਪਤ ਕੀਤੀਆਂ। ਇਸ ਤਰ੍ਹਾਂ ਅਧਿਆਤਮਿਕ ਰਸਤੇ ਦੇ ਪਾਧੀਂ ਦੀ ਕਦਮ-ਕਦਮ ਉੱਤੇ ਪਰਖ ਹੁੰਦੀ ਹੈ। ਇਸ ਦਾ ਸਬੂਤ ਸਾਨੂੰ ਇਤਿਹਾਸ ਨੂੰ ਪੜ੍ਹਨ 'ਤੇ ਭਲੀ-ਭਾਂਤ ਮਿਲ ਜਾਂਦਾ ਹੈ।

ਸੋ ਸਾਨੂੰ ਹਰ ਵੇਲੇ ਪਰਖ ਲਈ ਤਿਆਰ ਰਹਿਣਾ ਚਾਹੀਦਾ ਹੈ। ਪਰਖ ਦੀ ਕਸਵੱਟੀ ਉੱਪਰ ਖਰੇ ਉੱਤਰ ਕੇ ਹੀ ਅਸੀਂ ਆਪਣੀ ਜ਼ਿੰਦਗੀ ਨੂੰ ਅਧਿਆਤਮਿਕ ਤੇ ਦੁਨਿਆਵੀ ਦੋਵਾਂ ਪੱਖਾਂ ਵਿਚ ਸਫਲ ਬਣਾ ਸਕਦੇ ਹਾਂ।

**• ਨਵਜੋਤ ਸਿੰਘ**
**ਮੋਬਾਈਲ :** 8437923269

# ਇਤਿਹਾਸਕ ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਕਟਾਣਾ

**ਤਸਵਿੰਦਰ ਸਿੰਘ ਬੜੈਚ**

ਮੀਰੀ-ਪੀਰੀ ਦੇ ਮਾਲਿਕ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ 20 ਫੱਗਣ 1675 ਬਿਕਰਮੀ ਨੂੰ ਇਥੇ ਆਏ। ਗੁਰੂ ਜੀ ਪਾਸ 7 ਤੋਪਾਂ ਸਨ, ਨਾਲ ਹੀ 1100 ਘੋੜ ਸਵਾਰ ਅਤੇ ਚੰਦੂ ਕੈਦੀ (ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸ਼ਹੀਦ ਕਰਾਉਣ ਵਾਲਾ), ਇਕ 52 ਕਲੀਆਂ ਵਾਲਾ ਜਾਮਾ ਜਿਸ ਨਾਲ ਗਵਾਲੀਅਰ ਦੇ ਕਿਲ੍ਹੇ ਵਿਚੋਂ 52 ਕੈਦੀ ਰਾਜੇ ਛਡਾਏ ਸੀ, ਸਨ। ਆਪ ਜੀ ਨੇ ਇਕ ਰਾਤ ਇਥੇ ਵਿਸ਼ਰਾਮ ਕੀਤਾ ਤੇ ਬੇਰੀ ਸਾਹਿਬ ਨਾਲ ਆਪਣਾ ਘੋੜਾ ਬੰਨ੍ਹਿਆ ਸੀ। ਇਸ ਤੋਂ ਇਲਾਵਾ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਉੱਚ ਦੇ ਪੀਰ ਬਣ ਕੇ 11 ਪੋਹ 1761 ਬਿਕਰਮੀ ਨੂੰ ਇਥੇ ਆਏ। ਆਪ ਜੀ ਦੇ ਨਾਲ ਭਾਈ ਦਇਆ ਸਿੰਘ, ਭਾਈ ਧਰਮ ਸਿੰਘ, ਭਾਈ ਮਾਨ ਸਿੰਘ, ਭਾਈ ਨਬੀ ਖ਼ਾਂ ਅਤੇ ਗਨੀ ਖ਼ਾਂ ਸਨ। ਆਪ ਜੀ ਨੇ ਇਥੇ ਬੇਰੀ ਸਾਹਿਬ ਹੇਠਾਂ ਆਪਣਾ ਪਲੰਘ ਰੱਖਵਾ ਕੇ ਵਿਸ਼ਰਾਮ ਕੀਤਾ। ਆਪ ਜੀ ਨੇ ਇਥੇ ਆਪਣੇ ਪਵਿੱਤਰ ਹੱਥਾਂ ਨਾਲ ਦੇਗ ਵਰਤਾਈ ਅਤੇ ਗੁਰਦੁਆਰੇ ਦਾ ਨਾਮ ਦੇਗਸਰ ਸਾਹਿਬ ਰੱਖਿਆ।

ਸੰਨ 1854 ਵਿਚ ਨਹਿਰ ਸਰਹੰਦ ਦਾ ਸਰਵੇ ਹੋਇਆ ਅਤੇ ਇਸ ਅਸਥਾਨ ਵਿੱਚੋਂ ਦੀ ਨਹਿਰ ਲੰਘਾਉਣ ਦੀ ਸਕੀਮ ਬਣੀ, ਪਰ ਖੁਦਾਈ ਕਰਾਉਣ ਵਾਲਾ ਅੰਗਰੇਜ਼ ਇੰਜੀਨੀਅਰ ਮਿਸਟਰ ਸਮਿਥ, ਬੇਰੀ ਸਾਹਿਬ ਵੱਢਣ ਲੱਗਾ ਅੰਨ੍ਹਾ ਹੋ ਗਿਆ। ਅੰਗਰੇਜ਼ ਇੰਜੀਨੀਅਰ ਬੜਾ ਪਛਤਾਇਆ ਅਤੇ 51 ਰੁਪੈ ਦੀ ਦੇਗ ਕਰਾਈ ਤਾਂ ਫਿਰ ਸੁਜਾਖਾ ਹੋ ਗਿਆ। ਇਸ ਅਸਥਾਨ ਨੂੰ ਜ਼ਰਾ ਨਾ ਛੇੜਿਆ



ਅਤੇ ਇਥੋਂ ਨਹਿਰ ਵਿੰਗੀ ਕਰ ਕੇ ਲੰਘਾਈ। ਗੁਰਦੁਆਰਾ ਸਾਹਿਬ ਦੇ ਕੋਲੋਂ ਲੰਘਾਈ ਨਹਿਰ ਸਾਰੇ ਇਤਿਹਾਸ ਦੀ ਗਵਾਹ ਹੈ ਅਤੇ ਉਹ ਬੇਰੀ ਸਾਹਿਬ ਅਜੇ ਵੀ ਮੌਜੂਦ ਹੈ। ਮਿਸਟਰ ਸਮਿਥ ਦਾ ਬਣਾਇਆ ਹੋਇਆ ਛੋਟਾ ਜਿਹਾ ਗੁਰਦੁਆਰਾ ਵੀ ਨਜ਼ਦੀਕ ਥੇਹ ਉੱਪਰ ਖੜ੍ਹਾ ਦਿੱਸਦਾ ਹੈ। ਉਹ ਇਸ ਗੁਰਦੁਆਰੇ ਨੂੰ ਢਾਹ ਕੇ ਉੱਪਰ ਗੁਰਦੁਆਰਾ ਬਣਾਉਣਾ ਚਾਹੁੰਦਾ ਸੀ, ਪਰ ਇਹ ਵੱਡਾ ਗੁਰਦੁਆਰਾ ਪੂਰੀ ਸ਼ਾਨ ਨਾਲ ਕਾਇਮ ਹੈ ਅਤੇ ਇਥੇ ਹਰ ਸੰਗਰਾਂਦ ਨੂੰ ਬੜਾ ਭਾਰੀ ਜੋੜ ਮੇਲਾ ਲੱਗਦਾ ਹੈ। ਜਿਸ ਵਿਚ ਦੂਰ-ਦੁਰਾਡੇ ਤੋਂ ਸੰਗਤਾਂ ਦਰਸ਼ਨ ਕਰਨ ਪੁੱਜਦੀਆਂ ਹਨ। ਇਥੇ ਹਰ ਸੰਗਰਾਂਦ ਨੂੰ ਅੰਮ੍ਰਿਤ ਸੰਚਾਰ ਵੀ ਹੁੰਦਾ ਹੈ। ਜੋ ਵਿਅਕਤੀ ਸੁੱਖਣਾ ਸੁੱਖ ਕੇ ਇਥੇ ਦੇਗ ਕਰਾਉਂਦਾ ਹੈ, ਉਹ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਨਾਲ ਪੂਰੀ ਹੋ ਜਾਂਦੀ ਹੈ। ਇਸ ਅਸਥਾਨ ਨੂੰ ਗੁਰੂਆਂ ਵੱਲੋਂ ਅਪਾਰ ਬਖਸ਼ਿਸ਼ਾਂ ਹੋਈਆਂ ਹਨ।

ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਸਰਹੰਦ ਨਹਿਰ ਦੇ ਕੰਢੇ ਲੁਧਿਆਣਾ ਤੋਂ 22 ਕੁ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ ਅਤੇ ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਤੋਂ 80 ਕੁ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ। ਦੂਰ ਤੋਂ ਹੀ ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਨਜ਼ਰ ਆ ਜਾਂਦੀ ਹੈ। ਇਥੇ ਲੱਗੇ ਰੁੱਖ-ਪੌਦੇ ਕੁਦਰਤ ਦੀ ਸੁੰਦਰਤਾ ਨੂੰ ਦਰਸਾਉਂਦੇ ਹਨ।

**ਮੋਬਾਈਲ** 98763-22677

# ਸਿੱਖ ਧਰਮ ਦੇ ਮੋਢੀ ਗੁਰੂ ਨਾਨਕ ਦੇਵ ਜੀ

**ਰਮੇਸ਼ ਬੱਗਾ ਚੋਹਲਾ**

ਸਿੱਖ ਧਰਮ ਬਾਕੀ ਧਰਮਾਂ ਨਾਲੋਂ ਛੋਟੀ ਉਮਰ ਦਾ ਹੋਣ ਕਰਕੇ ਆਧੁਨਿਕਤਾ ਦੇ ਵੱਧ ਨੇੜੇ ਹੈ। ਇਸ ਧਰਮ ਨੂੰ ਵਿਗਿਆਨਕ ਧਰਮ ਵੀ ਕਿਹਾ ਜਾਂਦਾ ਹੈ। ਇਸ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਵਿਗਿਆਨਕ ਵਿਚਾਰਧਾਰਾ ਪ੍ਰਦਾਨ ਕੀਤੀ ਹੈ। ਸਿੱਖ ਧਰਮ ਦੇ ਮੋਢੀ ਗੁਰੂ ਨਾਨਕ ਦੇਵ ਜੀ ਨੇ 15 ਅਪ੍ਰੈਲ 1469 ਈ : ਨੂੰ ਅਜੋਕੇ ਪਾਕਿਸਤਾਨ ਦੇ ਜ਼ਿਲ੍ਹਾ ਸ਼ੇਖੂਪੁਰੇ ਦੇ ਪਿੰਡ ਤਲਵੰਡੀ ਵਿਖੇ ਬਾਬਾ ਕਲਿਆਣ ਦਾਸ ਉਰਫ ਮਹਿਤਾ ਕਾਲੂ (ਪਟਵਾਰੀ) ਅਤੇ ਮਾਤਾ ਤ੍ਰਿਪਤਾ ਦੇ ਗ੍ਰਹਿ ਵਿਖੇ ਅਵਤਾਰ ਧਾਰਿਆ। ਇਹ ਮਾਣਮੱਤਾ ਪਿੰਡ ਜਿਸ ਨੂੰ ਨਨਕਾਣਾ ਸਾਹਿਬ ਵੀ ਕਿਹਾ ਜਾਂਦਾ ਹੈ। ਦੁਨਿਆਵੀਂ ਸਿੱਖਿਆ ਹਾਸਲ ਕਰਨ ਲਈ ਉਨ੍ਹਾਂ ਨੂੰ 7 ਸਾਲ ਦੀ ਉਮਰ ਵਿਚ ਗੋਪਾਲ ਪੰਡਿਤ ਪਾਸੋਂ ਹਿੰਦੀ ਅਤੇ ਬਿਰਜ ਲਾਲ ਪਾਸੋਂ ਸੰਸਕ੍ਰਿਤ ਪੜ੍ਹਨ ਹਿੱਤ ਭੇਜਿਆ ਗਿਆ। ਇਥੇ ਹੀ ਬੱਸ ਨਹੀਂ 13 ਸਾਲ ਦੀ ਉਮਰ ਵਿਚ ਗੁਰੂ ਜੀ ਨੂੰ ਫ਼ਾਰਸੀ ਤਾਲੀਮ ਸਿੱਖਣ ਦੇ ਮਨੋਰਥ ਹਿੱਤ ਮੌਲਵੀ ਕੁਤਬਦੀਨ ਪਾਸ ਵੀ ਭੇਜਿਆ ਗਿਆ। ਆਪ ਜੀ ਨੇ ਜਿੱਥੇ ਉਪਰੋਕਤ ਉਸਤਾਦਾਂ ਪਾਸੋਂ ਸੰਸਾਰੀ ਸਿੱਖਿਆ ਗ੍ਰਹਿਣ ਕੀਤੀ, ਉੱਥੇ ਉਨ੍ਹਾਂ (ਉਸਤਾਦਾਂ) ਨੂੰ ਸੱਚੀ ਸਿੱਖਿਆ (ਰੱਬੀ ਗਿਆਨ) ਦਾ ਪਾਠ ਵੀ ਪੜ੍ਹਾਇਆ। ਆਪਣੇ ਹਾਣੀਆਂ ਨੂੰ ਵੀ ਗੁਰੂ ਜੀ ਨੇ ਸੱਚ/ਪ੍ਰਮਾਤਮਾ ਦੀ ਸਿੱਖਿਆ ਨਾਲ ਜੋੜਿਆ। ਰਾਇ ਬੁਲਾਰ ਭੱਟੀ ਗੁਰੂ ਸਾਹਿਬ ਦੇ ਜੀਵਨ ਤੋਂ ਏਨਾ ਪ੍ਰਭਾਵਿਤ ਹੋਇਆ ਹੈ ਕਿ ਉਸ ਨੂੰ ਸਭ ਤੋਂ ਪਹਿਲਾਂ ਸਿੱਖ ਹੋਣ ਦਾ ਸ਼ਰਫ ਹਾਸਿਲ ਹੈ।

ਜਦੋਂ ਗੁਰੂ ਨਾਨਕ ਦੇਵ 10-11 ਸਾਲ ਦੇ ਹੋਏ ਤਾਂ ਪੁਰੋਹਿਤ ਨੇ ਜਨੇਊ ਪਹਿਨਾਉਣ ਦੇ ਬਹੁਤ ਯਤਨ ਕੀਤੇ। ਪਰ ਆਪ ਤਾਂ ਜਗਤ ਜਲੰਦੇ ਨੂੰ ਤਾਰਨ ਹਿੱਤ ਧੁਰੋਂ ਪਠਾਏ ਹੋਏ ਗੁਰੂ ਸਨ। ਇਸ ਲਈ ਉਨ੍ਹਾਂ ਨੇ ਜਨੇਊ ਧਾਰਨ ਤੋਂ ਇਨਕਾਰ ਕਰ ਦਿੱਤਾ। ਇਸ ਮੌਕੇ 'ਤੇ ਗੁਰੂ ਜੀ ਵਲੋਂ ਇਹ ਸ਼ਬਦ ਉਚਾਰਿਆ ਗਿਆ :

ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ॥
ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ॥

ਪਿੰਡ ਤਲਵੰਡੀ ਦੇ ਵਸਨੀਕ ਭਾਈ ਮਰਦਾਨਾ ਜੀ ਜੋ ਗੁਰੂ ਜੀ ਦੇ ਬਹੁਤ ਪਿਆਰੇ ਮਿੱਤਰ ਸਨ, ਬਤੌਰ ਰਬਾਬੀ ਉਹ ਗੁਰੂ ਜੀ ਨਾਲ 6 ਦਹਾਕਿਆਂ ਤਕ ਰਹੇ। 18 ਸਾਲ ਦੀ ਉਮਰ ਵਿਚ ਗੁਰੂ ਨਾਨਕ ਦੇਵ ਜੀ ਦਾ ਆਨੰਦ ਕਾਰਜ ਬਟਾਲੇ ਸ਼ਹਿਰ ਦੇ ਬਸ਼ਿੰਦੇ ਮੂਲ ਚੰਦ ਦੀ ਧੀ ਸੁਲੱਖਣੀ ਨਾਲ ਹੋਇਆ। ਇਸ ਪਵਿੱਤਰ ਬੰਧਨ ਦੇ ਮੌਕੇ ਕੁਝ ਸ਼ਰਾਰਤੀ ਪੁਰੋਹਿਤਾਂ ਨੇ ਗੁਰੂ ਜੀ ਉੱਪਰ ਕੱਚੀ ਕੰਧ ਡੇਗਣ ਦੀ ਵਿਉਂਤਬੰਦੀ ਕੀਤੀ ਪਰ ਦਿਲਾਂ ਦੀਆਂ ਬੁੱਝਣ ਵਾਲੇ ਨਾਨਕ ਨੇ ਉਨ੍ਹਾਂ ਦੀ ਵਿਉਂਤ ਹਮੇਸ਼ਾ ਲਈ ਫੇਲ੍ਹ ਕਰ ਦਿੱਤੀ। ਇਹ ਕੰਧ ਅਜੇ ਵੀ ਬਟਾਲੇ ਵਿਚ ਯਾਦਗਾਰ ਦੇ ਤੌਰ 'ਤੇ ਕਾਇਮ ਹੈ। ਆਪ ਜੀ ਦੇ ਘਰ ਦੋ ਪੁੱਤਰ ਬਾਬਾ ਸ੍ਰੀ ਚੰਦ ਅਤੇ ਲਖਮੀ ਜੀ ਦਾਸ ਪੈਦਾ ਹੋਏ।

35 ਸਾਲ ਦੀ ਉਮਰ ਵਿਚ ਗੁਰੂ ਜੀ ਆਪਣੀ ਭੈਣ ਨਾਨਕੀ ਦੇ ਗ੍ਰਹਿ ਸੁਲਤਾਨਪੁਰ ਵਿਖੇ ਪਹੁੰਚ ਗਏ। ਇਥੇ ਆਪ ਨਵਾਬ ਦੌਲਤ ਖਾਂ ਲੋਧੀ ਦੇ ਮੋਦੀ ਬਣ ਗਏ। ਕਾਰੋਬਾਰ ਤੋਂ ਵਿਹਲੇ ਹੋ ਕੇ ਗੁਰੂ ਜੀ ਇਸ ਨਗਰ ਵਿਚ ਸਤਿਸੰਗ ਵੀ ਕਰਿਆ ਕਰਦੇ ਸਨ। ਇਸ ਸਤਿਸੰਗ ਦੀ ਬਦੌਲਤ ਸਿੱਖੀ ਧਾਰਕਾਂ ਦੀ ਗਿਣਤੀ ਵਿਚ ਚੋਖਾ ਵਾਧਾ ਹੋਇਆ। ਇਥੇ ਹੀ ਮਲਸੀਹਾਂ ਦੇ ਵਸਨੀਕ ਭਗੀਰਥ ਅਤੇ ਮਨਸੁੱਖ ਆਪ ਜੀ ਦੇ ਸਿੱਖ ਬਣੇ। 1507 ਈ: ਵਿੱਚ ਗੁਰੂ ਨਾਨਕ ਸਾਹਿਬ ਜੀ ਵਲੋਂ ਜਗਤ ਜਲੰਦੇ ਦੇ ਸੁਧਾਰ ਹਿੱਤ ਇਕਾਂਤਵਾਸ ਕੀਤਾ ਗਿਆ। ਇਸ ਇਕਾਂਤਵਾਸ ਤੋਂ ਬਾਦ ਉਨ੍ਹਾਂ ਨੇ ਭਟਕੀ ਹੋਈ ਲੋਕਾਈ ਨੂੰ ਇਕ ਨਵੀਨ 'ਨਾਅਰਾ ਨਾ ਕੋ ਹਿੰਦੂ ਨਾ ਮੁਸਲਮਾਨ' ਦਿੱਤਾ। ਮਨੁੱਖਤਾ ਨੂੰ ਪਰਨਾਏ ਇਸ ਨਾਅਰੇ ਦੀ ਖ਼ੂਬ ਚਰਚਾ ਹੋਈ ਪਰ ਇਹ ਚਰਚਾ ਉਸ ਵਕਤ ਦੇ ਨਵਾਬ ਅਤੇ ਕਾਜ਼ੀ ਨੂੰ ਹਜ਼ਮ ਨਾ ਹੋ ਸਕੀ। ਉਨ੍ਹਾਂ ਨੇ ਗੁਰੂ ਜੀ ਦੀ ਇਨਕਲਾਬੀ ਸੋਚ ਦਾ ਵਿਰੋਧ ਕੀਤਾ ਪਰ ਜਿੱਤ ਆਖ਼ਰ ਸੱਚ ਦੀ ਹੀ ਹੋਈ।

ਉਸ ਸਮੇਂ ਭਾਰਤੀ ਸਮਾਜ ਜਾਤੀਆਂ ਅਤੇ ਧਾਰਮਿਕ ਫਿਰਕਿਆਂ ਵਿਚ ਵੰਡਿਆ ਹੋਇਆ ਸੀ। ਮਨੁੱਖ ਦੀ ਪਛਾਣ ਕਰਮ ਆਧਾਰਿਤ ਨਾ ਹੋ ਕੇ ਸਗੋਂ ਜਨਮ ਆਧਾਰਿਤ ਸੀ। ਅਜਿਹੀ ਤਰਸਯੋਗ ਸੂਰਤ-ਏ-ਹਾਲ ਵਿਚ ਸਿਫ਼ਤੀ ਅਤੇ ਇਨਕਲਾਬੀ ਤਬਦੀਲੀ ਲਿਆਉਣ ਲਈ ਗੁਰੂ ਨਾਨਕ ਦੇਵ ਜੀ ਨੇ ਸਤੰਬਰ 1507 ਈ: ਨੂੰ ਭਾਈ ਮਰਦਾਨੇ ਨੂੰ ਨਾਲ ਲੈ ਕੇ ਦੁਨੀਆ ਦੀਆਂ ਵੱਖ-ਵੱਖ ਦਿਸ਼ਾਵਾਂ ਵਿਚ ਉਦਾਸੀਆਂ ਕੀਤੀਆਂ।

ਪਹਿਲੀ ਉਦਾਸੀ : ਇਸ ਦਾ ਸਮਾਂ ਲਗਪਗ 8 ਸਾਲ ਹੈ। ਇਸ ਉਦਾਸੀ ਦੌਰਾਨ ਉਹ ਸਭ ਤੋਂ ਪਹਿਲਾਂ ਐਮਨਾਬਾਦ ਗਏ ਜੋ ਤਲਵੰਡੀ ਤੋਂ ਲਗਪਗ 60 ਕਿ: ਮੀ:'ਤੇ ਸਥਿਤ ਹੈ। ਇਥੇ ਆਪ ਧਰਮ ਦੀ ਕਿਰਤ ਕਰਨ ਵਾਲੇ ਭਾਈ ਲਾਲੋ ਦੇ ਘਰ ਠਹਿਰੇ। ਭਾਈ ਸਾਹਿਬ ਲੱਕੜੀ ਦਾ ਕੰਮ ਕਰਦੇ ਸਨ। ਬ੍ਰਾਹਮਣਾਂ ਨੇ ਇਸ ਗੱਲ ਦਾ ਬੁਰਾ ਮਨਾਇਆ ਕਿ ਗੁਰੂ ਜੀ ਨੀਵੀਂ ਜਾਤੀ ਦੇ ਵਿਅਕਤੀ ਦੇ ਘਰ ਕਿਉਂ ਠਹਿਰੇ ਹਨ। ਪਰ ਆਪ ਨੇ ਇਸ ਵਿਰੋਧ ਦਾ ਕੋਈ ਅਸਰ ਨਾ ਕਬੂਲਿਆ। ਕਿਉਂਕਿ ਉਨ੍ਹਾਂ ਦਾ ਮਿਸ਼ਨ ਵੀ ਵਰਣਵਾਦੀ ਸਿਸਟਮ ਨੂੰ ਤੋੜਨਾ ਸੀ। ਇਸ ਮਿਸ਼ਨ ਦੀ ਹੀ ਪੁਸ਼ਟੀ ਕਰਦਾ ਹੈ ਉਨ੍ਹਾਂ ਦਾ ਇਹ ਫੁਰਮਾਨ :

ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ॥
ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ॥ (ਪੰਨਾ-15)

ਹਰਿਦੁਆਰ ਵਿਖੇ ਵਿਸਾਖੀ ਦਾ ਪੁਰਬ ਬੜੇ ਉਤਸ਼ਾਹ ਨਾਲ ਮਨਾਇਆ ਜਾਂਦਾ ਸੀ। ਸ਼ਰਧਾਲੂ ਗੰਗਾ ਵਿਚ ਸਿਰਫ਼ ਇਸ਼ਨਾਨ ਹੀ ਨਹੀਂ ਕਰਦੇ ਸਗੋਂ ਆਪਣੇ ਪਿੱਤਰਾਂ ਨੂੰ ਸੂਰਜ ਰਾਹੀਂ ਪਾਣੀ ਵੀ ਪਹੁੰਚਾਉਂਦੇ ਸਨ। ਗੁਰੂ ਜੀ ਨੇ ਜਿਥੇ ਬੜੇ ਨਾਟਕੀ ਢੰਗ ਨਾਲ ਅਜਿਹੇ ਵਿਚਾਰਾਂ ਨੂੰ ਤਿਲਾਂਜਲੀ ਦੇਣ ਦਾ ਉਪਦੇਸ਼ ਦਿੱਤਾ, ਉਥੇ ਵੈਸ਼ਨਵ ਸਾਧੂਆਂ ਨੂੰ ਮਨੁੱਖੀ ਬਰਾਬਰਤਾ ਦਾ ਸਬਕ ਵੀ ਦਿੱਤਾ।

ਗੋਰਖ ਮਤੇ ਗੋਰਖ ਨਾਥ ਅਤੇ ਉਸਦੇ ਚੇਲਿਆਂ ਦਾ ਗੜ੍ਹ ਸੀ। ਇਹ ਸਥਾਨ ਪੀਲੀਭੀਤ ਤੋਂ ਲਗਪਗ 20 ਕੁ ਕਿਲੋਮੀਟਰ ਦੀ ਵਿੱਥ 'ਤੇ ਸਥਿਤ ਹੈ। ਇਥੇ ਗੁਰੂ ਜੀ ਨੇ ਜੋਗੀਆਂ ਨੂੰ ਸਮਝਾਇਆ ਕਿ ਪਰਮਾਤਮਾ ਬਾਹਰੀ ਭੇਖ 'ਤੇ ਨਹੀਂ ਰੀਝਦਾ ਸਗੋਂ ਉਸ ਦੀ ਪ੍ਰਾਪਤੀ ਦੀ ਜੁਗਤ ਵਿਕਾਰ ਰਹਿਤ ਜੀਵਨ ਬਸਰ ਕਰਦਿਆਂ ਉਸ ਦੀ ਸਿਫਤ ਸਲਾਹ ਕਰਨਾ ਹੈ। ਗੁਰੂ ਜੀ ਦੀ ਆਮਦ ਸਦਕਾ ਇਸ ਸਥਾਨ ਦਾ ਨਾਂ ਗੋਰਖ ਮਤੇ ਤੋਂ ਤਬਦੀਲ ਹੋ ਕੇ ਨਾਨਕ ਮਤਾ ਪੈ ਗਿਆ।

***ਗੁਰੂ ਜੀ ਨੇ ਜੋਗੀਆਂ ਨੂੰ ਸਮਝਾਇਆ ਕਿ ਪਰਮਾਤਮਾ ਬਾਹਰੀ ਭੇਖ 'ਤੇ ਨਹੀਂ ਰੀਝਦਾ। ਉਸ ਦੀ ਪ੍ਰਾਪਤੀ ਦੀ ਜੁਗਤ ਵਿਕਾਰ ਰਹਿਤ ਜੀਵਨ ਬਸਰ ਕਰਨ 'ਚ ਹੈ...***



ਨਾਨਕ ਮਤੇ ਤੋਂ ਪ੍ਰਚਾਰ ਕਰਦੇ ਹੋਏ ਗੁਰੂ ਨਾਨਕ ਸਾਹਿਬ ਜੀ ਦੀਵਾਲੀ ਵਾਲੇ ਦਿਨ ਅਯੁੱਧਿਆ ਪਹੁੰਚੇ। ਇਥੇ ਆਪ ਜੀ ਦੀ ਭੇਟ ਭਾਈ ਰਾਮਾਨੰਦ ਜੀ ਦੇ ਚੇਲਿਆਂ ਨਾਲ ਹੋਈ। ਇਨ੍ਹਾਂ ਬੈਰਾਗੀਆਂ ਨੂੰ ਮੁਕਤੀ ਮਾਰਗ ਬਾਰੇ ਦੱਸਦਿਆਂ ਗੁਰੂ ਜੀ ਨੇ ਫੁਰਮਾਇਆ ਕਿ ਮੂਰਤੀ ਪੂਜਾ ਨੂੰ ਤਿਆਗ ਕੇ ਇਕ ਅਕਾਲ ਪੁਰਖ ਦੀ ਪੂਜਾ ਵਿਚ ਲੱਗ ਜਾਉ।

ਬਨਾਰਸ ਸੰਸਕ੍ਰਿਤ ਵਿਦਿਆ ਅਤੇ ਹਿੰਦੂ ਧਰਮ ਦਾ ਕੇਂਦਰ ਹੈ। ਇਥੇ ਆਪ ਨੇ ਸਮਝਾਇਆ ਕਿ ਧਾਰਮਿਕ ਪਹਿਰਾਵਾ ਬ੍ਰਾਹਮਣ ਹੋਣ ਦੀ ਬਾਹਰਮੁਖੀ ਨਿਸ਼ਾਨੀ ਹੈ ਪਰ ਅਸਲੀ ਬ੍ਰਾਹਮਣ ਫੋਕਟ ਕਰਮਕਾਂਡਾਂ ਵਿਚ ਸਮਾਂ ਨਸ਼ਟ ਕਰਨ ਦੀ ਬਜਾਏ ਉਸ ਪ੍ਰਭੂ ਦੀ ਸਿਫਤ ਸਲਾਹ ਵਿਚ ਸਮਾਂ ਬਤੀਤ ਕਰਦਾ ਹੈ। ਇਥੋਂ ਆਪ ਨੇ ਸਤਿਗੁਰ ਕਬੀਰ, ਗੁਰੂ ਰਵਿਦਾਸ ਅਤੇ ਸੰਤ ਰਾਮਾਨੰਦ ਜੀ ਦੀ ਬਾਣੀ ਪ੍ਰਾਪਤ ਕੀਤੀ। ਗਯਾ ਬਿਹਾਰ ਪ੍ਰਾਂਤ ਵਿਚ ਲੋਕਾਂ ਨੂੰ ਸਿਖਿਆ ਦਿੰਦਿਆਂ ਕਿਹਾ ਕਿ ਮੌਤ ਪਿਛੋਂ ਕੀਤੀਆਂ ਜਾਣ ਵਾਲੀਆਂ ਰਸਮਾਂ ਦਾ ਵਿਛੜੀ ਹੋਈ ਆਤਮਾ ਨੂੰ ਕੋਈ ਲਾਭ ਨਹੀਂ ਪਹੁੰਚਦਾ।

ਢਾਕੇ ਵਿੱਚੋਂ ਗੁਰੂ ਜੀ ਨੇ ਭਗਤ ਜੈ ਸਾਹਿਬ ਜੀ ਦੇ ਦੋ ਸ਼ਬਦ ਪ੍ਰਾਪਤ ਕੀਤੇ। ਇਸ ਉਦਾਸੀ ਦੇ ਸਫ਼ਰ ਦੌਰਾਨ ਗੁਰੂ ਜੀ ਸਿੰਗਲਾਦੀਪ (ਸ੍ਰੀ ਲੰਕਾ) ਪਹੁੰਚੇ। ਇਥੋਂ ਦਾ ਰਾਜਾ ਸ਼ਿਵਨਾਭ ਜੋ ਕਿ ਗੁਰੂ ਜੀ ਦਾ ਅਨਿਨ ਸ਼ਰਧਾਲੂ ਸੀ, ਨੂੰ ਦਰਸ਼ਨਾਂ ਦੀ ਤੀਬਰ ਤਾਂਘ ਸੀ। ਗੁਰੂ ਜੀ ਨੇ ਉਸ ਨੂੰ ਦਰਸ਼ਨ ਦੇ ਕੇ ਉਸ ਦੀ ਤਾਂਘ ਪੂਰੀ ਕੀਤੀ। ਇਸ ਉਦਾਸੀ ਦੌਰਾਨ ਹੀ ਗੁਰੂ ਨਾਨਕ ਸਾਹਿਬ ਜੀ ਦਿੱਲੀ ਵਿਖੇ ਜਮਨਾ ਨਦੀ ਦੇ ਕਿਨਾਰੇ ਮਜਨੂੰ ਭਗਤ ਨੂੰ ਮਿਲੇ, ਉਨ੍ਹਾਂ ਦੇ ਮਿਲਾਪ ਦੀ ਸ਼ਾਹਦੀ ਭਰਦਾ ਹੈ, ਗੁਰਦੁਆਰਾ ਮਜਨੂੰ ਟਿੱਲਾ।

ਗੁਰੂ ਜੀ ਦੀ ਇਸ (ਪਹਿਲੀ) ਉਦਾਸੀ ਦਾ ਅੰਤਮ ਪੜਾਅ ਕੁਰੂਕਸ਼ੇਤਰ ਸੀ। ਇਥੇ ਆਪ ਨੇ ਸੂਰਜ ਗ੍ਰਹਿਣ ਸਮੇਂ ਭੋਜਨ ਦੇ ਛਕਣ ਦੇ ਵਿਚਾਰਾਂ ਦਾ ਖੰਡਣ ਕੀਤਾ ਜੋ ਬ੍ਰਾਹਮਣਾਂ ਦੁਆਰਾ ਨਿੱਜੀ ਸੁਆਰਥ ਹਿੱਤ ਫੈਲਾਏ ਗਏ ਸਨ।

ਦੂਜੀ ਉਦਾਸੀ : ਪਹਿਲੀ ਉਦਾਸੀ ਦੀ ਤਰਜ਼ 'ਤੇ ਦੂਜੀ ਉਦਾਸੀ ਦਾ ਮੁਹਾਣ ਵੀ ਹਿੰਦੂ ਤੀਰਥ ਅਸਥਾਨਾਂ ਅਤੇ ਸਿੱਧ ਜੋਗੀਆਂ ਦੇ ਟਿਕਾਣਿਆਂ ਵੱਲ ਸੀ। ਸੁਮੇਰ ਪਰਬਤ ਦੀਆਂ ਗੁਫਾਵਾਂ ਵਿਚ ਸਿੱਧ, ਜੋਗੀ ਤੇ ਨਾਥ ਨਿਵਾਸ ਕਰਦੇ ਸਨ। ਇਥੇ ਗੁਰੂ ਸਾਹਿਬ ਦੀਆਂ ਸਿੱਧਾਂ ਨਾਲ ਧਾਰਮਿਕ ਗੋਸ਼ਟੀਆਂ ਹੋਈਆਂ। ਜੋ ਸਿੱਧ ਜੋਗੀ ਗੁਰੂ ਜੀ ਦੇ ਤਰਕ ਦਾ ਸਾਹਮਣਾ ਨਾ ਕਰ ਸਕੇ ਤਾਂ ਉਨ੍ਹਾਂ ਨੇ ਕਰਾਮਾਤੀ ਚੱਕਰ ਚਲਾਉਣੇ ਸ਼ੁਰੂ ਕਰ ਦਿੱਤੇ ਪਰ ਇਹ ਚੱਕਰ ਵੀ ਗੁਰੂ ਸਾਹਿਬ 'ਤੇ ਕੋਈ ਪ੍ਰਭਾਵ ਨਾ ਪਾ ਸਕੇ। ਅਖੀਰ ਸਿੱਧਾਂ ਨੇ ਗੁਰੂ ਜੀ ਦੇ ਦਲੀਲਮਈ ਵਿਚਾਰਾਂ ਅੱਗੇ ਹਥਿਆਰ ਸੁੱਟ ਦਿੱਤੇ। ਸੁਮੇਰ ਪਰਬਤ ਤੋਂ ਬਾਅਦ ਗੁਰੂ ਜੀ ਨੇਪਾਲ ਪਹੁੰਚੇ ਅਤੇ ਉਥੋਂ ਦੇ ਰਾਜੇ ਰਘਬੀਰ ਨੂੰ ਆਪਣਾ ਸੇਵਕ ਬਣਾਇਆ।

ਕਸ਼ਮੀਰ ਦੇ ਇਲਾਕੇ ਵਿਚ ਗੁਰੂ ਜੀ ਨੇ ਸ੍ਰੀਨਗਰ, ਮਟਨ ਸਾਹਿਬ, ਅਮਰਨਾਥ ਅਤੇ ਵੈਸ਼ਨੋ ਸਾਹਿਬੀ ਦਾ ਰਟਨ ਕੀਤਾ ਅਤੇ ਲੋਕਾਂ ਨੂੰ ਸੱਚ ਦਾ ਰਾਹ ਵਿਖਾਇਆ। ਜੰਮੂ ਵਿਚ ਆਪ ਨੇ ਰਘੂਨਾਥ ਮੰਦਰ ਵਿਚ ਟਿਕਾਣਾ ਕੀਤਾ ਅਤੇ ਇਥੇ ਜੁੜੀ ਲੋਕਾਈ ਨੂੰ ਪੱਥਰ ਪੂਜਣ ਤੋਂ ਵਰਜਿਆ। ਸਿਆਲਕੋਟ ਵਿਚ ਗੁਰੂ ਨਾਨਕ ਸਾਹਿਬ ਜੀ ਨੇ ਪੀਰ ਹਮਜ਼ਾ ਗੌਂਸ ਨੂੰ ਸਿੱਧੇ ਰਾਹੇ ਪਾਇਆ ਅਤੇ ਮੌਤ ਦੀ ਸੱਚਾਈ ਨੂੰ ਬਿਆਨ ਕੀਤਾ। ਇਸ ਉਦਾਸੀ ਦਾ ਛੇਕੜਲਾ ਪੜਾਅ ਪਸਰੂਰ ਸੀ। ਇਥੇ ਗੁਰੂ ਜੀ ਦੀ ਮੀਆਂ ਮਿੱਠਾ ਰਾਮ ਦੇ ਫਕੀਰ ਨਾਲ ਚਰਚਾ ਹੋਈ ਅਤੇ ਆਪ ਨੇ ਉਸ ਨੂੰ ਗੁਰਮਤਿ ਗਿਆਨ ਦੀ ਬਖਸ਼ਿਸ਼ ਕੀਤੀ।

ਤੀਜੀ ਉਦਾਸੀ :- ਗੁਰੂ ਨਾਨਕ ਸਾਹਿਬ ਜੀ ਦੀ ਤੀਜੀ ਉਦਾਸੀ ਮੁਸਲਮਾਨੀ ਮੱਤ ਦੇ ਧਾਰਮਿਕ ਸਥਾਨਾਂ ਵੱਲ ਸੀ। ਤਿੰਨ ਵਰ੍ਹਿਆਂ ਦੀ ਇਸ ਉਦਾਸੀ ਦੌਰਾਨ ਗੁਰੂ ਨਾਨਕ ਸਾਹਿਬ ਜੀ ਨੇ ਇਸਲਾਮ ਧਰਮ ਦੇ ਪੀਰਾਂ, ਫਕੀਰਾਂ, ਮੌਲਵੀਆਂ ਅਤੇ ਹੋਰ ਪੈਰੋਕਾਰਾਂ ਨੂੰ ਅੱਲ੍ਹਾ ਤੋਂ ਦੂਰ ਲਿਜਾਣ ਵਾਲੇ ਵਿਚਾਰ ਅਤੇ ਵਿਵਹਾਰ ਤੋਂ ਪ੍ਰਹੇਜ ਕਰਨ ਦਾ ਉਪਦੇਸ਼ ਦਿੱਤਾ।

ਪਾਕਪਟਨ ਦਾ ਪਹਿਲਾ ਨਾਂ ਅਜੋਧਨ ਸੀ। ਗੁਰੂ ਸਾਹਿਬ ਉਥੇ ਬਾਬਾ ਸ਼ੇਖ ਫਰੀਦ ਦੇ 11ਵੇਂ ਗੱਦੀ-ਨਸ਼ੀਨ ਬਾਬਾ ਸ਼ੇਖ ਬ੍ਰਹਮ ਨੂੰ ਮਿਲੇ ਅਤੇ ਬਾਬਾ ਫਰੀਦ ਦੀ ਬਾਣੀ ਪ੍ਰਾਪਤ ਕੀਤੀ ਜੋ ਗੁਰਮਤਿ ਦੀ ਅਨੁਸਾਰੀ ਸੀ।

ਇਸ ਤੋਂ ਅਗਲੇਰਾ ਪੈਂਡਾ ਤਹਿ ਕਰਦੇ ਗੁਰੂ ਜੀ ਤੁਲੰਬੇ ਜੋ ਲਾਹੌਰ ਤੋਂ ਮੁਲਤਾਨ ਵਾਲੀ ਸੜਕ ਉਤੇ ਸਥਿਤ ਹੈ, ਪਹੁੰਚੇ। ਇਥੋਂ ਦਾ ਵਸਨੀਕ ਸੱਜਣ ਮੱਲ ਪਹਿਲਾਂ ਆਏ-ਗਏ ਨੂੰ ਆਪਣੇ ਮੁਸਾਫਰਖਾਨੇ ਵਿਚ ਠਹਿਰਾ ਦਿੰਦਾ ਸੀ, ਪਰ ਬਾਅਦ ਵਿਚ ਲਾਲਚ ਵੱਸ ਆ ਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੰਦਾ ਸੀ। ਜਦੋਂ ਗੁਰੂ ਜੀ ਭਾਈ ਮਰਦਾਨੇ ਸਮੇਤ ਉਸ ਕੋਲ ਪਹੁੰਚੇ ਤਾਂ ਉਸ ਨੇ ਅਜਿਹੇ ਪਾਪਾਂ ਤੋਂ ਤੌਬਾ ਕੀਤੀ ਅਤੇ ਧਰਮੀ ਬੰਦਾ ਬਣਨ ਦਾ ਵਚਨ ਦਿੱਤਾ। ਮੱਕਾ ਅਰਬ ਦੇਸ਼ ਦਾ ਅੰਤਰਰਾਸ਼ਟਰੀ ਪ੍ਰਸਿੱਧੀ ਦਾ ਸ਼ਹਿਰ ਹੈ। ਇਥੇ ਇਸਲਾਮ ਦੇ ਪੈਰੋਕਾਰਾਂ ਦਾ ਤੀਰਥ ਸਥਾਨ ਕਾਅਬਾ ਵਾਕਿਆ ਹੈ। ਇਥੇ ਆਪ ਨੇ ਮੁਸਲਮਾਨ ਕਾਜ਼ੀਆਂ, ਪੀਰਾਂ ਅਤੇ ਫਕੀਰਾਂ ਨੂੰ ਖੁਦਾ ਦੀ ਸਰਵਵਿਆਪਕਤਾ ਦਾ ਉਪਦੇਸ਼ ਦੇ ਕੇ ਉਨ੍ਹਾਂ ਦੇ ਤੰਗਦਿਲੀ ਵਾਲੇ ਭਰਮ ਨੂੰ ਤੋੜਿਆ।

ਹਸਨ ਅਬਦਾਲ ਵਿਖੇ ਗੁਰੂ ਨਾਨਕ ਸਾਹਿਬ ਜੀ ਨੇ ਇਕ ਕਰਾਮਾਤੀ ਫ਼ਕੀਰ ਵਲੀ ਕੰਧਾਰੀ ਦਾ ਹੰਕਾਰ ਤੋੜਿਆ। ਜਿਸ ਨੇ ਆਪਣੇ ਆਪ ਨੂੰ ਕਰਾਮਾਤੀ ਸਮਝਦਿਆਂ ਗੁਰੂ ਸਾਹਿਬ ਅਤੇ ਭਾਈ ਮਰਦਾਨਾ ਜੀ ਨਾਲ ਬੁਰਾ ਵਿਵਹਾਰ ਕੀਤਾ ਸੀ। ਜਦੋਂ ਉਸ ਨੂੰ ਆਪਣੀ ਭੁੱਲ ਦਾ ਅਹਿਸਾਸ ਹੋਇਆ ਤਾਂ ਉਸ ਨੇ ਗੁਰੂ ਜੀ ਦੇ ਚਰਨੀ ਢਹਿ ਕੇ ਭੁੱਲ ਬਖ਼ਸ਼ਾਈ। ਇਥੇ ਇਸ ਘਟਨਾ ਨੂੰ ਤਾਜ਼ਾ ਕਰਦਿਆਂ ਹੋਇਆਂ ਗੁਰਦੁਆਰਾ ਪੰਜਾ ਸਾਹਿਬ ਮੌਜੂਦ ਹੈ।

ਇਤਿਹਾਸ 'ਚ ਸੈਦਪੁਰ ਦੀ ਘਟਨਾ ਵੀ ਸੁਨਹਿਰੀ ਅੱਖਰਾਂ 'ਚ ਲਿਖੀ ਹੋਈ ਹੈ। ਇਥੇ ਆਪ ਸਿੱਖ ਸ਼ਰਧਾਲੂ ਭਾਈ ਲਾਲੋ ਦੇ ਘਰ ਠਹਿਰੇ। ਇਸੇ ਠਹਿਰ ਸਮੇਂ ਬਾਬਰ ਦਾ ਹਮਲਾ ਹੋ ਗਿਆ। ਇਸ ਹਮਲੇ ਤਹਿਤ ਮਾਰਧਾੜ ਅਤੇ ਲੁੱਟ ਕਾਰਨ ਚਾਰੇ ਪਾਸੇ ਹਾਹਾਕਾਰ ਮੱਚ ਗਈ। ਸ਼ਹਿਰ ਤਬਾਹ ਹੋ ਗਏ, ਜੋ ਪ੍ਰਾਣੀ ਬਚ ਗਏ ਸਨ, ਉਨ੍ਹਾਂ ਨੂੰ ਕੈਦ ਕਰ ਲਿਆ ਗਿਆ। ਗੁਰੂ ਜੀ ਵੀ ਭਾਈ ਮਰਦਾਨੇ ਸਮੇਤ ਕੈਦ ਹੋ ਗਏ। ਇਸ ਕੈਦ ਦੌਰਾਨ ਗੁਰੂ ਜੀ ਨੇ ਬਾਬਰ ਨੂੰ ਖਰੀਆਂ-ਖਰੀਆਂ ਸੁਣਾਈਆਂ। ਗੁਰੂ ਜੀ ਮੂੰਹੋਂ ਸੱਚ ਸੁਣ ਕੇ ਬਾਬਰ ਨੇ ਸਾਰੇ ਕੈਦੀਆਂ ਨੂੰ ਰਿਹਾਅ ਕਰਨ ਦੇ ਹੁਕਮ ਦੇ ਦਿੱਤੇ।

ਕਿਹਾ ਜਾ ਸਕਦਾ ਹੈ ਕਿ ਗੁਰੂ ਨਾਨਕ ਦੇਵ ਜੀ ਨੂੰ ਉਸ ਵਕਤ ਲੋਕਾਈ ਨਾਲ ਹੁੰਦੇ ਧੱਕੇ ਅਤੇ ਬੇਇਨਸਾਫ਼ੀ ਦਾ ਇਲਮ ਹੀ ਨਹੀਂ ਸਗੋਂ ਉਨ੍ਹਾਂ ਦੇ ਮਨ ਮੰਦਰ ਵਿਚ ਲੋਕਾਂ ਦਾ ਦਰਦ ਵੀ ਸੀ। ਇਸ ਦਰਦ ਨੂੰ ਵੰਡਾਉਣ ਲਈ ਉਨ੍ਹਾਂ ਦੇਸ਼-ਵਿਦੇਸ਼ ਦਾ ਕੋਹਾਂ ਮੀਲ ਪੈਂਡਾ ਤਹਿ ਕੀਤਾ। ਇਹ ਇਕ ਅਜਿਹਾ ਬਿਖੜਿਆ ਪੈਂਡਾ ਸੀ ਜਿਸ ਉੱਪਰ ਚੱਲਣਾ ਗੁਰੂ ਨਾਨਕ ਦੇਵ ਜੀ ਵਰਗੇ ਦਲੇਰ, ਫ਼ਿਲਾਸਫਰ ਅਤੇ ਸੱਚ ਦੇ ਵਪਾਰੀ ਮਹਾਂਪੁਰਖ ਦੇ ਹੀ ਹਿੱਸੇ ਆ ਸਕਦਾ ਹੈ।

**ਮੋਬਾਈਲ :** 9463132719

# ਤਬਲੇ ਦੇ ਅੰਗਾਂ ਬਾਰੇ ਜਾਣਕਾਰੀ

**ਇਕਵਾਕ ਸਿੰਘ ਪੱਟੀ**

ਤਬਲਾ ਦੋ ਹਿੱਸਿਆਂ ਵਿਚ ਵੰਡਿਆ ਹੁੰਦਾ ਹੈ। ਸੱਜੇ ਵਾਲੇ ਹਿੱਸੇ ਨੂੰ ਚੱਟੂ, ਚੱਠੂ ਅਤੇ ਪੁੜਾ ਆਦਿ ਨਾਵਾਂ ਨਾਲ ਜਾਣਿਆ ਜਾਂਦਾ ਹੈ। ਖੱਬੇ ਵਾਲੇ ਪਾਸੇ ਨੂੰ ਡੁੱਗੀ, ਡੱਗਾ ਜਾਂ ਧਾਮਾ ਆਦਿ ਕਿਹਾ ਜਾਂਦਾ ਹੈ। ਇਨ੍ਹਾਂ ਦੋਵੇਂ ਹਿੱਸਿਆਂ ਦਾ ਆਪਸ ਵਿਚ ਆਕਾਰ ਦਾ ਵੀ ਕਾਫ਼ੀ ਵਖਰੇਵਾਂ ਹੁੰਦਾ ਹੈ। ਕੁੱਝ ਤਬਲਾ ਵਾਦਕ ਚੱਠੂ ਨੂੰ 'ਨਰ' ਅਤੇ 'ਡੁੱਗੀ' (ਧਾਮਾ) ਨੂੰ 'ਮਾਦਾ' ਦੀ ਬਰਾਬਰਤਾ ਵੀ ਦਿੰਦੇ ਹਨ। ਇਨ੍ਹਾਂ ਦੋਹਾਂ ਨੂੰ ਮਿਲਾ ਕੇ 'ਤਬਲਾ' ਜਾਂ 'ਜੋੜੀ' ਕਿਹਾ ਜਾਂਦਾ ਹੈ। ਪੁਰਾਣੇ ਸਮਿਆਂ ਵਿਚ ਸਿੱਖ ਕੀਰਤਨੀਏ ਜਾਂ ਗਵੱਈਏ ਆਟੇ ਵਾਲੇ ਧਾਮੇ ਦੀ ਵਰਤੋਂ ਵੀ ਕਰਿਆ ਕਰਦੇ ਸਨ, ਉਦੋਂ ਸਿਆਹੀ ਦਾ ਰਿਵਾਜ ਅਜੇ ਨਹੀਂ ਸੀ ਹੋਇਆ।।

## ਸੱਜਾ ਪਾਸਾ (ਚੱਠੂ)

ਇਹ ਆਮ ਤੌਰ 'ਤੇ ਲੱਕੜੀ ਦਾ ਬਣਿਆ ਹੁੰਦਾ ਹੈ। ਜਿਸ ਨੂੰ ਬਣਾਉਣ ਲਈ ਮੁੱਖ ਰੂਪ ਵਿਚ ਅੰਬ, ਕਟਹਲ, ਬਬੂਲ, ਵਿਜੈਸਾਰ, ਚੰਦਨ, ਟਾਹਲੀ ਆਦਿ ਦੀ ਲੱਕੜੀ ਨੂੰ ਵਰਤਿਆ ਜਾਂਦਾ ਹੈ। ਵਿਜੈਸਾਰ ਦੀ ਲੱਕੜੀ ਨੂੰ ਦੂਜੀਆਂ ਨਾਲੋਂ ਵਧੇਰੇ ਉੱਤਮ ਮੰਨਿਆ ਜਾਂਦਾ ਹੈ। ਇਸਦੀ ਉਚਾਈ ਇਕ ਫੁੱਟ ਦੇ ਕਰੀਬ ਹੁੰਦੀ ਹੈ ਅਤੇ ਅੰਦਰਲਾ ਹਿੱਸਾ ਖੋਖਲਾ ਹੁੰਦਾ ਹੈ। ਇਸਦਾ ਥੱਲੇ ਵਾਲਾ ਹਿੱਸਾ ਚੌੜਾ ਅਤੇ ਉਪਰਲੇ ਪਾਸਿਉਂ ਮੂੰਹ ਵਾਲਾ ਹਿੱਸਾ ਛੋਟਾ ਹੁੰਦਾ ਹੈ। ਉਪਰਲਾ ਮੂੰਹ ਵਾਲੇ ਪਾਸੇ ਤੋਂ ਜੇ ਆਕਾਰ ਛੋਟਾ ਹੋਵੇਗਾ ਤਾਂ ਉਸ ਪੁੜੇ ਨੂੰ ਉੱਚੇ ਸੁਰ 'ਤੇ ਮਿਲਾਇਆ ਜਾ ਸਕੇਗਾ ਅਤੇ ਜੇ ਉਪਰਲਾ ਹਿੱਸਾ ਚੌੜਾਈ ਵਿਚ ਹੈ (ਭਾਵ ਵੱਡਾ ਹੈ) ਤਾਂ ਉਸ ਪੁੜੇ ਨੂੰ ਨੀਵੇਂ ਸੁਰ 'ਤੇ ਮਿਲਾਇਆ ਜਾ ਸਕੇਗਾ। ਪੁਰਾਣੇ ਸਮੇਂ ਵਿਚ ਚੱਠੂ ਦੀ ਚੌੜਾਈ ਇਕ ਫੁੱਟ ਅਤੇ ਮੂੰਹ ਦੀ ਚੌੜਾਈ ਲਗਪਗ ਸਾਢੇ ਸੱਤ ਇੰਚ ਤਕ ਦੀ ਹੁੰਦੀ ਸੀ, ਪਰ ਅੱਜ-ਕੱਲ੍ਹ ਮੂੰਹ ਦੀ ਚੌੜਾਈ ਦਾ ਆਕਾਰ ਪੰਜ ਤੋਂ ਸਾਢੇ ਪੰਜ ਇੰਚ ਤਕ ਜ਼ਿਆਦਾ ਪ੍ਰਚੱਲਿਤ ਹੈ।।

ਇਸ ਦੇ ਬਾਕੀ ਵੱਖ-ਵੱਖ ਬਾਗਾਂ ਬਾਰੇ ਜਾਣਕਾਰੀ ਹੇਠ ਲਿਖੇ ਅਨੁਸਾਰ ਹੈ :

## ਪੁੜੀ/ਪੁੜਾ

ਤਬਲੇ ਉੱਪਰ ਵਜਾਉਣ ਲਈ ਉੱਪਰ ਜੋ ਗੋਲਾਕਾਰ ਰੂਪ ਵਿਚ ਵਿਸ਼ੇਸ਼ ਖੱਲ੍ਹ ਮੜੀ ਹੁੰਦੀ ਹੈ, ਉਸਨੂੰ 'ਪੁੜੀ' ਜਾਂ 'ਪੁੜਾ' ਆਦਿਕ ਕਿਹਾ ਜਾਂਦਾ ਹੈ। ਇਸ ਨੂੰ ਬਣਾਉਣ ਲਈ ਬੱਕਰੇ ਦੀ ਖੱਲ ਦੀ ਵਰਤੋਂ ਕੀਤੀ ਜਾਂਦੀ ਹੈ ਅਤੇ ਖੱਬੇ ਤਬਲੇ ਉੱਪਰ ਮੜੀ ਹੋਈ ਖੱਲ ਦੇ ਮੁਕਾਬਲੇ ਜ਼ਰਾ ਪਤਲੀ ਹੁੰਦੀ ਹੈ। ਇਸ ਨੂੰ ਚੂਨੇ ਦੇ ਪਾਣੀ ਵਿਚ ਭਿਉਂ ਕੇ ਬਣਾਇਆ ਜਾਂਦਾ ਹੈ। ਇਸ ਵਿਚ ਚਮੜੇ ਦੀਆਂ ਤਿੰਨ ਪਰਤਾਂ ਹੁੰਦੀਆਂ ਹਨ। ਪਹਿਲੀ ਪਰਤ ਦਾ ਚਮੜਾ ਸਖ਼ਤ ਅਤੇ ਬਾਕੀ ਦੋ ਪਰਤਾਂ ਦਾ ਚਮੜਾ ਕਮਾਇਆ ਹੋਇਆ ਭਾਵ ਮੁਲਾਇਮ ਕੀਤਾ ਹੁੰਦਾ ਹੈ। ਇਹ ਤਿੰਨੋ ਪਰਤਾਂ ਇਕੱਠੀਆਂ ਹੀ ਗਜਰੇ ਨਾਲ ਬੰਨ੍ਹੀਆਂ ਜਾਂਦੀਆਂ ਹਨ।



## ਚਾਂਟੀ ਜਾਂ ਕਿਨਾਰ

ਪੁੜੀ ਦੇ ਉੱਪਰ ਚਾਰੇ ਪਾਸੇ ਲਗਪਗ ਅੱਧੇ ਇੰਚ ਚੌੜੀ ਚਮੜੇ ਦੀ ਇਕ ਪੱਟੀ ਬਣੀ ਹੁੰਦੀ ਹੈ,ਜਿਸ ਨੂੰ 'ਕਿਨਾਰ', 'ਕਿਨਾਰੀ' ਜਾਂ ਚਾਂਟੀ ਕਿਹਾ ਜਾਂਦਾ ਹੈ। ਇਸ ਉਪਰ ਚੋਟ ਕਰਨ ਨਾਲ 'ਨਾ' ਜਾਂ 'ਤਾ' ਦੇ ਬੋਲ ਉਤਪੰਨ ਹੁੰਦੇ ਹਨ।

## ਮੈਦਾਨ

ਕਿਨਾਰ ਅਤੇ ਸਿਆਹੀ ਦੇ ਵਿਚਾਲੇ ਪੁੜੇ ਦਾ ਜੋ ਭਾਗ ਖ਼ਾਲੀ ਹੁੰਦਾ ਹੈ, ਇਸ ਨੂੰ ਮੈਦਾਨ ਜਾਂ 'ਲਵ' ਵੀ ਕਿਹਾ ਜਾਂਦਾ ਹੈ। ਇਸ ਉੱਪਰ ਉਂਗਲ ਨਾਲ ਚੋਟ ਕਰਨ ਉਪਰੰਤ 'ਤੀ' ਜਾਂ 'ਤਿੰਨ' ਦੀ ਆਵਾਜ਼ ਪ੍ਰਗਟ ਹੁੰਦੀ ਹੈ।।

## ਸਿਆਹੀ

ਪੁੜੇ ਉੱਪਰ ਗੋਲਾਕਾਰ ਰੂਪ ਵਿਚ ਜੋ ਮਸਾਲੇ ਦੀ ਟਿੱਕੀ ਵਾਂਗ ਬਣੀ ਹੁੰਦੀ ਹੈ, ਨੂੰ ਸਿਆਹੀ ਕਿਹਾ ਜਾਂਦਾ ਹੈ। ਇਸ ਨੂੰ ਤਿਆਰ ਕਰਨ ਲਈ ਲੋਹੇ ਦਾ ਬੂਰਾ, ਨੀਲਾ ਥੋਥਾ, ਸੁਰਮਾ ਅਤੇ ਸੁਰੇਸ਼ ਆਦਿਕ ਦੀ ਵਰਤੋਂ ਕੀਤੀ ਜਾਂਦਾ ਹੈ। ਸਿਆਹੀ ਨੂੰ ਪੁੜੇ ਦੇ ਬਿਲਕੁਲ ਵਿਚਕਾਰ ਲਗਾਇਆ ਜਾਂਦਾ ਹੈ ਅਤੇ ਪਹਿਲਾਂ ਇਸ ਨੂੰ ਖੁਰਚ ਲਿਆ ਜਾਂਦਾ ਹੈ ਉਪਰੰਤ ਇਸ ਦੀ ਪੱਥਰ ਨਾਲ ਘੁਟਾਈ ਕੀਤੀ ਜਾਂਦੀ ਹੈ। ਪੁਰਾਣੇ ਸਮੇਂ ਵਿਚ ਸਿਆਹੀ ਦੀ ਥਾਂ ਆਟੇ ਦਾ ਪ੍ਰਯੋਗ ਕੀਤਾ ਜਾਂਦਾ ਸੀ, ਪਰ ਵਜਾਉਣ ਤੋਂ ਪਹਿਲਾਂ ਹਰ ਵਾਰ ਤਾਜ਼ਾ ਆਟਾ ਲਗਾਉਣ ਦੀ ਲੋੜ ਹੁੰਦੀ ਸੀ, ਜੋ ਇਕ ਵਾਰ ਵਰਤੋਂ ਉਪਰੰਤ ਉੱਖੜ ਜਾਂਦਾ ਸੀ।

ਇਸ ਕਠਿਨਾਈ ਤੋਂ ਬਚਣ ਲਈ ਆਟੇ ਦੇ ਬਦਲ ਵਜੋਂ ਲੋਹੇ ਦੇ ਬੂਰ ਤੋਂ ਤਿਆਰ ਕੀਤੀ ਜਾਣ ਵਾਲੀ ਇਸ ਪੱਕੀ ਸਿਆਹੀ ਨੂੰ ਵਰਤੋਂ ਵਿਚ ਲਿਆਂਦਾ ਗਿਆ। ਸਿਆਹੀ ਦਾ ਪੁੜੇ ਉੱਤੇ ਪਤਲੇ ਜਾਂ ਮੋਟੇ ਰੂਪ ਵਿਚ ਹੋਣ ਦਾ ਅਸਰ ਸਾਜ ਵਿੱਚੋਂ ਉਤਪੰਨ ਹੋਣ ਵਾਲੀ ਆਵਾਜ਼ ਉੱਤੇ ਵੀ ਪੈਂਦਾ ਹੈ ਜਿਵੇਂ, ਜੇ ਸਿਆਹੀ ਪਤਲੀ ਲੱਗੀ ਹੋਵੇਗੀ ਤਾਂ ਪੁੜਾ ਉੱਚੇ ਸੁਰ 'ਤੇ ਬੋਲੇਗਾ ਪਰ ਜੇ ਸਿਆਹੀ ਮੋਟੇਪਣ ਵਿਚ ਹੋਵੇਗੀ ਤਾਂ ਸੁਰ ਨੀਵਾਂ ਨਿਕਲੇਗਾ। ਸਿਆਹੀ ਦੀ ਘੁਟਾਈ ਜਿੰਨੀ ਜ਼ਿਆਦਾ ਕੀਤੀ ਹੋਵੇਗੀ, ਸਿਆਹੀ ਓਨੀ ਹੀ ਮਜ਼ਬੂਤ ਹੋਵੇਗੀ ਅਤੇ ਵਧੀਆ 0ਗੂੰਜ ਪੈਦਾ ਕਰੇਗੀ।

## ਗ਼ਜਰਾ

ਇਸ ਨੂੰ 'ਸਿੰਗਾਰ' ਵੀ ਕਿਹਾ ਜਾਂਦਾ ਹੈ। ਇਹ ਚਮੜੇ ਦੀਆਂ ਪਤਲੀਆਂ ਰੱਸੀਆਂ ਨਾਲ ਗੁੰਦੇ ਹੋਏ ਇਕ ਹਾਰ ਦੀ ਤਰ੍ਹਾਂ ਹੁੰਦਾ ਹੈ, ਜਿਸਨੂੰ ਗ਼ਜਰਾ ਕਿਹਾ ਜਾਂਦਾ ਹੈ। ਇਸ ਵਿਚ 16 ਘਰ (ਛੇਕ) ਹੁੰਦੇ ਹਨ ਅਤੇ ਇਨ੍ਹਾਂ ਵਿੱਚੋਂ ਚਮੜੇ ਦੀ ਵੱਧਰੀ ਪਾ ਕੇ ਪੁੜੇ ਨੂੰ ਕੱਸਿਆ ਗਿਆ ਹੁੰਦਾ ਹੈ।

## ਵੱਧਰੀ ਜਾਂ ਦਵਾਲ

ਜਿਸ ਚਮੜੇ ਦੀ ਮਜ਼ਬੂਤ ਰੱਸੀ ਨਾਲ 16 ਘਰਾਂ (ਛੇਕਾਂ) ਵਿੱਚੋਂ ਦੀ ਪੁੜੇ ਨੂੰ ਤਬਲੇ ਉੱਤੇ ਕੱਸਿਆ ਜਾਂਦਾ ਹੈ, ਉਸ ਨੂੰ ਵੱਧਰੀ/ਦਵਾਲ ਕਿਹਾ ਜਾਂਦਾ ਹੈ। ਇਹ ਪਤਲੇ ਚਮੜੇ ਦੀ ਰੱਸੀ ਦਾ ਬਣਿਆ ਹੁੰਦਾ ਹੈ।

## ਗੱਟੇ

ਸੱਜੇ ਪਾਸੇ ਤਬਲੇ ਵਿਚ ਲਕੜੀ ਦੇ ਅੱਠ ਗੱਟੇ ਹੁੰਦੇ ਹਨ, ਸੁਰ ਨੂੰ ਹਥੌੜੀ ਨਾਲ ਉੱਚਾ ਕਰਨ ਲਈ ਇਨ੍ਹ ਗੱਟਿਆਂ ਨੂੰ ਉੱਪਰ ਤੋਂ ਹੇਠਾਂ ਅਤੇ ਸੁਰ ਨੀਵਾਂ ਕਰਨ ਲਈ ਹੇਠਾਂ ਤੋਂ ਉੱਪਰ ਵੱਲ ਨੂੰ ਠੋਕਿਆ ਜਾਂਦਾ ਹੈ। ਸੁਰ ਉੱਚਾ ਜਾਂ ਨੀਵਾਂ ਕਰਨਾ ਹੋਵੇ ਤਾਂ ਗ਼ਜਰੇ ਨੂੰ ਹਲਕਾ ਜਿਹਾ ਠੋਕ ਕੇ ਕੰਮ ਚਲਾ ਲਿਆ ਜਾਂਦਾ ਹੈ।

## ਇੰਡਰੀ ਜਾਂ ਗੁੰਡਰੀ

ਤਬਲੇ ਦੇ ਬਿਲਕੁਲ ਥੱਲੇ ਚਮੜੇ ਦੀ ਬਣੀ ਇਕ ਗੋਲਾਕਾਰ ਰੂਪ ਵਿਚ ਪਹੀਏ ਦੀ ਤਰ੍ਹਾਂ ਹੁੰਦੀ ਹੈ, ਜਿਸ ਨੂੰ ਇੰਡਰੀ ਜਾਂ ਗੁੰਡਰੀ ਕਿਹਾ ਜਾਂਦਾ ਹੈ। ਜੋ ਵੱਧਰੀ ਤਬਲੇ ਨੂੰ ਕੱਸਣ ਲਈ ਗਜ਼ਰੇ ਦੇ 16 ਘਰਾਂ ਵਿੱਚੋਂ ਦੀ ਹੋ ਕੇ ਲੰਘਦੀ ਹੈ, ਉਸ ਨੂੰ ਇਸ ਦੇ ਵਿੱਚੋਂ ਦੀ ਪਰੋਇਆ ਜਾਂਦਾ ਹੈ।

## ਖੱਬਾ ਤਬਲਾ (ਡੁੱਗੀ ਜਾਂ ਡੱਗਾ)

ਪਹਿਲਾਂ ਤਬਲਾ ਵਾਦਕ ਮਿੱਟੀ ਜਾਂ ਲੱਕੜੀ ਦੇ ਡੱਗੇ ਦਾ ਪ੍ਰਯੋਗ ਕਰਦੇ ਸਨ, ਪਰ ਹੁਣ ਇਹ ਲੋਹੇ, ਸਟੀਲ, ਸਿਲਵਰ, ਤਾਂਬਾ ਅਤੇ ਪਿੱਤਲ ਆਦਿਕ ਧਾਤਾਂ ਤੋਂ ਤਿਆਰ ਕੀਤੇ ਜਾਂਦੇ ਹਨ। ਡੁੱਗੀ, ਚੱਠੂ ਨਾਲੋਂ ਜ਼ਿਆਦਾ ਚੌੜੀ ਹੁੰਦੀ ਹੈ ਤੇ ਉਪਰਲਾ ਹਿੱਸਾ ਵੀ ਚੌੜਾਈ 'ਚ ਜ਼ਿਆਦਾ ਹੁੰਦਾ ਹੈ। ਇਸ 'ਚ ਚੱਠੂ ਦੀ ਤਰ੍ਹਾਂ ਲੱਕੜੀ ਦੇ ਗੱਟਿਆਂ ਦੀ ਵਰਤੋਂ ਨਹੀਂ ਹੁੰਦੀ। ਸਿਆਹੀ ਚੱਠੂ ਦੀ ਤਰ੍ਹਾਂ ਪੁੜੇ ਦੇ ਵਿਚਕਾਰ ਨਹੀਂ ਲਗਾਈ ਜਾਂਦੀ ਸਗੋਂ ਇਕ ਪਾਸੇ ਕਰਕੇ ਲਗਾਈ ਜਾਂਦੀ ਹੈ।

**ਮੋਬਾਈਲ** 98150 24920

# ਰਾਜਪਾਲ ਨੇ ਡਿਪਟੀ ਕਮਿਸ਼ਨਰਾਂ ਨੂੰ ਟੀ.ਬੀ. ਦੇ ਖਾਤਮੇ ਲਈ ਠੋਸ ਅਤੇ ਨਤੀਜੇਮੁਖੀ ਕਦਮ ਚੁੱਕਣ ਦੇ ਦਿੱਤੇ ਨਿਰਦੇਸ਼



**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਅੱਜ ਡਿਪਟੀ ਕਮਿਸ਼ਨਰਾਂ ਨੂੰ ਰਾਜ ਵਿੱਚੋਂ ਟੀ.ਬੀ. ਦੇ ਪੂਰਨ ਖਾਤਮੇ ਲਈ ਠੋਸ ਅਤੇ ਨਤੀਜੇਮੁਖੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ 'ਟੀ.ਬੀ. ਮੁਕਤ ਭਾਰਤ ਮੁਹਿੰਮ' ਅਤੇ 'ਨਿਕਸ਼ੇ ਮਿੱਤਰ ਪਹਿਲ' ਤਹਿਤ ਕੀਤੇ ਜਾ ਰਹੇ ਕੰਮਾਂ ਦੇ ਪ੍ਰਭਾਵ ਦਾ ਮੁਲਾਂਕਣ ਕਰਨ ਲਈ ਸਮੇਂ-ਸਮੇਂ 'ਤੇ ਨਤੀਜਿਆਂ ਦਾ ਆਡਿਟ ਕੀਤਾ ਜਾਵੇ।

ਰਾਜਪਾਲ 'ਟੀ.ਬੀ. ਮੁਕਤ ਭਾਰਤ ਮੁਹਿੰਮ' ਅਤੇ 'ਨਿਕਸ਼ੇ ਮਿੱਤਰ ਪਹਿਲ' ਤਹਿਤ ਹਰਿਆਣਾ ਰਾਜ ਵਿੱਚ ਕੀਤੇ ਜਾ ਰਹੇ ਕੰਮਾਂ ਅਤੇ ਪ੍ਰਗਤੀ ਦੀ ਸਮੀਖਿਆ ਕਰਨ ਲਈ ਚੰਡੀਗੜ੍ਹ ਸਥਿਤ ਲੋਕ ਭਵਨ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਸੂਬੇ ਦੇ 13 ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਸੰਬੋਧਿਤ ਕਰ ਰਹੇ ਸਨ।

ਪ੍ਰੋ. ਘੋਸ਼ ਨੇ ਟੀ.ਬੀ. ਦੀ ਛੇਤੀ ਪਛਾਣ ਅਤੇ ਸਮੇਂ ਸਿਰ ਇਲਾਜ ਯਕੀਨੀ ਬਣਾਉਣ ਲਈ ਰੋਕਥਾਮ ਦੇ ਉਪਾਵਾਂ ਅਤੇ ਕਮਿਊਨਿਟੀ ਆਧਾਰਿਤ ਸਕ੍ਰੀਨਿੰਗ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਟੀ.ਬੀ. ਦੇ ਖਾਤਮੇ ਦੀ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਸਰਕਾਰੀ ਅਤੇ ਨਿੱਜੀ ਸਿਹਤ ਸੰਸਥਾਵਾਂ ਦੇ ਨਾਲ-ਨਾਲ ਸਾਰੇ ਸਬੰਧਤ ਧਿਰਾਂ ਦੀ ਸਰਗਰਮ ਅਤੇ ਪ੍ਰਭਾਵੀ ਭਾਗੀਦਾਰੀ ਜ਼ਰੂਰੀ ਹੈ।

ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਵੱਧ ਖ਼ਤਰੇ ਵਾਲੇ ਪਿੰਡਾਂ 'ਤੇ ਵਿਸ਼ੇਸ਼ ਧਿਆਨ ਦੇਣ ਅਤੇ ਇਹ ਯਕੀਨੀ ਬਣਾਉਣ ਕਿ ਜਾਂਚ ਅਤੇ ਸਿਹਤ ਸਹੂਲਤਾਂ ਉਨ੍ਹਾਂ ਕਮਜ਼ੋਰ ਅਤੇ ਲੋੜਵੰਦ ਲੋਕਾਂ ਤੱਕ ਸਿੱਧੀਆਂ ਪਹੁੰਚਣ, ਜਿਨ੍ਹਾਂ ਨੂੰ ਇਨ੍ਹਾਂ ਦੀ ਸਭ ਤੋਂ ਵੱਧ ਲੋੜ ਹੈ ਅਤੇ ਜਿੱਥੇ ਇਹ ਸਹੂਲਤਾਂ ਆਸਾਨੀ ਨਾਲ ਉਪਲਬਧ ਨਹੀਂ ਹਨ। ਉਨ੍ਹਾਂ ਟੀ.ਬੀ. ਤੋਂ ਸੰਕਰਮਿਤ ਪਾਏ ਗਏ ਮਰੀਜ਼ਾਂ ਦੇ ਸੁਚੱਜੇ ਇਲਾਜ ਅਤੇ ਦੇਖਭਾਲ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਇਸ ਦੇ ਨਾਲ ਹੀ, 'ਨਿਕਸ਼ੇ ਮਿੱਤਰ ਪਹਿਲ' ਤਹਿਤ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਪੋਸ਼ਣ ਸਹਾਇਤਾ ਕਿੱਟਾਂ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ।

ਰਾਜਪਾਲ ਨੇ ਤਕਨਾਲੋਜੀ ਅਧਾਰਿਤ ਸਾਧਨਾਂ, ਖਾਸ ਕਰਕੇ 'ਟੀ.ਬੀ. ਮੁਕਤ ਭਾਰਤ ਐਪ' ਦੀ ਵੱਧ ਪ੍ਰਭਾਵੀ ਢੰਗ ਨਾਲ ਵਰਤੋਂ ਕਰਨ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਹਦਾਇਤ ਕੀਤੀ ਕਿ ਜ਼ਿਲ੍ਹਾ ਟੀ.ਬੀ. ਕੇਂਦਰਾਂ ਨੂੰ ਮਜ਼ਬੂਤ ਕੀਤਾ ਜਾਵੇ, ਲੋੜ ਅਨੁਸਾਰ ਉਨ੍ਹਾਂ ਵਿੱਚ ਸੁਧਾਰ ਕੀਤਾ ਜਾਵੇ ਅਤੇ ਪ੍ਰੋਗਰਾਮ ਦੇ ਪ੍ਰਭਾਵੀ ਅਮਲ ਲਈ ਉਨ੍ਹਾਂ ਦੀ ਨਿਯਮਤ ਨਿਗਰਾਨੀ ਯਕੀਨੀ ਬਣਾਈ ਜਾਵੇ।

**ਪ੍ਰਧਾਨ ਮੰਤਰੀ ਦੀ ਕੁਸ਼ਲ ਅਗਵਾਈ ਹੇਠ ਭਾਰਤ ਟੀ.ਬੀ. ਦੇ ਖਾਤਮੇ ਦਾ ਟੀਚਾ ਪ੍ਰਾਪਤ ਕਰਨ ਲਈ ਵਚਨਬੱਧ**

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਕੁਸ਼ਲ ਅਗਵਾਈ ਹੇਠ ਭਾਰਤ ਟੀ.ਬੀ. ਦੇ ਖਾਤਮੇ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਹਰਿਆਣਾ ਟੀ.ਬੀ. ਦੇ ਵਿਰੁੱਧ ਲੜਾਈ ਵਿੱਚ ਦੇਸ਼ ਦੇ ਮੋਹਰੀ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚੋਂ ਇੱਕ ਵਜੋਂ ਉਭਰਿਆ ਹੈ ਅਤੇ ਰਾਜ ਨੇ 'ਨੈਸ਼ਨਲ ਟੀ.ਬੀ. ਐਲੀਮੀਨੇਸ਼ਨ ਪ੍ਰੋਗਰਾਮ' ਤਹਿਤ ਕਈ ਅਹਿਮ ਟੀਚੇ ਹਾਸਲ ਕੀਤੇ ਹਨ।

ਡਿਪਟੀ ਕਮਿਸ਼ਨਰਾਂ ਨੂੰ 'ਟੀ.ਬੀ. ਮੁਕਤ ਹਰਿਆਣਾ' ਦਾ ਟੀਚਾ ਹਾਸਲ ਕਰਨ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਨ ਦੀ ਅਪੀਲ ਕਰਦਿਆਂ ਪ੍ਰੋ. ਘੋਸ਼ ਨੇ ਕਿਹਾ ਕਿ ਉਹ ਤਿੰਨ ਮਹੀਨੇ ਬਾਅਦ 'ਨਿਕਸ਼ੇ ਮਿੱਤਰ ਪਹਿਲ' ਤਹਿਤ ਜ਼ਿਲ੍ਹਿਆਂ ਦੇ ਪ੍ਰਦਰਸ਼ਨ ਦੀ ਸਮੀਖਿਆ ਕਰਨਗੇ। ਮੀਟਿੰਗ ਦੌਰਾਨ ਸਾਰੇ ਡਿਪਟੀ ਕਮਿਸ਼ਨਰਾਂ ਨੂੰ 'ਨਿਕਸ਼ੇ ਮਿੱਤਰ' ਵਜੋਂ ਰਜਿਸਟ੍ਰੇਸ਼ਨ ਕਰਵਾਉਣ ਅਤੇ ਟੀ.ਬੀ. ਤੋਂ ਪ੍ਰਭਾਵਿਤ ਲੋਕਾਂ ਨੂੰ ਪੋਸ਼ਣ ਸਹਾਇਤਾ ਮੁਹੱਈਆ ਕਰਵਾਉਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ। ਇਸ ਦੇ ਨਾਲ ਹੀ, ਉਨ੍ਹਾਂ ਦੇ ਦਫ਼ਤਰਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਵੀ ਇਸ ਪਹਿਲਕਦਮੀ ਨਾਲ ਜੋੜਨ ਅਤੇ ਇਸ ਨੇਕ ਕਾਰਜ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ ਗਈ।

ਇਸ ਮੌਕੇ ਨੈਸ਼ਨਲ ਹੈਲਥ ਮਿਸ਼ਨ, ਹਰਿਆਣਾ ਦੇ ਮਿਸ਼ਨ ਡਾਇਰੈਕਟਰ ਡਾ. ਆਰ.ਐਸ. ਢਿੱਲੋਂ, ਰਾਜਪਾਲ ਦੇ ਸਕੱਤਰ ਸ੍ਰੀ ਵਿਜੇ ਕੁਮਾਰ ਭਾਰਦਵਾਜ, ਡੀ.ਐਚ.ਐਸ. ਡਾ. ਬ੍ਰਹਮਦੀਪ ਸਿੰਘ, ਰਾਜ ਟੀ.ਬੀ. ਅਧਿਕਾਰੀ ਡਾ. ਰਾਜੇਸ਼ ਰਾਜੂ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ। ਸਿਰਸਾ, ਮਹਿੰਦਰਗੜ੍ਹ, ਸੋਨੀਪਤ, ਪੰਚਕੂਲਾ, ਹਿਸਾਰ, ਫਰੀਦਾਬਾਦ, ਨੂੰਹ, ਕਰਨਾਲ, ਯਮੁਨਾਨਗਰ, ਚਰਖੀ ਦਾਦਰੀ, ਪਾਣੀਪਤ, ਗੁਰੂਗ੍ਰਾਮ ਅਤੇ ਰੋਹਤਕ ਦੇ ਡਿਪਟੀ ਕਮਿਸ਼ਨਰਾਂ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਵਿੱਚ ਹਿੱਸਾ ਲਿਆ।

# ਰਾਜਪਾਲ ਨੇ ਬ੍ਰੇਕ ਫ੍ਰੀ ਐੱਚਆਈਵੀ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ; ਨੌਜਵਾਨਾਂ ਦੀ ਅਗਵਾਈ ਵਾਲਾ ਜਨ ਅੰਦੋਲਨ ਬਣਾਉਣ ਦਾ ਸੱਦਾ



**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ 'ਇੰਟੈਂਸਿਫਾਇਡ ਆਈਈਸੀ ਮੁਹਿੰਮ- ਬ੍ਰੇਕ ਫ੍ਰੀ ਦੀ ਸ਼ੁਰੂਆਤ ਕੀਤੀ। ਇਹ ਐੱਚਆਈਵੀ/ਏਡਸ ਪ੍ਰਤੀ ਜਾਗਰੂਕਤਾ ਵਧਾਉਣ ਲਈ ਸ਼ੁਰੂ ਕੀਤੀ ਗਈ ਇੱਕ ਡਿਜੀਟਲ ਜਨ-ਜਾਗਰੂਕਤਾ ਮੁਹਿੰਮ ਹੈ। ਇਸ ਅਵਸਰ 'ਤੇ ਮੁੱਖ ਸਕੱਤਰ ਸ੍ਰੀ ਐੱਚ. ਰਾਜੇਸ਼ ਪ੍ਰਸਾਦ; ਗ੍ਰਹਿ-ਅਤੇ-ਸਿਹਤ ਸਕੱਤਰ ਸ੍ਰੀ ਮਨਦੀਪ ਸਿੰਘ ਬਰਾੜ; ਡਾਇਰੈਕਟਰ ਸਿਹਤ ਸੇਵਾਵਾਂ ਡਾ. ਸੁਮਨ ਸਿੰਘ ਅਤੇ ਚੰਡੀਗੜ੍ਹ ਸਟੇਟ ਏਡਸ ਕੰਟਰੋਲ ਸੋਸਾਇਟੀ ਦੇ ਪ੍ਰੋਜੈਕਟ ਡਾਇਰੈਕਟਰ ਡਾ. ਸਦਭਾਵਨਾ ਪੰਡਿਤ ਵੀ ਉਪਸਥਿਤ ਰਹੇ।

ਚੰਡੀਗੜ੍ਹ ਸਟੇਟ ਏਡਸ ਕੰਟਰੋਲ ਸੋਸਾਇਟੀ, ਸਿਹਤ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਅਤੇ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਰਾਸ਼ਟਰੀ ਏਡਸ ਕੰਟਰੋਲ ਸੰਗਠਨ (ਐੱਨਏਸੀਓ), ਦੁਆਰਾ ਆਯੋਜਿਤ ਇਹ ਮੁਹਿੰਮ ਅੰਤਰਰਾਸ਼ਟਰੀ ਯੁਵਾ ਦਿਵਸ ਦੇ ਅਵਸਰ 'ਤੇ ਸ਼ੁਰੂ ਕੀਤੀ ਗਈ। 'ਵੰਨ ਸਕੈਨ, ਵੰਨ ਸਟੈੱਪ ਟੂਵਰਡਸ ਬ੍ਰੇਕਿੰਗ ਫ੍ਰੀ' ਪਹਿਲ ਦੇ ਤਹਿਤ ਕਿਊਆਰ ਕੋਡ ਦੇ ਮਾਧਿਅਮ ਨਾਲ ਲੋਕ ਗੁਪਤ ਤੌਰ 'ਤੇ ਐੱਚਆਈਵੀ ਸੈਲਫ-ਰਿਸਕ ਅਸੈੱਸਮੈਂਟ ਕਰ ਸਕਦੇ ਹਨ। ਇਸ ਨਾਲ ਉਨ੍ਹਾਂ ਨੂੰ ਆਪਣੇ ਸੰਭਾਵਿਤ ਜੋਖਮ ਨੂੰ ਸਮਝਣ, ਐੱਚਆਈਵੀ ਬਾਰੇ ਪ੍ਰਮਾਣਿਤ ਜਾਣਕਾਰੀ ਪ੍ਰਾਪਤ ਕਰਨ ਅਤੇ ਜ਼ਰੂਰਤ ਪੈਣ 'ਤੇ ਜਾਂਚ, ਸਲਾਹ ਅਤੇ ਸਿਹਤ ਸੇਵਾਵਾਂ ਨਾਲ ਜੁੜਨ ਵਿੱਚ ਮਦਦ ਮਿਲੇਗੀ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਸਹੀ ਅਤੇ ਵਿਗਿਆਨਿਕ ਜਾਣਕਾਰੀ ਦੇਣਾ, ਸਮੇਂ 'ਤੇ ਜਾਂਚ ਲਈ ਪ੍ਰੇਰਿਤ ਕਰਨਾ ਅਤੇ ਜ਼ਰੂਰੀ ਸਿਹਤ ਸੇਵਾਵਾਂ ਤੱਕ ਪਹੁੰਚ ਅਸਾਨ ਬਣਾਉਣਾ ਹੈ। ਉਨ੍ਹਾਂ ਨੇ ਕਿਹਾ ਕਿ ਯੁਵਾ ਕੇਵਲ ਭਾਰਤ ਦਾ ਭਵਿੱਖ ਨਹੀਂ, ਬਲਕਿ ਵਰਤਮਾਨ ਦੀ ਸਭ ਤੋਂ ਬੜੀ ਸ਼ਕਤੀ ਹਨ ਅਤੇ ਉਹ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆ ਸਕਦੇ ਹਨ।ਐੱਚਆਈਵੀ ਨਾਲ ਜੁੜੇ ਭਰਮ ਅਤੇ ਸਮਾਜਿਕ ਭੇਦਭਾਵ ਨੂੰ ਸਮਾਪਤ ਕਰਨ ਦਾ ਸੱਦਾ ਦਿੰਦੇ ਹੋਏ ਸ੍ਰੀ ਕਟਾਰੀਆ ਨੇ ਕਿਹਾ ਕਿ ਐੱਚਆਈਵੀ ਨਾਲ ਜੀਵਨ ਜੀ ਰਹੇ ਕਈ ਲੋਕ ਸਮਾਜ ਦੇ ਡਰ ਅਤੇ ਲੋਕਾਂ ਦੀ ਪ੍ਰਤੀਕਿਰਿਆ ਦੇ ਕਾਰਨ ਆਪਣੀ ਸਥਿਤੀ ਦਾ ਖੁਲਾਸਾ ਕਰਨ ਤੋਂ ਝਿਜਕਦੇ ਹਨ। ਉਨ੍ਹਾਂ ਨੇ ਕਿਹਾ ਕਿ ਅਜਿਹੇ ਨੂੰ ਸਨਮਾਨ, ਗਰਿਮਾ ਅਤੇ ਸਮਾਨ ਅਵਸਰ ਮਿਲਣਾ ਚਾਹੀਦਾ ਹੈ, ਭੇਦਭਾਵ ਨਹੀਂ। ਉਨ੍ਹਾਂ ਨੇ ਜਾਗਰੂਕਤਾ, ਸਮੇਂ 'ਤੇ ਜਾਂਚ, ਪ੍ਰਭਾਵੀ ਇਲਾਜ ਅਤੇ ਭੇਦਭਾਵ ਸਮਾਪਤ ਕਰਨ ਦੇ ਜ਼ਰੀਏ 2030 ਤੱਕ ਐੱਚਆਈਵੀ/ਏਡਸ ਨੂੰ ਜਨਤਕ ਸਿਹਤ ਖ਼ਤਰੇ ਦੇ ਰੂਪ ਵਿੱਚ ਸਮਾਪਤ ਕਰਨ ਲਈ ਸਮੂਹਿਕ ਪ੍ਰਯਾਸਾਂ ਦਾ ਸੱਦਾ ਦਿੱਤਾ।

ਇਸ ਮੁਹਿੰਮ ਬਾਰੇ ਗ੍ਰਹਿ-ਅਤੇ-ਸਿਹਤ ਸਕੱਤਰ ਸ੍ਰੀ ਮਨਦੀਪ ਸਿੰਘ ਬਰਾੜ ਨੇ ਕਿਹਾ ਕਿ ਇਹ ਪਹਿਲ ਡਿਜੀਟਲ ਤਕਨੀਕ ਅਤੇ ਜਨ-ਜਾਗਰੂਕਤਾ ਦਾ ਪ੍ਰਭਾਵੀ ਸੁਮੇਲ ਹੈ। ਉਨ੍ਹਾਂ ਨੇ ਕਿਹਾ ਕਿ ਇਸ ਦਾ ਉਦੇਸ਼ ਕੇਵਲ ਜਾਣਕਾਰੀ ਦੇਣਾ ਨਹੀਂ, ਬਲਕਿ ਲੋਕਾਂ ਨੂੰ ਉਪਲਬਧ ਸਰਕਾਰੀ ਯੋਜਨਾਵਾਂ, ਸਿਹਤ ਸੇਵਾਵਾਂ ਅਤੇ ਸਹਾਇਤਾ ਬਾਰੇ ਜਾਗਰੂਕ ਕਰਨਾ ਹੈ, ਤਾਕਿ ਉਹ ਝਿਜਕ ਦੂਰ ਕਰਕੇ ਸਮੇਂ 'ਤੇ ਟੈਸਟਿੰਗ, ਸਲਾਹ ਅਤੇ ਇਲਾਜ ਦੀ ਸੁਵਿਧਾ ਲੈ ਸਕਣ।

ਅਗਲੇ ਦੋ ਮਹੀਨਿਆਂ ਦੇ ਦੌਰਾਨ ਸਕੂਲਾਂ, ਕਾਲਜਾਂ, ਸਰਕਾਰੀ ਵਿਭਾਗਾਂ, ਬਜ਼ਾਰਾਂ, ਜਨਤਕ ਸਥਾਨਾਂ ਅਤੇ ਭਾਈਚਾਰਿਆਂ ਵਿੱਚ ਜਾਗਰੂਕਤਾ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ। ਸਾਰੇ ਵਿਭਾਗਾਂ, ਵਿੱਦਿਅਕ ਸੰਸਥਾਵਾਂ, ਸਵੈ-ਇੱਛੁਕ ਸੰਗਠਨਾਂ, ਰੈੱਡ ਰਿਬਨ ਕਲੱਬਾਂ, ਸਿਹਤ ਸੰਭਾਲ ਕਰਮਚਾਰੀਆਂ ਅਤੇ ਮੀਡੀਆ ਨੂੰ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਦੀ ਅਪੀਲ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਐੱਚਆਈਵੀ ਦੀ ਰੋਕਥਾਮ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਦਾਰੀ ਹੈ। ਲਾਂਚ ਦੇ ਦੌਰਾਨ, 'ਬ੍ਰੇਕ ਫ੍ਰੀ: ਇੰਡੀਆਜ਼ ਟਰੱਸਟਡ ਡਿਜੀਟਲ ਸਪੇਸ ਫੌਰ ਆਲ ਐੱਚਆਈਵੀ ਕੰਸਰਨਸ' 'ਤੇ ਇੱਕ ਜਾਗਰੂਕਤਾ ਵੀਡੀਓ ਵੀ ਪ੍ਰਦਰਸ਼ਿਤ ਕੀਤੀ ਗਈ।

# ਪੀਆਈਬੀ ਚੰਡੀਗੜ੍ਹ ਦੁਆਰਾ ਝੱਜਰ ਵਿਖੇ ਸਰਕਾਰੀ ਯੋਜਨਾਵਾਂ ਤੇ ਵਾਰਤਾਲਾਪ ਦਾ ਆਯੋਜਨ ਕੀਤਾ



**ਝੱਜਰ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ, ਭਾਰਤ ਸਰਕਾਰ ਦੇ ਪ੍ਰੈੱਸ ਇਨਫਰਮੇਸ਼ਨ ਬਿਊਰੋ (ਪੀਆਈਬੀ), ਚੰਡੀਗੜ੍ਹ ਨੇ ਹਰਿਆਣਾ ਦੇ ਝੱਜਰ ਜ਼ਿਲ੍ਹੇ ਵਿੱਚ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਦੀਆਂ ਪ੍ਰਮੁੱਖ ਅਤੇ ਭਲਾਈ ਯੋਜਨਾਵਾਂ 'ਤੇ ਇੱਕ ਮੀਡੀਆ ਵਰਕਸ਼ਾਪ, 'ਵਾਰਤਾਲਾਪ' ਦਾ ਆਯੋਜਨ ਕੀਤਾ। ਇਸ ਮੌਕੇ 'ਤੇ ਝੱਜਰ ਦੇ ਡਿਪਟੀ ਕਮਿਸ਼ਨਰ ਵਰਸ਼ਾ ਖਾਂਗਵਾਲ ਨੇ ਮੁੱਖ ਮਹਿਮਾਨ ਵਜੋਂ ਵਾਰਤਾਪ ਦਾ ਉਦਘਾਟਨ ਕੀਤਾ। ਨਾਲ ਹੀ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਜਗ ਨਿਵਾਸ, ਐੱਸਡੀਐੱਮ ਸ਼੍ਰੀ ਰਵੀ ਮੀਣਾ, ਡੀਆਈਪੀਆਰ ਸ਼੍ਰੀ ਦਿਨੇਸ਼ ਕੁਮਾਰ, ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਸ਼੍ਰੀਮਤੀ ਨੇਹਾ ਦਹੀਆ, ਐੱਸਡੀਓ (ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ) ਸ਼੍ਰੀ ਜਗਜੀਤ ਸਿੰਘ ਸਾਂਗਵਾਨ, ਜ਼ਿਲ੍ਹਾ ਜੰਗਲਾਤ ਵਿਭਾਗ ਤੋਂ ਸ਼੍ਰੀ ਆਸ਼ੀਸ਼ ਕਾਦੀਆਨ ਅਤੇ ਮੀਡੀਆ ਪ੍ਰਤੀਨਿਧੀ ਵੀ ਮੌਜੂਦ ਸਨ।

ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਵਰਸ਼ਾ ਖਾਂਗਵਾਲ ਨੇ ਦੱਸਿਆ ਕਿ 'ਵਾਰਤਾਲਾਪ' ਭਾਰਤ ਸਰਕਾਰ, ਰਾਜ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਮੀਡੀਆ ਦਰਮਿਆਨ ਇੱਕ ਮਹੱਤਵਪੂਰਨ ਸੰਵਾਦ ਦਾ ਜ਼ਰੀਆ ਹੈ। ਉਨ੍ਹਾਂ ਕਿਹਾ ਕਿ 'ਵਾਰਤਾਲਾਪ' ਵਰਗੇ ਪ੍ਰੋਗਰਾਮ ਜ਼ਮੀਨੀ ਪੱਧਰ 'ਤੇ ਜਨਤਕ ਭਲਾਈ ਨੀਤੀਆਂ ਦੀ ਜਾਣਕਾਰੀ ਪ੍ਰਦਾਨ ਕਰਨ ਦਾ ਸਸ਼ਕਤ ਮਾਧਿਅਮ ਬਣਦੇ ਜਾ ਰਹੇ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਸਰਕਾਰੀ ਭਲਾਈ ਯੋਜਨਾਵਾਂ ਦੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਤਾਂ ਜੋ ਟੀਚਾਬੱਧ ਲਾਭਪਾਤਰੀ ਇਨ੍ਹਾਂ ਯੋਜਨਾਵਾਂ ਦਾ ਲਾਭ ਲੈ ਸਕਣ ਜਿਸ ਨਾਲ ਇਨ੍ਹਾਂ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂਕਰਨ ਨੂੰ ਯਕੀਨੀ ਬਣਾਇਆ ਜਾ ਸਕੇ।

ਉਨ੍ਹਾਂ ਨੇ ਜਾਗਰੂਕਤਾ ਵਧਾਉਣ ਅਤੇ ਜਨਤਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਵਿੱਚ ਮੀਡੀਆ, ਖਾਸ ਕਰਕੇ ਸੋਸ਼ਲ ਮੀਡੀਆ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਸੋਸ਼ਲ ਮੀਡੀਆ ਨੂੰ ਚੁਣੌਤੀ ਅਤੇ ਮੌਕਾ ਦੋਵੇਂ ਦੱਸਦੇ ਹੋਏ, ਉਨ੍ਹਾਂ ਕਿਹਾ ਕਿ ਇਹ ਦੂਰ-ਦੁਰਾਡੇ ਖੇਤਰਾਂ ਦੇ ਮੁੱਦਿਆਂ ਨੂੰ ਸਾਹਮਣੇ ਲਿਆਉਣ, ਸੂਚਨਾਵਾਂ ਸਾਂਝੀਆਂ ਕਰਨ ਅਤੇ ਜ਼ਮੀਨੀ ਪੱਧਰ ਦੀਆਂ ਵਾਸਤਵਿਕਤਾਵਾਂ ਨੂੰ ਸਕਾਰਾਤਮਕ ਅਤੇ ਰਚਨਾਤਮਕ ਢੰਗ ਨਾਲ ਪੇਸ਼ ਕਰਨ ਦਾ ਮੰਚ ਪ੍ਰਦਾਨ ਕਰਦਾ ਹੈ। ਨਾਲ ਹੀ ਫੇਕ ਨਿਊਜ਼ (ਝੂਠੀਆਂ ਖ਼ਬਰਾਂ) ਅਤੇ ਗਲਤ ਸੂਚਨਾਵਾਂ ਦਾ ਪ੍ਰਸਾਰ ਸਮਾਜ ਵਿੱਚ ਭੁਲੇਖੇ ਅਤੇ ਡਰ ਦੀ ਸਥਿਤੀ ਨੂੰ ਪੈਦਾ ਕਰ ਸਕਦਾ ਹੈ। ਉਨ੍ਹਾਂ ਨੇ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸੂਚਨਾ ਨੂੰ ਸਾਂਝੀ ਕਰਨ ਤੋਂ ਪਹਿਲਾਂ ਉਸ ਦੀ ਪ੍ਰਮਾਣਿਕਤਾ ਅਤੇ ਭਰੋਸੇਯੋਗ ਸਰੋਤਾਂ ਤੋਂ ਵੈਰੀਫਾਈ ਕਰਨਾ ਚਾਹੀਦਾ ਹੈ।

ਡਿਪਟੀ ਕਮਿਸ਼ਨਰ ਨੇ ਸੁਤੰਤਰਤਾ ਦਿਵਸ ਸਮਾਰੋਹ ਦੇ ਤਹਿਤ ਝੱਜਰ ਜ਼ਿਲ੍ਹੇ ਦੀ 'ਹਰ ਘਰ ਤਿਰੰਗਾ', 'ਦੇਸ਼ ਕੇ ਨਾਮ ਸੰਦੇਸ਼', 'ਵੰਦੇ ਮਾਤਰਮ ਅਭਿਆਨ' ਵਿੱਚ ਸਰਗਰਮ ਭਾਗੀਦਾਰੀ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਨੂੰ ਕਵਰ ਕਰਨ ਲਈ ਹਰ ਘਰ ਤਿਰੰਗਾ ਵੈਨ ਵੀ ਚਲਾਈ ਜਾ ਰਹੀ ਹੈ। ਉਨ੍ਹਾਂ ਨੇ ਵਾਰਤਾਲਾਪ ਦੇ ਆਯੋਜਨ ਅਤੇ ਪੱਤਰਕਾਰਾਂ ਦੇ ਨਾਲ ਸਾਰਥਕ ਸੰਵਾਦ ਸਥਾਪਿਤ ਕਰਨ ਲਈ ਪੀਆਈਬੀ ਚੰਡੀਗੜ੍ਹ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਕੇਂਦਰ ਦੇ ਪੀਆਈਬੀ ਅਤੇ ਰਾਜ ਦੇ ਲੋਕ ਸੰਪਰਕ ਵਿਭਾਗ ਅਤੇ ਪੱਤਰਕਾਰਾਂ ਦਰਮਿਆਨ ਸਾਰਥਕ ਤਾਲਮੇਲ ਸਥਾਪਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਜਗ ਨਿਵਾਸ ਨੇ ਸਰਕਾਰੀ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਲਈ ਏਕਤਾ ਅਤੇ ਸਮੂਹਿਕ ਯਤਨਾਂ ਦੇ ਮਹੱਤਵ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਜਨਤਕ ਭਲਾਈ ਯੋਜਨਾਵਾਂ ਦੀ ਜਾਣਕਾਰੀ ਨੂੰ ਸਕਾਰਾਤਮਕ ਦ੍ਰਿਸ਼ਟੀਕੋਣ ਦੇ ਨਾਲ ਪ੍ਰਸਾਰਿਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਸਬੰਧਿਤ ਵਿਭਾਗਾਂ ਦੀਆਂ ਜਨਤਕ ਭਲਾਈ ਯੋਜਨਾਵਾਂ ਨਾਲ ਜੁੜੀ ਜਾਣਕਾਰੀ ਜਨਤਾ ਤੱਕ ਪਹੁੰਚਾਉਣ ਅਤੇ ਜਨਤਾ ਨੂੰ ਦਰਪੇਸ਼ ਸਮੱਸਿਆਵਾਂ ਨੂੰ ਉਜਾਗਰ ਕਰਨ ਅਤੇ ਉਨ੍ਹਾਂ ਨੂੰ ਹੱਲ ਕਰਨ ਵਿੱਚ ਸਹਿਯੋਗ ਕਰਨ, ਤਾਂ ਜੋ ਸਰਕਾਰੀ ਯੋਜਨਾਵਾਂ ਦਾ ਲਾਭ ਪ੍ਰਭਾਵਸ਼ਾਲੀ ਢੰਗ ਨਾਲ ਜਨਤਾ ਤੱਕ ਪਹੁੰਚ ਸਕੇ।ਪੇਂਡੂ ਵਿਕਾਸ ਅਤੇ ਮਹਿਲਾ ਸਸ਼ਕਤੀਕਰਣ ਬਾਰੇ ਵਿਚਾਰ ਪ੍ਰਗਟਾਉਂਦੇ ਹੋਏ, ਝੱਜਰ ਦੇ ਐੱਸਡੀਐੱਮ ਸ਼੍ਰੀ ਰਵੀ ਮੀਣਾ ਨੇ ਕਿਹਾ ਕਿ ਪੱਤਰਕਾਰਾਂ ਵੱਲੋਂ ਸਵੈ ਸਹਾਇਤਾ ਸਮੂਹਾਂ (ਐੱਸਐੱਚਜੀ) ਦੁਆਰਾ ਤਿਆਰ ਕੀਤੇ ਜਾ ਰਹੇ ਉਤਪਾਦਾਂ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨੀ ਚਾਹੀਦੀ ਹੈ ਜਿਸ ਨਾਲ ਬਜ਼ਾਰ ਵਿੱਚ ਉਨ੍ਹਾਂ ਦੇ ਉਤਪਾਦਾਂ ਦੀ ਮੰਗ ਵਧ ਸਕੇ। ਉਨ੍ਹਾਂ ਕਿਹਾ ਕਿ ਐੱਸਐੱਚਜੀ ਉਤਪਾਦਾਂ ਨੂੰ ਵਧੇਰੇ ਪਛਾਣ ਅਤੇ ਬਜ਼ਾਰ ਮਿਲਣ ਨਾਲ ਰੁਜ਼ਗਾਰ ਸਿਰਜਣਾ ਅਤੇ ਮਹਿਲਾਵਾਂ ਦੇ ਆਰਥਿਕ ਸਸ਼ਕਤੀਕਰਣ ਵਿੱਚ ਮਦਦ ਮਿਲੇਗੀ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਰਕਾਰੀ ਯੋਜਨਾਵਾਂ ਦੀ ਜਾਣਕਾਰੀ ਸਮਾਜ ਦੇ ਕਮਜ਼ੋਰ ਅਤੇ ਆਰਥਿਕ ਪੱਖੋਂ ਵੰਚਿਤ ਵਰਗਾਂ ਤੱਕ ਪਹੁੰਚਾਉਣਾ ਲਾਜ਼ਮੀ ਹੈ, ਤਾਂ ਜੋ ਯੋਗ ਲਾਭਪਾਤਰੀ ਇਨ੍ਹਾਂ ਯੋਜਨਾਵਾਂ ਦਾ ਲਾਭ ਲੈ ਸਕਣ।

ਪੀਆਈਬੀ ਚੰਡੀਗੜ੍ਹ ਦੇ ਮੀਡੀਆ ਅਤੇ ਸੰਚਾਰ ਅਧਿਕਾਰੀ ਸ਼੍ਰੀ ਅਹਿਮਦ ਖਾਨ ਨੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਅਧੀਨ ਆਉਣ ਵਾਲੇ ਵੱਖ-ਵੱਖ ਸੰਗਠਨਾਂ ਜਿਵੇਂ ਕਿ ਪੀਆਈਬੀ, ਕੇਂਦਰੀ ਸੰਚਾਰ ਬਿਊਰੋ (ਸੀਬੀਸੀ), ਪ੍ਰੈੱਸ ਰਜਿਸਟਰਾਰ ਜਨਰਲ ਆਫ ਇੰਡੀਆ (ਪੀਆਰਜੀਆਈ), ਪ੍ਰਸਾਰ ਭਾਰਤੀ, ਕੇਂਦਰੀ ਫਿਲਮ ਪ੍ਰਮਾਣਨ ਬੋਰਡ (ਸੀਬੀਐੱਫਸੀ) ਅਤੇ ਪ੍ਰਕਾਸ਼ਨ ਵਿਭਾਗ ਅਤੇ ਫੈਕਟ ਚੈੱਕ ਯੂਨਿਟ ਬਾਰੇ ਵੀ ਸੰਖੇਪ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ 'ਵਾਰਤਾਲਾਪ' ਸਰਕਾਰੀ ਯੋਜਨਾਵਾਂ ਅਤੇ ਪਹਿਲਕਦਮੀਆਂ ਨਾਲ ਸਬੰਧਿਤ ਸੂਚਨਾ ਦੇ ਪ੍ਰਭਾਵਸ਼ਾਲੀ ਪ੍ਰਸਾਰ, ਬਿਹਤਰ ਤਾਲਮੇਲ ਅਤੇ ਸੰਵਾਦ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰਦਾ ਹੈ।

ਇਸ ਮੌਕੇ 'ਤੇ ਉਨ੍ਹਾਂ ਨੇ ਪੱਤਰ ਸੂਚਨਾ ਦਫ਼ਤਰ ਦੇ ਤਹਿਤ ਰਿਸਰਚ ਯੂਨਿਟ ਬਾਰੇ ਵੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੀਆਈਬੀ ਦੀ ਵੈੱਬਸਾਈਟ 'ਤੇ ਪ੍ਰਕਾਸ਼ਿਤ ਹੋਣ ਵਾਲੇ ਵਿਸ਼ਲੇਸ਼ਣਾਂ ਤੋਂ ਵੱਖ-ਵੱਖ ਜਨਤਕ ਭਲਾਈ ਯੋਜਨਾਵਾਂ ਦੀ ਵਿਸਤ੍ਰਿਤ ਜਾਣਕਾਰੀ ਅਤੇ ਸਟੀਕ ਅੰਕੜੇ ਪ੍ਰਾਪਤ ਕੀਤੇ ਜਾ ਸਕਦੇ ਹਨ ਜਿਨ੍ਹਾਂ ਨੂੰ ਪੱਤਰਕਾਰ ਅਤੇ ਹੋਰ ਲੋਕ ਆਪਣੇ ਲੇਖਾਂ ਅਤੇ ਖ਼ਬਰਾਂ ਰਾਹੀਂ ਵਰਤੋਂ ਵਿੱਚ ਲਿਆ ਸਕਦੇ ਹਨ।

ਮਹਿਲਾ ਅਤੇ ਬਾਲ ਵਿਕਾਸ ਵਿਭਾਗ ਤੋਂ ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਸ਼੍ਰੀਮਤੀ ਨੇਹਾ ਦਹੀਆ ਨੇ ਮਹਿਲਾਵਾਂ ਅਤੇ ਬੱਚਿਆਂ ਦੀ ਭਲਾਈ ਨਾਲ ਸਬੰਧਿਤ ਵੱਖ-ਵੱਖ ਯੋਜਨਾਵਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ 'ਤੇ ਉਨ੍ਹਾਂ ਨੇ 'ਆਪਕੀ ਬੇਟੀ ਹਮਾਰੀ ਬੇਟੀ ਯੋਜਨਾ' 'ਪ੍ਰਧਾਨ ਮੰਤਰੀ ਮਾਤ੍ਰਿ ਵੰਦਨਾ ਯੋਜਨਾ', 'ਮੁੱਖ ਮੰਤਰੀ ਮਾਤ੍ਰਿਤਵ ਸਹਾਇਤਾ ਯੋਜਨਾ' ਵਰਗੀਆਂ ਭਲਾਈ ਯੋਜਨਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਉਨ੍ਹਾਂ ਨੇ ਇਹ ਵੀ ਦੱਸਿਆ ਕਿ 'ਪ੍ਰਧਾਨ ਮੰਤਰੀ ਮਾਤ੍ਰਿ ਵੰਦਨਾ ਯੋਜਨਾ' ਅਧੀਨ ਵਰ੍ਹੇ 2017 ਤੋਂ ਲੈ ਕੇ ਹੁਣ ਤੱਕ ਲਗਭਗ 35,000 ਲਾਭਪਾਤਰੀਆਂ ਨੇ ਇਸ ਯੋਜਨਾ ਤੋਂ ਲਾਭ ਲਿਆ ਹੈ। ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਣ ਨਾਲ ਜੁੜੀਆਂ ਯੋਜਨਾਵਾਂ ਦੁਆਰਾ ਮਹਿਲਾਵਾਂ ਦੇ ਜੀਵਨ ਪੱਧਰ ਵਿੱਚ ਬਹੁਤ ਸੁਧਾਰ ਹੋਇਆ ਹੈ।

ਸ਼੍ਰੀ ਜਗਜੀਤ ਸਾਂਗਵਾਨ, ਖੇਤੀਬਾੜੀ ਅਤੇ ਕਿਸਾਨ ਭਲਾਈ ਦੇ ਐੱਸਡੀਓ ਨੇ ਕਿਸਾਨਾਂ ਦੀ ਭਲਾਈ ਅਤੇ ਟਿਕਾਊ ਖੇਤੀਬਾੜੀ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਸੰਚਾਲਿਤ ਵੱਖ-ਵੱਖ ਯੋਜਨਾਵਾਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ (ਪੀਐੱਮਕੇਐੱਸਵਾਈ) ਦੇ ਤਹਿਤ 'ਪਰ ਡ੍ਰੌਪ ਮੋਰ ਕ੍ਰੌਪ', ਡ੍ਰਿਪ ਸਿੰਚਾਈ, ਪੀਐੱਮ-ਕਿਸਾਨ ਸਨਮਾਨ ਨਿਧੀ ਯੋਜਨਾ ਅਤੇ ਜੈਵਿਕ ਖੇਤੀ ਵਰਗੀਆਂ ਪਹਿਲਕਦਮੀਆਂ ਬਾਰੇ ਵਿਸਤਾਰ ਨਾਲ ਦੱਸਿਆ ਅਤੇ ਖੇਤੀਬਾੜੀ ਉਤਪਾਦਕਤਾ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਇਨ੍ਹਾਂ ਦੇ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਵਿਭਾਗ ਦੁਆਰਾ ਘੱਟ ਪਾਣੀ ਦੀ ਵਰਤੋਂ ਵਾਲੀਆਂ ਫਸਲਾਂ ਨੂੰ ਉਗਾਉਣ ਲਈ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ ਪ੍ਰੋਤਸਾਹਨ ਰਾਸ਼ੀ ਵੀ ਪ੍ਰਦਾਨ ਕੀਤੀ ਜਾ ਰਹੀ ਹੈ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰਨ ਲਈ ਵਿਸ਼ੇਸ਼ ਕੈਂਪ ਲੱਗਾ



**ਬਟਾਲਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਅਤੇ ਆਰਥਿਕ ਸਸ਼ਕਤੀਕਰਨ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ 1000 /1500 ਮਹਿਲਾਂਵਾ ਨੂੰ ਦੇਣ ਦੀ ਫਾਰਮ ਭਰਨ ਲਈ ਨਹਿਰੂ ਗੇਟ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ ਤਾਂ ਜੋ ਲੋੜਵੰਦ ਲਾਭਪਾਤਰੀਆਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

ਇਸ ਸਬੰਧੀ ਗੱਲਬਾਤ ਕਰਦਿਆਂ ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਹ ਯੋਜਨਾ ਮਹਿਲਾਵਾਂ ਦੇ ਸਨਮਾਨ ਅਤੇ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਲਈ ਇਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਅਤੇ 1500 ਰੁਪਏ ਤੱਕ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ, ਜਿਸ ਨਾਲ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਮਦਦ ਮਿਲੇਗੀ।

ਉਨ੍ਹਾਂ ਕਿਹਾ ਕਿ ਯੋਗ ਲਾਭਪਾਤਰੀਆਂ ਨੂੰ ਇਸ ਯੋਜਨਾ ਨਾਲ ਜੋੜਨ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਕੋਈ ਵੀ ਯੋਗ ਮਹਿਲਾ ਇਸ ਯੋਜਨਾ ਦੇ ਲਾਭ ਤੋਂ ਵਾਂਝੀ ਨਾ ਰਹੇ।

ਇਸ ਦੌਰਾਨ ਮਹਿਲਾਵਾਂ ਨੂੰ ਯੋਜਨਾ ਸਬੰਧੀ ਯੋਗਤਾ, ਲੋੜੀਂਦੇ ਦਸਤਾਵੇਜ਼ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਆਂਗਣਵਾੜੀ ਵਰਕਰਾਂ ਅਤੇ ਵਿਭਾਗੀ ਟੀਮਾਂ ਵੱਲੋਂ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਫਾਰਮ ਭਰਨ ਲਈ ਪ੍ਰੇਰਿਤ ਕੀਤਾ ਗਿਆ।

# ਸਨਸਨੀਖੇਜ਼ ਅਪਰਾਧ ਦੀ ਸਾਜ਼ਿਸ਼ ਨਾਕਾਮ; ਵਿਦੇਸ਼ ਅਧਾਰਤ ਗੈਂਗਸਟਰ ਦਾ ਕਾਰਕੁਨ ਪਿਸਤੌਲ ਸਮੇਤ ਬਠਿੰਡਾ ਤੋਂ ਗ੍ਰਿਫ਼ਤਾਰ

**ਬਠਿੰਡਾ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ, ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ਼.) ਪੰਜਾਬ ਨੇ ਵਿਦੇਸ਼ ਅਧਾਰਤ ਗੈਂਗਸਟਰ ਨੈੱਟਵਰਕ ਨਾਲ ਸਬੰਧਤ ਕਾਰਕੁਨ ਨੂੰ ਇੱਕ ਦੇਸੀ ਗੈਰ-ਕਾਨੂੰਨੀ .32 ਬੋਰ ਪਿਸਤੌਲ ਅਤੇ ਦੋ ਜ਼ਿੰਦਾ ਰੌਂਦ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਜਸਦੀਪ ਸਿੰਘ ਉਰਫ਼ ਜੱਸਾ (25) ਵਾਸੀ ਪਿੰਡ ਬੀੜ ਬਹਿਮਣ, ਬਠਿੰਡਾ ਵਜੋਂ ਹੋਈ ਹੈ।

ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਤਫ਼ਤੀਸ਼ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਨੇ ਵਿਦੇਸ਼ ਅਧਾਰਤ ਗੈਂਗਸਟਰ ਦੇ ਨਿਰਦੇਸ਼ਾਂ 'ਤੇ ਇਹ ਗੈਰ-ਕਾਨੂੰਨੀ ਹਥਿਆਰ ਹਾਸਲ ਕੀਤਾ ਸੀ ਅਤੇ ਉਹ ਪੰਜਾਬ ਵਿੱਚ ਕਿਸੇ ਸਨਸਨੀਖੇਜ਼ ਅਪਰਾਧ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਿਹਾ ਸੀ।

ਡੀ.ਜੀ.ਪੀ. ਨੇ ਦੱਸਿਆ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਤਫ਼ਤੀਸ਼ ਜਾਰੀ ਹੈ।ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏ.ਡੀ.ਜੀ.ਪੀ.) ਏ.ਜੀ.ਟੀ.ਐਫ਼. ਪ੍ਰਮੋਦ ਬਾਨ ਨੇ ਦੱਸਿਆ ਕਿ ਜਦੋਂ ਏ.ਜੀ.ਟੀ.ਐਫ਼. ਦੀਆਂ ਪੁਲਿਸ ਟੀਮਾਂ ਗਸ਼ਤ 'ਤੇ ਸਨ, ਤਾਂ ਉਨ੍ਹਾਂ ਨੇ ਰਾਜਿੰਦਰਾ ਕਾਲਜ ਦੀ ਚਾਰਦੀਵਾਰੀ ਨੇੜੇ ਇੱਕ ਵਿਅਕਤੀ ਨੂੰ ਸ਼ੱਕੀ ਹਾਲਤ ਵਿੱਚ ਖੜ੍ਹਾ ਦੇਖਿਆ, ਜੋ ਪੁਲਿਸ ਵਾਹਨ ਨੂੰ ਦੇਖ ਕੇ ਘਬਰਾ ਗਿਆ।

ਉਸ ਦੇ ਚਾਲ-ਚਲਣ ਨੂੰ ਸ਼ੱਕੀ ਪਾਉਂਦਿਆਂ ਏ.ਜੀ.ਟੀ.ਐਫ਼. ਟੀਮ ਨੇ ਤੁਰੰਤ ਉਸ ਨੂੰ ਹਿਰਾਸਤ ਵਿੱਚ ਲੈ ਲਿਆ, ਜਿਸ ਨੇ ਆਪਣੀ ਪਛਾਣ ਜਸਦੀਪ ਉਰਫ਼ ਜੱਸਾ ਵਜੋਂ ਦੱਸੀ। ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ ਇੱਕ .32 ਬੋਰ ਪਿਸਤੌਲ ਸਮੇਤ ਦੋ ਜ਼ਿੰਦਾ ਕਾਰਤੂਸ ਬਰਾਮਦ ਹੋਏ।

ਏ.ਡੀ.ਜੀ.ਪੀ. ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਜਸਦੀਪ ਸਿੰਘ ਉਰਫ਼ ਜੱਸਾ ਦਾ ਪੁਰਾਣਾ ਅਪਰਾਧਿਕ ਪਿਛੋਕੜ ਹੈ ਅਤੇ ਉਹ ਅਸਲਾ ਐਕਟ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਨਾਲ ਸਬੰਧਤ ਕਈ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਰਿਹਾ ਹੈ।ਇਸ ਸਬੰਧ ਵਿੱਚ ਥਾਣਾ ਕੋਤਵਾਲੀ, ਬਠਿੰਡਾ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਮਿਤੀ 10.08.2026 ਨੂੰ ਐਫ਼.ਆਈ.ਆਰ. ਨੰਬਰ 164 ਦਰਜ ਕੀਤੀ ਗਈ ਹੈ।

# ਜਨ ਭਲਾਈਕਾਰੀ ਯੋਜਨਾਵਾਂ ਦਾ ਲਾਭ ਆਖਰੀ ਵਿਅਕਤੀ ਤੱਕ ਪਹੁੰਚਾਉਣਾ ਬੋਰਡਾਂ ਦੀ ਮੁੱਢਲੀ ਜ਼ਿੰਮੇਵਾਰੀ : ਮੋਹਨ ਲਾਲ ਕੌਸ਼ਿਕ




**ਚੰਡੀਗੜ੍ਹ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਬੋਰਡ ਆਫ ਪਬਲਿਕ ਐਂਟਰਪ੍ਰਾਈਜ਼ਿਜ਼ (ਐਚਬੀਪੀਈ) ਦੇ ਚੇਅਰਮੈਨ ਸ੍ਰੀ ਮੋਹਨ ਲਾਲ ਕੌਸ਼ਿਕ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸੂਬੇ ਦੇ ਵਿਕਾਸ ਅਤੇ ਜਨ ਭਲਾਈ ਲਈ ਲਗਾਤਾਰ ਮਾਰਗਦਰਸ਼ਨ ਦੇ ਰਹੇ ਹਨ। ਸਾਰੇ ਬੋਰਡਾਂ ਅਤੇ ਸੰਸਥਾਵਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਸਰਕਾਰ ਦੇ ਵਿਕਾਸ ਅਤੇ ਜਨ ਭਲਾਈ ਦੇ ਏਜੰਡੇ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵੀ ਢੰਗ ਨਾਲ ਲਾਗੂ ਕਰਨ। ਉਨ੍ਹਾਂ ਕਿਹਾ ਕਿ ਜਨ ਭਲਾਈਕਾਰੀ ਯੋਜਨਾਵਾਂ ਦਾ ਲਾਭ ਆਖਰੀ ਵਿਅਕਤੀ ਤੱਕ ਪਹੁੰਚਾਉਣਾ ਸਾਰੇ ਬੋਰਡਾਂ ਅਤੇ ਸੰਸਥਾਵਾਂ ਦੀ ਮੁੱਢਲੀ ਜ਼ਿੰਮੇਵਾਰੀ ਹੈ।

ਸ੍ਰੀ ਮੋਹਨ ਲਾਲ ਕੌਸ਼ਿਕ ਅੱਜ ਹਰਿਆਣਾ ਨਿਵਾਸ, ਚੰਡੀਗੜ੍ਹ ਵਿਖੇ ਐਚ.ਬੀ.ਪੀ.ਈ. ਨਾਲ ਸਬੰਧਤ ਬੋਰਡਾਂ, ਨਿਗਮਾਂ, ਖੁਦਮੁਖਤਿਆਰ ਨਿਕਾਏ, ਸੁਸਾਇਟੀਆਂ ਅਤੇ ਸੰਸਥਾਵਾਂ ਦੇ ਚੇਅਰਮੈਨ, ਵਾਈਸ ਚੇਅਰਮੈਨ, ਐਮ.ਡੀ., ਸੀ.ਈ. ਅਤੇ ਪ੍ਰਮੁੱਖ ਅਧਿਕਾਰੀਆਂ ਨਾਲ ਆਯੋਜਿਤ ਜਾਣ-ਪਛਾਣ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਵੱਖ-ਵੱਖ ਸੰਸਥਾਵਾਂ ਦੀ ਕਾਰਜਪ੍ਰਣਾਲੀ, ਵਿਭਾਗ ਦੇ ਟੀਚਿਆਂ, ਯੋਜਨਾਵਾਂ ਦੇ ਲਾਗੂਕਰਨ, ਮੁੱਖ ਮੰਤਰੀ ਦੇ ਐਲਾਨਾਂ ਅਤੇ ਪ੍ਰਸ਼ਾਸਕੀ ਪ੍ਰਬੰਧਾਂ ਨਾਲ ਜੁੜੇ ਵਿਸ਼ਿਆਂ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ।

ਯੋਜਨਾਵਾਂ ਦੀ ਜਾਣਕਾਰੀ ਆਮ ਲੋਕਾਂ ਤੱਕ ਪਹੁੰਚਾਉਣ ਅਤੇ ਜਨ ਸੇਵਾ ਨੂੰ ਤਰਜੀਹ ਦੇਣ ਦੇ ਨਿਰਦੇਸ਼

ਸ੍ਰੀ ਕੌਸ਼ਿਕ ਨੇ ਕਿਹਾ ਕਿ ਸਰਕਾਰ ਵੱਲੋਂ ਜਨ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਉਦੇਸ਼ ਤਾਂਹੀ ਸਾਰਥਕ ਹੋਵੇਗਾ, ਜਦੋਂ ਯੋਗ ਲੋਕਾਂ ਨੂੰ ਉਨ੍ਹਾਂ ਦੀ ਜਾਣਕਾਰੀ ਹੋਵੇ ਅਤੇ ਉਹ ਉਨ੍ਹਾਂ ਦਾ ਲਾਭ ਚੁੱਕ ਸਕਣ। ਇਸ ਲਈ 'ਤੇ ਯੋਜਨਾਵਾਂ ਅਤੇ ਉਪਲਬਧ ਸਹੂਲਤਾਂ ਦੀ ਪ੍ਰਭਾਵੀ ਜਾਣਕਾਰੀ ਆਮ ਲੋਕਾਂ ਤੱਕ ਪਹੁੰਚਾਉਣ ਦਾ ਪ੍ਰਬੰਧ ਕਰਨ। ਉਨ੍ਹਾਂ ਦਫ਼ਤਰਾਂ ਵਿੱਚ ਡਿਸਪਲੇ ਬੋਰਡ ਲਗਾਉਣ, ਵੈਬਸਾਈਟ ਨੂੰ ਨਿਯਮਤ ਤੌਰ 'ਤੇ ਅਪਡੇਟ ਰੱਖਣ ਅਤੇ ਯੋਜਨਾਵਾਂ ਦੀ ਪ੍ਰਾਪਤੀਆਂ ਦਾ ਵਿਆਪਕ ਪ੍ਰਚਾਰ-ਪ੍ਰਸਾਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ, ਤਾਂ ਜੋ ਲੋਕਾਂ ਨੂੰ ਇੱਕੋ ਥਾਂ 'ਤੇ ਸਬੰਧਤ ਯੋਜਨਾਵਾਂ ਅਤੇ ਸਹੂਲਤਾਂ ਦੀ ਜਾਣਕਾਰੀ ਮਿਲ ਸਕੇ।

ਉਨ੍ਹਾਂ ਬੋਰਡਾਂ ਦੇ ਪ੍ਰਧਾਨਾਂ ਅਤੇ ਅਧਿਕਾਰੀਆਂ ਤੋਂ ਉਮੀਦ ਕੀਤੀ ਕਿ ਉਹ ਜਨਤਾ ਲਈ ਲੋੜੀਂਦਾ ਸਮਾਂ ਕੱਢਣ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਨ ਅਤੇ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਾਇਮ ਕਰਕੇ ਉਨ੍ਹਾਂ ਦਾ ਹੱਲ ਯਕੀਨੀ ਬਣਾਉਣ।

ਸ੍ਰੀ ਕੌਸ਼ਿਕ ਨੇ ਕਿਹਾ ਕਿ ਨਵੇਂ ਵਿਚਾਰਾਂ, ਬਿਹਤਰ ਕਾਰਜਪ੍ਰਣਾਲੀ ਅਤੇ ਮਜ਼ਬੂਤ ਟੀਮ ਵਰਕ ਨਾਲ ਸਾਰੇ ਸੰਸਥਾਵਾਂ ਆਪਣੇ ਫਰਜ਼ਾਂ ਨੂੰ ਨਿਭਾਉਣ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਐਚ.ਬੀ.ਪੀ.ਈ. ਨਾਲ ਸਬੰਧਤ ਸਾਰੇ ਬੋਰਡ ਅਤੇ ਸੰਸਥਾਵਾਂ ਆਪਣੇ ਤੈਅ ਟੀਚਿਆਂ ਨੂੰ ਸਮੇਂ ਸਿਰ ਪੂਰਾ ਕਰਦੇ ਹੋਏ ਵਿਕਸਤ ਹਰਿਆਣਾ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਪ੍ਰਭਾਵੀ ਯੋਗਦਾਨ ਦੇਣਗੀਆਂ।

ਮੀਟਿੰਗ ਵਿੱਚ ਮੁੱਖ ਮੰਤਰੀ ਦੇ ਓ.ਐਸ.ਡੀ. ਸ੍ਰੀ ਭਾਰਤ ਭੂਸ਼ਣ ਭਾਰਤੀ ਨੇ ਕਿਹਾ ਕਿ ਦਫ਼ਤਰਾਂ ਦੀ ਕਾਰਜਪ੍ਰਣਾਲੀ ਨੂੰ ਵਧੇਰੇ ਵਿਵਸਥਿਤ ਅਤੇ ਨਤੀਜੇਮੁਖੀ ਬਣਾਇਆ ਜਾਵੇ। ਸਟਾਫ ਦੀ ਘਾਟ ਜਾਂ ਹੋਰ ਪ੍ਰਸ਼ਾਸਕੀ ਸਮੱਸਿਆਵਾਂ ਦੀ ਪਛਾਣ ਕਰਕੇ ਉਨ੍ਹਾਂ ਦੇ ਹੱਲ ਲਈ ਜ਼ਰੂਰੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਸਾਰੇ ਬੋਰਡਾਂ ਅਤੇ ਸੰਸਥਾਵਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਟੀਮ ਵਰਕ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਆਪਸੀ ਸਹਿਯੋਗ ਨਾਲ ਕੰਮਾਂ ਨੂੰ ਗਤੀ ਦੇਣ ਦੇ ਨਾਲ-ਨਾਲ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਆਉਣ ਵਾਲੀਆਂ ਰੁਕਾਵਟਾਂ ਨੂੰ ਵੀ ਦੂਰ ਕੀਤਾ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਹਰ ਬੋਰਡ ਅਤੇ ਸੰਸਥਾ ਨੂੰ ਆਪਣੇ ਕੰਮਾਂ ਦੇ ਸਪੱਸ਼ਟ ਟੀਚੇ ਤੈਅ ਕਰਕੇ ਉਨ੍ਹਾਂ ਅਨੁਸਾਰ ਸਮਾਂਬੱਧ ਕਾਰਜ ਯੋਜਨਾ ਤਿਆਰ ਕਰਨੀ ਚਾਹੀਦੀ ਹੈ। ਕੇਵਲ ਯੋਜਨਾਵਾਂ ਬਣਾਉਣਾ ਕਾਫ਼ੀ ਨਹੀਂ ਹੈ, ਸਗੋਂ ਉਨ੍ਹਾਂ ਦੇ ਪ੍ਰਭਾਵੀ ਲਾਗੂਕਰਨ ਅਤੇ ਨਤੀਜਿਆਂ ਦੀ ਨਿਯਮਤ ਸਮੀਖਿਆ ਵੀ ਜ਼ਰੂਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਮੁੱਖ ਮੰਤਰੀ ਵੱਲੋਂ ਕੀਤੇ ਗਏ ਐਲਾਨਾਂ ਦੀ ਸਥਿਤੀ ਦੀ ਵੀ ਨਿਯਮਤ ਸਮੀਖਿਆ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਜਿਹੜੇ ਐਲਾਨ ਪੂਰੇ ਕੀਤੇ ਜਾਣੇ ਬਾਕੀ ਹਨ, ਉਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਸਬੰਧਤ ਵਿਭਾਗਾਂ ਦੇ ਤਾਲਮੇਲ ਨਾਲ ਅੱਗੇ ਵਧਾਇਆ ਜਾਵੇ।

ਮੀਟਿੰਗ ਵਿੱਚ ਹਰਿਆਣਾ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡ ਦੇ ਚੇਅਰਮੈਨ ਨੇ ਕਿਹਾ ਕਿ ਸਰਕਾਰ ਦੀਆਂ ਜਨ ਭਲਾਈਕਾਰੀ ਯੋਜਨਾਵਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨਾ ਸਾਰੇ ਬੋਰਡਾਂ ਦੀ ਮੁੱਢਲੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਯੋਜਨਾਵਾਂ ਦਾ ਲਾਭਪਾਤਰ ਲੋਕਾਂ ਤੱਕ ਪਹੁੰਚਾਉਣ ਲਈ ਸਾਰੀਆਂ ਸੰਸਥਾਵਾਂ ਆਪਸੀ ਸਹਿਯੋਗ ਅਤੇ ਬਿਹਤਰ ਤਾਲਮੇਲ ਨਾਲ ਕੰਮ ਕਰਨਗੀਆਂ। ਉਨ੍ਹਾਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਕਾਰਜਪ੍ਰਣਾਲੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਵਿਕਾਸ ਅਤੇ ਜਨ ਹਿੱਤ ਦੇ ਕੰਮਾਂ ਨੂੰ ਤਰਜੀਹ ਦਿੰਦੇ ਹੋਏ ਲਗਾਤਾਰ ਮਾਰਗਦਰਸ਼ਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਸਾਰੇ ਬੋਰਡ ਅਤੇ ਸੰਸਥਾਵਾਂ ਮੁੱਖ ਮੰਤਰੀ ਦੇ ਵਿਜ਼ਨ ਅਨੁਸਾਰ ਮਿਲ ਕੇ ਕੰਮ ਕਰਦੇ ਹੋਏ ਸੂਬੇ ਦੇ ਵਿਕਾਸ ਨੂੰ ਹੋਰ ਗਤੀ ਦੇਣਗੀਆਂ।

ਮੀਟਿੰਗ ਵਿੱਚ ਵੱਖ-ਵੱਖ ਬੋਰਡਾਂ ਅਤੇ ਸੰਸਥਾਵਾਂ ਦੇ ਚੇਅਰਮੈਨਾਂ ਨੇ ਆਪਣੇ-ਆਪਣੇ ਅਦਾਰਿਆਂ ਦੀ ਕਾਰਜਪ੍ਰਣਾਲੀ, ਪ੍ਰਾਪਤੀਆਂ, ਕਾਰਜ ਯੋਜਨਾਵਾਂ ਅਤੇ ਸਾਹਮਣੇ ਆ ਰਹੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਸੁਝਾਅ ਸਾਂਝੇ ਕੀਤੇ। ਉਨ੍ਹਾਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਪ੍ਰਦੇਸ਼ ਦੇ ਵਿਕਾਸ ਨੂੰ ਗਤੀ ਦੇਣ ਅਤੇ ਸ੍ਰੀ ਮੋਹਨ ਲਾਲ ਕੌਸ਼ਿਕ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਨੂੰ ਪ੍ਰਭਾਵਸ਼ਾਲੀ ਰੂਪ ਵਿੱਚ ਲਾਗੂ ਕਰਨ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟਾਈ।

# ਮਾਈ ਭਾਗੋ ਨਰਸਿੰਗ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਅੰਤਰਰਾਸ਼ਟਰੀ ਯੁਵਾ ਦਿਵਸ ਮਨਾਇਆ




**ਤਰਨਤਾਰਨ, 17 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਯੁਵਕ ਸੇਵਾਵਾਂ ਵਿਭਾਗ, ਤਰਨਤਾਰਨ ਵੱਲੋਂ ਸਹਾਇਕ ਡਾਇਰੈਕਟਰ ਪ੍ਰੀਤ ਕੋਹਲੀ ਦੀ ਅਗਵਾਈ ਹੇਠ ਮਾਈ ਭਾਗੋ ਕਾਲਜ ਆਫ਼ ਨਰਸਿੰਗ, ਤਰਨ ਤਾਰਨ ਵਿਖੇ ਜ਼ਿਲ੍ਹਾ ਪੱਧਰੀ ਅੰਤਰਰਾਸ਼ਟਰੀ ਯੁਵਾ ਦਿਵਸ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹੇ ਦੇ 15 ਕਾਲਜਾਂ ਤੋਂ 200 ਤੋਂ ਵੱਧ ਰੈੱਡ ਰਿਬਨ ਕਲੱਬ ਵਲੰਟੀਅਰਾਂ ਨੇ ਉਤਸ਼ਾਹ ਨਾਲ ਭਾਗ ਲਿਆ।

ਇਸ ਮੌਕੇ ਮਾਈ ਭਾਗੋ ਕਾਲਜ ਆਫ ਨਰਸਿੰਗ ਦੇ ਡਾਇਰੈਕਟਰ ਜਸਮੀਤ ਸਿੰਘ ਵਾਲੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਨੌਜਵਾਨਾਂ ਨੂੰ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਆਪਣੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੀ ਸਟੇਜ ਸਕੱਤਰ ਦੀ ਭੂਮਿਕਾ ਪ੍ਰੋ. ਏਕਰੂਪ ਕੌਰ ਵੱਲੋਂ ਬਾਖੂਬੀ ਨਿਭਾਈ ਗਈ। ਉਨ੍ਹਾਂ ਨੇ ਪੂਰੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਸੰਚਾਲਿਤ ਕਰਦਿਆਂ ਵੱਖ-ਵੱਖ ਸੈਸ਼ਨਾਂ, ਬੁਲਾਰਿਆਂ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਅਤੇ ਸਮਾਜ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ। ਨੌਜਵਾਨਾਂ ਨੂੰ ਸਹੀ ਦਿਸ਼ਾ, ਸਿਹਤਮੰਦ ਵਾਤਾਵਰਨ ਅਤੇ ਸਹੀ ਜਾਣਕਾਰੀ ਮੁਹੱਈਆ ਕਰਵਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਰੈੱਡ ਰਿਬਨ ਕਲੱਬਾਂ ਰਾਹੀਂ ਨੌਜਵਾਨਾਂ ਨੂੰ ਐੱਚ.ਆਈ.ਵੀ/ਏਡਜ਼, ਨਸ਼ਿਆਂ, ਸਿਹਤ ਅਤੇ ਸਮਾਜਿਕ ਜ਼ਿੰਮੇਵਾਰੀਆਂ ਸਬੰਧੀ ਜਾਗਰੂਕ ਕਰਨ ਲਈ ਲਗਾਤਾਰ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਸਿੱਖਿਆ ਅਤੇ ਸਮਾਜ ਸੇਵਾ ਨਾਲ ਜੁੜਨ ਦਾ ਸੱਦਾ ਦਿੱਤਾ।

# ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਪਿੰਡ ਸੂਲਰ ਵਿਖੇ ਤਿੰਨ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ

## 46.37 ਲੱਖ ਰੁਪਏ ਦੀ ਲਾਗਤ ਨਾਲ ਹੋਣਗੀਆਂ ਤਿਆਰ, 1.63 ਕਿਲੋਮੀਟਰ ਲੰਬਾਈ ਵਾਲੀ ਤਿੰਨੋਂ ਸੜਕਾਂ ਦੀ ਮੁਰੰਮਤ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਦੌਰਾਨ ਮਿਲੇਗੀ ਵੱਡੀ ਸਹੂਲਤ

ਪਟਿਆਲਾ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਹਲਕਾ ਸਮਾਣਾ ਦੇ ਪਿੰਡ ਸੂਲਰ ਵਿਖੇ ਤਿੰਨ ਸੜਕਾਂ ਦੇ ਵਿਕਾਸ ਕਾਰਜਾਂ ਦੀ ਰਿਬਨ ਕੱਟ ਕੇ ਰਸਮੀ ਤੌਰ ਤੇ ਸ਼ੁਰੂਆਤ ਕੀਤੀ ਗਈ। ਇਨ੍ਹਾਂ ਤਿੰਨਾਂ ਸੜਕਾਂ ਦੀ ਕੁੱਲ ਲੰਬਾਈ 1.63 ਕਿਲੋਮੀਟਰ ਹੈ ਅਤੇ ਇਨ੍ਹਾਂ ਦੀ ਮੁਰੰਮਤ 'ਤੇ ਲਗਭਗ 46.37 ਲੱਖ ਰੁਪਏ ਦੀ ਲਾਗਤ ਆਵੇਗੀ। ਇਨ੍ਹਾਂ ਵਿਕਾਸ ਕਾਰਜਾਂ ਦੇ ਸ਼ੁਰੂ ਹੋਣ ਨਾਲ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਹੈ।



ਇਸ ਬਾਰੇ ਜਾਣਕਾਰੀ ਦਿੰਦਿਆਂ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਮੈਣ ਸੂਲਰ ਰੋਡ ਤੋਂ ਡੇਰਾ ਬਿੱਟੂ ਮਹੰਤ ਅਤੇ ਨਵਜੀਵਨੀ ਸਕੂਲ ਸੂਲਰ ਤੱਕ ਦੀ 0.23 ਕਿਲੋਮੀਟਰ ਲੰਬਾਈ ਵਾਲੀ ਸੜਕ ਦੀ ਮੁਰੰਮਤ ਦੇ ਕਾਰਜ ਸ਼ੁਰੂ ਕੀਤੇ ਗਏ ਹਨ, ਜਿਸ ਤੇ ਕਰੀਬ 6.33 ਲੱਖ ਰੁਪਏ ਲਾਗਤ ਆਵੇਗੀ। ਇਸੇ ਤਰ੍ਹਾਂ ਨਵਜੀਵਨੀ ਸਕੂਲ ਤੋਂ ਪਿੰਡ ਸੂਲਰ ਦੀ ਹੱਦ ਤੱਕ ਦੀ ਅੱਧਾ ਕਿਲੋਮੀਟਰ ਲੰਬੀ ਸੜਕ ਦੀ ਮੁਰੰਮਤ ਕਰੀਬ 14.66 ਲੱਖ ਰੁਪਏ ਨਾਲ ਹੋਵੇਗੀ। ਜੇ.ਪੀ. ਕਲੋਨੀ ਸੂਲਰ ਬਾਊਂਡਰੀ ਤੋਂ ਰਿਵਾਸ ਬ੍ਰਾਹਮਣਾ ਪਟਿਆਲਾ ਮੈਣ ਰੋਡ ਤੱਕ ਦੀ 0.90 ਕਿਲੋਮੀਟਰ ਲੰਬੀ ਸੜਕ ਦੀ ਮੁਰੰਮਤ ਤੇ ਕਰੀਬ 25.38 ਲੱਖ ਰੁਪਏ ਖਰਚ ਆਵੇਗੀ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਦੀ ਖਸਤਾ ਹਾਲਤ ਕਾਰਨ ਲੋਕਾਂ ਨੂੰ ਆਵਾਜਾਈ ਦੌਰਾਨ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਹਨਾਂ ਸੜਕਾਂ ਨੂੰ ਬਣਾਉਣ ਦੀ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ ਹੋਇਆ ਇਨ੍ਹਾਂ ਸੜਕਾਂ ਦੀ ਰਿਪੇਅਰ ਦੇ ਕਾਰਜ ਸ਼ੁਰੂ ਕੀਤੇ ਗਏ ਹਨ। ਇਹਨਾਂ ਸ਼ੜਕਾਂ ਦੇ ਬਣਨ ਨਾਲ ਪਿੰਡ ਸੂਲਰ ਅਤੇ ਆਸ-ਪਾਸ ਦੇ ਇਲਾਕੇ ਦੇ ਲੋਕਾਂ ਨੂੰ ਆਉਣ-ਜਾਣ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਰੋਜ਼ਾਨਾ ਦੀ ਆਵਾਜਾਈ ਹੋਰ ਸੁਖਾਲੀ ਹੋਵੇਗੀ। ਚੇਅਰਮੈਨ ਸ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕਾਂ ਕਿਸੇ ਵੀ ਖੇਤਰ ਦੇ ਵਿਕਾਸ ਦੀ ਮਹੱਤਵਪੂਰਨ ਕੜੀ ਹਨ ਅਤੇ ਇਨ੍ਹਾਂ ਦੀ ਬਿਹਤਰ ਹਾਲਤ ਨਾਲ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਸਿੱਧਾ ਲਾਭ ਮਿਲਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਮੰਡੀ ਬੋਰਡ ਵੱਲੋਂ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।

ਇਸ ਮੌਕੇ ਇਲਾਕਾ ਨਿਵਾਸੀਆਂ ਨੇ ਸੜਕਾਂ ਦੀ ਮੁਰੰਮਤ ਦੇ ਕੰਮ ਸ਼ੁਰੂ ਕਰਵਾਉਣ ਲਈ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੜਕਾਂ ਦੀ ਮੁਰੰਮਤ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਰੋਜ਼ਾਨਾ ਸਫ਼ਰ ਦੌਰਾਨ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ ਅਤੇ ਆਵਾਜਾਈ ਦੀ ਸਹੂਲਤ ਵਿੱਚ ਵਾਧਾ ਹੋਵੇਗਾ।

ਇਸ ਮੌਕੇ ਜੋਹਨ ਸੂਲਰ, ਇੰਦਰਜੀਤ ਸਿੰਘ ਬਲਾਕ ਸਮੰਤੀ ਮੈਂਬਰ, ਪਰਮਜੀਤ ਕੌਰ ਬਲਾਕ ਸਮੰਤੀ ਮੈਂਬਰ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਗਗਨਦੀਪ ਕੌਰ ਸਰਪੰਚ ਬੀਰ ਖੇੜੀ ਗੁਜਰਾਂ, ਜਸਵਿੰਦਰ ਸਿੰਘ ਕਾਲੇਕਾ, ਪਰਮਜੀਤ ਸਿੰਘ ਜੇ.ਪੀ, ਗੁਲਜਾਰ ਸਿੰਘ ਦੁਘਾਟ, ਹੇਮਇੰਦਰ ਸਿੰਘ ਮਾਲੋਮਾਜਰਾ, ਨਰਿੰਦਰ ਸਿੰਘ ਮੂੰਡਖੇੜਾ, ਮਨਜੀਤ ਸਿੰਘ ਹਾਂਡਾ, ਜਸਕਰਨ ਸਿੰਘ, ਕਰਨਜੀਤ ਸਿੰਘ ਗਿੱਲ, ਦਵਿੰਦਰਪਾਲ ਸਿੰਘ, ਮੁਨੀਸ਼ ਜੈਨ, ਅੰਮ੍ਰਿਤਪਾਲ ਸਿੰਘ ਤੂਰ, ਤਲਵਿੰਦਰ ਕਾਲੇਕਾ, ਕੈਪਟਨ ਮਲਕੀਤ ਸਿੰਘ, ਅਜਾਇਬ ਸਿੰਘ ਕਾਲੇਕਾ, ਪ੍ਰਭਜੀਤ ਸਿੰਘ, ਦੀਪਕ, ਨਿਰਮਲ, ਰੋਹਿਤ ਹਾਂਡਾ, ਸੰਜੂ ਧੀਮਾਨ, ਹਰਮੇਸ਼ ਸਿੰਘ, ਸੁਰੇਸ਼ ਕੁਮਾਰ, ਜਗਵਿੰਦਰ ਸਿੰਘ, ਬਲਜੀਤ ਸਿੰਘ, ਗੁਰਸਿਮਰਨ ਸਿੰਘ, ਨਸਰੂ ਖਾਨ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨਿਅਰ, ਜਤਿਨ ਕੁਮਾਰ ਜੇ.ਈ. ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

# ਪੰਜਾਬ ਰਾਜ ਕਿਸਾਨ ਤੇ ਖੇਤ ਮਜ਼ਦੂਰ ਕਮਿਸ਼ਨ ਵੱਲੋਂ ਅਮਰੀਕੀ ਖੇਤੀਬਾੜੀ ਵਿਭਾਗ ਦੇ ਨੁਮਾਇੰਦੇ ਨਾਲ ਮੁਲਾਕਾਤ; ਪੰਜਾਬ ਦੇ ਕਿਸਾਨਾਂ ਦੇ ਉਠਾਏ ਮੁੱਦੇ



ਚੰਡੀਗੜ੍ਹ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਰਾਜ ਕਿਸਾਨ ਅਤੇ ਖੇਤ ਮਜ਼ਦੂਰ ਕਮਿਸ਼ਨ (ਪੀਐਸਐਫਸੀ) ਦੇ ਚੇਅਰਮੈਨ ਵੱਲੋਂ ਅੱਜ ਅਮਰੀਕੀ ਖੇਤੀਬਾੜੀ ਵਿਭਾਗ (ਯੂ.ਐੱਸ.ਡੀ.ਏ.) ਦੇ ਵਫ਼ਦ ਨਾਲ ਮੁਲਾਕਾਤ ਦੌਰਾਨ ਪੰਜਾਬ ਦੇ ਕਿਸਾਨਾਂ ਨਾਲ ਸਬੰਧਤ ਅਹਿਮ ਮੁੱਦੇ ਚੁੱਕੇ ਗਏ।

ਫਾਰਨ ਐਗਰੀਕਲਚਰ ਸਰਵਿਸ, ਅਮਰੀਕੀ ਖੇਤੀਬਾੜੀ ਵਿਭਾਗ, ਨਵੀਂ ਦਿੱਲੀ ਦੇ ਸੀਨੀਅਰ ਖੇਤੀਬਾੜੀ ਮਾਹਿਰ ਡਾ. ਸੰਤੋਸ਼ ਕੁਮਾਰ ਸਿੰਘ ਨੇ ਭਾਰਤੀ ਅਤੇ ਵਿਸ਼ਵਵਿਆਪੀ ਖੇਤੀਬਾੜੀ ਦੇ ਮੌਜੂਦਾ ਸੰਦਰਭ ਅਤੇ ਭਾਰਤ-ਅਮਰੀਕਾ ਖੇਤੀਬਾੜੀ ਵਪਾਰ ਅਤੇ ਸਹਿਯੋਗ ਦੀਆਂ ਸੰਭਾਵਨਾਵਾਂ 'ਤੇ ਵਿਚਾਰ-ਚਰਚਾ ਕਰਨ ਲਈ ਪੰਜਾਬ ਰਾਜ ਕਿਸਾਨ ਅਤੇ ਖੇਤ ਮਜ਼ਦੂਰ ਕਮਿਸ਼ਨ ਨਾਲ ਮੁਲਾਕਾਤ ਕੀਤੀ। ਪੀਐਸਐਫਸੀ ਦੇ ਚੇਅਰਮੈਨ ਪ੍ਰੋ. ਡਾ. ਸੁਖਪਾਲ ਸਿੰਘ ਨੇ ਡਾ. ਸੰਤੋਸ਼ ਕੁਮਾਰ ਸਿੰਘ ਦਾ ਨਿੱਘਾ ਸਵਾਗਤ ਕੀਤਾ ਅਤੇ ਭਾਰਤ ਅਤੇ ਪੰਜਾਬ ਦੇ ਖੇਤੀਬਾੜੀ ਸੈਕਟਰ ਵਿੱਚ ਹੋ ਰਹੇ ਵਿਕਾਸ ਅਤੇ ਭਵਿੱਖੀ ਸੰਭਾਵਨਾਵਾਂ ਬਾਰੇ ਉਨ੍ਹਾਂ ਦੇ ਵੱਡਮੁੱਲੇ ਵਿਚਾਰਾਂ ਦੀ ਸ਼ਲਾਘਾ ਕੀਤੀ।

ਇਸ ਦੌਰਾਨ ਡਾ. ਰਣਜੋਧ ਸਿੰਘ ਬੈਂਸ ਨੇ ਪੰਜਾਬ ਖੇਤੀਬਾੜੀ 2026: ਉਤਪਾਦਨ ਦੀਆਂ ਸੰਭਾਵਨਾਵਾਂ, ਫਸਲੀ ਵਿਭਿੰਨਤਾ ਅਤੇ ਪੰਜਾਬ-ਅਮਰੀਕਾ ਖੇਤੀਬਾੜੀ ਸਹਿਯੋਗ ਵਿਸ਼ੇ 'ਤੇ ਪੇਸ਼ਕਾਰੀ ਦਿੱਤੀ।

ਇਸ ਪੇਸ਼ਕਾਰੀ ਵਿੱਚ ਕਣਕ-ਝੋਨੇ ਦੀ ਪ੍ਰਣਾਲੀ ਤੋਂ ਪਰੇ ਫਸਲੀ ਵਿਭਿੰਨਤਾ ਦੀ ਜ਼ਰੂਰਤ ਨੂੰ ਉਜਾਗਰ ਕੀਤਾ ਗਿਆ, ਜਿਸ ਵਿੱਚ ਮੱਕੀ, ਕਪਾਹ, ਬਾਸਮਤੀ, ਦਾਲਾਂ, ਤੇਲ ਬੀਜ, ਫਲ ਅਤੇ ਸਬਜ਼ੀਆਂ ਦੇ ਨਾਲ-ਨਾਲ ਪਸ਼ੂਧਨ, ਭੋਜਨ ਪ੍ਰੋਸੈਸਿੰਗ ਅਤੇ ਮੁੱਲ ਵਾਧੇ 'ਤੇ ਵਧੇਰੇ ਧਿਆਨ ਦਿੱਤਾ ਗਿਆ। ਇਸ ਦੌਰਾਨ ਇਹ ਵੀ ਸਪੱਸ਼ਟ ਕੀਤਾ ਗਿਆ ਕਿ ਫਸਲੀ ਵਿਭਿੰਨਤਾ ਨੂੰ ਮੰਡੀਕਰਨ, ਸਰਕਾਰੀ ਖਰੀਦ, ਪ੍ਰੋਸੈਸਿੰਗ ਅਤੇ ਕਿਸਾਨਾਂ ਨੂੰ ਫ਼ਸਲਾਂ ਦੀ ਬਿਹਤਰ ਕੀਮਤ ਦੇ ਕੇ ਉਤਸ਼ਾਹਿਤ ਕੀਤਾ ਜਾ ਸਕਦਾ ਹੈ। ਇਸ ਪੇਸ਼ਕਾਰੀ ਵਿੱਚ ਖੇਤੀ ਮਸ਼ੀਨੀਕਰਨ, ਸਟੀਕਤਾ ਅਤੇ ਏ.ਆਈ. ਆਧਾਰਿਤ ਖੇਤੀਬਾੜੀ, ਜਲਵਾਯੂ ਅਨੁਕੂਲ ਤਕਨਾਲੋਜੀਆਂ, ਵਾਢੀ ਤੋਂ ਬਾਅਦ ਦੇ ਪ੍ਰਬੰਧਨ, ਖ਼ੁਰਾਕ ਸੁਰੱਖਿਆ, ਭੂਮੀਗਤ ਜਲ ਸੰਭਾਲ ਅਤੇ ਸਾਂਝੇ ਖੋਜ ਕਾਰਜਾਂ ਵਿੱਚ ਪੰਜਾਬ-ਅਮਰੀਕਾ ਸਹਿਯੋਗ ਦੇ ਮੌਕਿਆਂ ਨੂੰ ਵੀ ਉਜਾਗਰ ਕੀਤਾ ਗਿਆ। ਇਸ ਤੋਂ ਇਲਾਵਾ ਬਾਸਮਤੀ ਝੋਨਾ, ਸ਼ਹਿਦ, ਹਲਦੀ, ਫ਼ਲ, ਸਬਜ਼ੀਆਂ ਅਤੇ ਹੋਰ ਨਾਨ-ਜੀ.ਐੱਮ.ਓ. ਉਤਪਾਦਾਂ ਦੇ ਨਿਰਯਾਤ ਨੂੰ ਵਧਾਉਣ ਸਬੰਧੀ ਪੰਜਾਬ ਦੀ ਸਮਰੱਥਾ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਦੌਰਾਨ ਡਾ. ਸੰਤੋਸ਼ ਕੁਮਾਰ ਸਿੰਘ ਨੇ ਭਾਰਤ ਅਤੇ ਅਮਰੀਕਾ ਵਿੱਚ ਖੇਤਾਂ ਦੇ ਆਕਾਰ ਅਤੇ ਖੇਤੀਬਾੜੀ ਵਿਚਲੇ ਫ਼ਰਕ, ਅਮਰੀਕਾ ਵਿੱਚ ਬਿਹਤਰ ਫ਼ਸਲ ਬੀਮਾ ਕਵਰੇਜ, ਭਾਰਤ ਵਿੱਚ ਘਰੇਲੂ ਪਸ਼ੂ ਪਾਲਣ ਵਿੱਚ ਆਈ ਕਮੀ, ਮਹਿਜ਼ ਟਰੈਕਟਰਾਂ ਦੀ ਵਰਤੋਂ ਤੋਂ ਉੱਪਰ ਉੱਠ ਕੇ ਵਿਆਪਕ ਤੇ ਯੋਗ ਮਸ਼ੀਨੀਕਰਨ ਦੀ ਲੋੜ ਅਤੇ ਭਾਰਤ-ਅਮਰੀਕਾ ਦੋ-ਪੱਖੀ ਵਪਾਰ ਸਮਝੌਤਿਆਂ ਦੇ ਸੰਭਾਵੀ ਲਾਭਾਂ ਤੇ ਚੁਣੌਤੀਆਂ ਨਾਲ ਸਬੰਧਤ ਮੁੱਦੇ ਚੁੱਕੇ ਗਏ।

ਪ੍ਰੋ. ਡਾ. ਸੁਖਪਾਲ ਸਿੰਘ ਨੇ ਦੱਸਿਆ ਕਿ ਜਿੱਥੇ ਭਾਰਤ ਵਿੱਚ ਔਸਤ ਜ਼ਮੀਨ ਦੀ ਮਲਕੀਅਤ ਲਗਭਗ 2 ਏਕੜ ਹੈ, ਉੱਥੇ ਹੀ ਪੰਜਾਬ ਵਿੱਚ ਔਸਤ ਮਲਕੀਅਤ ਲਗਭਗ 9 ਏਕੜ ਹੈ; ਹਾਲਾਂਕਿ ਜ਼ਮੀਨ ਦੇ ਠੇਕੇ ਦੀਆਂ ਉੱਚੀਆਂ ਦਰਾਂ, ਖ਼ਾਦਾਂ-ਬੀਜਾਂ ਦੀਆਂ ਲਾਗਤਾਂ ਅਤੇ ਹੋਰ ਉਤਪਾਦਨ ਖ਼ਰਚਿਆਂ ਕਾਰਨ ਪੰਜਾਬ ਦੇ ਕਿਸਾਨਾਂ ਨੂੰ ਭਾਰੀ ਠੇਕਾ ਅਤੇ ਵਿੱਤੀ ਬੋਝ ਝੱਲਣਾ ਪੈ ਰਿਹਾ ਹੈ। ਇਹ ਚਰਚਾ ਭਾਰਤ-ਅਮਰੀਕਾ ਵਪਾਰ ਦੁਆਰਾ ਪੇਸ਼ ਕੀਤੀਆਂ ਗਈਆਂ ਸੰਭਾਵਨਾਵਾਂ ਅਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਵਿਚਕਾਰ ਸੰਤੁਲਨ ਬਣਾਉਣ ਦੀ ਜ਼ਰੂਰਤ ਨਾਲ ਸਮਾਪਤ ਹੋਈ, ਜੋ ਪੰਜਾਬ ਵਿੱਚ ਫਸਲੀ ਵਿਭਿੰਨਤਾ ਅਤੇ ਪਸ਼ੂ ਪਾਲਣ ਖੇਤਰ ਲਈ ਮਹੱਤਵਪੂਰਨ ਹਨ ਅਤੇ ਦੋਵਾਂ ਦੇਸ਼ਾਂ ਦੇ ਕਿਸਾਨਾਂ ਲਈ ਲਾਭਕਾਰੀ ਸਿੱਧ ਹੋਣਗੇ।

ਡਾ. ਰਣਜੋਧ ਸਿੰਘ ਬੈਂਸ ਨੇ ਡਾ. ਸੰਤੋਸ਼ ਕੁਮਾਰ ਸਿੰਘ ਦਾ ਆਪਣਾ ਕੀਮਤੀ ਸਮਾਂ ਕੱਢਣ ਅਤੇ ਆਪਣੇ ਵਿਚਾਰ ਸਾਂਝੇ ਕਰਨ ਲਈ ਧੰਨਵਾਦ ਕੀਤਾ ਅਤੇ ਖੇਤੀਬਾੜੀ, ਤਕਨਾਲੋਜੀ, ਵਪਾਰ, ਫਸਲੀ ਵਿਭਿੰਨਤਾ ਅਤੇ ਟਿਕਾਊ ਸਰੋਤ ਪ੍ਰਬੰਧਨ 'ਤੇ ਪੀਐਸਐਫਸੀ ਅਤੇ ਯੂਐੱਸਡੀਏ ਵਿਚਕਾਰ ਨਿਰੰਤਰ ਗੱਲਬਾਤ ਅਤੇ ਵਧੇਰੇ ਸਹਿਯੋਗ ਦੀ ਆਸ ਪ੍ਰਗਟਾਈ।

ਮੀਟਿੰਗ ਦੇ ਅੰਤ ਵਿੱਚ ਡਾ. ਸੁਖਪਾਲ ਸਿੰਘ, ਡਾ. ਐੱਸ. ਕੇ. ਸਿੰਘ, ਡਾ. ਅਨਿਲ ਸੂਦ ਅਤੇ ਪੀਐਸਐਫਸੀ ਦੇ ਸਮੂਹ ਖੋਜਕਰਤਾਵਾਂ ਦਾ ਧੰਨਵਾਦ ਕੀਤਾ ਗਿਆ।

# ਹੁਨਰ ਤੋਂ ਕਾਰੋਬਾਰ ਤੱਕ: ਰੁਡਸੈਟ ਜਲੰਧਰ ਵਿੱਚ ਮੁਫ਼ਤ ਫਾਸਟ ਫੂਡ ਸਟਾਲ ਉਦਯਮੀ ਸਿਖਲਾਈ ਦੀ ਸ਼ੁਰੂਆਤ



ਜਲੰਧਰ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਨੌਜਵਾਨਾਂ ਨੂੰ ਹੁਨਰਮੰਦ ਬਣਾਕੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਦੇ ਉਦੇਸ਼ ਨਾਲ ਰੁਡਸੈਟ ਜਲੰਧਰ ਵੱਲੋਂ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਸੰਸਥਾ ਵਿਖੇ ਮੁਫ਼ਤ ਫਾਸਟ ਫੂਡ ਸਟਾਲ ਉਦਯਮੀ ਸਿਖਲਾਈ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਰੈੱਡ ਕਰਾਸ ਸੋਸਾਇਟੀ ਦੇ ਸਕੱਤਰ ਡਾ. ਸੁਰਜੀਤ ਲਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਜੋਤੀ ਪ੍ਰਜਵਲਿਤ ਕਰਕੇ ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਕੀਤਾ।

ਇਸ ਮੌਕੇ ਡਾ. ਸੁਰਜੀਤ ਲਾਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਲਈ ਸਿਰਫ਼ ਨੌਕਰੀ ਦੀ ਭਾਲ ਕਰਨ ਦੀ ਬਜਾਏ ਆਪਣਾ ਛੋਟਾ ਕਾਰੋਬਾਰ ਸ਼ੁਰੂ ਕਰਨਾ ਵੀ ਇੱਕ ਵਧੀਆ ਮੌਕਾ ਹੈ। ਉਨ੍ਹਾਂ ਨੇ ਰੁਡਸੈਟ ਜਲੰਧਰ ਵੱਲੋਂ ਨੌਜਵਾਨਾਂ ਨੂੰ ਵਿਹਾਰਕ ਅਤੇ ਰੋਜ਼ਗਾਰਮੁਖੀ ਸਿਖਲਾਈ ਦੇਣ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਉਨ੍ਹਾਂ ਨੇ ਸਿਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਫਾਸਟ ਫੂਡ ਦਾ ਕਾਰੋਬਾਰ ਘੱਟ ਪੂੰਜੀ ਨਾਲ ਸ਼ੁਰੂ ਕੀਤਾ ਜਾ ਸਕਦਾ ਹੈ ਅਤੇ ਇਸ ਰਾਹੀਂ ਖੁਦ ਰੋਜ਼ਗਾਰ ਦੇ ਨਾਲ-ਨਾਲ ਹੋਰਨਾਂ ਲਈ ਵੀ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ ਜਾ ਸਕਦੇ ਹਨ। ਉਨ੍ਹਾਂ ਨੇ ਸਾਰੇ ਸਿਖਿਆਰਥੀਆਂ ਨੂੰ ਸਿਖਲਾਈ ਦੇ ਹਰ ਪਹਿਲੂ ਨੂੰ ਮਿਹਨਤ ਅਤੇ ਲਗਨ ਨਾਲ ਸਿੱਖਣ ਅਤੇ ਇਸ ਹੁਨਰ ਨੂੰ ਭਵਿੱਖ ਵਿੱਚ ਇੱਕ ਸਫਲ ਕਾਰੋਬਾਰ ਵਿੱਚ ਬਦਲਣ ਲਈ ਪ੍ਰੇਰਿਤ ਕੀਤਾ।

ਰੁਡਸੈਟ ਜਲੰਧਰ ਦੇ ਡਾਇਰੈਕਟਰ ਮੰਜੀਤ ਸਿੰਘ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਸਿਰਫ਼ ਸਿਖਲਾਈ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਸਿਖਲਾਈ ਪੂਰੀ ਕਰਨ ਤੋਂ ਬਾਅਦ ਆਪਣਾ ਕਾਰੋਬਾਰ ਸ਼ੁਰੂ ਕਰਨ ਦੇ ਯੋਗ ਬਣਾਉਣਾ ਵੀ ਹੈ। ਉਨ੍ਹਾਂ ਦੱਸਿਆ ਕਿ ਸਿਖਲਾਈ ਦੌਰਾਨ ਸਿਖਿਆਰਥੀਆਂ ਨੂੰ ਫਾਸਟ ਫੂਡ ਤਿਆਰ ਕਰਨ, ਸਫ਼ਾਈ, ਕੱਚੇ ਮਾਲ ਦੇ ਪ੍ਰਬੰਧਨ, ਲਾਗਤ ਨਿਰਧਾਰਨ, ਕੀਮਤ ਤੈਅ ਕਰਨ, ਗਾਹਕ ਸੇਵਾ ਅਤੇ ਕਾਰੋਬਾਰ ਚਲਾਉਣ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਜਾਂਦੀ ਹੈ। ਰੁਡਸੈਟ ਜਲੰਧਰ ਦੇ ਸੀਨੀਅਰ ਫੈਕਲਟੀ ਪ੍ਰਗਟ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਸਮੇਂ-ਸਮੇਂ 'ਤੇ ਵੱਖ-ਵੱਖ ਸਵੈ-ਰੋਜ਼ਗਾਰ ਆਧਾਰਿਤ ਸਿਖਲਾਈ ਪ੍ਰੋਗਰਾਮ ਕਰਵਾਏ ਜਾਂਦੇ ਹਨ। ਯੋਗ ਸਿਖਿਆਰਥੀਆਂ ਲਈ ਸੰਸਥਾ ਵਿਖੇ ਮੁਫ਼ਤ ਹੋਸਟਲ ਅਤੇ ਭੋਜਨ ਦੀ ਸਹੂਲਤ ਵੀ ਉਪਲਬਧ ਕਰਵਾਈ ਜਾਂਦੀ ਹੈ।

ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਮੋਬਾਈਲ ਰਿਪੇਅਰਿੰਗ, ਫਰਿੱਜ ਅਤੇ ਏਅਰ ਕੰਡੀਸ਼ਨਰ ਰਿਪੇਅਰਿੰਗ, ਮੈਨਜ਼ ਪਾਰਲਰ ਸਮੇਤ ਹੋਰ ਰੋਜ਼ਗਾਰਮੁਖੀ ਸਿਖਲਾਈ ਪ੍ਰੋਗਰਾਮ ਵੀ ਕਰਵਾਏ ਜਾਣਗੇ।

**ਹੁਨਰ ਸਿੱਖੋ, ਆਪਣਾ ਕਾਰੋਬਾਰ ਸ਼ੁਰੂ ਕਰੋ**

ਰੁਡਸੈਟ ਜਲੰਧਰ ਵੱਲੋਂ ਇੱਛੁਕ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਨ੍ਹਾਂ ਮੁਫ਼ਤ ਸਿਖਲਾਈ ਪ੍ਰੋਗਰਾਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੇ ਹੁਨਰ ਨੂੰ ਸਵੈ-ਰੋਜ਼ਗਾਰ ਅਤੇ ਸਫਲ ਉਦਯਮਿਤਾ ਵਿੱਚ ਬਦਲਣ ਵੱਲ ਕਦਮ ਵਧਾਉਣ।

ਇਸ ਮੌਕੇ ਮੈਡਮ ਮੀਨਲ, ਮੈਡਮ ਦੀਪਿਕਾ, ਮੈਡਮ ਦਵਿੰਦਰ ਕੌਰ, ਮੈਡਮ ਪੂਜਾ ਸ਼ਾਰਦਾ,ਪੰਕਜ ਦਾਸ, ਵਿਸ਼ਾਲ ਸਮੇਤ ਸੰਸਥਾ ਦੇ ਸਟਾਫ਼ ਮੈਂਬਰ ਅਤੇ ਸਿਖਿਆਰਥੀ ਹਾਜ਼ਰ ਸਨ।

# ਚੰਡੀਗੜ੍ਹ ਅੱਜ ਸੀਬੀਡੀਸੀ-ਅਧਾਰਿਤ ਉਦੇਸ਼-ਨਿਰਧਾਰਿਤ ਡਿਜੀਟਲ ਡਿਲਿਵਰੀ ਆਵ ਫੂਡ ਸਬਸਿਡੀ ਸ਼ੁਰੂ ਕਰੇਗਾ

ਚੰਡੀਗੜ੍ਹ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

: ਚੰਡੀਗੜ੍ਹ ਡਿਜੀਟਲ ਗਵਰਨੈਂਸ ਦੇ ਖੇਤਰ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਉਠਾਉਣ ਜਾ ਰਿਹਾ ਹੈ। ਅੱਜ ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ (ਪੀਐੱਮਜੀਕੇਏਵਾਈ) ਦੇ ਤਹਿਤ ਡਾਇਰੈਕਟ ਬੈਨਿਫਿਟ ਟ੍ਰਾਂਸਫਰ (ਡੀਬੀਟੀ) ਲਈ ਸੈਂਟਰਲ ਬੈਂਕ ਡਿਜੀਟਲ ਕਰੰਸੀ (ਸੀਬੀਡੀਸੀ) – ਡਿਜੀਟਲ ਰੁਪੀ ਦੇ ਜ਼ਰੀਏ ਉਦੇਸ਼-ਨਿਰਧਾਰਿਤ ਡਿਜੀਟਲ ਡਿਲਿਵਰੀ ਆਵ ? ਫੂਡ ਸਬਸਿਡੀ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਲਾਂਚ ਸਮਾਗਮ ਦੀ ਪ੍ਰਧਾਨਗੀ ਪੰਜਾਬ ਦੇ ਮਾਣਯੋਗ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਕਰਨਗੇ। ਮਾਣਯੋਗ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਮੁੱਖ ਮਹਿਮਾਨ ਹੋਣਗੇ ਜਦਕਿ ਮਾਣਯੋਗ ਕੇਂਦਰੀ ਸਿੱਖਿਆ, ਉਪਭੋਗਤਾ ਮਾਮਲੇ, ਖੁਰਾਕ ਅਤੇ ਜਨਤਕ ਵੰਡ ਅਤੇ ਨਵੀਨ ਅਤੇ ਅਖੁੱਟ ਊਰਜਾ ਮੰਤਰੀ ਸ਼੍ਰੀ ਪ੍ਰਹਲਾਦ ਜੋਸ਼ੀ ਵਿਸ਼ੇਸ਼ ਮਹਿਮਾਨ ਹੋਣਗੇ।

ਇਸ ਸਮਾਗਮ ਵਿੱਚ ਭਾਰਤ ਸਰਕਾਰ ਦੇ ਉਪਭੋਗਤਾ ਮਾਮਲੇ, ਖੁਰਾਕ ਅਤੇ ਜਨਤਕ ਵੰਡ ਰਾਜ ਮੰਤਰੀ ਸ਼੍ਰੀਮਤੀ ਨਿਮੁਬੇਨ ਜਯੰਤੀਭਾਈ ਬਾਂਭਣੀਆ ਅਤੇ ਚੰਡੀਗੜ੍ਹ ਦੇ ਮਾਣਯੋਗ ਸਾਂਸਦ ਸ਼੍ਰੀ ਮਨੀਸ਼ ਤਿਵਾੜੀ ਦੀ ਗਰਿਮਾਮਈ ਉਪਸਥਿਤੀ ਰਹੇਗੀ।ਇਹ ਪਹਿਲ ਕਲਿਆਣਕਾਰੀ ਯੋਜਨਾਵਾਂ ਦੀ ਡਿਲਿਵਰੀ ਵਿੱਚ ਅਗਲੇ ਪੜਾਅ ਨੂੰ ਦਰਸਾਉਂਦੀ ਹੈ - ਸਬਸਿਡੀ ਵਾਲੇ ਅਨਾਜ ਦੀ ਭੌਤਿਕ ਵੰਡ ਤੋਂ ਲੈ ਕੇ ਡਾਇਰੈਕਟ ਬੈਨਿਫਿਟ ਟ੍ਰਾਂਸਫਰ (ਡੀਬੀਟੀ) ਅਤੇ ਹੁਣ ਸੀਬੀਡੀਸੀ ਦੇ ਜ਼ਰੀਏ ਉਦੇਸ਼-ਨਿਰਧਾਰਿਤ ਡਿਜੀਟਲ ਡਿਲਿਵਰੀ ਤੱਕ। ਲਕਸ਼ਿਤ ਕਲਿਆਣਕਾਰੀ ਯੋਜਨਾਵਾਂ ਵਿੱਚ ਡਿਜੀਟਲ ਰੁਪਏ ਦੇ ਉਪਯੋਗ ਦੀਆਂ ਸੰਭਾਵਨਾਵਾਂ ਨੂੰ ਪਰਖਣ ਲਈ ਸੀਬੀਡੀਸੀ ਪਾਇਲਟ ਪ੍ਰੋਜੈਕਟ ਗੁਜਰਾਤ, ਪੁਡੂਚੇਰੀ ਅਤੇ ਚੰਡੀਗੜ੍ਹ ਵਿੱਚ ਸ਼ੁਰੂ ਕੀਤਾ ਗਿਆ ਸੀ। ਇਸ ਪਾਇਲਟ ਦੇ ਅਧਾਰ 'ਤੇ ਚੰਡੀਗੜ੍ਹ ਦੇਸ਼ ਦਾ ਪਹਿਲਾ ਕੇਂਦਰ ਸ਼ਾਸਿਤ ਪ੍ਰਦੇਸ਼ ਹੋਵੇਗਾ ਜਿੱਥੇ ਪੀਐੱਮਜੀਕੇਏਵਾਈ ਦੇ ਲਾਭਾਰਥੀਆਂ ਲਈ ਫੂਡ ਸਬਸਿਡੀ ਦੇ ਸੀਬੀਡੀਸੀ ਅਧਾਰਿਤ ਡੀਬੀਟੀ ਦਾ ਪੂਰਨ ਰੂਪ ਵਿੱਚ ਲਾਗੂਕਰਨ ਕੀਤਾ ਜਾਵੇਗਾ। ਚੰਡੀਗੜ੍ਹ ਸਤੰਬਰ 2015 ਵਿੱਚ ਫੂਡ ਸਬਸਿਡੀ ਲਈ ਡੀਬੀਟੀ ਮਾਡਲ ਲਾਗੂ ਕਰਨ ਵਾਲੇ ਮੋਹਰੀ ਖੇਤਰਾਂ ਵਿੱਚ ਸ਼ਾਮਲ ਸੀ। ਇਸ ਦੇ ਤਹਿਤ ਸਬਸਿਡੀ ਵਾਲੇ ਅਨਾਜ ਦੀ ਭੌਤਿਕ ਵੰਡ ਦੀ ਵਿਵਸਥਾ ਤੋਂ ਹਟ ਕੇ ਪਾਤਰ ਪਰਿਵਾਰਾਂ ਦੇ ਆਧਾਰ ਨਾਲ ਜੁੜੇ ਬੈਂਕ ਖਾਤਿਆਂ ਵਿੱਚ ਸਬਸਿਡੀ ਸਿੱਧੀ ਟ੍ਰਾਂਸਫਰ ਕੀਤੀ ਗਈ। ਸੀਬੀਡੀਸੀ ਦੀ ਇਹ ਪਹਿਲ ਇਸ ਮੌਜੂਦਾ ਡੀਬੀਟੀ ਵਿਵਸਥਾ ਨੂੰ ਅੱਗੇ ਵਧਾਉਂਦੇ ਹੋਏ ਕਲਿਆਣਕਾਰੀ ਯੋਜਨਾਵਾਂ ਦੀ ਡਿਲਿਵਰੀ ਨੂੰ ਅਧਿਕ ਪਾਰਦਰਸ਼ੀ, ਟ੍ਰੇਸੇਬਲ, ਕੁਸ਼ਲ ਅਤੇ ਉਦੇਸ਼-ਨਿਰਧਾਰਿਤ ਬਣਾਉਣ ਦਾ ਪ੍ਰਯਾਸ ਹੈ।

# ਯੂ.ਕੇ. ਦੇ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਵੱਲੋਂ ਮੁੱਖ ਮੰਤਰੀ ਨਾਲ ਮੁਲਾਕਾਤ

## ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ, ਹਵਾਈ ਸੰਪਰਕ ਅਤੇ ਪੰਜਾਬ ਦੇ ਵਿਕਾਸ ਬਾਰੇ ਕੀਤੀ ਚਰਚਾ



ਚੰਡੀਗੜ੍ਹ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਯੂ.ਕੇ. ਦੇ ਸੰਸਦ ਮੈਂਬਰ ਅਤੇ ਬਰਤਾਨਵੀ ਸੰਸਦ ਦੀ ਰੱਖਿਆ ਕਮੇਟੀ ਦੇ ਚੇਅਰਮੈਨ ਤਨਮਨਜੀਤ ਸਿੰਘ ਢੇਸੀ ਨੇ ਚੰਡੀਗੜ੍ਹ ਵਿਖੇ ਪੰਜਾਬ ਅਤੇ ਪ੍ਰਵਾਸੀ ਪੰਜਾਬੀ ਭਾਈਚਾਰੇ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਦਾ ਜਲਦ ਨਿਪਟਾਰਾ, ਅੰਮ੍ਰਿਤਸਰ ਅਤੇ ਚੰਡੀਗੜ੍ਹ ਹਵਾਈ ਅੱਡਿਆਂ ਰਾਹੀਂ ਅੰਤਰਰਾਸ਼ਟਰੀ ਹਵਾਈ ਸੰਪਰਕ ਨੂੰ ਮਜ਼ਬੂਤ ਕਰਨਾ, ਹਵਾਈ ਮਾਲ ਢੋਆ-ਢੁਆਈ ਅਤੇ ਵਪਾਰਕ ਸੇਵਾਵਾਂ ਦਾ ਵਿਸਥਾਰ, ਕਾਰੋਬਾਰੀਆਂ ਅਤੇ ਖੇਡ ਪ੍ਰਮੋਟਰਾਂ ਨੂੰ ਮਿਲ ਰਹੀਆਂ ਧਮਕੀਆਂ ਤੇ ਫਿਰੌਤੀ ਦੀਆਂ ਮੰਗਾਂ ਨਾਲ ਨਜਿੱਠਣਾ ਅਤੇ ਖੇਤਰੀ ਅਮਨ ਨੂੰ ਉਤਸ਼ਾਹਿਤ ਕਰਨ ਲਈ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀ ਵੱਧ ਤੋਂ ਵੱਧ ਵਰਤੋਂ ਕਰਨ ਸਮੇਤ ਕਈ ਮੁੱਦੇ ਵਿਚਾਰੇ ਗਏ।

ਇਹ ਮੁਲਾਕਾਤ ਪੰਜਾਬ ਵਿਧਾਨ ਸਭਾ ਦੇ ਕੰਪਲੈਕਸ ਸਥਿਤ ਮੁੱਖ ਮੰਤਰੀ ਦਫ਼ਤਰ ਵਿਖੇ ਵਿਧਾਨ ਸਭਾ ਦੇ ਚੱਲ ਰਹੇ ਇਜਲਾਸ ਦੌਰਾਨ ਹੋਈ। ਤਨਮਨਜੀਤ ਸਿੰਘ ਢੇਸੀ ਨੂੰ ਵਿਸ਼ੇਸ਼ ਤੌਰ 'ਤੇ ਵਿਧਾਨ ਸਭਾ ਦੀ ਕਾਰਵਾਈ ਦੇਖਣ ਲਈ ਸੱਦਾ ਦਿੱਤਾ ਗਿਆ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਵਿਧਾਨ ਸਭਾ ਵਿੱਚ ਆਪਣੇ ਸੰਬੋਧਨ ਦੌਰਾਨ ਉਨ੍ਹਾਂ ਦੀਆਂ ਸੇਵਾਵਾਂ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ।

ਮੁਲਾਕਾਤ ਦੌਰਾਨ ਪ੍ਰਵਾਸੀ ਭਾਰਤੀਆਂ, ਖਾਸ ਕਰਕੇ ਪੰਜਾਬੀ ਭਾਈਚਾਰੇ ਨਾਲ ਸਬੰਧਤ ਮਸਲਿਆਂ, ਪੰਜਾਬ ਦੇ ਵਿਕਾਸ, ਅੰਤਰਰਾਸ਼ਟਰੀ ਹਵਾਈ ਸੰਪਰਕ, ਪ੍ਰਵਾਸੀ ਪੰਜਾਬੀਆਂ ਵੱਲੋਂ ਪੰਜਾਬ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰਨ ਅਤੇ ਖੇਤਰੀ ਅਮਨ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਤਨਮਨਜੀਤ ਸਿੰਘ ਢੇਸੀ ਨੇ ਪ੍ਰਵਾਸੀ ਪੰਜਾਬੀਆਂ ਨੂੰ ਦਰਪੇਸ਼ ਮੁਸ਼ਕਲਾਂ, ਖਾਸ ਕਰਕੇ ਪੰਜਾਬ ਵਿੱਚ ਜ਼ਮੀਨ ਅਤੇ ਜਾਇਦਾਦ ਨਾਲ ਸਬੰਧਤ ਵਿਵਾਦਾਂ ਦਾ ਮੁੱਦਾ ਉਠਾਇਆ। ਉਨ੍ਹਾਂ ਨੇ ਅਜਿਹੇ ਮਾਮਲਿਆਂ ਦੇ ਮਿਥੇ ਸਮੇਂ ਅੰਦਰ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਪ੍ਰਬੰਧ ਸਥਾਪਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ, ਤਾਂ ਜੋ ਪ੍ਰਵਾਸੀ ਪੰਜਾਬੀਆਂ ਨੂੰ ਵਾਰ-ਵਾਰ ਪੰਜਾਬ ਆਉਣ ਜਾਂ ਲੰਬੇ ਸਮੇਂ ਤੱਕ ਅਦਾਲਤੀ ਮਾਮਲਿਆਂ ਵਿੱਚ ਉਲਝੇ ਰਹਿਣ ਦੀ ਲੋੜ ਨਾ ਪਵੇ।

ਉਨ੍ਹਾਂ ਨੇ ਇਹ ਵੀ ਸੁਝਾਅ ਦਿੱਤਾ ਕਿ ਪੰਜਾਬ ਦੇ ਅੰਤਰਰਾਸ਼ਟਰੀ ਹਵਾਈ ਅੱਡਿਆਂ, ਖਾਸ ਕਰਕੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਅਤੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡਾ, ਚੰਡੀਗੜ੍ਹ ਨੂੰ ਪੂਰੇ ਉੱਤਰੀ ਭਾਰਤ ਦੀ ਸੇਵਾ ਕਰਨ ਵਾਲੇ ਪ੍ਰਮੁੱਖ ਹਵਾਈ ਕੇਂਦਰਾਂ ਵਜੋਂ ਪ੍ਰਭਾਵਸ਼ਾਲੀ ਢੰਗ ਨਾਲ ਵਿਕਸਤ ਅਤੇ ਵਰਤਿਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਲੰਡਨ, ਬਰਮਿੰਘਮ ਅਤੇ ਹੋਰ ਪ੍ਰਮੁੱਖ ਅੰਤਰਰਾਸ਼ਟਰੀ ਸ਼ਹਿਰਾਂ ਤੋਂ ਦੋਵਾਂ ਹਵਾਈ ਅੱਡਿਆਂ ਲਈ ਸਿੱਧੀਆਂ ਅੰਤਰਰਾਸ਼ਟਰੀ ਉਡਾਣਾਂ ਸ਼ੁਰੂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

# ਨਾਭਾ ਬਲਾਕ ਦੇ ਪਿੰਡ ਦੁਲੱਧੀ ਅਤੇ ਚੌਧਰੀ ਮਾਜਰਾ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

ਨਾਭਾ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਨਾਭਾ ਬਲਾਕ ਦੇ ਪਿੰਡ ਦੁਲੱਧੀ ਅਤੇ ਚੌਧਰੀ ਮਾਜਰਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ। ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਫੀਸ ਵਾਧੇ ਵਿਰੋਧੀ ਫਰੰਟ ਵੱਲੋਂ ਯੂਨੀਵਰਸਿਟੀ ਵਿੱਚ ਫੀਸਾਂ ਚ ਕੀਤੇ ਵਾਧੇ ਅਤੇ ਬੁਨਿਆਦੀ ਸਹੂਲਤਾਂ ਲਈ ਵੀ.ਸੀ. ਦਫਤਰ ਬਾਹਰ ਪੱਕੇ ਧਰਨੇ ਦੀ ਸ਼ੁਰੂਆਤ ਕੀਤੀ ਗਈ

ਪਟਿਆਲਾ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਯੂਨੀਵਰਸਿਟੀ ਪਟਿਆਲਾ: ਫੀਸ ਵਾਧੇ ਵਿਰੋਧੀ ਫਰੰਟ ਵੱਲੋਂ ਯੂਨੀਵਰਸਿਟੀ ਵਿੱਚ ਫੀਸਾਂ ਚ ਕੀਤੇ ਵਾਧੇ ਅਤੇ ਬੁਨਿਆਦੀ ਸਹੂਲਤਾਂ ਲਈ ਵੀ.ਸੀ. ਦਫਤਰ ਬਾਹਰ ਪੱਕੇ ਧਰਨੇ ਦੀ ਸ਼ੁਰੂਆਤ ਕੀਤੀ ਗਈ ਅਤੇ ਅੱਜ ਕੈਬਿਨੇਟ ਮੰਤਰੀ ਬਲਬੀਰ ਸਿੰਘ ਨੂੰ ਘੇਰ ਕੇ ਸਵਾਲ ਕੀਤੇ ਗਏ। ਵਿਦਿਆਰਥੀਆਂ ਨੇ ਮੰਤਰੀ ਨੂੰ ਸਵਾਲ ਕੀਤੇ ਕਿ ਪੰਜਾਬ ਸਰਕਾਰ ਦੁਆਰਾ ਯੂਨੀਵਰਸਿਟੀ ਦਾ 150 ਕਰੋੜ ਦਾ ਕਰਜਾ ਮਾਫ਼ ਕਰਨ ਦਾ ਵਾਅਦਾ ਕਿਉ ਨਹੀਂ ਪੂਰਾ ਕੀਤਾ ਗਿਆ ਅਤੇ ਵਾਅਦੇ ਅਨੁਸਾਰ ਹਰ ਸਾਲ ਯੂਨੀਵਰਸਿਟੀ ਦੀ ਗ੍ਰਾਂਟ 6 ਫੀਸਦੀ ਕਿਉ ਨਹੀਂ ਵਧਾਈ ਗਈ। ਫਰੰਟ ਨੇ ਮੰਗ ਕੀਤੀ ਹੈ ਕਿ ਹੋਸਟਲਾਂ ਅਤੇ ਕੋਰਸਾਂ ਦੀਆਂ ਵਧਾਈਆਂ ਫੀਸਾਂ ਤੁਰੰਤ ਵਾਪਸ ਲਈਆਂ ਜਾਣ ਅਤੇ ਯੂਨੀਵਰਸਿਟੀ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕੀਤਾ ਜਾਵੇ।



ਅੱਜ ਦੇ ਪ੍ਰਦਸ਼ਨ ਦੇ ਪਹਿਲੇ ਦਿਨ ਪੀ.ਐਸ.ਯੂ. ਵਲੋ ਵਕਸ਼ਿਤ ਗਰਗ, ਐੱਸ.ਐੱਫ.ਆਈ. ਵਲੋ ਰਮਨਦੀਪ ਸਿੰਘ, ਪੀ.ਐੱਸ.ਐੱਫ ਵਲੋ ਗਗਨ, ਏ.ਆਈ.ਐੱਸ.ਐੱਫ. ਤੋ ਰਾਹੁਲ, ਪੀ.ਐੱਸ.ਯੂ.(ਲ) ਵਲੋ ਹਰਪੀਤ ਸਿੰਘ, ਡੀ.ਐੱਸ.ਓ. ਤੋ ਪਾਰਸ, ਅਗਰਗਾਮੀ ਤੋ ਵਿਕਾਸ ਅਦਮ,ਪੀ.ਆਰ.ਐਸ.ਯੂ ਤੋ ਕੇਸ਼ਵ ਨੇ ਸੰਬੋਧਨ ਕੀਤਾ।

ਬੁਲਾਰਿਆ ਨੇ ਗੱਲਬਾਤ ਕਰਦੇ ਹੋਏ ਕਿਹਾ ਪੰਜਾਬੀ ਯੂਨੀਵਰਸਿਟੀ ਦੁਆਰਾ ਵਿਦਿਆਰਥੀਆਂ ਦੀਆਂ ਹੋਸਟਲ ਅਤੇ ਵਿਭਾਗੀ ਫੀਸਾਂ ਵਿੱਚ ਭਾਰੀ ਵਾਧੇ ਕੀਤੇ ਗਏ ਹਨ। ਹੋਸਟਲ ਫੀਸਾਂ ਵਿੱਚ ਲਗਭਗ 30 ਤੋਂ ਲੈ ਕੇ 42% ਤੱਕ ਵਾਧਾ ਕੀਤਾ ਗਿਆ ਹੈ ਅਤੇ ਵਿਭਾਗੀ ਫੀਸਾਂ ਵਿੱਚ 10 ਫੀਸਦੀ ਤੋਂ ਲੈ ਕੇ 657 ਫੀਸਦੀ ਤੱਕ ਵਾਧੇ ਕੀਤੇ ਗਏ ਹਨ। ਜਿਵੇਂ ਕਿ ਫਿਲਮ ਮੇਕਿੰਗ ਵਿਭਾਗ ਵਿੱਚ ਫੀਸ 16 ਹਜਾਰ ਤੋਂ ਵਧਾ ਕੇ 122000 ਕਰ ਦਿੱਤੀ ਗਈ ਹੈ। MBA (international business) 2 ਲੱਖ 63ਹਜਾਰ ਤੋਂ ਵਧਾ ਕੇ 2 ਲੱਖ 90 ਹਜ਼ਾਰ ਕਰ ਦਿੱਤੀ ਹੈ, MPT ਦੀ ਫੀਸ 148000, ਬੀ.ਟੈਕ ਦੀ ਫੀਸ 129000 ਕਰ ਦਿੱਤੀ ਗਈ ਹੈ। ਵਿਦਿਆਰਥੀ ਜਥੇਬੰਦੀਆਂ ਇਸ ਦੇ ਖਿਲਾਫ ਸੰਘਰਸ਼ ਕਰ ਰਹੀਆਂ ਹਨ। ਉਹਨਾਂ ਦਾ ਕਹਿਣਾ ਇਹ ਹੈ ਕਿ ਸਿੱਖਿਆ ਕੋਈ ਜਿਨਸ ਨਹੀਂ ਹੈ ਜਿਸ ਨੂੰ ਖਰੀਦਿਆ ਤੇ ਵੇਚਿਆ ਜਾਂਦਾ ਹੈ ਇਹ ਸਰਕਾਰ ਦੀ ਜ਼ਿੰਮੇਵਾਰੀ ਹੈ ਤੇ ਸਿੱਖਿਆ ਹਰ ਵਿਅਕਤੀ ਦੇ ਪਹੁੰਚ ਵਿੱਚ ਹੋਣੀ ਚਾਹੀਦੀ ਹੈ।

ਯੂਨੀਵਰਸਿਟੀ ਦਾ ਇਸ ਸਾਲ ਦਾ ਕੁੱਲ ਬਜਟ 732 ਕਰੋੜ ਦਾ ਹੈ ਜਿਸ ਵਿੱਚ 397 ਕਰੋੜ ਸਰਕਾਰ ਦੀ ਗਰਾਂਟ ਹੈ ਅਤੇ ਲਗਭਗ 240 ਕਰੋੜ ਵਿਦਿਆਰਥੀਆਂ ਦੀਆਂ ਫੀਸਾਂ ਤੋਂ ਇਕੱਠਾ ਹੁੰਦਾ ਹੈ। ਇਸ ਦੇ ਨਾਲ ਹੀ ਪੰਜਾਬੀ ਯੂਨੀਵਰਸਿਟੀ ਸਿਰ 150 ਕਰੋੜ ਦਾ ਕਰਜ਼ਾ ਵੀ ਹੈ। ਜਿਸ ਦਾ ਯੂਨੀਵਰਸਿਟੀ ਹਰ ਸਾਲ 14 ਕਰੋੜ ਵਿਆਜ ਦਿੰਦੀ ਹੈ।

ਮੁੱਖ ਮੰਤਰੀ ਦੇ ਐਲਾਨ ਤੋਂ ਬਾਅਦ ਵੀ ਇਹ ਕਰਜ਼ਾ ਹਜੇ ਤੱਕ ਮਾਫ਼ ਨਹੀਂ ਹੋਇਆ।

ਫਰੰਟ ਦੇ ਬੁਲਾਰਿਆਂ ਨੇ ਗੱਲ ਕੀਤੀ ਗਈ ਯੂਨੀਵਰਸਿਟੀ ਪ੍ਰਸ਼ਾਸਨ ਯੂਨੀਵਰਸਿਟੀ ਨੂੰ ਡੋਬਣ ਵਾਲੀ ਦਿਸ਼ਾ ਵਿੱਚ ਤੁਰਿਆ ਹੋਇਆ ਹੈ। ਵਿਦਿਆਰਥੀਆਂ ਦੇ ਵਾਰ-ਵਾਰ ਮੰਗ ਪੱਤਰ ਦੇਣ ਤੋਂ ਬਾਅਦ ਵੀ ਯੂਨੀਵਰਸਿਟੀ ਪ੍ਰਸ਼ਾਸਨ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕਦੀ। ਇਸ ਲਈ ਜਦੋਂ ਤੱਕ ਫਰੰਟ ਦੀਆਂ ਮੰਗਾਂ ਪੂਰੀਆਂ ਨਹੀਂ ਹੋ ਜਾਂਦੀਆਂ ਓਦੋਂ ਤੱਕ ਵੀਸੀ ਦਫਤਰ ਦੇ ਬਾਹਰ ਪੱਕਾ ਧਰਨਾ ਜਾਰੀ ਰਹੇਗਾ।

# ਅੰਤਰਰਾਸ਼ਟਰੀ ਯੁਵਾ ਦਿਵਸ ਮਨਾਉਣ ਦਾ ਮੁੱਖ ਉਦੇਸ਼ ਦੁਨੀਆਂ ਭਰ ਦੇ ਨੌਜਵਾਨਾਂ ਦੀਆਂ ਸਮੱਸਿਆਂਵਾਂ ਦਾ ਧਿਆਨ ਦਿਵਾਉਣਾ : ਲੈਫਟੀਨੈਂਟ ਜਗਦੀਪ ਜੋਸ਼ੀ

ਪਟਿਆਲਾ, 17 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਅਤੇ ਪਟਿਆਲਾ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨਾਭਾ ਰੋਡ ਪਟਿਆਲਾ ਵਿਖੇ ਅੰਤਰਰਾਸ਼ਟਰੀ ਯੁਵਾ ਦਿਵਸ ਪ੍ਰਿੰਸੀਪਲ ਰਾਕੇਸ਼ ਕੁਮਾਰ ਬੰਗਾ ਦੀ ਅਗਵਾਈ ਹੇਠ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਬਤੌਰ ਮੁੱਖ ਮਹਿਮਾਨ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਸਲਿਗ ਸੈਲ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਸਰਕਾਰੀ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਨੇ ਕੀਤੀ। ਇਸ ਮੌਕੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਸੁਖਵੰਤ ਸਿੰਘ ਟ੍ਰੇਨਿੰਗ ਅਫ਼ਸਰ, ਅਨਿਲ ਖੰਨਾ ਹੋਸਟਲ ਸੁਪਰਡੈਂਟ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ, ਗੁਰਮਨਜੋਤ ਕੌਰ, ਗਗਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਭਿੰਦਰ ਜਲਵੇੜਾ ਨੇ ਵੀ ਸ਼ਿਰਕਤ ਕੀਤੀ।



ਇਸ ਮੌਕੇ ਸੰਬੋਧਨ ਕਰਦਿਆਂ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਸੰਘ ਵੱਲੋਂ ਹਰ ਸਾਲ 17 ਅਗਸਤ ਨੂੰ ਅੰਤਰਰਾਸ਼ਟਰੀ ਯੁਵਾ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਣ ਦਾ ਮੁੱਖ ਉਦੇਸ਼ ਦੁਨੀਆ ਭਰ ਦੇ ਨੌਜਵਾਨਾਂ ਦੀਆਂ ਸਮੱਸਿਆਵਾਂ ਵੱਲ ਧਿਆਨ ਦਿਵਾਉਣਾ, ਉਨ੍ਹਾਂ ਦੀ ਆਵਾਜ਼ ਨੂੰ ਮੰਚ ਦੇਣਾ ਅਤੇ ਸਮਾਜ ਦੀ ਉਸਾਰੀ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਸਨਮਾਨਿਤ ਕਰਨਾ ਹੈ। ਭਾਰਤ ਵਰਗੇ ਦੇਸ਼ ਲਈ ਇਹ ਦਿਨ ਹੋਰ ਵੀ ਮਹੱਤਵਪੂਰਨ ਹੈ, ਕਿਉਂਕਿ ਭਾਰਤ ਦੁਨੀਆ ਦਾ ਸਭ ਤੋਂ ਵੱਧ ਨੌਜਵਾਨ ਆਬਾਦੀ ਵਾਲਾ ਦੇਸ਼ ਹੈ।

ਇਸ ਸਾਲ ਦਾ ਵਿਸ਼ਾ-ਵਸਤੂ ਸੰਯੁਕਤ ਰਾਸ਼ਟਰ ਸੰਘ ਵੱਲੋਂ ਇਸ ਸਾਲ 2026 ਲਈ ਅੰਤਰਰਾਸ਼ਟਰੀ ਯੁਵਾ ਦਿਵਸ ਦਾ ਵਿਸ਼ਾ-ਵਸਤੂ ਵੱਖ-ਵੱਖ ਪ੍ਰਸੰਗ, ਸਾਂਝੀਆਂ ਇੱਛਾਵਾਂ ਰੱਖਿਆ ਗਿਆ ਹੈ। ਇਸ ਵਿਸ਼ੇ ਦਾ ਭਾਵ ਹੈ ਕਿ ਭਾਵੇਂ ਦੁਨੀਆ ਭਰ ਦੇ ਨੌਜਵਾਨ ਵੱਖ-ਵੱਖ ਦੇਸ਼ਾਂ, ਸੱਭਿਆਚਾਰਾਂ ਅਤੇ ਹਾਲਾਤਾਂ ਵਿੱਚ ਰਹਿੰਦੇ ਹਨ, ਪਰ ਉਨ੍ਹਾਂ ਦੇ ਸੁਪਨੇ ਇੱਕੋ ਜਿਹੇ ਹਨ - ਸਨਮਾਨ, ਸਿੱਖਿਆ, ਰੁਜ਼ਗਾਰ, ਬਰਾਬਰਤਾ ਅਤੇ ਭਾਗੀਦਾਰੀ ਦੇ ਮੌਕੇ। ਇਸ ਤੋਂ ਪਹਿਲਾਂ 2025 ਦਾ ਵਿਸ਼ਾ-ਵਸਤੂ ਸਥਾਨਕ ਯੁਵਾ ਕਾਰਜਾਂ ਰਾਹੀਂ ਟਿਕਾਊ ਵਿਕਾਸ ਦੇ ਟੀਚੇ ਸੀ, ਜਿਸ ਨੇ ਸਥਾਨਕ ਪੱਧਰ 'ਤੇ ਨੌਜਵਾਨਾਂ ਦੀ ਭੂਮਿਕਾ ਨੂੰ ਉਜਾਗਰ ਕੀਤਾ ਸੀ। ਇਸ ਮੌਕੇ ਉਨ੍ਹਾਂ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਜਦੋਂ ਨੌਜਵਾਨ ਅਗਵਾਈ ਕਰਦੇ ਹਨ, ਤਾਂ ਸਮਾਜ ਖੁਸ਼ਹਾਲ ਹੁੰਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ, ਹੁਨਰ ਵਿਕਾਸ, ਅੰਕੜਾ ਸਾਖਰਤਾ, ਖੇਡਾਂ ਅਤੇ ਸਮਾਜ ਸੇਵਾ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਉਹਨਾਂ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਵੀ ਜਾਗਰੂਕ ਕੀਤਾ ਗਿਆ।

ਪ੍ਰੋਗਰਾਮ ਦੇ ਅੰਤ ਵਿੱਚ, ਸਾਰੇ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਯੁਵਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ, ਉਨ੍ਹਾਂ ਨੂੰ ਦੇਸ਼ ਦੇ ਭਵਿੱਖ ਨਿਰਮਾਣ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਨੌਜਵਾਨਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

# ਨਾਰੀ ਸੰਸਾਰ

## ਕੀ ਸਮਾਰਟ ਫੋਨ ਬਣਾਉਂਦਾ ਹੈ ਸਮਾਰਟ



ਅਜੋਕੇ ਯੁੱਗ ਵਿਚ ਫੋਨ ਤਾਂ ਸਾਡੀ ਸਭ ਦੀ ਜ਼ਿੰਦਗੀ ਦੀ ਅਹਿਮ ਜ਼ਰੂਰਤ ਬਣ ਗਿਆ ਹੈ। ਅੱਜਕਲ੍ਹ ਹਰ ਚੀਜ਼ ਦੀ ਸਹੂਲਤ ਆਨਲਾਈਨ ਜੁ ਮਿਲ ਗਈ ਹੈ। ਸਮੇਂ ਦੇ ਨਾਲ ਚਲਣਾ ਵੀ ਜ਼ਰੂਰੀ ਹੈ। ਸਕਾਰਾਤਮਕ ਢੰਗ ਨਾਲ ਤਾਂ ਫੋਨ ਬਹੁਤ ਫਾਇਦੇਮੰਦ ਹੈ ਪਰ ਜਦੋਂ ਨਕਾਰਾਤਮਕ ਤਰੀਕੇ ਨਾਲ ਇਸਤੇਮਾਲ ਕਰਦੇ ਹਾਂ ਤਾਂ ਨੁਕਸਾਨ ਵੀ ਬਹੁਤ ਕਰਦਾ ਹੈ। ਅੱਜਕਲ੍ਹ ਬਹੁਤ ਛੋਟੇ ਬੱਚੇ ਵੀ ਹੱਥ ਵਿਚ ਮੋਬਾਈਲ ਫੋਨ ਆਮ ਰੱਖਦੇ ਦੇਖੇ ਜਾਂਦੇ ਹਨ। ਹੈਰਾਨੀ ਵੀ ਹੁੰਦੀ ਹੈ ਕਿ ਜਿਹੜੇ ਬੱਚੇ ਪੂਰੀ ਤਰ੍ਹਾਂ ਬੋਲਣਾ ਵੀ ਨਹੀਂ ਸਿੱਖੇ ਹੁੰਦੇ, ਫੋਨ ਦੀਆਂ ਸਾਰੀਆਂ ਗੇਮਾਂ ਅਤੇ ਐਪਲੀਕੇਸ਼ਨਾਂ ਜਾਣਦੇ ਹਨ। ਕੀ ਛੋਟੇ ਬੱਚਿਆਂ ਦੇ ਹੱਥ ਵਿਚ ਫੋਨ ਦੇਣਾ ਸਹੀ ਹੈ ? ਮਾਪਿਆਂ ਨੂੰ ਵੀ ਕਈ ਵਾਰ ਠੀਕ ਲਗਦਾ ਹੈ ਕਿ ਚਲੋ ਬੱਚਾ ਫੋਨ ਦੇ ਕੰਮ ਲੱਗਿਆ ਰਹੇਗਾ, ਸ਼ਰਾਰਤਾਂ ਘੱਟ ਕਰੇਗਾ ਅਤੇ ਅਸੀਂ ਵੀ ਘੱਟ ਪ੍ਰੇਸ਼ਾਨ ਹੋਵਾਂਗੇ। ਪਰ 'ਸਮਾਰਟ ਫੋਨ' ਦਾ ਜ਼ਿਆਦਾ ਇਸਤੇਮਾਲ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਉੱਤੇ ਪ੍ਰਭਾਵ ਪਾਉਂਦਾ ਹੈ। ਫੋਨ ਦੀ ਆਦਤ ਬੱਚੇ ਨੂੰ ਬਾਹਰਲੇ ਵਾਤਾਵਰਨ ਤੋਂ ਦੂਰ ਕਰਦੀ ਹੈ ਤੇ ਉਹ ਬਾਹਰ ਜਾ ਕੇ ਖੇਡਦਾ ਹੀ ਨਹੀਂ। ਜੋ ਕੁਝ ਉਸ ਨੇ ਬਾਹਰ ਬੱਚਿਆਂ ਨਾਲ ਖੇਡ ਕੇ ਸਿੱਖਣਾ ਹੁੰਦਾ ਹੈ, ਉਸ ਤੋਂ ਉਹ ਵਾਂਝਾ ਰਹਿ ਜਾਂਦਾ ਹੈ। ਬੱਚੇ ਦੀ ਰਚਨਾਤਮਕ, ਕਾਲਪਨਿਕ ਤੇ ਸਵਾਲ ਪੁੱਛਣ ਦੀ ਬਿਰਤੀ ਖ਼ਤਮ ਹੁੰਦੀ ਜਾਂਦੀ ਹੈ। ਇਹ ਆਦਤ ਕਈ ਵਾਰ ਬੇਚੈਨ ਅਤੇ ਅਸਹਿਣਸ਼ੀਲ ਵੀ ਬਣਾਉਂਦੀ ਹੈ। ਬੱਚੇ ਦੂਜਿਆਂ ਤੋਂ ਕੱਟੇ-ਕੱਟੇ ਰਹਿਣ ਲੱਗ ਪੈਂਦੇ ਹਨ ਤੇ ਇਕੱਲਾ ਰਹਿਣਾ ਜ਼ਿਆਦਾ ਪਸੰਦ ਕਰਨ ਲੱਗ ਜਾਂਦੇ ਹਨ। ਬੱਚਿਆਂ ਦੀ ਸੁਰੱਖਿਆ ਦੀ ਲੋੜ ਦੇ ਹਿਸਾਬ ਨਾਲ ਤਾਂ ਫੋਨ ਦੇਣਾ ਠੀਕ ਹੈ। ਪੜ੍ਹਾਈ ਲਈ ਇਸ ਦੇ ਇਸਤੇਮਾਲ ਕਰਨ ਵੇਲੇ ਵੱਡਿਆਂ ਦੀ ਹਾਜ਼ਰੀ ਜ਼ਰੂਰੀ ਹੈ ਪਰ ਜ਼ਰੂਰਤ ਤੋਂ ਜ਼ਿਆਦਾ ਖਤਰਨਾਕ ਹੈ। ਬੱਚੇ ਫੋਨ ਦੇ ਆਦੀ ਨਾ ਹੋਣ, ਇਸ ਲਈ ਉਨ੍ਹਾਂ ਨੂੰ 'ਸਮਾਰਟ ਫੋਨ' ਨਹੀਂ ਆਪਣਾ 'ਸਮਾਰਟ ਸਮਾਂ' ਦੇਣਾ ਚਾਹੀਦਾ ਹੈ। ਆਖਰ ਬੱਚੇ ਹੀ ਤਾਂ ਹਨ ਸਾਡਾ ਅਸਲੀ ਸਰਮਾਇਆ।

**ਬੱਚੇ ਦੀ ਰਚਨਾਤਮਕ, ਕਾਲਪਨਿਕ ਤੇ ਸਵਾਲ ਪੁੱਛਣ ਦੀ ਬਿਰਤੀ ਖ਼ਤਮ ਹੁੰਦੀ ਜਾਂਦੀ ਹੈ। ਇਹ ਆਦਤ ਕਈ ਵਾਰ ਬੇਚੈਨ ਅਤੇ ਅਸਹਿਣਸ਼ੀਲ ਵੀ ਬਣਾਉਂਦੀ ਹੈ।**

**ਨਰਿੰਦਰਪਾਲ ਕੌਰ**

## ਵਿਚਾਰਾਂ ਦੀ ਸ਼ਕਤੀ ਦਾ ਕਮਾਲ



• ਅਜੀਤ ਸਿੰਘ ਚੰਦਨ

**ਤੁਹਾਡੀ ਰੂਹ ਤੇ ਕਲਬੂਤ ਵਿੱਚ ਚੰਗੀ ਕਲਪਨਾ ਤਦ ਹੀ ਪ੍ਰਵੇਸ਼ ਕਰੇਗੀ ਜੇਕਰ ਤੁਹਾਡੇ ਅੰਦਰ ਰੌਸ਼ਨੀ ਹੈ। ਤੁਸੀਂ ਆਪਣੇ ਮਨ ਨੂੰ ਸਾਧਿਆ ਹੈ ਤੇ ਚੰਗੀ ਸਾਧਨਾ ਲਈ ਪ੍ਰੇਰਿਆ ਹੈ। ਸੋਹਣੀ-ਸੁਚੱਜੀ ਤੇ ਸਾਵੀਂ ਜ਼ਿੰਦਗੀ ਦੀ ਜਾਚ ਕੇਵਲ ਨਵੀਆਂ ਪੁਸਤਕਾਂ ਪੜ੍ਹਨ ਨਾਲ ਹੀ ਆ ਸਕੇਗੀ। ਇਨਸਾਨ ਕੇਵਲ ਅੰਨ ਖਾਣ ਵਾਲਾ ਪਸ਼ੂ ਨਹੀਂ ਸਗੋਂ ਰੱਬ ਨੇ ਇਨਸਾਨ ਨੂੰ ਸਾਰੇ ਜਾਨਵਰਾਂ ਨਾਲੋਂ ਸ਼੍ਰੇਸ਼ਟ ਬੁੱਧੀ ਤੇ ਦਿਮਾਗ਼ ਦਿੱਤਾ ਹੈ।**

ਜਿਹੋ ਜਿਹੇ ਵਿਚਾਰ ਹਨ, ਓਹੋ ਜਿਹੇ ਤੁਸੀਂ ਇਨਸਾਨ ਹੋ। ਵਿਚਾਰਾਂ ਵਿੱਚ ਸ਼ਕਤੀ ਹੁੰਦੀ ਹੈ ਤੇ ਚੰਗੇ ਵਿਚਾਰ ਇਨਸਾਨ ਨੂੰ ਇੱਕ ਚੰਗਾ ਇਨਸਾਨ ਬਣਾ ਦਿੰਦੇ ਹਨ। ਜੇ ਤੁਹਾਡੇ ਵਿਚਾਰ ਚੰਗੇ ਨਹੀਂ ਤਾਂ ਤੁਸੀਂ ਤਰੱਕੀ ਨਹੀਂ ਕਰ ਸਕੋਗੇ। ਸਗੋਂ ਇੱਕ ਹੀ ਘਿਸੇ-ਪਿਟੇ ਰਾਹ ਉੱਤੇ ਤੁਰਦਿਆਂ ਤੁਸੀਂ ਆਪਣੀ ਸਾਰੀ ਜ਼ਿੰਦਗੀ ਗੁਜ਼ਾਰ ਦੇਵੋਗੇ। ਇਸੇ ਲਈ ਸਿਆਣਿਆਂ ਨੇ ਕਿਹਾ ਹੈ ਕਿ ਜੇ ਤੁਸੀਂ ਤਰੱਕੀ ਕਰਨੀ ਹੈ ਤਾਂ ਆਪਣੇ ਵਿਚਾਰ ਬਦਲ ਲਵੋ। ਵਿਚਾਰ ਬਦਲਣ ਨਾਲ ਤੁਸੀਂ ਨਵੇਂ ਇਨਸਾਨ ਬਣਦੇ ਜਾਓਗੇ।

ਜਿੰਨੇ ਵੀ ਫਿਲਾਸਫਰ ਦੁਨੀਆਂ 'ਤੇ ਹੋਏ ਹਨ, ਉਨ੍ਹਾਂ ਨੇ ਆਪਣੇ ਉੱਚੇ ਵਿਚਾਰਾਂ ਨਾਲ ਦੁਨੀਆਂ 'ਤੇ ਰਾਜ ਕੀਤਾ ਹੈ। ਕਈ ਵੱਡੇ ਪੀਰ-ਪੈਗੰਬਰਾਂ ਨੇ ਆਪਣੀ ਸ਼ੁੱਧ ਤੇ ਸ਼ਕਤੀਸ਼ਾਲੀ ਵਿਚਾਰਾਂ ਨਾਲ ਦੁਨੀਆਂ ਦੇ ਲੋਕਾਂ ਨੂੰ ਬਦਲਿਆ ਹੈ। ਬਾਬੇ ਨਾਨਕ ਨੇ ਆਪਣੇ ਵਿਚਾਰਾਂ ਨਾਲ ਭੁੱਲੇ-ਭਟਕਿਆਂ ਨੂੰ ਸਿੱਧੇ ਰਾਹ ਪਾਇਆ ਹੈ। ਕੌਡੇ ਰਾਕਸ਼ ਤੇ ਵਲੀ ਕੰਧਾਰੀ ਵਰਗੇ ਹੰਕਾਰਿਆਂ ਦਾ ਸਿਰ ਨੀਵਾਂ ਕੀਤਾ ਹੈ। ਇਸੇ ਲਈ ਦੁਨੀਆਂ ਅੱਜ ਵਿਚਾਰਾਂ ਦੀ ਕਦਰ ਕਰਨ ਲੱਗੀ ਹੈ। ਪੜ੍ਹੇ-ਲਿਖੇ ਇਨਸਾਨ ਹੋਰ ਉੱਚੀ ਪੜ੍ਹਾਈ ਕਰਨ ਲਈ ਬਾਹਰਲੇ ਮੁਲਕਾਂ ਦੇ ਚੱਕਰ ਕੱਟਦੇ ਹਨ ਤੇ ਕਈ ਵਿਦਿਆਰਥੀ ਉਨ੍ਹਾਂ ਮੁਲਕਾਂ 'ਚ ਚੰਗੀ ਸਿੱਖਿਆ ਲਈ ਪੜ੍ਹਨ ਚਲੇ ਜਾਂਦੇ ਹਨ। ਉੱਥੇ ਰਹਿ ਕੇ ਕਿਸੇ ਯੂਨੀਵਰਸਿਟੀ ਵਿੱਚ ਦਾਖਲਾ ਲੈ ਕੇ ਉਹ ਪੜ੍ਹਾਈ ਕਰਕੇ ਵੱਡੇ ਅਹੁਦਿਆਂ 'ਤੇ ਲੱਗੇ ਹੋਏ ਹਨ। ਕਈ ਕੰਪਿਊਟਰ ਸਾਇੰਸ ਦੀ ਉੱਚੀ ਡਿਗਰੀ ਪ੍ਰਾਪਤ ਕਰਕੇ ਕਿਤੇ ਦੇ ਕਿਤੇ ਪਹੁੰਚ ਗਏ ਹਨ। ਉੱਚੇ ਤੇ ਚੰਗੇ ਵਿਚਾਰ ਇਨਸਾਨ ਦੀ ਮੰਦਬੁੱਧੀ ਵਿੱਚ ਚਾਨਣ ਭਰ ਦਿੰਦੇ ਹਨ ਤੇ ਇਨਸਾਨ ਬਦਲ ਜਾਂਦਾ ਹੈ, ਪਰ ਇਹ ਤਦ ਹੀ ਵਾਪਰਦਾ ਹੈ, ਜੇ ਕੋਈ ਇਨਸਾਨ ਉੱਚੇ ਵਿਚਾਰਾਂ ਦਾ ਧਾਰਨੀ ਬਣਨ ਦੀ ਇੱਛਾ ਰੱਖਦਾ ਹੋਵੇ। ਨਹੀਂ ਤਾਂ ਕੋਹਲੂ ਦੇ ਬਲਦ ਵਾਂਗ ਇਨਸਾਨ ਆਪਣੀਆਂ ਅੱਖਾਂ 'ਤੇ ਖੋਪੇ ਬੰਨ੍ਹੀ ਸਾਰੀ ਉਮਰ ਉਸੇ ਇੱਕ ਚੱਕਰ ਵਿੱਚ ਘੁੰਮਦਾ ਰਹਿੰਦਾ ਹੈ। ਉਸ ਨੂੰ ਸੋਝੀ ਨਹੀਂ ਹੁੰਦੀ ਕਿ ਦੁਨੀਆਂ ਹੋਰ ਵੀ ਸੋਹਣੀ, ਸੁਚੱਜੀ ਤੇ ਸੁੰਦਰ ਹੈ। ਸਿਰਫ਼ ਇੱਕੋ ਜਗ੍ਹਾ ਗੇੜੇ ਕੱਢੀ ਜਾਵੋ, ਹਨੇਰ ਢੋਣ ਦੇ ਸਾਮਾਨ ਹੈ। ਦੁਨੀਆਂ ਬਦਲ ਰਹੀ ਹੈ ਤੇ ਹੋਰ ਚੰਗੀ ਬਣ ਰਹੀ ਹੈ। ਤੁਹਾਨੂੰ ਵੀ ਚਾਹੀਦਾ ਹੈ ਕਿ ਤੁਸੀਂ ਨਵੀਂ ਦੁਨੀਆਂ ਨਾਲ ਆਪਣੇ ਕਦਮ ਮਿਲਾ ਕੇ ਤੁਰ ਸਕੋ।

ਗੌਤਮ ਬੁੱਧ ਨੇ ਜੰਗਲਾਂ ਵਿੱਚ ਸੂਲਾਂ ਮਿੱਧਦਿਆਂ 6 ਸਾਲ ਗੁਜ਼ਾਰ ਦਿੱਤੇ ਤੇ ਫਿਰ ਸੱਤਵੇਂ ਸਾਲ ਗਯਾ ਦੇ ਬੋਹੜ ਥੱਲੇ ਸਮਾਧੀ ਲਾ ਕੇ ਬੈਠ ਗਿਆ, ਜਿੱਥੇ ਉਸ ਨੂੰ ਗਿਆਨ ਦੀ ਪ੍ਰਾਪਤੀ ਹੋਈ, ਭਾਵ ਉਹ ਜਾਗ ਗਿਆ। ਫਿਰ ਉਸ ਨੇ ਆਪਣੇ ਨਵੇਂ ਧਰਮ ਬੁੱਧ ਮੱਤ ਦਾ ਪ੍ਰਚਾਰ ਕੀਤਾ। ਹਨੇਰੇ ਵਿੱਚ ਡੁੱਬੀ ਦੁਨੀਆਂ ਨੂੰ ਚਾਨਣ ਦਾ ਰਾਹ ਦਿਖਾਇਆ। ਇੰਜ ਹੀ ਇੱਕ ਹੋਰ ਫਿਲਾਸਫਰ ਦਲਾਈਲਾਮਾ ਸਾਰੀ ਦੁਨੀਆਂ 'ਤੇ ਘੁੰਮ-ਫਿਰ ਕੇ ਗਿਆਨ ਵੰਡਦਾ ਆ ਰਿਹਾ ਹੈ। ਇਹੀ ਵਜ੍ਹਾ ਹੈ ਕਿ ਹਜ਼ਾਰਾਂ ਵਿਦਿਆਰਥੀ ਜਿਹੜੇ ਚਾਨਣ ਤੇ ਉੱਚੇ ਵਿਚਾਰਾਂ ਦੀ ਭਾਲ ਵਿੱਚ ਹਨ, ਕਿਸੇ ਲਾਇਬਰੇਰੀ ਵਿੱਚ ਜਾਂਦੇ ਹਨ ਤੇ ਪੁਸਤਕਾਂ ਪੜ੍ਹਦੇ ਹਨ। ਪੁਸਤਕਾਂ ਵਿੱਚ ਬੜੇ ਉੱਚੇ ਵਿਚਾਰ ਤੇ ਸੁੰਦਰ ਖਿਆਲ ਹੁੰਦੇ ਹਨ ਜਿਨ੍ਹਾਂ ਨੂੰ ਪੜ੍ਹ ਕੇ ਤੁਸੀਂ ਬਦਲ ਸਕਦੇ ਹੋ। ਇੱਕ ਆਮ ਬੰਦਾ ਵੀ ਹੇਠਲੇ ਪੱਧਰ ਤੋਂ ਉੱਠ ਕੇ ਚੰਗਾ ਸਿਆਣਾ ਇਨਸਾਨ ਬਣ ਸਕਦਾ ਹੈ।

ਇਨਸਾਨ ਨੂੰ ਕੇਵਲ ਧਨ ਕਮਾਉਣ ਤੀਕ ਹੀ ਸੀਮਤ ਨਹੀਂ ਹੋਣਾ ਚਾਹੀਦਾ। ਵਧੇਰੇ ਧਨ ਨਾਲ ਤੁਸੀਂ ਚੰਗਾ ਘਰ, ਚੰਗੇ ਕੱਪੜੇ ਤੇ ਹੋਰ ਸਾਮਾਨ ਜ਼ਰੂਰ ਖ਼ਰੀਦ ਸਕਦੇ ਹੋ, ਪਰ ਖ਼ੁਸ਼ੀ, ਖ਼ੁਸ਼ਹਾਲ ਜ਼ਿੰਦਗੀ ਤੇ ਬੁੱਧੀ ਨਹੀਂ ਖ਼ਰੀਦ ਸਕਦੇ।

ਤੁਹਾਡੀ ਰੂਹ ਤੇ ਕਲਬੂਤ ਵਿੱਚ ਚੰਗੀ ਕਲਪਨਾ ਤਦ ਹੀ ਪ੍ਰਵੇਸ਼ ਕਰੇਗੀ ਜੇਕਰ ਤੁਹਾਡੇ ਅੰਦਰ ਰੌਸ਼ਨੀ ਹੈ। ਤੁਸੀਂ ਆਪਣੇ ਮਨ ਨੂੰ ਸਾਧਿਆ ਹੈ ਤੇ ਚੰਗੀ ਸਾਧਨਾ ਲਈ ਪ੍ਰੇਰਿਆ ਹੈ। ਸੋਹਣੀ-ਸੁਚੱਜੀ ਤੇ ਸਾਵੀਂ ਜ਼ਿੰਦਗੀ ਦੀ ਜਾਚ ਕੇਵਲ ਨਵੀਆਂ ਪੁਸਤਕਾਂ ਪੜ੍ਹਨ ਨਾਲ ਹੀ ਆ ਸਕੇਗੀ। ਇਨਸਾਨ ਕੇਵਲ ਅੰਨ ਖਾਣ ਵਾਲਾ ਪਸ਼ੂ ਨਹੀਂ ਸਗੋਂ ਰੱਬ ਨੇ ਇਨਸਾਨ ਨੂੰ ਸਾਰੇ ਜਾਨਵਰਾਂ ਨਾਲੋਂ ਸ਼੍ਰੇਸ਼ਟ ਬੁੱਧੀ ਤੇ ਦਿਮਾਗ਼ ਦਿੱਤਾ ਹੈ। ਇਸ ਦੀ ਵਰਤੋਂ ਇਨਸਾਨ ਨੇ ਖ਼ੁਦ ਕਰਨੀ ਹੈ। ਜਿਹੜੇ ਇਨਸਾਨ ਆਪਣਾ ਮੂੰਹ ਚਾਨਣ ਵੱਲ ਕਰਦੇ ਹਨ, ਹੋਰ ਚਾਨਣ ਪ੍ਰਾਪਤ ਦੀ ਭਾਲ ਵਿੱਚ ਵਧਦੇ ਜਾਂਦੇ ਹਨ। ਪਰ ਹਨੇਰੇ ਵੱਲ ਜਾ ਰਹੇ ਯਾਤਰੀ ਕਿਸੇ ਹਨੇਰੇ ਜੰਗਲ ਵਿੱਚ ਜਾ ਪਹੁੰਚਦੇ ਹਨ। ਇਹ ਵੀ ਨਰਕ ਤੇ ਸਵਰਗ ਵਾਲੀ ਗੱਲ ਹੈ। ਜੇ ਤੁਸੀਂ ਇਸ ਧਰਤੀ 'ਤੇ ਸਵਰਗ ਵੇਖਣਾ ਹੈ ਤੇ ਅੰਦਰਲੀ ਰੌਸ਼ਨੀ ਪ੍ਰਾਪਤ ਕਰਨੀ ਹੈ ਤਾਂ ਇਹ ਰੌਸ਼ਨੀ ਚੰਗੀਆਂ ਪੁਸਤਕਾਂ ਪੜ੍ਹ ਕੇ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ। ਮਹਾਨ ਬਣਨ ਲਈ ਕਵੀ ਵਰਜਿੱਲ ਤੇ ਵਿਕਟਰ ਹਿਊਗੋ ਜਾਂ ਵਾਲਟੇਅਰ ਬਣਨਾ ਪਵੇਗਾ।

ਇਨ੍ਹਾਂ ਖੁੱਲ੍ਹੇ ਵਿਚਾਰਾਂ ਤੇ ਨਵੀਂ ਜ਼ਿੰਦਗੀ ਲਈ ਇਸ ਧਰਤੀ 'ਤੇ ਸਵਰਗ ਲਿਆਉਣ ਖ਼ਾਤਰ ਆਪਣੇ ਦੇਸ਼ ਦੀ ਹਕੂਮਤ ਤੋਂ ਦੇਸ਼ ਨਿਕਾਲਾ ਵੀ ਸਵੀਕਾਰ ਕੀਤਾ, ਪਰ ਰੌਸ਼ਨੀ ਦੀ ਭਾਲ ਵਿੱਚ ਰੁਕੇ ਨਹੀਂ, ਸਗੋਂ ਹੋਰ ਅੱਗੇ ਵਧਦੇ ਗਏ। ਇਨ੍ਹਾਂ ਮਹਾਨ ਕਵੀਆਂ ਦੀਆਂ ਰਚਨਾਵਾਂ ਪੜ੍ਹ ਕੇ ਇਨਸਾਨ ਦਾ ਅੰਦਰਲਾ ਹਨੇਰਾ ਕਿਧਰੇ ਲੋਪ ਹੋ ਜਾਂਦਾ ਹੈ। ਜੇਕਰ ਸਾਡੇ ਦੇਸ਼ ਵਿੱਚ ਭੁੱਖ, ਮਾੜਾ ਪ੍ਰਬੰਧ ਤੇ ਬਦ-ਅਮਨੀ ਹੈ ਤਾਂ ਇਹ ਕੇਵਲ ਗਿਆਨ ਦੀ ਘਾਟ ਕਾਰਨ ਹੈ। ਅਨਪੜ੍ਹ ਲੋਕ ਹਨੇਰੇ ਵਿੱਚ ਰਹਿ ਕੇ ਹੋਰ ਹਨੇਰਾ ਫਲੈਅ ਰਹੇ ਹਨ। ਰਾਹਗੀਰਾਂ ਨੂੰ ਲੁੱਟ ਰਹੇ ਹਨ ਤੇ ਔਰਤਾਂ 'ਤੇ ਜ਼ੁਲਮ ਕਰ ਰਹੇ ਹਨ।

ਅੱਜ ਲੋੜ ਹੈ ਕਿ ਸਾਡੇ ਦੇਸ਼ ਵਿੱਚ ਹੋਰ ਰੌਸ਼ਨੀ ਲਈ ਨਵੀਆਂ ਪੁਸਤਕਾਂ ਖ਼ਰੀਦ ਕੇ ਲਾਇਬ੍ਰੇਰੀਆਂ ਖੋਲ੍ਹੀਆਂ ਜਾਣ। ਜੇਲ੍ਹਾਂ ਦੀ ਥਾਂ ਗਿਆਨ ਦੇ ਬੂਹੇ ਖੋਲ੍ਹਣ ਦੀ ਲੋੜ ਹੈ। ਅੱਜ ਇਸ ਹਨੇਰੇ ਵਿੱਚ ਡੁੱਬ ਰਹੇ ਮੁਲਕ ਨੂੰ ਬਚਾਉਣ ਲਈ ਇੱਕ ਹੋਰ ਗੁਰੂ ਨਾਨਕ ਦੇਵ ਜਾਂ ਗੌਤਮ ਬੁੱਧ ਦੀ ਲੋੜ ਹੈ।

**× ਆਪਣੀ ਮਰਿਆਦਾ ਅਤੇ ਸੰਸਕਾਰਾਂ ਨੂੰ ਅਣਡਿੱਠ ਨਾ ਕਰੋ। × ਫੁਰਸਤ ਦੇ ਪਲਾਂ ਵਿਚ ਦਿਲ ਨੂੰ ਖੁਸ਼ੀ ਦੇਣ ਵਾਲੀਆਂ ਮਿੱਠੀਆਂ ਯਾਦਾਂ ਵਿਚ ਡੁੱਬ ਕੇ ਅਨੰਦਿਤ ਹੋਵੋ। × ਦੂਜਿਆਂ ਨਾਲ ਉਸੇ ਤਰ੍ਹਾਂ ਦਾ ਹੀ ਵਿਵਹਾਰ ਕਰੋ, ਜਿਹੋ ਜਿਹਾ ਤੁਸੀਂ ਉਨ੍ਹਾਂ ਤੋਂ ਆਪਣੇ ਲਈ ਚਾਹੁੰਦੇ ਹੋ। × ਕਿਸੇ ਨੂੰ ਮਿਲਦੇ ਹੋਏ ਬੁੱਲ੍ਹਾਂ 'ਤੇ ਹਮੇਸ਼ਾ ਮੁਸਕਾਨ ਰੱਖੋ। × ਤੁਹਾਡੇ ਉੱਠਣ, ਬੈਠਣ ਅਤੇ ਚੱਲਣ ਵਿਚ ਤੁਹਾਡਾ ਸਲੀਕਾ ਦਿਖਾਈ ਦੇਣਾ ਚਾਹੀਦਾ ਹੈ। × ਉਮਰ ਭਾਵੇਂ ਕੋਈ ਵੀ ਹੋਵੇ, ਆਪਣੇ-ਆਪ ਨੂੰ ਆਕਰਸ਼ਕ ਬਣਾ ਕੇ ਰੱਖੋ। × ਕਿਸੇ ਸਭਾ ਜਾਂ ਸਮੂਹ ਵਿਚ ਸਲੀਕੇ ਨਾਲ ਬੈਠੋ। ਆਪਣੀ ਸੱਭਿਅਤਾ ਨੂੰ ਕਦੇ ਨਾ ਭੁੱਲੋ।**

## ਘੱਟ ਰਿਹਾ ਹੈ ਮਹਿਮਾਨਨਿਵਾਜ਼ੀ ਦਾ ਰੁਝਾਨ



ਦਿਨੇਸ਼ ਦਮਾਥੀਆ

ਪੂਰੀ ਦੁਨੀਆਂ ਵਿੱਚ ਪੰਜਾਬੀਆਂ ਨੂੰ ਉਨ੍ਹਾਂ ਦੀ ਮਹਿਮਾਨ ਨਿਵਾਜ਼ੀ ਕਰਕੇ ਜਾਣਿਆਂ ਅਤੇ ਪਛਾਣਿਆ ਜਾਂਦਾ ਹੈ। ਪਰ ਸਮੇਂ ਦੇ ਚੱਲਦੇ ਹੁਣ ਪੰਜਾਬੀਆਂ ਦੇ ਸੁਭਾਅ ਵਿੱਚੋਂ ਮਹਿਮਾਨਨਿਵਾਜ਼ੀ ਬਹੁਤ ਘੱਟਦੀ ਜਾ ਰਹੀ ਹੈ। ਲੋਕਾਂ ਵਿੱਚ ਆਪਸੀ ਸਾਂਝ ਦਾ ਘਟਣਾ ਵੀ ਇਸ ਦਾ ਇੱਕ ਵੱਡਾ ਕਾਰਨ ਮੰਨਿਆ ਜਾ ਸਕਦਾ ਹੈ। ਹਰ ਕੋਈ ਆਪਣੇ ਕੰਮ ਕਾਰੋਬਾਰ ਵਿੱਚ ਇੰਨਾ ਰੁੱਝ ਚੁੱਕਾ ਹੈ ਕਿ ਉਸ ਕੋਲ ਘਰ ਆਏ ਮਹਿਮਾਨ ਦੀ ਸੇਵਾ ਕਰਨਾ ਤਾਂ ਦੂਰ ਉਸ ਦੇ ਕੋਲ ਦੋ ਘੜੀਆਂ ਬੈਠਣ ਤਕ ਦਾ ਵੀ ਸਮਾਂ ਨਹੀਂ ਹੁੰਦਾ। ਰਿਸ਼ਤੇਦਾਰਾਂ ਅਤੇ ਰਿਸ਼ਤਿਆਂ ਵਿੱਚ ਫਿੱਕਾਪਣ ਵਧਣ ਕਰਕੇ ਵੀ ਇਨਸਾਨ ਦੇ ਸੁਭਾਅ ਵਿੱਚ ਖਿੱਝ ਵਾਲਾ ਵਤੀਰਾ ਪੈਦਾ ਹੋ ਗਿਆ ਹੈ।

ਨੌਜਵਾਨ ਪੀੜ੍ਹੀ ਵਿੱਚ ਪਰਿਵਾਰਕ ਸ਼ਿਸ਼ਟਾਚਾਰਾਂ ਦੀ ਬਹੁਤ ਜ਼ਿਆਦਾ ਘਾਟ ਹੋ ਰਹੀ ਹੈ। ਅੱਜ ਲੋਕਾਂ ਕੋਲ ਕਿਸੇ ਨੂੰ ਮਿਲਣ ਗਿਲਣ ਦਾ ਸਮਾਂ ਹੀ ਨਹੀਂ ਰਿਹਾ। ਇਸ ਪਿੱਛੇ ਕਿਤੇ ਲੋਕਾਂ ਦਾ ਬਹੁਤ ਜ਼ਿਆਦਾ ਪੜ੍ਹ ਲਿਖ ਜਾਣਾ ਵੀ ਇੱਕ ਵੱਡਾ ਕਾਰਨ ਹੈ। ਪੰਜਾਬ ਦੇ ਬਹੁਤੇ ਪੇਂਡੂ ਲੋਕ ਪਿੰਡਾਂ ਤੋਂ ਸ਼ਹਿਰਾਂ ਵੱਲ ਨੂੰ ਜਾਣ ਲੱਗੇ ਹਨ, ਇਸ ਕਰਕੇ ਪਿੰਡਾਂ ਅਤੇ ਸ਼ਹਿਰਾਂ ਦੇ ਲੋਕਾਂ ਵਿੱਚ ਆਪਸੀ ਮੇਲ-ਜੋਲ ਅਤੇ ਬੋਲ-ਚਾਲ ਵੀ ਘੱਟ ਰਹੀ ਹੈ। ਜੇਕਰ ਕਿਸੇ ਕੋਲ ਕੋਈ ਸੁਆਰਥ ਹੈ ਤਾਂ ਹੀ ਉਸਦੀ ਸੇਵਾ ਅਤੇ ਮਹਿਮਾਨਨਿਵਾਜ਼ੀ ਦੀ ਭਾਵਨਾ ਨੂੰ ਪ੍ਰਗਟਾਇਆ ਜਾ ਸਕਦਾ ਹੈ ਅਤੇ ਨਹੀਂ ਤਾਂ ਉਸਨੂੰ ਪਛਾਣਨਾ ਵੀ ਔਖਾ ਹੋ ਜਾਂਦਾ ਹੈ।

ਹੁਣ ਤਾਂ ਇਹ ਹਾਲ ਹੈ ਕਿ ਜੇਕਰ ਘਰ ਵਿੱਚ ਕੋਈ ਮਹਿਮਾਨ ਆ ਜਾਵੇ ਤਾਂ ਘਰ ਦੇ ਸਾਰੇ ਜੀਆਂ ਦੇ ਚਿਹਰਿਆਂ ਉੱਤੇ ਜਿਵੇਂ ਉਦਾਸੀ ਛਾ ਜਾਂਦੀ ਹੈ। ਸ਼ਹਿਰਾਂ ਦੇ ਮੁਕਾਬਲੇ ਪਿੰਡਾਂ ਵਿੱਚ ਅਜੇ ਵੀ ਕਈ ਘਰਾਂ ਅਤੇ ਲੋਕਾਂ ਵਿੱਚ ਮਹਿਮਾਨਨਿਵਾਜ਼ੀ ਦੀ ਭਾਵਨਾ ਪੂਰੀ ਤਰ੍ਹਾਂ ਜਿਊਂਦੀ ਹੈ। ਵੱਧ ਮਹਿੰਗਾਈ ਕਰਕੇ ਵੀ ਬਹੁਤੇ ਲੋਕਾਂ ਵਿੱਚ ਮਹਿਮਾਨ ਨਿਵਾਜ਼ੀ ਕਰਨ ਵਿੱਚ ਕਮੀ ਆ ਰਹੀ ਹੈ। ਪੁਰਾਣੇ ਸਮੇਂ ਦੀ ਮਹਿਮਾਨਨਿਵਾਜ਼ੀ ਤਾਂ ਹੁਣ ਕਿਧਰੇ ਵੀ ਦਿਖਾਈ ਨਹੀਂ ਦਿੰਦੀ। ਪੁਰਾਣੇ ਸਮੇਂ ਵਿੱਚ ਤਾਂ ਵਿਆਹਾਂ ਦੇ ਸਮੇਂ ਮਹਿਮਾਨ ਕਿੰਨੇ ਕਿੰਨੇ ਦਿਨ ਵਿਆਹ ਵਾਲੇ ਘਰ ਜਾ ਕੇ ਹੀ ਰਹਿੰਦੇ ਸਨ। ਛੋਟੇ ਬੱਚੇ ਕਈ ਕਈ ਮਹੀਨੇ ਦਾਦਕੇ ਅਤੇ ਨਾਨਕੇ ਜਾ ਕੇ ਰਹਿੰਦੇ ਸਨ। ਵਿਆਹਾਂ ਵਿੱਚ ਬਰਾਤਾਂ ਨੂੰ ਬਹੁਤ ਦਿਨ ਕੁੜੀ ਵਾਲਿਆਂ ਵੱਲੋਂ ਆਪਣੇ ਘਰ ਵਿੱਚ ਹੀ ਠਹਿਰਾਇਆ ਜਾਂਦਾ ਸੀ ਅਤੇ ਸਾਰੇ ਹੀ ਬਰਾਤੀਆਂ ਦੀ ਮਹਿਮਾਨਨਿਵਾਜ਼ੀ ਬੜੇ ਆਦਰ, ਮਾਣ ਅਤੇ ਸਤਿਕਾਰ ਨਾਲ ਕੀਤੀ ਜਾਂਦੀ ਸੀ, ਪਰ ਅੱਜਕੱਲ੍ਹ ਅਜਿਹਾ ਕੁਝ ਵੀ ਦਿਖਾਈ ਨਹੀਂ ਦਿੰਦਾ। ਬਜ਼ੁਰਗਾਂ ਦੇ ਸਤਿਕਾਰ ਕਰਨ ਵਿੱਚ ਵੀ ਸਾਡੇ ਨੌਜਵਾਨ ਮੁੰਡੇ-ਕੁੜੀਆਂ ਕੋਈ ਬਹੁਤਾ ਵਧੀਆ ਪ੍ਰਭਾਵ ਨਹੀਂ ਛੱਡ ਰਹੇ। ਹਰ ਕੋਈ ਬਸ ਆਪਣਾ ਹੀ ਲਾਭ ਸੋਚਦਾ ਹੈ। ਲੋਕ ਸੇਵਾ ਕਰਵਾਉਣ ਪ੍ਰਤੀ ਤਾਂ ਬਹੁਤ ਉਮੀਦਾਂ ਰੱਖਦੇ ਹਨ, ਪਰ ਆਪ ਕਿਸੇ ਦੀ ਮਹਿਮਾਨਨਿਵਾਜ਼ੀ ਕਰਨ ਲਈ ਉਨ੍ਹਾਂ ਕੋਲ ਨਾ ਤਾਂ ਸਮਾਂ ਹੁੰਦਾ ਹੈ ਅਤੇ ਨਾ ਹੀ ਪੈਸਾ। ਭਾਵ ਲੋਕਾਂ ਦੇ ਘਰ ਖਾਣ ਜਾਣਾ ਬਹੁਤ ਸੌਖਾ ਅਤੇ ਵਧੀਆ ਲੱਗਦਾ ਹੈ, ਪਰ ਆਪਣੇ ਘਰ ਆਏ ਮਹਿਮਾਨਾਂ ਦੀ ਖਾਤਿਰਦਾਰੀ ਕਰਨਾ ਵੱਡੀ ਮੁਸੀਬਤ ਜਾਪਦਾ ਹੈ।

ਪੰਜਾਬ ਵਿੱਚ ਜੇਕਰ ਮਹਿਮਾਨ ਨਿਵਾਜ਼ੀ ਕਰਨ ਦੀ ਭਾਵਨਾ ਨੂੰ ਮੁੜ ਵਾਪਸ ਲੈ ਕੇ ਆਉਣਾ ਹੈ ਤਾਂ ਲੋਕਾਂ ਨੂੰ ਆਪਣੇ ਰਿਸ਼ਤਿਆਂ ਅਤੇ ਰਿਸ਼ਤੇਦਾਰੀਆਂ ਵਿੱਚ ਆਪਸੀ ਮਿਲਵਰਤਨ ਵਧਾਉਣਾ ਪਵੇਗਾ। ਮਾਪਿਆਂ ਵੱਲੋਂ ਛੋਟੇ ਬੱਚਿਆਂ ਨੂੰ ਲੋਕਾਂ ਦੀ ਮਹਿਮਾਨਨਿਵਾਜ਼ੀ ਪ੍ਰਤੀ ਸਿੱਖਿਅਤ ਕਰਨਾ ਪਵੇਗਾ। ਉਨ੍ਹਾਂ ਨੂੰ ਇਸ ਪ੍ਰਤੀ ਵੀ ਜਾਗਰੂਕ ਕਰਨ ਦੀ ਲੋੜ ਹੈ ਕਿ ਮਹਿਮਾਨਨਿਵਾਜ਼ੀ ਦਿਲੋਂ ਹੋਣੀ ਚਾਹੀਦੀ ਹੈ। ਦੋਸਤੀ ਦੇ ਮਹੱਤਵ ਨੂੰ ਸਮਝਣ ਦੀ ਵੀ ਲੋੜ ਹੈ। ਬੱਚਿਆਂ ਨੂੰ ਵੱਡਿਆਂ ਦਾ ਸਤਿਕਾਰ ਅਤੇ ਸੇਵਾ ਕਰਨ ਪ੍ਰਤੀ ਉਤਸ਼ਾਹਿਤ ਕੀਤਾ ਜਾਣਾ ਜ਼ਰੂਰੀ ਹੈ। ਆਪਣੇ ਕੰਮ ਕਾਰੋਬਾਰ ਵਿੱਚ ਆਪਣਿਆਂ ਲਈ ਥੋੜ੍ਹਾ ਸਮਾਂ ਕੱਢਣ ਦੀ ਵੀ ਲੋੜ ਹੁੰਦੀ ਹੈ। ਨੂੰਹਾਂ ਧੀਆਂ ਨੂੰ ਇਸ ਪ੍ਰਤੀ ਸੋਚ ਸਮਝ ਰੱਖਣ ਦੀ ਵਧੇਰੇ ਲੋੜ ਹੈ ਕਿਉਂਕਿ ਘਰ ਆਏ ਮਹਿਮਾਨ ਦੀ ਮਹਿਮਾਨਨਿਵਾਜ਼ੀ ਕਰਨ ਲਈ ਉਨ੍ਹਾਂ ਦੀ ਪਹਿਲ ਹੋਣੀ ਸਭ ਤੋਂ ਜ਼ਿਆਦਾ ਜ਼ਰੂਰੀ ਹੁੰਦੀ ਹੈ। ਵਿਆਹਾਂ ਸ਼ਾਦੀਆਂ ਵਿੱਚ ਪੈਲੇਸਵਾਦ ਨੂੰ ਖ਼ਤਮ ਕਰਨ ਦੀ ਲੋੜ ਹੈ ਅਤੇ ਘਰ ਦੇ ਆਪਸੀ ਲੋਕਾਂ ਵਿੱਚ ਮੇਲ-ਜੋਲ ਨਾਲ ਹੀ ਵਿਆਹ ਅਤੇ ਹੋਰ ਕਾਰਜ ਸੰਪੂਰਨ ਹੋਣੇ ਚਾਹੀਦੇ ਹਨ। ਅੱਜ ਹਰ ਇਨਸਾਨ ਲਈ ਇਹ ਬਹੁਤ ਹੀ ਜ਼ਰੂਰੀ ਹੈ ਕਿ ਜੇਕਰ ਇਸ ਧਰਤੀ ਉੱਤੇ ਖ਼ਾਸਕਰ ਪੰਜਾਬ ਦੀ ਧਰਤੀ ਉੱਤੇ ਇਨਸਾਨੀਅਤ ਨੂੰ ਜਿਊਂਦਾ ਰੱਖਣਾ ਹੈ ਤਾਂ ਲੋਕਾਂ ਵਿੱਚ ਇੱਕ ਦੂਜੇ ਦੀ ਮਹਿਮਾਨਨਿਵਾਜ਼ੀ ਕਰਨ ਦੀ ਭਾਵਨਾ ਹੋਣੀ ਚਾਹੀਦੀ ਹੈ ਤਾਂ ਜੋ ਸਭ ਲੋਕ ਪਿਆਰ ਅਤੇ ਸਤਿਕਾਰ ਦੀ ਜ਼ਿੰਦਗੀ ਜੀ ਸਕਣ। ਪੰਜਾਬ ਦੀ ਮਹਿਮਾਨੀ ਵਾਜ਼ੀ ਜੋ ਦੁਨੀਆਂ ਭਰ ਵਿੱਚ ਮਸ਼ਹੂਰ ਹੈ ਉਹ ਇਸੇ ਤਰ੍ਹਾਂ ਮਸ਼ਹੂਰ ਅਤੇ ਆਦਰ ਸਤਿਕਾਰ ਨਾਲ ਭਰੀ ਹੋਣੀ ਚਾਹੀਦੀ ਹੈ।

# ਤੁਹਾਡੀ ਰਸੋਈ



## ਕਰਡ ਬੈਂਗਨ



ਬੈਂਗਨ ਦੀ ਸਬਜੀ ਤਾਂ ਹਰ ਘਰ 'ਚ ਬਣਾਈ ਜਾਂਦੀ ਹੈ। ਜੇ ਤੁਸੀਂ ਸਧਾਰਨ ਬੈਂਗਨ ਦੀ ਸਬਜੀ ਖਾ ਕੇ ਬੋਰ ਹੋ ਚੁੱਕੇ ਹੋ ਤਾਂ ਬੈਂਗਨ 'ਚ ਦਹੀਂ ਪਾ ਕੇ ਇਸ ਦੀ ਇੱਕ ਨਵੀਂ ਡਿਸ਼ ਬਣਾ ਸਕਦੇ ਹੋ। ਦਹੀਂ ਵਾਲੇ ਬੈਂਗਨ ਖਾਣ 'ਚ ਬਹੁਤ ਸੁਆਦੀ ਹੁੰਦੇ ਹਨ। ਤੁਸੀਂ ਇਸ ਨੂੰ ਆਸਾਨੀ ਨਾਲ ਘਰ 'ਚ ਬਣਾ ਸਕਦੇ ਹੋ। ਅੱਜ ਅਸੀਂ ਤੁਹਾਨੂੰ ਦਹੀਂ ਵਾਲੇ ਬੈਂਗਨ ਬਣਾਉਣੇ ਦੱਸ ਰਹੇ ਹਾਂ।

ਸਮੱਗਰੀ

500 ਗ੍ਰਾਮ ਬੈਂਗਨ<br>
250 ਗ੍ਰਾਮ ਦਹੀਂ<br>
ਦੋ ਵੱਡੇ ਚਮਚ ਤੇਲ<br>
ਅੱਧਾ ਛੋਟਾ ਚਮਚ ਹੀਂਗ<br>
ਇੱਕ ਵੱਡਾ ਚਮਚ ਪਿਸੀ ਹੋਈ ਸੌਂਫ਼<br>
ਚਾਰ ਹਰੀਆਂ ਇਲਾਇਚੀਆਂ<br>
ਅੱਧਾ ਵੱਡਾ ਚਮਚ ਸੌਂਠ<br>
ਇੱਕ ਛੋਟਾ ਚਮਚ ਲਾਲ ਮਿਰਚ ਪਾਊਡਰ<br>
ਨਮਕ ਸਵਾਦ ਮੁਤਾਬਕ

ਵਿਧੀ

ਸਭ ਤੋਂ ਪਹਿਲਾਂ ਇੱਕ ਬਰਤਨ 'ਚ ਦਹੀਂ ਪਾ ਕੇ ਚੰਗੀ ਤਰ੍ਹਾਂ ਫ਼ੈਂਟ ਲਓ। ਇਸ ਦੇ ਬਾਅਦ ਦਹੀਂ 'ਚ ਸਾਰੇ ਮਸਾਲੇ ਮਿਲਾ ਦਿਓ ਅਤੇ ਇਸ ਨੂੰ ਅੱਧੇ ਘੰਟੇ ਲਈ ਰੱਖ ਦਿਓ। ਹੁਣ ਬੈਂਗਨ ਨੂੰ ਲੰਬਾ-ਲੰਬਾ ਕੱਟ ਲਓ। ਗੈਸ 'ਤੇ ਇੱਕ ਕੜਾਹੀ 'ਚ ਤੇਲ ਗਰਮ ਕਰੋ ਅਤੇ ਇਸ 'ਚ ਬੈਂਗਨ ਦੇ ਟੁੱਕੜਿਆਂ ਨੂੰ ਸੁਨਹਿਰੀ ਹੋਣ ਤੱਕ ਤਲੋ। ਕੜਾਹੀ 'ਚ ਦੋ ਚਮਚ ਤੇਲ ਰਹਿਣ ਦਿਓ ਅਤੇ ਬਾਕੀ ਤੇਲ ਕੱਢ ਲਓ। ਇਸ ਤੇਲ 'ਚ ਮਸਾਲੇ ਵਾਲਾ ਦਹੀਂ ਪਾਓ ਅਤੇ ਇਸ ਨੂੰ ਇੱਕ ਉਬਾਲਾ ਆਉਣ ਤੱਕ ਪਕਾਓ। ਜਦੋਂ ਦਹੀਂ 'ਚ ਉਬਾਲ ਆ ਜਾਵੇ ਤਾਂ ਇਸ 'ਚ ਤਲੇ ਹੋਏ ਬੈਂਗਨ ਪਾ ਦਿਓ। ਇਨ੍ਹਾਂ ਬੈਂਗਨਾਂ ਨੂੰ ਹੌਲੀ ਗੈਸ 'ਤੇ ਪੰਜ ਮਿੰਟ ਤੱਕ ਪੱਕਣ ਦਿਓ।

ਦਹੀਂ ਵਾਲੇ ਬੈਂਗਨ ਤਿਆਰ ਹਨ। ਇਨ੍ਹਾਂ ਦਹੀਂ ਵਾਲੇ ਬੈਂਗਨਾਂ ਨੂੰ ਚੌਲਾਂ ਨਾਲ ਜਾਂ ਰੋਟੀ ਨਾਲ ਸਰਵ ਕਰੋ।

## ਮੂੰਗ ਦਾਲ ਦੀ ਖੀਰ



ਚੌਲਾਂ ਦੀ ਖੀਰ ਤਾਂ ਤੁਸੀਂ ਸਾਰਿਆਂ ਨੇ ਖਾਧੀ ਹੀ ਹੋਵੇਗੀ ਪਰ ਅੱਜ ਅਸੀਂ ਤੁਹਾਨੂੰ ਮੂੰਗ ਦਾਲ ਦੀ ਖੀਰ ਬਣਾਉਣੀ ਦੱਸ ਰਹੇ ਹਾਂ। ਇਸ ਦਾਲ 'ਚ ਪ੍ਰੋਟੀਨ ਅਤੇ ਖਣਿਜ ਭਰਪੂਰ ਮਾਤਰਾ 'ਚ ਹੁੰਦੇ ਹਨ। ਜਦੋਂ ਤੁਸੀਂ ਇਸ ਦਾਲ ਨੂੰ ਦੁੱਧ ਨਾਲ ਮਿਲਾ ਕੇ ਖੀਰ ਬਣਾਉਂਦੇ ਹੋ ਤਾਂ ਇਸ ਦੀ ਪੌਸ਼ਟਿਕਤਾ ਦੁਗਣੀ ਹੋ ਜਾਂਦੀ ਹੈ। ਇਸ ਖੀਰ ਨੂੰ ਆਸਾਨੀ ਨਾਲ ਘਰ 'ਚ ਹੀ ਬਣਾਇਆ ਜਾ ਸਕਦਾ ਹੈ।

ਸਮੱਗਰੀ

- ਅੱਧਾ ਕੱਪ ਚੌਲ
- ਇੱਕ ਚੌਥਾਈ ਕੱਪ ਮੂੰਗ ਦਾਲ
- ਦੋ ਕੱਪ ਦੁੱਧ
- ਅੱਧਾ ਕੱਪ ਗੁੜ
- ਅੱਧਾ ਚਮਚ ਇਲਾਇਚੀ ਪਾਊਡਰ
- ਦੋ ਚਮਚ ਘਿਓ
- ਤਿੰਨ ਕੱਪ ਪਾਣੀ
- ਕੇਸਰ (ਗਰਮ ਦੁੱਧ 'ਚ ਭਿੱਜਿਆ ਹੋਇਆ)
- ਇੱਕ ਚਮਚ ਕਾਜੂ
- ਇੱਕ ਚਮਚ ਬਦਾਮ
- ਇੱਕ ਚਮਚ ਕਿਸ਼ਮਿਸ਼

ਵਿਧੀ

1. ਗੈਸ 'ਤੇ ਇੱਕ ਕੜਾਹੀ ਰੱਖੋ ਅਤੇ ਉਸ 'ਚ ਘਿਓ ਪਾ ਕੇ ਗਰਮ ਕਰੋ।
2. ਹੁਣ ਇਸ 'ਚ ਕਾਜੂ ਅਤੇ ਬਦਾਮ ਪਾ ਕੇ ਹਲਕਾ ਭੁੰਨ ਲਓ। ਫ਼ਿਰ ਗੈਸ ਬੰਦ ਕਰ ਕੇ ਇਸ 'ਚ ਕਿਸ਼ਮਿਸ਼ ਪਾ ਕੇ ਚੰਗੀ ਤਰ੍ਹਾਂ ਮਿਲਾ ਲਓ।
3. ਹੁਣ ਦੋਬਾਰਾ ਗੈਸ 'ਤੇ ਇਸੇ ਕੜਾਹੀ 'ਚ ਮੂੰਗ ਦਾਲ ਅਤੇ ਚੌਲ ਪਾਓ ਅਤੇ ਦੋਹਾਂ ਨੂੰ ਸੁਨਹਿਰੀ ਹੋਣ ਤੱਕ ਭੁੰਨੋ। ਜੇ ਤੁਸੀਂ ਭੁੰਨਣਾ ਨਹੀਂ ਚਾਹੁੰਦੇ ਤਾਂ ਦਾਲ ਅਤੇ ਚੌਲਾਂ ਨੂੰ ਪਾਣੀ 'ਚ ਪਾ ਕੇ ਕੁੱਕਰ 'ਚ ਹੌਲੀ ਗੈਸ 'ਤੇ ਦੋ-ਤਿੰਨ ਸੀਟੀਆਂ ਮਰਵਾ ਲਓ। ਜਦੋਂ ਇਹ ਪੱਕ ਜਾਵੇ ਤਾਂ ਇਸ ਨੂੰ ਕੱਢ ਕੇ ਵੱਖਰਾ ਰੱਖ ਦਿਓ।
4. ਹੁਣ ਗੈਸ 'ਤੇ ਦੂਜੀ ਕੜਾਹੀ 'ਚ ਘਿਓ ਪਾ ਕੇ ਉਸ 'ਚ ਪੱਕੇ ਹੋਏ ਚੌਲ ਅਤੇ ਮੂੰਗ ਦਾਲ ਪਾਓ। ਇਸ 'ਚ ਗੁੜ ਪਾ ਕੇ ਉਸ ਨੂੰ ਚੰਗੀ ਤਰ੍ਹਾਂ ਘੁੱਲਣ ਦਿਓ।
5. ਜਦੋਂ ਗੁੜ ਘੁੱਲ ਜਾਵੇ ਅਤੇ ਮਿਸ਼ਰਣਾ ਗਾੜਾ ਹੋ ਜਾਵੇ ਤਾਂ ਇਸ 'ਚ ਇਲਾਇਚੀ ਪਾਊਡਰ ਅਤੇ ਕੇਸਰ ਪਾ ਦਿਓ। ਦੋ-ਤਿੰਨ ਮਿੰਟ ਪਕਾਉਣ ਮਗਰੋਂ ਗੈਸ ਬੰਦ ਕਰ ਦਿਓ।
6. ਹੁਣ ਇਸ ਮਿਸ਼ਰਣ 'ਚ ਭੁੰਨੇ ਹੋਏ ਕਾਜੂ, ਕਿਸ਼ਮਿਸ਼ ਅਤੇ ਬਦਾਮ ਮਿਲਾਓ।
7. ਹੁਣ ਇਸ 'ਚ ਉਬਲਿਆ ਅਤੇ ਠੰਡਾ ਕੀਤਾ ਦੁੱਧ ਮਿਲਾਓ।
8. ਮੂੰਗ ਦਾਲ ਦੀ ਖੀਰ ਤਿਆਰ ਹੈ। ਇਸ ਖੀਰ ਨੂੰ ਫ਼ਰਿੱਜ 'ਚ ਠੰਡਾ ਕਰ ਕੇ ਸਰਵ ਕਰੋ।

## ਬੱਚਤ ਕਰਨ ਦੇ ਉਪਾਅ



ਬੱਚਤ ਕਰਦੇ ਸਮੇਂ ਆਪਣਾ ਇਕ ਉਦੇਸ਼ ਬਣਾ ਲਓ ਕਿ ਤੁਸੀਂ ਬੱਚਤ ਕੀਤੇ ਧਨ ਦੀ ਵਰਤੋਂ ਕਿਸ ਤਰ੍ਹਾਂ ਕਰੋਗੇ। ਪਤੀ-ਪਤਨੀ ਨੂੰ ਮਿਲ ਕੇ ਘਰ ਦਾ ਬਜਟ ਤਿਆਰ ਕਰਨਾ ਚਾਹੀਦਾ ਹੈ ਅਤੇ ਆਮਦਨ ਦਾ ਕੁਝ ਨਿਸਚਿਤ ਹਿੱਸਾ ਭਵਿੱਖ ਲਈ ਵੱਖਰਾ ਰੱਖਣਾ ਚਾਹੀਦਾ ਹੈ। ਜੇ ਤੁਹਾਡੇ ਖਰਚੇ ਜ਼ਿਆਦਾ ਹਨ ਅਤੇ ਆਮਦਨ ਘੱਟ ਹੈ ਤਾਂ ਅਜਿਹੇ ਵਿਚ ਕੁਝ ਖਰਚਿਆਂ 'ਤੇ ਲਗਾਮ ਲਗਾਓ ਅਤੇ ਆਮਦਨ ਵਧਾਉਣ ਲਈ ਕੁਝ ਵਾਧੂ ਕੰਮ ਕਰੋ।

ਆਮਦਨ ਕਿਵੇਂ ਵਧਾਈ ਜਾਵੇ

ਪੜ੍ਹੇ-ਲਿਖੇ ਮਾਤਾ-ਪਿਤਾ ਬੱਚਿਆਂ ਨੂੰ ਸਮਾਂ ਕੱਢ ਕੇ ਖੁਦ ਪੜ੍ਹਾਉਣ। ਲੋੜ ਪੈਣ 'ਤੇ ਹੀ ਕੱਪੜਿਆਂ, ਜੁੱਤੀਆਂ, ਮੇਕਅਪ ਦੇ ਸਮਾਨ 'ਤੇ ਖਰਚ ਕਰੋ। ਘਰ ਦੇ ਖਰਚਿਆਂ ਵਿਚ ਸੰਜਮ ਵਰਤੋ। ਜੋ ਕੰਮ ਮਿਲਜੁਲ ਕੇ ਕੀਤਾ ਜਾ ਸਕਦਾ ਹੈ, ਉਸ ਨੂੰ ਪੈਸਾ ਖਰਚ ਕਰਕੇ ਨਾ ਕਰਵਾਓ।

ਆਪਣੀ ਆਮਦਨ ਨੂੰ ਵਧਾਉਣ ਲਈ ਆਪਣੀ ਯੋਗਤਾ ਅਨੁਸਾਰ ਪਾਰਟ ਟਾਈਮ ਕੰਮ ਲੱਭੋ। ਦੂਜੇ ਬੱਚਿਆਂ ਨੂੰ ਟਿਊਸ਼ਨ ਪੜ੍ਹਾ ਕੇ ਆਮਦਨ ਵਧਾਈ ਜਾ ਸਕਦੀ ਹੈ। ਜਿਨ੍ਹਾਂ ਕੱਪੜਿਆਂ ਨੂੰ ਘਰ ਵਿਚ ਸਿਉਂਤਾ ਜਾ ਸਕਦਾ ਹੈ, ਉਨ੍ਹਾਂ ਨੂੰ ਦਰਜੀ ਤੋਂ ਨਾ ਸਿਲਵਾ ਕੇ ਖੁਦ ਸਿਲਾਈ ਕਰੋ। ਸੇਲ ਆਦਿ ਮੌਕੇ ਲੋੜ ਤੋਂ ਜ਼ਿਆਦਾ ਸਮਾਨ ਨਾ ਖਰੀਦੋ। ਬਿਨਾਂ ਲੋੜ ਦੇ ਬਿਜਲੀ ਦੀਆਂ ਵਸਤੂਆਂ ਨੂੰ ਖੁੱਲ੍ਹਾ ਨਾ ਰੱਖੋ। ਥੋੜ੍ਹੀ-ਥੋੜ੍ਹੀ ਬੱਚਤ ਕਰਨ ਨਾਲ ਪੈਸਾ ਤੁਸੀਂ ਜੋੜ ਸਕਦੇ ਹੋ।

ਧਿਆਨ ਰੱਖੋ

× ਸਮੇਂ-ਸਮੇਂ 'ਤੇ ਆਪਣੇ ਖਰਚਿਆਂ ਅਤੇ ਆਮਦਨ ਦਾ ਮੁੱਲਾਂਕਣ ਕਰਦੇ ਰਹੋ। × ਆਪਣੀ ਆਮਦਨ, ਖਰਚ ਅਤੇ ਬੱਚਤ ਦੇ ਬਾਰੇ ਵਿਚ ਲਾਪ੍ਰਵਾਹੀ ਨਾ ਵਰਤੋ।

× ਆਪਣੇ ਪੈਸੇ ਸਬੰਧੀ ਫੈਸਲਾ ਖੁਦ ਲਓ। ਦੂਜਿਆਂ 'ਤੇ ਅੰਨ੍ਹਾ ਵਿਸ਼ਵਾਸ ਨਾ ਕਰੋ, ਕਿਉਂਕਿ ਦੂਜਾ ਤੁਹਾਡੇ ਪੈਸੇ ਲਈ ਓਨਾ ਗੰਭੀਰ ਨਹੀਂ ਹੋਵੇਗਾ, ਜਿੰਨਾ ਤੁਸੀਂ ਖੁਦ।

× ਦਿਖਾਵੇ ਦੇ ਚੱਕਰ ਵਿਚ ਉਧਾਰ ਲੈ ਕੇ ਸੁਖ ਸਹੂਲਤਾਂ ਦੀਆਂ ਚੀਜ਼ਾਂ ਨੂੰ ਨਾ ਖਰੀਦੋ। ਜਿੰਨੀ ਜੇਬ ਹੋਵੇ, ਓਨਾ ਹੀ ਇਕ-ਇਕ ਕਰਕੇ ਸਮਾਨ ਖਰੀਦੋ।

× ਬੱਚਤ ਕਰਦੇ ਸਮੇਂ ਇਹ ਧਿਆਨ ਰੱਖੋ ਕਿ ਆਪਣੇ ਜ਼ਰੂਰੀ ਖਰਚੇ, ਜਿਵੇਂ ਭੋਜਨ, ਇਲਾਜ, ਬੱਚਿਆਂ ਦੀ ਪੜ੍ਹਾਈ ਵਿਚ ਕਟੌਤੀ ਨਾ ਕਰੋ। × ਕ੍ਰੈਡਿਟ ਕਾਰਡ ਦੀ ਵਰਤੋਂ ਜ਼ਰੂਰੀ ਖਰਚਿਆਂ ਲਈ ਰੱਖੋ ਨਾ ਕਿ ਭੌਤਿਕ ਸੁਖ ਲਈ।

**-ਨੀਤੂ ਗੁਪਤਾ**

# ਨਾਜਾਇਜ਼ ਕਬਜ਼ਾਧਾਰੀਆਂ ਅੱਗੇ ਨਗਰ ਨਿਗਮ ਫਗਵਾੜਾ ਤੇ ਜ਼ਿਲਾ ਪ੍ਰਸ਼ਾਸਨ ਬੇਵੱਸ : ਵਿਧਾਇਕ ਧਾਲੀਵਾਲ

**ਕੌਮੀ ਪਤ੍ਰਿਕਾ**

ਫਗਵਾੜਾ 17 ਅਗਸਤ। ਬੰਗਾ ਰੋਡ 'ਤੇ ਸਥਿਤ ਚੱਡਾ ਮਾਰਕੀਟ ਵਿਚ ਲੰਬੇ ਸਮੇਂ ਤੋਂ ਬਣੀ ਹੋਈ ਗੰਦੇ ਪਾਣੀ ਦੀ ਨਿਕਾਸੀ, ਸੀਵਰੇਜ ਵਿਵਸਥਾ ਅਤੇ ਸਰਕਾਰੀ ਨਾਲਿਆਂ 'ਤੇ ਕਥਿਤ ਨਾਜਾਇਜ਼ ਕਬਜ਼ਿਆਂ ਨੂੰ ਲੈ ਕੇ ਨਗਰ ਨਿਗਮ ਦੀ ਕਾਰਜਪ੍ਰਣਾਲੀ ਇਕ ਵਾਰ ਫਿਰ ਸਵਾਲਾਂ ਦੇ ਘੇਰੇ ਵਿਚ ਆ ਗਈ ਹੈ, ਜਿਸ ਦਾ ਪਰਦਾਫਾਸ਼ ਅੱਜ ਇਲਾਕੇ ਦੇ ਦਰਜਨਾਂ ਦੁਕਾਨਦਾਰਾਂ ਨੇ ਵਿਧਾਇਕ ਸਰਦਾਰ ਬਲਵਿੰਦਰ ਸਿੰਘ ਧਾਲੀਵਾਲ ਦੇ ਸਾਹਮਣੇ ਬੇਬਾਕੀ ਨਾਲ ਕੀਤਾ ਹੈ। ਜਾਣਕਾਰੀ ਅਨੁਸਾਰ ਬੰਗਾ ਚੌਂਕ ਦੇ ਨੇੜੇ ਸਥਿਤ ਚੱਡਾ ਮਾਰਕੀਟ ਵਿਚ ਪਿਛਲੇ ਲੰਬੇ ਸਮੇਂ ਤੋਂ ਪਾਣੀ ਭਰਨ ਅਤੇ ਗੰਦੇ ਪਾਣੀ ਦੀ ਨਿਕਾਸੀ ਦੀ ਗੰਭੀਰ ਸਮੱਸਿਆ ਤੋਂ ਪਰੇਸ਼ਾਨ ਦੁਕਾਨਦਾਰਾਂ ਦਾ ਦਰਦ ਉਸ ਸਮੇਂ ਸਾਹਮਣੇ ਆਇਆ, ਜਦੋਂ ਫਗਵਾੜਾ ਦੇ ਵਿਧਾਇਕ ਸਰਦਾਰ ਬਲਵਿੰਦਰ ਸਿੰਘ ਧਾਲੀਵਾਲ ਨੇ ਆਪਣੇ ਸਾਥੀਆਂ ਸਮੇਤ ਮਾਰਕੀਟ ਦਾ ਖੁਦ ਦੌਰਾ ਕਰ ਕੇ ਮੌਕੇ ਦੇ ਹਾਲਾਤ ਦਾ ਜਾਇਜ਼ਾ ਲਿਆ ਹੈ। ਇਸ ਮੌਕੇ ਨਗਰ ਨਿਗਮ ਫਗਵਾੜਾ ਦੇ ਕੌਂਸਲਰ ਸੰਜੀਵ ਬੁੱਗਾ, ਬਲਾਕ ਕਾਂਗਰਸ ਸ਼ਹਿਰੀ ਪ੍ਰਧਾਨ ਨਰੇਸ਼ ਭਾਰਦਵਾਜ, ਵਿਨੋਦ ਵਰਮਾਨੀ, ਗੁਰਜੀਤ ਪਾਲ ਵਾਲੀਆ, ਤਜਿੰਦਰ ਬਾਵਾ ਸਮੇਤ ਕਈ ਪਤਵੰਤੇ ਮੌਜੂਦ ਸਨ। ਦੁਕਾਨਦਾਰਾਂ ਨੇ ਵਿਧਾਇਕ ਧਾਲੀਵਾਲ ਨੂੰ ਦੱਸਿਆ ਕਿ ਹਲਕੀ ਜਿਹੀ ਬਾਰਿਸ਼ ਹੁੰਦੇ ਹੀ ਚੱਡਾ ਮਾਰਕੀਟ ਦੀਆਂ ਸੜਕਾਂ ਅਤੇ



ਆਸ-ਪਾਸ ਦਾ ਖੇਤਰ ਗੰਦੇ ਪਾਣੀ ਨਾਲ ਭਰ ਜਾਂਦਾ ਹੈ। ਹਾਲਾਤ ਇੰਨੇ ਖਰਾਬ ਹੋ ਜਾਂਦੇ ਹਨ ਕਿ ਦੁਕਾਨਦਾਰਾਂ ਨੂੰ ਆਪਣੀਆਂ ਦੁਕਾਨਾਂ ਤੱਕ ਪਹੁੰਚਣ ਵਿਚ ਪ੍ਰੇਸ਼ਾਨੀ ਹੁੰਦੀ ਹੈ ਅਤੇ ਬੀਤੇ ਦਿਨੀਂ ਹੋਈ ਬਾਰਿਸ਼ ਦੇ ਕਾਰਨ ਉਨ੍ਹਾਂ ਦੀਆਂ ਦੁਕਾਨਾਂ ਲਗਾਤਾਰ 2 ਦਿਨਾਂ ਤੱਕ ਬੰਦ ਰਹੀਆਂ ਹਨ। ਦੁਕਾਨਦਾਰਾਂ ਨੇ ਦੱਸਿਆ ਕਿ ਬਾਜ਼ਾਰ ਵਿੱਚ ਆਉਣ ਵਾਲੇ ਗਾਹਕਾਂ, ਰਾਹਗੀਰਾਂ ਅਤੇ ਵਿਸ਼ੇਸ਼ ਕਰ ਕੇ ਸਕੂਲੀ ਬੱਚਿਆਂ ਨੂੰ ਗੰਦੇ ਪਾਣੀ ਦੇ ਵਿੱਚੋਂ ਲੰਘਣ ਲਈ ਮਜ਼ਬੂਰ ਹੋਣਾ ਪੈਂਦਾ ਹੈ। ਦੁਕਾਨਦਾਰ ਸੰਜੂ ਚਾਹਲ ਸਮੇਤ ਹੋਰ ਦੁਕਾਨਦਾਰਾਂ ਨੇ ਦੱਸਿਆ ਕਿ ਬੰਗਾ ਰੋਡ ਦੇ ਨਾਲ ਬਣਿਆ ਨਾਲਾ ਲੰਬੇ ਸਮੇਂ ਤੋਂ ਬੰਦ ਹੈ। ਮਾਰਕੀਟ ਦਾ ਬਰਸਾਤੀ ਪਾਣੀ ਇਸੇ ਨਾਲੇ ਵਿੱਚ ਜਾਂਦਾ ਹੈ ਪਰ ਗੰਦੇ ਨਾਲੇ ਦੀ ਨਿਕਾਸੀ ਕੁਝ ਸ਼ਾਤਰ ਲੋਕਾਂ ਵੱਲੋਂ ਰੇਤ ਦੀਆਂ ਬੋਰੀਆਂ ਠੂਸ ਕੇ ਅਤੇ ਨਿੱਜੀ ਪਾਈਪਾਂ ਪਾ ਕੇ ਪੂਰੀ ਤਰ੍ਹਾਂ ਬੰਦ ਕਰ ਦਿੱਤੀ ਗਈ ਹੈ। ਇਸ ਦੇ ਕਾਰਨ ਗੰਦਾ ਪਾਣੀ ਅੱਗੇ ਨਹੀਂ ਜਾਂਦਾ ਅਤੇ ਕਈ ਦਿਨਾਂ ਤੱਕ ਉਨ੍ਹਾਂ ਦੀਆਂ ਦੁਕਾਨਾਂ ਦੇ ਬਾਹਰ ਜਮ?ਹਾਂ ਰਹਿੰਦਾ ਹੈ। ਵਿਧਾਇਕ ਧਾਲੀਵਾਲ ਨੇ ਕਿਹਾ ਕਿ ਇਹ ਬੇਹੱਦ ਹੈਰਾਨੀ ਦੀ ਗੱਲ ਹੈ ਕਿ ਫਗਵਾੜਾ ਦੀ ਇੰਨੀ ਗੰਭੀਰ ਜਨਸਮੱਸਿਆ ਦੀ ਪੂਰੀ ਜਾਣਕਾਰੀ ਨਗਰ ਨਿਗਮ ਕਮਿਸ਼ਨਰ ਰਣਦੀਪ ਸਿੰਘ ਹੀਰ, ਮੇਅਰ ਰਾਮਪਾਲ ਉੱਪਲ ਸਮੇਤ ਜ਼ਿਲਾ ਕਪੂਰਥਲਾ ਦੇ ਜ਼ਿਲਾਧੀਸ਼ ਸਮੇਤ ਸਮੂਹ ਜ਼ਿਲਾ ਪ੍ਰਸ਼ਾਸਨ ਨੂੰ ਹੈ ਪਰ ਇਸ ਦੇ ਬਾਵਜੂਦ ਜਨਸਮੱਸਿਆ ਦਾ ਸਥਾਈ ਹੱਲ ਨਹੀਂ ਕੀਤਾ ਜਾ ਰਿਹਾ? ਖੁਦ ਨਗਰ ਨਿਗਮ ਕਮਿਸ਼ਨਰ ਅਤੇ ਮੇਅਰ ਵੱਲੋਂ ਵੀ ਮਾਮਲੇ ਦੀ ਗੰਭੀਰਤਾ ਨੂੰ ਸਵੀਕਾਰ ਕੀਤਾ ਜਾ ਚੁੱਕਾ ਹੈ। ਫਿਰ ਬਣਦੀ ਕੜੀ ਕਾਰਵਾਈ ਕਰ ਕੇ ਸਰਕਾਰੀ ਗੰਦੇ ਨਾਲੇ 'ਤੇ ਨਾਜਾਇਜ਼ ਕਬਜ਼ੇ ਕਰਨ ਵਾਲਿਆਂ ਖਿਲਾਫ਼ ਕੁਝ ਕਿਉਂ ਨਹੀਂ ਹੋ ਰਿਹਾ? ਸਰਕਾਰੀ ਜ਼ਮੀਨਾਂ 'ਤੇ ਨਾਜਾਇਜ਼ ਕਬਜ਼ਾਧਾਰੀਆਂ ਅੱਗੇ ਨਗਰ ਨਿਗਮ ਫਗਵਾੜਾ ਤੇ ਜ਼ਿਲਾ ਪ੍ਰਸ਼ਾਸਨ ਬੇਵੱਸ ਲੱਗਦਾ ਨਜ਼ਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀ ਵੱਲੋਂ ਕਬਜ਼ਿਆਂ ਅਤੇ ਸੰਬੰਧਿਤ ਸਮੱਸਿਆ ਨੂੰ ਲੈ ਕੇ ਆਧਿਕਾਰਿਕ ਤੌਰ 'ਤੇ ਲੋਕ ਦਿਖਾਵਾ ਕਰਨ ਲਈ 3 ਦਿਨ ਦਾ ਨੋਟਿਸ ਜਾਰੀ ਕੀਤੇ ਜਾਣ ਦੀ ਗੱਲ ਸਾਹਮਣੇ ਆਈ ਸੀ। ਹੈਰਾਨੀ ਦੀ ਗੱਲ ਹੈ ਕਿ ਨੋਟਿਸ ਦੀ ਮਿਆਦ ਬੀਤ ਜਾਣ ਦੇ ਬਾਵਜੂਦ ਜ਼ਮੀਨੀ ਪੱਧਰ 'ਤੇ ਨਿਗਮ ਦੀ ਕਾਰਵਾਈ ਲਗਭਗ ਸਿਫ਼ਰ ਦਿਖਾਈ ਦੇ ਰਹੀ ਹੈ। ਮੇਅਰ ਰਾਮਪਾਲ ਉੱਪਲ ਨੇ ਨਿਗਮ ਦਾ ਪੱਖ ਰੱਖਦੇ ਹੋਏ ਦਾਅਵਾ ਕੀਤਾ ਹੈ ਕਿ ਇਸ ਜਨਸਮੱਸਿਆ ਦਾ ਹੁਣ ਬਣਦੀ ਕੜੀ ਸਰਕਾਰੀ ਕਾਰਵਾਈ ਕਰ ਕੇ ਪੱਕਾ ਸਮਾਧਾਨ ਕੀਤਾ ਜਾ ਰਿਹਾ ਹੈ। ਮੇਅਰ ਉੱਪਲ ਨੇ ਕਿਹਾ ਕਿ ਉਨ੍ਹਾਂ ਨੇ ਬਤੌਰ ਮੇਅਰ ਫਗਵਾੜਾ ਨਗਰ ਨਿਗਮ ਕਮਿਸ਼ਨਰ ਘੱਟ ਏ.ਡੀ.ਸੀ. ਰਣਦੀਪ ਸਿੰਘ ਹੀਰ ਨੂੰ ਹੁਕਮ ਜਾਰੀ ਕਰ ਦਿੱਤੇ ਹਨ ਕਿ ਸਰਕਾਰੀ ਗੰਦੇ ਨਾਲੇ 'ਤੇ ਜਿਸ ਨੇ ਵੀ ਨਾਜਾਇਜ਼ ਕਬਜ਼ਾ ਕੀਤਾ ਹੈ, ਉਸ ਦੇ ਖਿਲਾਫ਼ ਬਿਨਾ ਕਿਸੇ ਪੱਖਪਾਤ ਦੇ ਕਾਨੂੰਨ ਦੇ ਤਹਿਤ ਕਾਰਵਾਈ ਕਰ ਕੇ ਨਿਗਮ ਦੇ ਗੰਦੇ ਪਾਣੀ ਦੀ ਨਿਕਾਸੀ ਨੂੰ ਪੂਰਨ ਰੂਪ ਵਿਚ ਬਹਾਲ ਕੀਤਾ ਜਾਵੇ।

# ਮਿੱਟੀ ਪੁੱਟਣ ਕਾਰਨ ਗੁਆਂਢੀ ਕਿਸਾਨ ਦੀ ਜੀਰੀ ਦੀ ਫ਼ਸਲ ਤੇ ਖੇਤ ਵਹਿ ਕੇ ਤਬਾਹ, ਵਿਧਾਇਕ ਤੋਂ ਕਾਰਵਾਈ ਤੇ ਮੁਆਵਜ਼ੇ ਦੀ ਮੰਗ

ਡੇਰਾਬੱਸੀ 17 ਅਗਸਤ। ਹਲਕਾ ਡੇਰਾਬੱਸੀ ਦੇ ਅਧੀਨ ਆਉਂਦੇ ਪਿੰਡ ਹੈਬਤਪੁਰ-ਸੁੰਡਰਾ ਰੋਡ ਵਿਖੇ ਇਕ ਗੁਆਂਢੀ ਵਿਅਕਤੀ ਵੱਲੋਂ ਬਿਨਾਂ ਸਰਕਾਰੀ ਪ੍ਰਵਾਨਗੀ ਦੇ 20 ਫੁੱਟ ਡੂੰਘੀ ਮਿੱਟੀ ਚੁੱਕਵਾਏ ਜਾਣ ਕਾਰਨ ਨਾਲ ਲੱਗਦੀ ਜ਼ਮੀਨ ਅਤੇ ਜੀਰੀ ਦੀ ਫ਼ਸਲ ਦਾ ਭਾਰੀ ਨੁਕਸਾਨ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਪੀੜਤ ਪਰਿਵਾਰ ਰਿਸ਼ੀਪਾਲ, ਇਸਰੋ ਦੇਵੀ ਸਮੇਤ ਪਿੰਡ ਦੇ ਵਸਨੀਕ ਜਸਵਿੰਦਰ ਸਿੰਘ, ਰਾਜ ਰਾਣੀ, ਗੁਰਪ੍ਰੀਤ ਕੌਰ, ਸੰਦੀਪ ਕੁਮਾਰ, ਵਿਨੋਦ ਕੁਮਾਰ, ਪ੍ਰਵੀਨ, ਗੁਰਦੀਪ ਸਿੰਘ, ਧਰਮਪਾਲ ਸਿੰਘ, ਨੈਬ ਸਿੰਘ, ਸੁਰਿੰਦਰ ਪਾਲ ਨੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੂੰ ਲਿਖਤੀ ਸ਼ਿਕਾਇਤ ਦੇ ਕੇ ਮਿੱਟੀ ਪੁੱਟਣ ਵਾਲੇ ਵਿਅਕਤੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਤੇ ਆਰਥਿਕ ਮੁਆਵਜ਼ੇ ਦੀ ਮੰਗ ਕੀਤੀ ਹੈ। ਵਿਧਾਇਕ ਰੰਧਾਵਾ ਨੂੰ ਦਿੱਤੀ ਸ਼ਿਕਾਇਤ ਵਿਚ ਪੀੜਤ ਧਿਰ ਨੇ ਦੱਸਿਆ ਕਿ ਉਨ੍ਹਾਂ ਦੀ ਮਾਤਾ ਇਸਰੋ ਦੇਵੀ ਪਤਨੀ ਸ੍ਰੀ ਮੁੱਲਾ ਰਾਮ ਵਾਸੀ ਪਿੰਡ ਹੈਬਤਪੁਰ ਦੀ ਜ਼ਮੀਨ ਹੈਬਤਪੁਰ-ਸੁੰਡਰਾ ਰੋਡ ਵਿਖੇ ਪੈਂਦੀ ਹੈ। ਉਨ੍ਹਾਂ ਦੇ ਖੇਤ ਦੇ ਨਾਲ ਲੱਗਦੀ ਜ਼ਮੀਨ ਕਿਸੇ ਬਾਹਰੀ ਵਿਅਕਤੀ ਨੇ ਖ਼ਰੀਦੀ ਹੋਈ ਹੈ। ਉਕਤ ਵਿਅਕਤੀ ਨੇ ਪ੍ਰਸ਼ਾਸਨ ਜਾਂ ਸਰਕਾਰ ਦੀ ਕੋਈ ਪ੍ਰਵਾਨਗੀ ਲਏ ਬਿਨਾਂ ਹੀ ਆਪਣੇ ਖੇਤ ਵਿਚੋਂ ਲਗਭਗ 20 ਫੁੱਟ ਡੂੰਘੀ ਮਿੱਟੀ ਚੁੱਕਵਾ ਦਿੱਤੀ। ਇਸ ਤੋਂ ਬਾਅਦ ਪਈ ਭਾਰੀ ਬਰਸਾਤੀ ਕਾਰਨ ਨਾਲ ਲੱਗਦੇ ਉਨ੍ਹਾਂ ਦੇ ਖੇਤ



ਦੀ ਮਿੱਟੀ ਖੁਰ ਗਈ, ਜਿਸ ਨਾਲ ਖੇਤ ਨੂੰ ਢਾਹ ਲੱਗਣ ਕਾਰਨ ਬੀਜੀ ਹੋਈ ਜੀਰੀ ਦੀ ਫ਼ਸਲ ਅਤੇ ਖੇਤ ਪੂਰੀ ਤਰ੍ਹਾਂ ਹੜ੍ਹ ਕੇ ਤਬਾਹ ਹੋ ਗਿਆ। ਪੀੜਤ ਪਰਿਵਾਰ ਨੇ ਦੱਸਿਆ ਕਿ ਗੁਆਂਢੀ ਵੱਲੋਂ ਕੀਤੀ ਗਈ ਇਸ ਲਾਪਰਵਾਹੀ ਅਤੇ ਗ਼ੈਰ-ਕਾਨੂੰਨੀ ਪੁਟਾਈ ਕਾਰਨ ਉਨ੍ਹਾਂ ਦਾ ਬਹੁਤ ਵੱਡਾ ਮਾਲੀ ਨੁਕਸਾਨ ਹੋਇਆ ਹੈ। ਉਨ੍ਹਾਂ ਨੇ ਵਿਧਾਇਕ ਤੋਂ ਮੰਗ ਕੀਤੀ ਹੈ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਉਕਤ ਵਿਅਕਤੀ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਹੋਏ ਨੁਕਸਾਨ ਦਾ ਬਣਦਾ ਮੁਆਵਜ਼ਾ ਦਿਵਾਇਆ ਜਾਵੇ। ਜਦੋਂ ਇਸ ਮਾਈਨਿੰਗ ਵਿਭਾਗ ਦੇ ਐੱਸਡੀਓ ਪ੍ਰਦੀਪ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿ ਉਨ੍ਹਾਂ ਦੇ ਦਫ਼ਤਰ ਵੱਲੋਂ ਕਿਸੇ ਵੀ ਵਿਅਕਤੀ ਨੂੰ 20 ਫੁੱਟ ਤੱਕ ਮਿੱਟੀ ਚੁਕਣ ਦੀ ਪ੍ਰਵਾਨਗੀ ਨਹੀਂ ਦਿੱਤੀ ਗਈ। ਜੇਕਰ ਕਿਸੇ ਨੇ ਉਸ ਤੋਂ ਬਾਅਦ ਵੀ 20 ਫੁੱਟ ਤੱਕ ਮਿੱਟੀ ਪੱਟੀ ਹੈ ਤਾਂ ਜਲਦ ਹੀ ਟੀਮ ਨੂੰ ਭੇਜਕੇ ਉਕਤ ਵਿਅਕਤੀ ਖ਼?ਲਾਫ਼ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਦੇਸ਼ ਦੀ ਸਭ ਤੋਂ ਮਹਿੰਗੀ ਰੀਅਲ ਅਸਟੇਟ ਡੀਲ: ਗੁਰੂਗ੍ਰਾਮ 'ਚ 271 ਕਰੋੜ ਰੁਪਏ 'ਚ ਵਿਕਿਆ ਪੈਂਟਹਾਊਸ

ਨਵੀਂ ਦਿੱਲੀ 17 ਅਗਸਤ। ਦਿੱਲੀ ਦੇ ਨਾਲ ਲੱਗਦੇ ਸਾਈਬਰ ਸਿਟੀ ਗੁਰੂਗ੍ਰਾਮ ਦੀ ਰੀਅਲ ਅਸਟੇਟ ਮਾਰਕੀਟ ਨੇ ਇਕ ਵਾਰ ਫਿਰ ਪੂਰੇ ਦੇਸ਼ ਨੂੰ ਹੈਰਾਨ ਕੀਤਾ ਹੈ। ਦੇਸ਼ ਦੀ ਮਹਾਰਥੀ ਰੀਅਲ ਅਸਟੇਟ ਕੰਪਨੀ ਡੀ. ਐੱਲ. ਐੱਫ. ਨੇ ਗੁਰੂਗ੍ਰਾਮ 'ਚ ਆਪਣੇ ਇਕ ਸੁਪਰ-ਲਗਜ਼ਰੀ ਪ੍ਰਾਜੈਕਟ 'ਚ ਇਕ ਪੈਂਟਹਾਊਸ ਰਿਕਾਰਡਤੋੜ 271 ਕਰੋੜ ਰੁਪਏ 'ਚ ਵੇਚਿਆ ਹੈ। ਇਹ ਸੌਦਾ ਪ੍ਰਤੀ ਵਰਗ ਫੁੱਟ ਰੇਟ ਦੇ ਹਿਸਾਬ ਨਾਲ ਦੇਸ਼ ਦੀ ਸਭ ਤੋਂ ਮਹਿੰਗੀ ਰੀਅਲ ਅਸਟੇਟ ਡੀਲ 'ਚੋਂ ਇਕ ਹੈ। ਇਹ ਪੈਂਟਹਾਊਸ ਗੁਰੂਗ੍ਰਾਮ ਦੇ ਡੀ. ਐੱਲ. ਐੱਫ. ਫੇਜ਼ 5 'ਚ 'ਦਿ ਡਹਲੀਆਸ' 'ਚ ਹੈ। ਇਸ ਪ੍ਰਾਜੈਕਟ 'ਚ 420 ਸੁਪਰ-ਲਗਜ਼ਰੀ ਅਪਾਰਟਮੈਂਟ ਅਤੇ ਪੈਂਟਹਾਊਸ ਬਣਾਏ ਜਾ ਰਹੇ ਹਨ। ਸੂਤਰਾਂ ਅਨੁਸਾਰ, ਡੀ. ਐੱਲ. ਐੱਫ. ਦੇ ਇਸ ਮਹਿੰਗੇ ਪੈਂਟਹਾਊਸ ਨੂੰ ਜਾਣੇ-ਪਛਾਣੇ ਉਦਯੋਗਪਤੀ ਮਾਨਵ ਸਰਦਾਨਾ ਨੇ ਖਰੀਦਿਆ ਹੈ। ਸਰਦਾਨਾ ਆਟੋ ਕੰਪੋਨੈਂਟ ਸੈਕਟਰ ਦੀ ਪ੍ਰਮੁੱਖ ਕੰਪਨੀ ਇੰਪੀਰੀਅਲ ਆਟੋ ਨਾਲ ਜੁੜੇ ਹਨ। ਇਸ ਪੈਂਟਹਾਊਸ ਦਾ ਸੁਪਰ ਏਰੀਆ 17,200 ਵਰਗ ਫੁੱਟ ਹੈ। ਸੁਪਰ ਏਰੀਆ ਦੇ ਹਿਸਾਬ ਨਾਲ ਰੇਟ 1.58 ਲੱਖ ਰੁਪਏ ਪ੍ਰਤੀ ਵਰਗ ਫੁੱਟ ਬੈਠਦਾ ਹੈ। ਇਸ ਦਾ ਕਾਰਪੇਟ ਏਰੀਆ 10,500 ਵਰਗ




ਫੁੱਟ ਅਤੇ ਕਾਰਪੇਟ ਏਰੀਆ ਦੇ ਆਧਾਰ 'ਤੇ ਇਸ ਦੀ ਕੀਮਤ ਲੱਗਭਗ 2.6 ਲੱਖ ਰੁਪਏ ਪ੍ਰਤੀ ਵਰਗ ਫੁੱਟ ਬਣਦੀ ਹੈ। ਹਾਲਾਂਕਿ, ਇਸ ਡੀਲ 'ਤੇ ਕਿਸੇ ਵੀ ਤਰ੍ਹਾਂ ਦੀ ਟਿੱਪਣੀ ਕਰਨ ਤੋਂ ਡੀ. ਐੱਲ. ਐੱਫ. ਨੇ ਮਨ੍ਹਾ ਕਰ ਦਿੱਤਾ ਹੈ। ਦਿ ਡਹਲੀਆਸ ਪ੍ਰਾਜੈਕਟ 'ਚ ਇਕ ਸਾਧਾਰਨ ਅਪਾਰਟਮੈਂਟ ਦੀ ਕੀਮਤ ਵੀ 100 ਕਰੋੜ ਤੋਂ 170 ਕਰੋੜ ਰੁਪਏ ਦੇ ਵਿਚਾਲੇ ਰੱਖੀ ਗਈ ਹੈ, ਜਦਕਿ ਪੈਂਟਹਾਊਸ ਦੀ ਕੀਮਤ ਇਸ ਤੋਂ ਵੀ ਕਿਤੇ ਜ਼ਿਆਦਾ ਹੈ। ਡੀ. ਐੱਲ. ਐੱਫ. ਨੂੰ ਇਸ ਸਿੰਗਲ ਪ੍ਰਾਜੈਕਟ ਤੋਂ ਹੀ 40,000 ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਮਿਲਣ ਦੀ ਉਮੀਦ ਹੈ। ਲਾਂਚਿੰਗ ਦੇ ਬਾਅਦ ਤੋਂ ਹੁਣ ਤੱਕ ਇਸ ਦੀਆਂ 65 ਫੀਸਦੀ ਤੋਂ ਜ਼ਿਆਦਾ ਇਕਾਈਆਂ ਵਿਕ ਵੀ ਚੁੱਕੀਆਂ ਹਨ।

# ਤੁਹਾਡੇ ਕੀਬੋਰਡ ਤੇ ਡੈਸਕ ਤੋਂ ਵੀ ਫੈਲ ਸਕਦਾ ਹੈ 'ਪਿੰਕ ਆਈ'! ਦਫ਼ਤਰ 'ਚ ਕੰਜੰਕਟਿਵਾਇਟਿਸ ਤੋਂ ਰਹੋ ਸਾਵਧਾਨ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 17 ਅਗਸਤ। ਬਾਰਿਸ਼ ਦੇ ਮੌਸਮ 'ਚ ਕੰਜੰਕਟਿਵਾਇਟਿਸ ਜਾਂ ਪਿੰਕ ਆਈ ਦੀ ਸਮੱਸਿਆ ਕਾਫੀ ਵਧ ਜਾਂਦੀ ਹੈ, ਪਰ ਇਹ ਸਮੱਸਿਆ ਆਫਿਸ 'ਚ ਹੋਰ ਵੀ ਤੇਜ਼ੀ ਨਾਲ ਫੈਲ ਸਕਦੀ ਹੈ। ਆਫਿਸ ਦਾ ਮਾਹੌਲ ਅਜਿਹਾ ਹੁੰਦਾ ਹੈ ਕਿ ਲੋਕ ਘੰਟਿਆਂਬੱਧੀ ਇੱਕੋ ਜਗ?ਹਾ ਬੈਠ ਕੇ ਨਾਲ ਕੰਮ ਕਰਦੇ ਹਨ। ਇੱਕੋ ਮੀਟਿੰਗ ਰੂਮ, ਪੈਂਟਰੀ, ਪ੍ਰਿੰਟਰ, ਟੇਬਲ ਆਦਿ ਦੀ ਵਰਤੋਂ ਕਰਦੇ ਹਨ। ਦਿਨ ਭਰ ਇਨ੍ਹਾਂ ਚੀਜ਼ਾਂ ਨੂੰ ਕਈ ਲੋਕ ਛੂਹੰਦੇ ਹਨ, ਜਿਸ ਨਾਲ ਕੰਜੰਕਟਿਵਾਇਟਿਸ ਫੈਲਣ ਦਾ ਖਤਰਾ ਕਾਫੀ ਵਧ ਜਾਂਦਾ ਹੈ। ਸਾਵਧਾਨੀ ਤੇ ਸਫਾਈ 'ਚ ਲਾਪਰਵਾਹੀ ਦੀ ਵਜ?ਹਾ ਨਾਲ ਇਹ ਸਮੱਸਿਆ ਹੋਰ ਤੇਜ਼ੀ ਨਾਲ ਫੈਲ ਸਕਦੀ ਹੈ। ਇਸ ਲਈ ਆਓ ਜਾਣੀਏ ਇਸ ਮੌਸਮ 'ਚ ਕੰਜੰਕਟਿਵਾਇਟਿਸ ਦੀ ਲਪੇਟ 'ਚ ਆਉਣ ਤੋਂ ਬਚਣ ਲਈ ਕੀ ਕਰਨਾ ਚਾਹੀਦਾ ਹੈ। ਕੰਜੰਕਟਿਵਾਇਟਿਸ ਸਾਡੀਆਂ ਅੱਖਾਂ ਦੇ ਚਿੱਟੇ ਹਿੱਸੇ ਤੇ ਪਲਕਾਂ ਦੇ ਅੰਦਰੂਨੀ ਹਿੱਸੇ ਨੂੰ ਢਕਣ ਵਾਲੀ ਪਤਲੀ ਝਿੱਲੀ 'ਚ ਹੋਣ ਵਾਲੀ ਸੋਜ



ਜਾਂ ਇਨਫੈਕਸ਼ਨ ਹੈ। ਜਦੋਂ ਇਸ ਝਿੱਲੀ 'ਚ ਸੋਜ ਆ ਜਾਂਦੀ ਹੈ ਤਾਂ ਅੱਖ ਲਾਲ ਜਾਂ ਗੁਲਾਬੀ ਦਿਖਾਈ ਦੇਣ ਲੱਗਦੀ ਹੈ। ਇਸ ਲਈ ਇਸ ਨੂੰ ਪਿੰਕ ਆਈ ਵੀ ਕਿਹਾ ਜਾਂਦਾ ਹੈ। ਇਹ ਸਮੱਸਿਆ ਕਈ ਕਾਰਨਾਂ ਕਰਕੇ ਹੋ ਸਕਦੀ ਹੈ, ਜਿਵੇਂ- ਵਾਇਰਲ ਇਨਫੈਕਸ਼ਨ, ਬੈਕਟੀਰੀਅਲ ਇਨਫੈਕਸ਼ਨ, ਐਲਰਜੀ, ਧੂੜ ਜਾਂ ਕਿਸੇ ਦੂਜੇ ਇਰੀਟੈਂਟ ਦੀ ਵਜ?ਹਾ ਨਾਲ। ਐਲਰਜੀ ਕਾਰਨ ਹੋਣ ਵਾਲਾ ਕੰਜੰਕਟਿਵਾਇਟਿਸ ਇਕ ਤੋਂ ਦੂਜੇ ਵਿਅਕਤੀ 'ਚ ਨਹੀਂ ਫੈਲਦਾ, ਪਰ ਵਾਇਰਲ ਤੇ ਬੈਕਟੀਰੀਅਲ ਇਨਫੈਕਸ਼ਨ ਕਾਰਨ ਹੋਣ ਵਾਲਾ ਪਿੰਕ ਆਈ ਕਾਫੀ ਛੂਤਕਾਰੀ ਹੁੰਦਾ ਹੈ। ਇਨਫੈਕਸ਼ਨ ਕਾਰਨ ਅੱਖਾਂ ਲਾਲ ਜਾਂ ਗੁਲਾਬੀ ਹੋ ਸਕਦੀਆਂ ਹਨ, ਅੱਖਾਂ 'ਚੋਂ ਲਗਾਤਾਰ ਪਾਣੀ ਆਉਣਾ, ਅੱਖਾਂ 'ਚ ਜਲਨ ਜਾਂ ਖੁਜਲੀ ਹੋਣਾ, ਅੱਖਾਂ 'ਚ ਕੁਝ ਚੁਭਣ ਵਰਗਾ ਮਹਿਸੂਸ ਹੋਣਾ, ਪਲਕਾਂ 'ਚ ਸੋਜ, ਅੱਖਾਂ 'ਚੋਂ ਚਿਪਚਿਪਾ ਡਿਸਚਾਰਜ ਨਿਕਲਣਾ ਜਾਂ ਅਜਿਹਾ ਲੱਗਣਾ ਜਿਵੇਂ ਅੱਖਾਂ 'ਚ ਕੁਝ ਚਲਾ ਗਿਆ ਹੈ। ਬੈਕਟੀਰੀਅਲ ਕੰਜੰਕਟਿਵਾਇਟਿਸ 'ਚ ਅੱਖਾਂ 'ਚੋਂ ਡਿਸਚਾਰਜ ਨਿਕਲਦਾ ਹੈ, ਜਿਸ ਨਾਲ ਸੌਂ ਕੇ ਉੱਠਣ 'ਤੇ ਪਲਕਾਂ ਚਿਪਕ ਜਾਂਦੀਆਂ ਹਨ। ਇਹ ਲੱਛਣ ਨਜ਼ਰ ਆਉਂਦੇ ਹੀ ਡਾਕਟਰ ਨਾਲ ਸੰਪਰਕ ਕਰਨਾ ਜ਼ਰੂਰੀ ਹੈ। ਆਪਣੇ ਹੱਥਾਂ ਨੂੰ ਵਾਰ-ਵਾਰ ਧੋਵੋ। ਘੱਟੋ-ਘੱਟ 20 ਸੈਕਿੰਡ ਤਕ ਸਾਬਣ ਤੇ ਪਾਣੀ ਨਾਲ ਆਪਣੇ ਹੱਥਾਂ ਨੂੰ ਚੰਗੀ ਤਰ੍ਹਾਂ ਧੋਵੋ। ਕੀਬੋਰਡ, ਮਾਊਸ, ਟੈਲੀਫੋਨ, ਟੇਬਲ ਆਦਿ ਦੀ ਸਫਾਈ ਜ਼ਰੂਰੀ ਹੈ। ਜੇਕਰ ਕੋਈ ਕਾਮਨ ਚੀਜ਼ ਵਰਤ ਰਹੇ ਹੋ ਤਾਂ ਉਸ ਤੋਂ ਬਾਅਦ ਤੁਰੰਤ ਆਪਣੇ ਹੱਥ ਸੈਨੀਟਾਈਜ਼ ਕਰੋ ਤੇ ਆਪਣੀਆਂ ਅੱਖਾਂ ਨੂੰ ਛੂਹਣ ਤੋਂ ਬਚੋ। ਆਪਣੇ ਕੋਸਮੈਟਿਕਸ, ਆਈ ਡ?ਰੌਪਸ, ਕਾਂਟੈਕਟ ਲੈਨਜ਼ ਵਰਗੀਆਂ ਚੀਜ਼ਾਂ ਕਿਸੇ ਨਾਲ ਸ਼ੇਅਰ ਨਾ ਕਰੋ। ਜੇਕਰ ਤੁਹਾਨੂੰ ਕੰਜੰਕਟਿਵਾਇਟਿਸ ਹੋ ਗਿਆ ਹੈ ਤਾਂ ਠੀਕ ਹੋਣ ਤਕ ਆਫਿਸ ਨਾ ਆਓ। ਕੰਜੰਕਟਿਵਾਇਟਿਸ ਦੇ ਲੱਛਣ ਨਜ਼ਰ ਆਉਂਦੇ ਹੀ ਤੁਰੰਤ ਡਾਕਟਰ ਨਾਲ ਸੰਪਰਕ ਕਰਨਾ ਜ਼ਰੂਰੀ ਹੈ। ਆਪਣੇ-ਆਪ ਆਈ ਡ?ਰੌਪ ਨਾ ਲਵੋ। ਇਸ ਨਾਲ ਸਮੱਸਿਆ ਵਧ ਸਕਦੀ ਹੈ। ਹਮੇਸ਼ਾ ਡਾਕਟਰ ਤੋਂ ਜਾਂਚ ਕਰਵਾਓ ਤਾਂ ਜੋ ਉਹ ਤੁਹਾਨੂੰ ਸਹੀ ਦਵਾਈ ਦੇ ਸਕਣ। ਇਸ ਦੇ ਨਾਲ ਹੀ, ਸਾਫ-ਸਫਾਈ ਦਾ ਧਿਆਨ ਰੱਖੋ।

# ਹੁਣ ਬੀਮਾ ਕੰਪਨੀਆਂ ਦੀ ਮਨਮਰਜ਼ੀ ਹੋਵੇਗੀ ਖਤਮ, ਦਾਅਵਾ ਲਟਕਾਉਣ 'ਤੇ ਦੇਣਾ ਪਵੇਗਾ ਹਰਜਾਨਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 17 ਅਗਸਤ। ਬੀਮਾ ਕੰਪਨੀਆਂ ਵੱਲੋਂ ਦਾਅਵਿਆਂ ਦੇ ਨਿਪਟਾਰੇ 'ਚ ਹੋਣ ਵਾਲੀ ਅਣ-ਲੋੜੀਂਦੀ ਦੇਰੀ 'ਤੇ ਹੁਣ ਗਾਹਕਾਂ ਨੂੰ ਹਰਜਾਨਾ ਮਿਲੇਗਾ। ਸਰਕਾਰ ਨੇ ਬੀਮਾ ਦਾਅਵਾ ਪ੍ਰਕਿਰਿਆ ਨੂੰ ਵਧੇਰੇ ਪਾਰਦਰਸ਼ੀ, ਆਸਾਨ ਅਤੇ ਜਵਾਬਦੇਹ ਬਣਾਉਣ ਲਈ ਨਵੇਂ ਪ੍ਰਬੰਧ ਲਾਗੂ ਕੀਤੇ ਹਨ। ਨਵੇਂ ਨਿਯਮਾਂ ਤਹਿਤ ਜੇਕਰ ਕੰਪਨੀ ਤੈਅ ਸਮੇਂ ਦੇ ਅੰਦਰ ਦਾਅਵਾ ਨਹੀਂ ਨਿਪਟਾਉਂਦੀ ਤਾਂ ਉਸ ਨੂੰ ਵਿਆਜ ਜਾਂ ਹਰਜਾਨੇ ਦੇ ਨਾਲ ਭੁਗਤਾਨ ਕਰਨਾ ਪਵੇਗਾ। ਨਾਲ ਹੀ, ਬਿਨਾਂ ਠੋਸ ਕਾਰਨ ਦੇ ਦਾਅਵਾ ਖਾਰਿਜ ਕਰਨਾ ਵੀ ਆਸਾਨ ਨਹੀਂ ਰਹੇਗਾ। ਨਵੇਂ ਨਿਯਮਾਂ ਅਨੁਸਾਰ ਬੀਮਾ ਕੰਪਨੀਆਂ ਨੂੰ ਦਾਅਵਾ ਪ੍ਰਕਿਰਿਆ, ਲਾਜ਼ਮੀ ਦਸਤਾਵੇਜ਼ ਅਤੇ ਸਮਾਂ-ਹੱਦ ਦੀ ਪੂਰੀ ਜਾਣਕਾਰੀ ਸਪੱਸ਼ਟ ਰੂਪ 'ਚ ਦੇਣੀ ਪਵੇਗੀ। ਗਾਹਕ ਆਨਲਾਈਨ ਪੋਰਟਲ, ਮੋਬਾਈਲ ਐਪ, ਈ-ਮੇਲ ਜਾਂ ਕਾਲ ਸੈਂਟਰ ਰਾਹੀਂ ਵੀ ਦਾਅਵਾ ਦਰਜ ਕਰਵਾ ਸਕਣਗੇ। ਕੰਪਨੀਆਂ ਨੂੰ ਦਾਅਵਾ ਕਰਨ ਵਾਲੇ ਗਾਹਕਾਂ ਨਾਲ ਨਿਰਪੱਖ ਅਤੇ ਪਾਰਦਰਸ਼ੀ ਵਿਵਹਾਰ ਯਕੀਨੀ ਬਣਾਉਣਾ ਪਵੇਗਾ। ਜੇਕਰ ਕਿਸੇ ਕਾਰਨ ਬੀਮਾ ਦਾਅਵਾ ਤੈਅ ਸਮੇਂ 'ਚ ਨਹੀਂ ਨਿਪਟਾਇਆ ਜਾਂਦਾ ਅਤੇ ਦੇਰੀ ਲਈ ਕੰਪਨੀ ਜ਼ਿੰਮੇਵਾਰ ਪਾਈ ਜਾਂਦੀ ਹੈ ਤਾਂ ਉਸ ਨੂੰ ਗਾਹਕ ਨੂੰ ਵਿਆਜ ਜਾਂ ਹਰਜਾਨੇ ਦੇ ਨਾਲ ਭੁਗਤਾਨ ਕਰਨਾ ਪਵੇਗਾ। ਇਸ




ਵਿਵਸਥਾ ਦਾ ਉਦੇਸ਼ ਕੰਪਨੀਆਂ ਦੀ ਜਵਾਬਦੇਹੀ ਤੈਅ ਕਰਨਾ ਅਤੇ ਦਾਅਵਿਆਂ ਦੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਸਿਰਫ ਦਸਤਾਵੇਜ਼ਾਂ 'ਚ ਮਾਮੂਲੀ ਘਾਟ ਜਾਂ ਕਾਗਜ਼ਾਤ ਮਿਲਣ 'ਚ ਦੇਰੀ ਦੇ ਆਧਾਰ 'ਤੇ ਦਾਅਵਾ ਸਿੱਧਾ ਖਾਰਿਜ ਨਹੀਂ ਕੀਤਾ ਜਾ ਸਕੇਗਾ। ਵਿਸ਼ੇਸ਼ ਰੂਪ 'ਚ ਸਿਹਤ ਬੀਮਾ ਮਾਮਲਿਆਂ 'ਚ ਕੰਪਨੀਆਂ ਅਤੇ ਥਰਡ ਪਾਰਟੀ ਐਡਮਨਿਸਟ?ਰੇਟਰ (ਟੀ. ਪੀ. ਏ.) ਨੂੰ ਲਾਜ਼ਮੀ ਦਸਤਾਵੇਜ਼ ਸਿੱਧੇ ਹਸਪਤਾਲ ਤੋਂ ਪ੍ਰਾਪਤ ਕਰਨ ਦਾ ਯਤਨ ਕਰਨਾ ਪਵੇਗਾ। ਬੀਮਾ ਕੰਪਨੀਆਂ ਨੂੰ ਹੁਣ ਦਾਅਵਾ ਅਸਵੀਕਾਰ ਕਰਨ ਦਾ ਸਪੱਸ਼ਟ ਅਤੇ ਲਿਖਤੀ ਕਾਰਨ ਦੇਣਾ ਪਵੇਗਾ। ਜੇਕਰ ਕਿਸੇ ਵਾਧੂ ਜਾਣਕਾਰੀ ਜਾਂ ਦਸਤਾਵੇਜ਼ ਦੀ ਲੋੜ ਹੋਵੇਗੀ ਤਾਂ ਗਾਹਕ ਨੂੰ ਸਮਾਂ ਰਹਿੰਦੇ ਇਸ ਦੀ ਸੂਚਨਾ ਦੇਣੀ ਪਵੇਗੀ। ਬਿਨਾਂ ਉਚਿਤ ਕਾਰਨ ਦੇ ਦਾਅਵਾ ਰੱਦ ਕਰਨ 'ਤੇ ਰੈਗੂਲੇਟਰੀ ਕਾਰਵਾਈ ਵੀ ਹੋ ਸਕਦੀ ਹੈ। ਸਰਕਾਰ ਦਾ ਕਹਿਣਾ ਹੈ ਕਿ ਨਵੇਂ ਨਿਯਮਾਂ ਦਾ ਉਦੇਸ਼ ਬੀਮਾ ਖੇਤਰ 'ਚ ਖਪਤਕਾਰਾਂ ਦਾ ਵਿਸ਼ਵਾਸ ਵਧਾਉਣਾ ਹੈ। ਜੀਵਨ, ਸਿਹਤ ਅਤੇ ਆਮ ਬੀਮੇ ਨਾਲ ਜੁੜੇ ਸਾਰੇ ਦਾਅਵਿਆਂ ਦੀ ਪ੍ਰਕਿਰਿਆ ਵਧੇਰੇ ਪਾਰਦਰਸ਼ੀ, ਸਮਾਂਬੱਧ ਅਤੇ ਜਵਾਬਦੇਹ ਹੋਵੇਗੀ, ਜਿਸ ਨਾਲ ਗਾਹਕਾਂ ਨੂੰ ਅਣ-ਲੋੜੀਂਦੀ ਪ੍ਰੇਸ਼ਾਨੀ ਅਤੇ ਲੰਮੀ ਉਡੀਕ ਤੋਂ ਰਾਹਤ ਮਿਲੇਗੀ।

# ਪੰਜਾਬ ਦੀ ਸਿਆਸਤ 'ਚ ਇਕ ਹੋਰ ਪਾਰਟੀ ਦੀ ਐਂਟਰੀ! 2027 ਦੀਆਂ ਚੋਣਾਂ ਲੜਣ ਦਾ ਕੀਤਾ ਐਲਾਨ

ਮੋਹਾਲੀ 17 ਅਗਸਤ। ਪੰਜਾਬ ਅੰਦਰ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ 'ਚ ਲੋਕ ਜਨਸ਼ਕਤੀ ਪਾਰਟੀ ਸਾਰੀਆਂ 117 ਵਿਧਾਨ ਸਭਾ ਸੀਟਾਂ ਤੇ ਆਪਣੇ ਉਮੀਦਵਾਰ ਮੈਦਾਨ 'ਚ ਉਤਾਰੇਗੀ। ਜਿਸ ਦੇ ਲਈ ਪਾਰਟੀ ਵੱਲੋਂ ਸਾਰੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਹ ਜਾਣਕਾਰੀ ਪਾਰਟੀ ਵੱਲੋਂ ਪੰਜਾਬ ਪ੍ਰਭਾਰੀ ਅਤੇ ਕੌਮੀ ਜਨਰਲ ਸਕੱਤਰ ਕੇ. ਪੀ. ਚੌਧਰੀ ਨੇ ਮੋਹਾਲੀ ਫੇਜ਼-11 ਵਿਖੇ ਸੁਖਦੇਵ ਸਿੰਘ ਪੰਜੇਟਾ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਦੀ ਹੋਈ ਇਕ ਅਹਿਮ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਇਸੇ ਸਬੰਧ 'ਚ ਪਾਰਟੀ ਦੇ ਕੌਮੀ ਪ੍ਰਧਾਨ ਤੇ ਕੇਂਦਰੀ ਮੰਤਰੀ ਚਿਰਾਗ ਪਾਸਵਾਨ



ਹਰ ਸੋਮਵਾਰ ਪੰਜਾਬ ਆਉਣਗੇ ਤਾਂ ਜੋ ਪੰਜਾਬ ਦੇ ਲੋਕਾਂ ਨੂੰ ਮਿਲਕੇ ਦਰਪੇਸ਼ ਔਕੜਾਂ, ਉਨ੍ਹਾਂ ਦੀ ਜ਼ਰੂਰਤ ਅਤੇ ਸਭ ਦੇ ਹੱਲ ਲਈ ਵਿਚਾਰ ਵਟਾਂਦਰਾ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਪਾਰਟੀ ਦੇ ਸੀਨੀਅਰ ਨੇਤਾ ਸੰਜੇ ਪਾਸਵਾਨ ਵੱਲੋਂ ਲੁਧਿਆਣਾ ਵਿਖੇ ਪਾਰਟੀ ਦੇ ਸੂਬਾ ਦਫ਼ਤਰ ਦਾ ਉਦਘਾਟਨ ਕੀਤਾ ਜਾ ਚੁੱਕਾ ਹੈ ਤੇ ਆਉਣ ਵਾਲੇ ਦਿਨਾਂ 'ਚ ਪਾਰਟੀ ਦੀਆਂ ਸਰਗਰਮੀਆਂ ਹੋਰ ਤੇਜ਼ ਕੀਤੀਆਂ ਜਾਣਗੀਆਂ। ਚੌਧਰੀ ਨੇ ਕਿਹਾ ਕਿ ਲੋਕ ਜਨਸ਼ਕਤੀ ਪਾਰਟੀ ਪੰਜਾਬ 'ਚ ਪਾਰਟੀ ਦਾ ਵਿਸਥਾਰ ਕਰਨ ਲਈ ਪੂਰੀ ਤਰ੍ਹਾਂ ਸਰਗਰਮ ਹੈ ਅਤੇ ਆਉਣ ਵਾਲੇ ਕੁਝ ਦਿਨਾਂ 'ਚ ਪਾਰਟੀ ਦੇ ਸੰਗਠਨਾਤਮਕ ਢਾਂਚੇ ਦਾ ਐਲਾਨ ਕਰ ਦਿੱਤਾ ਜਾਵੇਗਾ। ਇਸ ਮੌਕੇ ਸੰਜੀਵ ਥਾਪਰ, ਵਿਕਰਮ ਸਿੰਘ ਬਾਜਵਾ, ਸੁਨੀਲ ਕੁਮਾਰ ਜੈਨ, ਕਰਮਜੀਤ ਸਿੰਘ ਮੋਹਾਲੀ, ਪ੍ਰੋਫੈਸਰ ਗੁਰਨਾਮ ਸਿੰਘ, ਗੁਰਜਿੰਦਰ ਸਿੰਘ ਮੋਹਾਲੀ, ਸੇਵਾ ਮੁਕਤ ਐੱਸ. ਐੱਸ. ਪੀ. ਸੁਨੀਲ ਕੁਮਾਰ, ਅਸ਼ੋਕ ਕੰਬੋਜ, ਬਲਜਿੰਦਰ ਸਿੰਘ ਮੁਕਤਸਰ, ਐਡਵੋਕੇਟ ਖੁਸ਼ਬੂ ਮਿਸ਼ਰਾ, ਗੁਰਬਖਸ਼ ਸਿੰਘ, ਸਰਬਜੀਤ ਸਿੰਘ ਅਤੇ ਹਰਵਿੰਦਰ ਸਿੰਘ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

# 'ਬਾਲਿਕਾ ਵਧੂ' ਫੇਮ ਅਵਿਕਾ ਗੌਰ ਡੇਂਗੂ ਦੀ ਲਪੇਟ 'ਚ! ਤੇਜ਼ ਬੁਖਾਰ ਨਾ ਕਰੋ ਨਜ਼ਰਅੰਦਾਜ਼

ਨਵੀਂ ਦਿੱਲੀ 17 ਅਗਸਤ। 'ਬਾਲਿਕਾ ਵਧੂ' ਅਤੇ 'ਸਸੁਰਾਲ ਸਿਮਰ ਕਾ' ਨਾਲ ਸਾਰਿਆਂ ਦੇ ਦਿਲਾਂ 'ਚ ਆਪਣੀ ਖ਼ਾਸ ਪਛਾਣ ਬਣਾਉਣ ਵਾਲੀ ਟੀਵੀ ਸੀਰੀਅਲ ਅਦਾਕਾਰਾ ਅਵਿਕਾ ਗੌਰ ਇਨ੍ਹੀਂ ਦਿਨੀਂ ਡੇਂਗੂ ਹੋਣ ਕਾਰਨ ਸੁਰਖੀਆਂ 'ਚ ਬਣੀ ਹੋਈ ਹੈ। ਇਸ ਗੱਲ ਦੀ ਜਾਣਕਾਰੀ ਉਨ੍ਹਾਂ ਦੇ ਪਤੀ ਮਿਲਿੰਦ ਚੰਦਵਾਨੀ ਨੇ ਸੋਸ਼ਲ ਮੀਡੀਆ 'ਤੇ ਪੋਸਟ ਸ਼ੇਅਰ ਕਰਕੇ ਦਿੱਤੀ ਅਤੇ ਦੱਸਿਆ ਕਿ ਅਦਾਕਾਰਾ ਨੂੰ 103-104 ਡਿਗਰੀ ਬੁਖਾਰ ਹੈ। ਉਨ੍ਹਾਂ ਇਹ ਵੀ ਸ਼ੇਅਰ ਕੀਤਾ ਕਿ ਅਦਾਕਾਰਾ ਨੂੰ ਬੁਖਾਰ ਤਾਂ ਸੀ ਪਰ ਡੇਂਗੂ ਦੇ ਲੱਛਣਾਂ ਦਾ ਪਤਾਦਦੋਂ ਲੱਗਿਆ ਜਦੋਂ ਉਨ੍ਹਾਂ ਨੇ ਟੈਸਟ ਕਰਵਾਇਆ, ਇਸ ਤੋਂ ਪਹਿਲਾਂ ਉਹ ਆਪਣੇ ਰੋਜ਼ਾਨਾ ਦੇ ਸ਼ੂਟਿੰਗ ਦੇ ਕੰਮ 'ਚ ਰੁੱਝੀ ਹੋਈ ਸੀ। ਅਜਿਹੇ 'ਚ ਸਾਨੂੰ ਇਹ ਜਾਣਨਾ ਬਹੁਤ ਜ਼ਰੂਰੀ ਹੋ ਜਾਂਦਾ ਹੈ ਕਿ ਡੇਂਗੂ ਦੇ ਸ਼ੁਰੂਆਤੀ ਲੱਛਣਾਂ ਦੀ ਪਛਾਣ ਕਿਵੇਂ ਕੀਤੀ ਜਾਵੇ ਅਤੇ ਇਸ ਤੋਂ ਬਚਾਅ ਲਈ ਕੀ ਕੀਤਾ ਜਾ ਸਕਦਾ ਹੈ। ਡੇਂਗੂ ਏਡੀਜ਼ ਏਜੀਪਟੀ ਨਾਮਕ ਇੱਕ ਮਾਦਾ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਜਦੋਂ ਇਹ ਮੱਛਰ ਡੇਂਗੂ ਤੋਂ ਸੰਕਰਮਿਤ ਵਿਅਕਤੀ ਨੂੰ ਕੱਟਦਾ ਹੈ ਤਾਂ ਵਾਇਰਸ ਮੱਛਰ 'ਚ ਦਾਖ਼ਲ ਹੋ ਜਾਂਦਾ ਹੈ। ਇਸ ਤਰ੍ਹਾਂ ਉਹੀ ਮੱਛਰ ਜਦੋਂ ਸਿਹਤਮੰਦ ਵਿਅਕਤੀ ਨੂੰ ਕੱਟਦਾ ਹੈ ਤਾਂ ਉਹ ਵੀ ਡੇਂਗੂ ਤੋਂ ਸੰਕਰਮਿਤ ਹੋ ਜਾਂਦਾ ਹੈ।

## ਔਸਤ ਬਿੱਲਾਂ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਉਣ ਲਈ ਪਾਵਰਕਾਮ ਦਾ ਅਹਿਮ ਕਦਮ

ਜ਼ੀਰਕਪੁਰ 17 ਅਗਸਤ। ਐਨ-ਕੋਡ/ਔਸਤ ਆਧਾਰ 'ਤੇ ਜਾਰੀ ਬਿਜਲੀ ਬਿੱਲਾਂ ਨੂੰ ਲੈ ਕੇ ਪਾਵਰਕਾਮ ਸਬ-ਡਿਵੀਜ਼ਨ ਜ਼ੀਰਕਪੁਰ ਦੀ ਕਮਰਸ਼ੀਅਲ ਨੇ ਖਪਤਕਾਰਾਂ ਨੂੰ ਰਾਹਤ ਦਿੰਦਿਆਂ ਘਬਰਾਉਣ ਦੀ ਲੋੜ ਨਾ ਹੋਣ ਦੀ ਗੱਲ ਕਹੀ ਹੈ। ਵਿਭਾਗ ਮੁਤਾਬਕ ਕੁਝ ਖਪਤਕਾਰਾਂ ਦੇ ਨਿਰਧਾਰਤ ਬਿਲਿੰਗ ਸਾਈਕਲ ਅਨੁਸਾਰ ਅਸਲ ਮੀਟਰ ਰੀਡਿੰਗ ਦਰਜ ਨਾ ਹੋ ਸਕਣ ਕਾਰਨ ਪਿਛਲੇ ਸਾਲ ਦੀ ਇਸੇ ਮਿਆਦ ਦੀ ਖਪਤ ਦੇ ਆਧਾਰ 'ਤੇ ਔਸਤ ਬਿੱਲ ਜਾਰੀ ਕੀਤੇ ਗਏ ਸਨ। ਹੁਣ ਮੀਟਰ ਰੀਡਿੰਗ ਸਟਾਫ਼ ਵੱਲੋਂ ਅਸਲ ਰੀਡਿੰਗ ਦਰਜ ਕੀਤੀ ਜਾ ਰਹੀ ਹੈ। ਇਸ ਤੋਂ ਬਾਅਦ ਅਸਲ ਖਪਤ ਦੇ ਆਧਾਰ 'ਤੇ ਬਿੱਲ ਜਾਰੀ ਹੋਣਗੇ ਅਤੇ ਔਸਤ ਬਿੱਲਾਂ ਦੀ ਲੋੜੀਂਦੀ ਐਡਜਸਟਮੈਂਟ ਵਿਭਾਗੀ ਨਿਯਮਾਂ ਮੁਤਾਬਕ ਆਪਣੇ ਆਪ ਹੋ ਜਾਵੇਗੀ। ਜਿਹੜੇ ਖਪਤਕਾਰ ਤੁਰੰਤ ਬਿੱਲ ਸੋਧਵਾਉਣਾ ਚਾਹੁੰਦੇ ਹਨ, ਉਹ ਮੀਟਰ ਦੀ ਕੇਡਬਲਯੂਐੱਚ/ਕੇਵੀਏਐੱਚ/ਐੱਮਡੀਆਈ ਰੀਡਿੰਗ ਦੀ ਸਾਫ਼ ਫੋਟੋ ਜਾਂ ਵੀਡੀਓ ਵਟਸਐਪ ਕਰ ਸਕਦੇ ਹਨ।

# ਪੰਜਾਬ ਨੂੰ ਬਚਾਉਣ ਲਈ ਭਾਜਪਾ ਦੀ ਮੁਹਿੰਮ ਤੇਜ਼, ਹਰ ਘਰ ਤੱਕ ਪਹੁੰਚਣਗੀਆਂ ਨੀਤੀਆਂ: ਕੇਵਲ ਸਿੰਘ ਢਿੱਲੋਂ

**ਕੌਮੀ ਪਤ੍ਰਿਕਾ**

ਚੰਡੀਗੜ੍ਹ 17 ਅਗਸਤ। ਪੰਜਾਬ ਨੂੰ ਦਰਪੇਸ਼ ਨਸ਼ਿਆਂ, ਬੇਰੁਜ਼ਗਾਰੀ, ਕਾਨੂੰਨ ਵਿਵਸਥਾ ਅਤੇ ਕਿਸਾਨੀ ਸੰਕਟ ਵਰਗੇ ਗੰਭੀਰ ਮਸਲਿਆਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਨੇ ਸੂਬੇ ਵਿਚ ਆਪਣੀ ਪਹੁੰਚ ਹੋਰ ਵਿਸ਼ਾਲ ਕੀਤੀ ਹੈ। ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਪਾਰਟੀ ਵੱਲੋਂ ਪਿੰਡ ਤੇ ਸ਼ਹਿਰ ਪੱਧਰ 'ਤੇ ਲਗਾਤਾਰ ਸੰਪਰਕ ਪ੍ਰੋਗਰਾਮ ਉਲੀਕੇ ਜਾ ਰਹੇ ਹਨ, ਤਾਂ ਜੋ ਕੇਂਦਰ ਸਰਕਾਰ ਦੀਆਂ ਲੋਕ-ਪੱਖੀ ਯੋਜਨਾਵਾਂ ਦਾ ਲਾਭ ਸਿੱਧਾ ਪੰਜਾਬ ਦੇ ਹਰ ਪਰਿਵਾਰ ਤੱਕ ਪਹੁੰਚਾਇਆ ਜਾ ਸਕੇ। ਪੰਜਾਬ ਭਾਜਪਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਅੱਜ ਨਸ਼ਿਆਂ ਦੀ ਮਾਰ, ਵਿਗੜਦੀ ਕਾਨੂੰਨ ਵਿਵਸਥਾ ਅਤੇ ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪਲਾਇਨ ਵਰਗੇ ਸੰਕਟਾਂ ਨਾਲ ਜੂਝ ਰਿਹਾ ਹੈ, ਪਰ ਸੱਤਾਧਾਰੀ ਧਿਰ ਕੋਲ ਇਨ੍ਹਾਂ ਸਮੱਸਿਆਵਾਂ ਦਾ ਕੋਈ ਠੋਸ ਹੱਲ ਨਹੀਂ। ਉਨ੍ਹਾਂ ਦੱਸਿਆ ਕਿ ਭਾਜਪਾ ਪੰਜਾਬ ਨੂੰ ਮੁੜ ਸੁਰੱਖਿਅਤ, ਖੁਸ਼ਹਾਲ ਅਤੇ ਤਰੱਕੀਸ਼ੀਲ ਸੂਬਾ ਬਣਾਉਣ ਲਈ ਵਚਨਬੱਧ ਹੈ ਅਤੇ ਇਸੇ ਦਿਸ਼ਾ ਵਿੱਚ ਸੰਗਠਨ ਨੂੰ ਪਿੰਡ-ਪਿੰਡ, ਬੂਥ-ਬੂਥ ਤੱਕ ਮਜ਼ਬੂਤ ਕੀਤਾ ਜਾ ਰਿਹਾ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ 9 ਤੋਂ 17 ਅਗਸਤ ਤੱਕ ਪੂਰੇ ਪੰਜਾਬ ਵਿੱਚ 'ਹਰ ਘਰ ਤਿਰੰਗਾ' ਮੁਹਿੰਮ ਚਲਾਈ ਜਾ ਰਹੀ ਹੈ। ਢਿੱਲੋਂ ਨੇ ਕਿਹਾ ਕਿ ਪੰਜਾਬ, ਜੋ ਸਰਹੱਦੀ ਸੂਬਾ ਹੋਣ ਦੇ ਨਾਲ-ਨਾਲ ਦੇਸ਼ ਲਈ ਸ਼ਹਾਦਤਾਂ ਦੀ ਧਰਤੀ ਵੀ ਹੈ, ਵਿੱਚ ਹਰ ਜ਼ਿਲ੍ਹੇ, ਸ਼ਹਿਰ ਤੇ ਪਿੰਡ ਵਿੱਚ 'ਤਿਰੰਗਾ ਯਾਤਰਾਵਾਂ' ਕੱਢੀਆਂ ਜਾਣਗੀਆਂ ਅਤੇ ਲੋਕਾਂ ਨੂੰ ਆਪਣੇ ਘਰਾਂ 'ਤੇ ਰਾਸ਼ਟਰੀ ਝੰਡਾ ਲਹਿਰਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਪੰਜਾਬ ਪ੍ਰਧਾਨ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੀ 650ਵੀਂ ਜਯੰਤੀ ਦੇ ਸਬੰਧ ਵਿਚ ਦੇਸ਼ ਪੱਧਰ 'ਤੇ ਚੱਲ ਰਹੇ 'ਸਮਰਸਤਾ ਸੰਕਲਪ



ਅਭਿਆਨ' ਤਹਿਤ ਗੁਰੂ ਜੀ ਦੀ ਜਨਮਭੂਮੀ ਤੋਂ ਲਿਆਂਦੀ ਗਈ ਪਵਿੱਤਰ ਮਿੱਟੀ ਦੀ 'ਕਲਸ਼ ਯਾਤਰਾ' ਪੰਜਾਬ ਦੇ ਪਿੰਡ-ਪਿੰਡ, ਖਾਸ ਕਰਕੇ ਦੋਆਬਾ ਖੇਤਰ ਵਿੱਚ ਪਹੁੰਚ ਰਹੀ ਹੈ, ਜਿੱਥੇ ਦਲਿਤ ਭਾਈਚਾਰੇ ਦੀ ਵੱਡੀ ਆਬਾਦੀ ਹੈ। ਢਿੱਲੋਂ ਨੇ ਕਿਹਾ ਕਿ ਇਹ ਯਾਤਰਾ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਸਮਾਜਿਕ ਸਮਰਸਤਾ ਦੇ ਸੰਦੇਸ਼ ਨੂੰ ਜਨ-ਜਨ ਤੱਕ ਪਹੁੰਚਾ ਰਹੀ ਹੈ। ਪ੍ਰਧਾਨ ਢਿੱਲੋਂ ਨੇ ਕਿਹਾ ਕਿ ਪੰਜਾਬ ਵਿਚ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਰਣਨੀਤੀ ਉਲੀਕਣ ਲਈ ਦਿੱਲੀ ਵਿਖੇ ਕੌਮੀ ਪ੍ਰਧਾਨ ਨਿਤਿਨ ਨਬੀਨ ਅਤੇ ਸੂਬਾ ਪ੍ਰਭਾਰੀ ਸਤੀਸ਼ ਪੂਨੀਆ ਨਾਲ ਇਕ ਅਹਿਮ ਮੀਟਿੰਗ ਕੀਤੀ ਗਈ। ਢਿੱਲੋਂ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਪੰਜਾਬ ਦੇ ਖਾਸ ਮੁੱਦਿਆਂ ਖੇਤੀ, ਨੌਜਵਾਨ, ਸਰਹੱਦੀ ਸੁਰੱਖਿਆ ਅਤੇ ਸ਼ਹਿਰੀ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਭਵਿੱਖੀ ਰੋਡਮੈਪ 'ਤੇ ਸਾਰਥਕ ਚਰਚਾ ਹੋਈ। ਆਉਣ ਵਾਲੇ ਦਿਨਾਂ ਵਿਚ ਹਰ ਜ਼ਿਲ੍ਹੇ, ਹਰ ਮੰਡਲ ਅਤੇ ਹਰ ਪਿੰਡ ਪੱਧਰ 'ਤੇ ਮਜ਼ਬੂਤ ਟੀਮਾਂ ਬਣਾਈਆਂ ਜਾਣਗੀਆਂ, ਜਿਸ ਦੇ ਆਉਣ ਵਾਲੀਆਂ ਚੋਣਾਂ ਵਿੱਚ ਸਾਕਾਰਾਤਮਕ ਨਤੀਜੇ ਸਾਹਮਣੇ ਆਉਣਗੇ।

## ਪੰਜਾਬ ਕਾਂਗਰਸ 'ਚ ਨਵੀਂ ਹਲਚਲ, ਬਾਜਵਾ ਸਣੇ ਸਾਰੇ ਵਿਧਾਇਕਾਂ ਨੇ ਹਾਈ ਹਾਈਕਮਾਂਡ ਨੂੰ ਲਿਖੀ ਚਿੱਠੀ

ਚੰਡੀਗੜ੍ਹ 17 ਅਗਸਤ। ਪੰਜਾਬ ਕਾਂਗਰਸ 'ਚ ਰਾਜਾ ਵੜਿੰਗ ਅਤੇ ਚਰਨਜੀਤ ਸਿੰਘ ਚੰਨੀ ਦੇ ਵਿਵਾਦ ਵਿਚਾਲੇ ਹੁਣ ਤੀਜਾ ਧੜਾ ਵੀ ਸਰਗਰਮ ਹੋ ਗਿਆ ਹੈ। ਇਹ ਧੜਾ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦਾ ਹੈ। ਜਾਣਕਾਰੀ ਅਨੁਸਾਰ ਬਾਜਵਾ ਸਮੇਤ 15 ਵਿਧਾਇਕਾਂ ਨੇ ਕਾਂਗਰਸ ਦੇ ਸੰਸਦ ਮੈਂਬਰ ਰਾਹੁਲ ਗਾਂਧੀ ਨੂੰ ਚਿੱਠੀ ਲਿਖ ਕੇ ਮੁਲਾਕਾਤ ਦਾ ਸਮਾਂ ਮੰਗਿਆ ਹੈ। ਵਿਧਾਇਕਾਂ ਨੇ ਚਿੱਠੀ 'ਚ ਕੀ ਮੰਗ ਰੱਖੀ ਹੈ ਇਸ ਬਾਰੇ ਹਾਲੇ ਸਪੱਸ਼ਟ ਜਾਣਕਾਰੀ ਨਹੀਂ ਮਿਲੀ ਹੈ। ਹੁਣ ਦੇਖਣਾ ਹੋਵੇਗਾ ਕਿ ਮੁਲਾਕਾਤ ਤੋਂ ਬਾਅਦ ਕੀ ਨਤੀਜਾ ਨਿਕਲਦਾ ਹੈ। ਇਸ ਤੋਂ ਪਹਿਲਾਂ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਧੜੇ ਸਰਗਰਮ ਸਨ ਅਤੇ ਦੋਵਾਂ ਵਿਚਾਲੇ ਪ੍ਰਧਾਨਗੀ ਦੇ ਅਹੁਦੇ ਨੂੰ ਲੈ ਕੇ ਤਕਰਾਰ ਚੱਲ ਰਹੀ ਸੀ।